ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 27
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Wednesday, 28 January, 2026) ਬੁੱਧਵਾਰ, 28 ਜਨਵਰੀ, 2026, 15 ਮਾਘ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ

### ਮੋਦੀ ਇੱਕ ਫਰਵਰੀ ਨੂੰ ਅਉਣਗੇ ਪੰਜਾਬ

ਨਵੀਂ ਦਿੱਲੀ, 27 ਜਨਵਰੀ (ਚ.ਨ.ਸ.):ਪ੍ਰਧਾਨ ਮੰਤਰੀ ਨਰਿੰਦਰ ਮੋਦੀ ਫਰਵਰੀ ਮਹੀਨੇ ਦੇ ਪਹਿਲੇ ਦਿਨ ਪੰਜਾਬ ਦਾ ਦੌਰਾ ਕਰਨਗੇ। ਗੁਰੂ ਰਵਿਦਾਸ ਜਯੰਤੀ ਮੌਕੇ ਪ੍ਰਧਾਨ ਮੰਤਰੀ ਪੰਜਾਬ ਆ ਰਹੇ ਹਨ। ਉਹ ਜਲੰਧਰ ਦੇ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਣਗੇ। ਜ਼ਿਕਰਯੋਗ ਹੈ ਕਿ ਡੇਰਾ ਸੱਚਖੰਡ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ ਜੀ ਨੂੰ ਪਦਮ ਸ਼੍ਰੀ ਦੇਣ ਦਾ ਐਲਾਨ ਕੀਤਾ ਗਿਆ ਹੈ। ਜਲੰਧਰ ਦੇ ਡੇਰਾ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ ਨੂੰ ਪਦਮ ਸ਼੍ਰੀ ਲਈ ਚੁਣਿਆ ਗਿਆ ਹੈ। ਗਣਤੰਤਰ ਦਿਵਸ ਦੇ ਮੌਕੇ 'ਤੇ, ਕੇਂਦਰ ਸਰਕਾਰ ਨੇ (ਬਾਕੀ ਸਫਾ 2 'ਤੇ)




*ਐਸ.ਵਾਈ.ਐਲ. ਮੁੱਦੇ 'ਤੇ ਪੰਜਾਬ-ਹਰਿਆਣਾ ਦੀ ਬੈਠਕ*

## ਪਾਣੀਆਂ ਦੇ ਵਿਵਾਦ 'ਚ ਪੰਜਾਬ ਦੇ ਹਿੱਤਾਂ 'ਤੇ ਡੱਟ ਕੇ ਪਹਿਰਾ ਦੇ ਰਹੀ ਹੈ ਸਾਡੀ ਸਰਕਾਰ: ਮਾਨ

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 27 ਜਨਵਰੀ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਮੀਟਿੰਗ ਦੌਰਾਨ ਸਤਲੁਜ-ਯਮੁਨਾ ਲਿੰਕ ਨਹਿਰ ਦਾ ਹੱਲ ਆਪਸੀ ਸਹਿਮਤੀ ਨਾਲ ਕੱਢਣ ਦੀ ਵਕਾਲਤ ਕਰਦਿਆਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਪੰਜਾਬ ਸਰਕਾਰ ਪਾਣੀਆਂ ਦੇ ਵਿਵਾਦ 'ਤੇ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਦ੍ਰਿੜ ਵਚਨਬੱਧ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੇ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਪਾਣੀ ਨਹੀਂ ਹੈ ਪਰ ਹਰਿਆਣੇ ਦਾ ਵੱਡੇ ਭਰਾ ਹੋਣ ਦੇ ਨਾਤੇ ਅਸੀਂ ਆਪਣੇ ਗੁਆਂਢੀ ਸੂਬੇ ਨਾਲ ਵੈਰ-ਵਿਰੋਧ ਨਹੀਂ ਚਾਹੁੰਦੇ ਅਤੇ ਇਸ ਚਿਰੋਕਣੇ ਮਸਲੇ ਦਾ ਛੇਤੀ ਹੱਲ ਚਾਹੁੰਦੇ ਹਾਂ।"

ਮੁੱਖ ਮੰਤਰੀ ਨੇ ਕਿਹਾ, "ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਵਾਧੂ ਪਾਣੀ ਨਹੀਂ ਹੈ। ਮੈਂ ਸਪੱਸ਼ਟ ਕਰ ਦਿੰਦਾ ਹਾਂ ਕਿ ਪੰਜਾਬ ਦੇ ਹਿੱਸੇ ਦੇ ਪਾਣੀ ਦੀ ਇਕ ਬੂੰਦ ਵੀ ਕਿਸੇ ਹੋਰ ਨਾਲ ਸਾਂਝੀ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।" ਉਨ੍ਹਾਂ ਕਿਹਾ ਕਿ ਐਸ.ਵਾਈ.ਐਲ. ਇਕ ਜਜ਼ਬਾਤੀ ਮੁੱਦਾ ਹੈ ਅਤੇ ਜੇਕਰ ਇਸ ਨੂੰ ਲਾਗੂ ਕਰ ਦਿੱਤਾ ਜਾਂਦਾ ਹੈ ਤਾਂ ਸੂਬੇ ਨੂੰ ਅਮਨ-ਕਾਨੂੰਨ ਦੀ ਵਿਵਸਥਾ ਨੂੰ ਲੈ ਕੇ ਗੰਭੀਰ ਸਮੱਸਿਆ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਐਸ.ਵਾਈ.ਐਲ. ਨਹਿਰ ਲਈ ਪੰਜਾਬ ਕੋਲ ਅੱਜ ਜ਼ਮੀਨ ਹੀ ਮੌਜੂਦ ਨਹੀਂ ਹੈ। ਪੰਜਾਬ ਦੀ ਪਹੁੰਚ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵੱਡਾ ਭਰਾ ਹੈ ਅਤੇ ਦੋਵੇਂ ਸੂਬੇ ਇਸ ਵਿਵਾਦਪੂਰਨ ਮਸਲੇ ਦਾ ਸੁਖਾਵਾਂ ਹੱਲ ਕੱਢਣ ਲਈ ਇੱਥੇ ਇਕੱਠੇ ਹੋਏ ਹਨ। ਉਨ੍ਹਾਂ ਕਿਹਾ ਕਿ ਸੁਪਰੀਮ ਕੋਰਟ ਅਤੇ ਭਾਰਤ ਸਰਕਾਰ, ਦੋਵੇਂ ਹੀ ਇਸ ਮਸਲੇ ਦਾ ਆਪਸੀ ਸਹਿਮਤੀ ਵਾਲਾ ਹੱਲ ਚਾਹੁੰਦੇ ਹਨ ਪਰ ਚੰਗੀ ਗੱਲ ਇਹ ਹੈ ਕਿ ਦੋਵੇਂ ਸੂਬੇ ਇਸ ਮਸਲੇ ਨੂੰ ਸੁਲਝਾਉਣ ਅਤੇ ਇਸ ਮਸਲੇ ਉਤੇ ਆਪਸੀ ਟਕਰਾਅ ਨੂੰ ਖਤਮ ਕਰਨ ਲਈ ਸਿਰ ਜੋੜ ਕੇ ਬੈਠੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਵੱਲੋਂ ਕਿਸੇ ਨੂੰ ਵੀ (ਬਾਕੀ ਸਫਾ 2 'ਤੇ)

# ਭਾਰਤ ਤੇ ਯੂਰਪੀ ਸੰਘ ਦਰਮਿਆਨ ਸਭ ਤੋਂ ਅਹਿਮ ਇਤਿਹਾਸਕ ਮੁਕਤ ਵਪਾਰ ਸਮਝੌਤੇ 'ਤੇ ਮੋਹਰ

## ਭਾਰਤ-ਈਯੂ ਸਹਿਯੋਗ ਵਿਸ਼ਵ ਵਿਵਸਥਾ ਨੂੰ ਲੋੜੀਂਦੀ ਸਥਿਰਤਾ ਪ੍ਰਦਾਨ ਕਰੇਗਾ: ਮੋਦੀ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 27 ਜਨਵਰੀ : ਭਾਰਤ ਅਤੇ ਯੂਰਪ ਵਿਚਕਾਰ ਇੱਕ ਇਤਿਹਾਸਕ ਵਪਾਰ ਸਮਝੌਤਾ ਹੋਇਆ ਹੈ। ਲਗਭਗ ਦੋ ਦਹਾਕਿਆਂ ਦੀ ਰੁਕ-ਰੁਕ ਕੇ ਗੱਲਬਾਤ ਤੋਂ ਬਾਅਦ ਇਹ ਸਮਝੌਤਾ ਭਾਰਤ ਨੂੰ ਹੌਲੀ-ਹੌਲੀ ਯੂਰਪੀ ਸੰਘ ਨਾਲ ਮੁਕਤ ਵਪਾਰ ਲਈ ਆਪਣੇ ਵੱਡੇ ਅਤੇ ਸਖ਼ਤ ਨਿਯੰਤ੍ਰਿਤ ਬਾਜ਼ਾਰ ਨੂੰ ਖੋਲ੍ਹਣ ਦੀ ਇਜਾਜ਼ਤ ਦੇਵੇਗਾ। ਇਸ ਵਪਾਰ ਸਮਝੌਤੇ ਨਾਲ ਲਗਭਗ 90 ਫੀਸਦੀ ਯੂਰਪੀ ਸੰਘ ਦੇ ਉਤਪਾਦਾਂ 'ਤੇ ਟੈਰਿਫ ਨੂੰ ਖਤਮ ਜਾਂ ਘਟਾ ਦਿੱਤਾ ਗਿਆ ਹੈ। ਘਟੇ ਹੋਏ ਟੈਰਿਫਾਂ ਕਾਰਨ ਇਹ ਡੀਲ ਭਾਰਤ ਵਿੱਚ ਬੀਅਰ ਅਤੇ ਵਾਈਨ ਨੂੰ ਵੀ ਸਸਤਾ ਕਰ ਦੇਵੇਗੀ। ਪ੍ਰਧਾਨ ਮੰਤਰੀ ਮੋਦੀ ਨੇ ਇੰਡੀਆ ਐਨਰਜੀ ਵੀਕ ਗੋਆ ਵਿਖੇ ਆਪਣੇ ਵਰਚੁਅਲ ਸੰਬੋਧਨ ਵਿੱਚ ਭਾਰਤ-ਯੂਰਪੀ ਵਪਾਰ ਸਮਝੌਤੇ ਸਬੰਧੀ ਕਈ ਅਹਿਮ ਨੁਕਤਿਆਂ ਨੂੰ ਉਜਾਗਰ ਕੀਤਾ। ਭਾਰਤ ਦੁਨੀਆਂ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਪ੍ਰਮੁੱਖ ਅਰਥਵਿਵਸਥਾ ਬਣ ਰਿਹਾ ਹੈ ਅਤੇ ਪੈਟਰੋਲੀਅਮ ਉਤਪਾਦਾਂ ਦੇ ਚੋਟੀ ਦੇ ਪੰਜ ਨਿਰਯਾਤਕ ਦੇਸ਼ਾਂ ਵਿੱਚ ਸ਼ਾਮਲ ਹੋ ਗਿਆ ਹੈ। ਭਾਰਤ ਹੁਣ 150 ਤੋਂ ਵੱਧ ਦੇਸ਼ਾਂ ਨੂੰ ਪੈਟਰੋਲੀਅਮ ਬਰਾਮਦ ਕਰਦਾ ਹੈ। ਪ੍ਰਧਾਨ ਮੰਤਰੀ ਅਨੁਸਾਰ, ਇਹ ਸਮਝੌਤਾ ਨਾ ਸਿਰਫ਼ ਆਰਥਿਕ ਪੱਖੋਂ ਅਹਿਮ ਹੈ, ਸਗੋਂ ਇਹ ਸਾਂਝੀ ਖੁਸ਼ਹਾਲੀ ਲਈ ਇੱਕ ਨਵਾਂ ਰੋਡਮੈਪ ਵੀ ਤਿਆਰ ਕਰਦਾ ਹੈ। ਇਸ ਇਤਿਹਾਸਕ ਸਮਝੌਤੇ ਦੇ ਫਾਇਦਿਆਂ ਬਾਰੇ ਚਰਚਾ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਐਫ.ਟੀ.ਏ. ਸਮੁੰਦਰੀ ਖੇਤਰ ਅਤੇ ਸਾਈਬਰ (ਬਾਕੀ ਸਫਾ 2 'ਤੇ)

### ਈ.ਯੂ. ਦੀ ਸੰਸਦ 'ਚ ਮਨਜ਼ੂਰੀ ਤੋਂ ਬਾਅਦ ਸਮਝੌਤਾ ਆਵੇਗਾ ਅਮਲ ਵਿੱਚ

ਨਵੀਂ ਦਿੱਲੀ: 27 ਜਨਵਰੀ (ਚ.ਨ.ਸ.):ਭਾਰਤ ਅਤੇ ਯੂਰੋਪੀਅਨ ਯੂਨੀਅਨ ਦਰਮਿਆਨ ਸਮਝੌਤੇ ਦਾ ਉਦੇਸ਼ ਅਮਰੀਕੀ ਟੈਰਿਫਾਂ ਕਾਰਨ ਵਿਸ਼ਵ ਵਪਾਰ ਵਿੱਚ ਪੈਦਾ ਹੋਏ ਅੜਿੱਕਿਆਂ ਦਰਮਿਆਨ ਦੋਹਾਂ ਖੇਤਰਾਂ ਦੇ ਆਰਥਿਕ ਸਬੰਧਾਂ ਨੂੰ ਮਜ਼ਬੂਤ ਕਰਨਾ ਹੈ। ਇਹ ਸਮਝੌਤਾ ਲਗਭਗ 18 ਸਾਲਾਂ ਬਾਅਦ ਸਿਰੇ ਚੜ੍ਹਿਆ ਹੈ। ਇਸ ਸਬੰਧੀ ਗੱਲਬਾਤ 2007 ਵਿੱਚ ਸ਼ੁਰੂ ਹੋਈ ਸੀ। ਸ੍ਰੀ ਮੋਦੀ ਨੇ ਇਸ ਨੂੰ ਭਾਰਤ ਵੱਲੋਂ ਹੁਣ ਤੱਕ ਕੀਤੇ ਸਮਝੌਤਿਆਂ ਵਿੱਚੋਂ ਸਭ ਸੌਦਿਆਂ ਦੀ ਮਾਂ ਕਰਾਰ ਦਿੱਤਾ ਹੈ। ਇਸ ਲਈ ਯੂਰੋਪੀਅਨ ਕਮਿਸ਼ਨ ਦੀ ਪ੍ਰਧਾਨ ਉਰਸੁਲਾ ਵਾਨ ਡੇਰ ਲੇਅਨ ਉਚੇਚੇ ਤੌਰ 'ਤੇ ਚਾਰ ਰੋਜ਼ਾ ਦੌਰੇ 'ਤੇ ਭਾਰਤ ਆਏ ਹਨ। ਯੂਰੋਪੀਅਨ ਕੌਂਸਲ ਦੇ ਪ੍ਰਧਾਨ (ਬਾਕੀ ਸਫਾ 2 'ਤੇ)

## ਬਜਟ ਸੈਸ਼ਨ ਤੋਂ ਪਹਿਲਾਂ ਸਰਬ ਦਲੀ ਮੀਟਿੰਗ 'ਚ ਵਿਧਾਨਕ ਏਜੰਡੇ 'ਤੇ ਹੋਈ ਚਰਚਾ



ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 27 ਜਨਵਰੀ : ਸੰਸਦ ਦੇ ਬਜਟ ਸੈਸ਼ਨ ਦੀ ਸ਼ੁਰੂਆਤ ਤੋਂ ਇੱਕ ਦਿਨ ਪਹਿਲਾਂ ਮੰਗਲਵਾਰ ਨੂੰ ਇੱਕ ਸਰਬ-ਪਾਰਟੀ ਮੀਟਿੰਗ ਹੋਈ, ਜਿਸ ਵਿੱਚ ਦੋਵਾਂ ਸਦਨਾਂ ਵਿੱਚ ਵਿਧਾਨਕ ਕੰਮਕਾਜ ਅਤੇ ਹੋਰ ਕਈ ਮੁੱਦਿਆਂ 'ਤੇ ਚਰਚਾ ਕੀਤੀ ਗਈ। ਸਰਕਾਰ ਵੱਲੋਂ ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰੇਨ ਰਿਜੀਜੂ ਮੀਟਿੰਗ ਵਿੱਚ ਸ਼ਾਮਲ ਹੋਏ। ਕਾਂਗਰਸ ਦੇ ਨੇਤਾ ਜੈਰਾਮ ਰਮੇਸ਼, ਕੋਡਿਕੁਨਿਲ ਸੁਰੇਸ਼, ਤ੍ਰਿਣਮੂਲ ਕਾਂਗਰਸ ਦੇ ਸਾਗਰਿਕਾ ਘੋਸ਼, ਸਮਾਜਵਾਦੀ ਪਾਰਟੀ ਦੇ ਰਾਮ ਗੋਪਾਲ ਯਾਦਵ, ਡੀਐਮਕੇ ਦੇ ਟੀ.ਆਰ. ਬਾਲੂ ਅਤੇ ਕਈ ਹੋਰ ਪਾਰਟੀਆਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ। ਸੰਸਦ ਦਾ ਬਜਟ ਸੈਸ਼ਨ 28 ਜਨਵਰੀ (ਬਾਕੀ ਸਫਾ 2 'ਤੇ)

## ਪੰਜਾਬ 'ਚ ਭਰਵਾਂ ਮੀਂਹ ਤੇ ਗੜ੍ਹੇਮਾਰੀ, ਠੰਢ ਵਧੀ

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ / ਸ੍ਰੀਨਗਰ, 27 ਜਨਵਰੀ :ਪੰਜਾਬ ਵਿੱਚ ਅੱਜ ਤੜਕੇ ਅਚਾਨਕ ਮੌਸਮ ਨੇ ਆਪਣਾ ਮਿਜਾਜ਼ ਬਦਲ ਲਿਆ। ਇਸ ਦੇ ਨਾਲ ਹੀ ਪੰਜਾਬ ਵਿੱਚ ਮੀਂਹ ਸ਼ੁਰੂ ਹੋ ਗਿਆ। ਇਸ ਦੌਰਾਨ ਪਟਿਆਲਾ, ਸੰਗਰੂਰ, ਬਰਨਾਲਾ, ਲੁਧਿਆਣਾ ਅਤੇ ਕਈ ਹੋਰ ਜ਼ਿਲ੍ਹਿਆਂ ਵਿੱਚ ਗੜ੍ਹੇਮਾਰੀ ਵੀ ਹੋਈ ਹੈ। ਗੜੇਮਾਰੀ ਕਰਕੇ ਕਈ ਸ਼ਹਿਰਾਂ ਵਿੱਚ ਸੜਕਾਂ 'ਤੇ ਸਫੇਦ ਚਾਦਰ ਵਿੱਛ ਗਈ। ਉਧਰ ਪੰਜਾਬ ਵਿੱਚ ਮੀਂਹ ਅਤੇ ਗੜ੍ਹੇਮਾਰੀ ਤੋਂ ਬਾਅਦ ਠੰਢ ਨੇ ਵੀ ਜ਼ੋਰ ਫੜ ਲਿਆ। ਮੀਂਹ ਕਰਕੇ ਦਿਨ ਸਮੇਂ ਦੇ ਤਾਪਮਾਨ ਵਿੱਚ ਗਿਰਾਵਟ ਦਰਜ ਕੀਤੀ ਗਈ ਹੈ। ਮੌਸਮ ਵਿਗਿਆਨੀਆਂ ਤੋਂ ਮਿਲੀ ਜਾਣਕਾਰੀ ਅਨੁਸਾਰ ਪੰਜਾਬ ਵਿੱਚ 28 ਜਨਵਰੀ ਸਵੇਰੇ ਵੀ ਮੌਸਮ ਖਰਾਬ ਰਹਿਣ ਦੀ ਸੰਭਾਵਨਾ ਹੈ।

**ਬਰਫਬਾਰੀ ਕਾਰਨ ਸ੍ਰੀਨਗਰ ਹਵਾਈ ਅੱਡੇ 'ਤੇ 50 ਉਡਾਣਾਂ ਰੱਦ**: ਕਸ਼ਮੀਰ ਵਿੱਚ ਬਰਫ਼ਬਾਰੀ ਕਾਰਨ ਮੰਗਲਵਾਰ ਨੂੰ ਸ੍ਰੀਨਗਰ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ 50 ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਹਨ। ਭਾਰਤੀ ਹਵਾਈ ਅੱਡਾ ਅਥਾਰਟੀ ਦੇ ਇੱਕ ਅਧਿਕਾਰੀ ਨੇ ਦੱਸਿਆ,'ਖਰਾਬ ਮੌਸਮ ਅਤੇ ਸ੍ਰੀਨਗਰ ਹਵਾਈ ਅੱਡੇ 'ਤੇ ਲਗਾਤਾਰ ਹੋ ਰਹੀ ਬਰਫ਼ਬਾਰੀ ਦੇ ਮੱਦੇਨਜ਼ਰ ਏਅਰਲਾਈਨਾਂ ਨੇ ਅੱਜ ਲਈ ਜ਼ਿਆਦਾਤਰ ਉਡਾਣਾਂ ਰੱਦ ਕਰ ਦਿੱਤੀਆਂ ਹਨ।' ਬਰਫ਼ਬਾਰੀ ਕਾਰਨ ਹੁਣ ਤੱਕ ਲਗਭਗ 50 ਉਡਾਣਾਂ- 25 ਆਉਣ ਵਾਲੀਆਂ ਅਤੇ 25 ਜਾਣ ਵਾਲੀਆਂ ਰੱਦ ਕਰ ਦਿੱਤੀਆਂ ਗਈਆਂ ਹਨ। ਸ੍ਰੀਨਗਰ ਹਵਾਈ ਅੱਡੇ 'ਤੇ ਚਾਰ ਹੋਰ ਉਡਾਣਾਂ ਆਉਣੀਆਂ ਸਨ ਪਰ ਅਧਿਕਾਰੀਆਂ ਨੇ ਕਿਹਾ ਕਿ ਖਰਾਬ ਮੌਸਮ ਦੇ ਮੱਦੇਨਜ਼ਰ ਉਨ੍ਹਾਂ ਦੇ ਚੱਲਣ ਦੀ ਸੰਭਾਵਨਾ ਨਹੀਂ ਹੈ। ਇਕ ਅਧਿਕਾਰੀ ਨੇ ਕਿਹਾ ਕਿ (ਬਾਕੀ ਸਫਾ 2 'ਤੇ)

### ਮਨਾਲੀ 'ਚ ਬਰਫ਼ਬਾਰੀ ਕਾਰਨ ਵੱਡੀ ਗਿਣਤੀ ਸੈਲਾਨੀ ਫਸੇ

ਸ਼ਿਮਲਾ, 27 ਜਨਵਰੀ (ਚ.ਨ.ਸ.):ਹਿਮਾਚਲ ਪ੍ਰਦੇਸ਼ ਦੇ ਪਹਾੜੀ ਖੇਤਰਾਂ ਵਿੱਚ ਭਾਰੀ ਬਰਫ਼ਬਾਰੀ ਕਾਰਨ ਪ੍ਰਸਿੱਧ ਸੈਰ-ਸਪਾਟਾ ਸਥਾਨ ਅਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਕਈ ਸੜਕਾਂ ਬੰਦ ਹੋ ਗਈਆਂ ਹਨ ਜਿਸ ਕਾਰਨ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਲੱਗ ਗਈਆਂ ਹਨ। ਦੂਜੇ ਪਾਸੇ ਰਾਸ਼ਟਰੀ ਰਾਜਮਾਰਗ-3 ਨੂੰ ਸੋਲਾਂਗ ਨਾਲਾ ਤੱਕ ਸਾਫ਼ ਕਰ ਦਿੱਤਾ ਗਿਆ ਹੈ ਤੇ ਇੱਥੇ ਸਿਰਫ ਹਲਕੇ ਵਾਹਨਾਂ ਨੂੰ ਅੱਗੇ ਜਾਣ ਦੀ ਆਗਿਆ ਹੈ। ਇਸ ਰੂਟ 'ਤੇ ਬੱਸ ਸੇਵਾਵਾਂ ਠੱਪ ਹਨ ਅਤੇ ਮਨਾਲੀ ਤੋਂ ਲਗਭਗ 16 ਕਿਲੋਮੀਟਰ ਦੂਰ ਪਟਲੀਕਾਹੁਲ ਤੱਕ ਬੱਸਾਂ ਚੱਲ (ਬਾਕੀ ਸਫਾ 2 'ਤੇ)

## ਸੋਨਾ-ਚਾਂਦੀ ਦੇ ਭਾਅ ਨਵੀਂ ਸਿਖਰ 'ਤੇ ਪੁੱਜੇ

### ਪੀਲੀ ਧਾਤ 7300 ਰੁ. ਦੇ ਵਾਧੇ ਨਾਲ 1.66 ਲੱਖ ਪ੍ਰਤੀ ਤੋਲਾ ਹੋਈ, ਚਾਂਦੀ ਦੇ ਭਾਅ 'ਚ ਵੀ 40,500 ਰੁ. ਪ੍ਰਤੀ ਕਿਲੋ ਦਾ ਇਜ਼ਾਫ਼ਾ

ਚੜ੍ਹਦੀਕਲਾ ਬਿਊਰੋ
================




ਨਵੀਂ ਦਿੱਲੀ, 27 ਜਨਵਰੀ : ਸੋਨੇ ਤੇ ਚਾਂਦੀ ਦੀ ਚਮਕ ਵਧਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਨਿਵੇਸ਼ਕਾਂ ਦੀ ਮਜ਼ਬੂਤ ਮੰਗ ਅਤੇ ਵਧਦੇ ਭੂ-ਸਿਆਸੀ ਤੇ ਵਪਾਰਕ ਤਣਾਅ ਦਰਮਿਆਨ ਕੌਮੀ ਰਾਜਧਾਨੀ ਵਿੱਚ ਮੰਗਲਵਾਰ ਨੂੰ ਸੋਨੇ ਤੇ ਚਾਂਦੀ ਦੀਆਂ ਕੀਮਤਾਂ ਵਿੱਚ ਤੇਜ਼ੀ ਆਈ। ਦੋਵੇਂ ਕੀਮਤੀ ਧਾਤਾਂ ਰਿਕਾਰਡ ਉਚਾਈ 'ਤੇ ਪਹੁੰਚ ਗਈਆਂ। ਬਾਜ਼ਾਰ ਮਾਹਿਰਾਂ ਅਨੁਸਾਰ 99.9 ਫੀਸਦੀ ਸ਼ੁੱਧਤਾ ਵਾਲਾ ਸੋਨਾ 7,300 ਰੁਪਏ ਜਾਂ 4.6 ਫੀਸਦ ਦੇ ਉਛਾਲ ਨਾਲ 1,66,000 ਰੁਪਏ ਪ੍ਰਤੀ 10 ਗ੍ਰਾਮ (ਸਾਰੇ ਟੈਕਸਾਂ ਸਮੇਤ) ਦੇ ਸਿਖਰਲੇ ਪੱਧਰ 'ਤੇ ਪਹੁੰਚ ਗਿਆ। ਪੀਲੀ ਧਾਤ ਸ਼ੁੱਕਰਵਾਰ ਨੂੰ 1,58,700 ਰੁਪਏ ਪ੍ਰਤੀ 10 ਗ੍ਰਾਮ 'ਤੇ ਬੰਦ ਹੋਈ ਸੀ। 77ਵੇਂ ਗਣਤੰਤਰ ਦਿਹਾੜੇ ਕਰਕੇ ਸੋਮਵਾਰ ਨੂੰ ਸਰਾਫਾ ਬਾਜ਼ਾਰ ਬੰਦ ਸਨ। ਉਧਰ ਚਾਂਦੀ ਦੀ ਚਮਕ ਵੀ ਲਗਾਤਾਰ ਬਰਕਰਾਰ ਹੈ। ਸਰਾਫਾ ਬਾਜ਼ਾਰਾਂ ਵਿੱਚ ਇੱਕ ਹੋਰ ਸੈਸ਼ਨ ਦੌਰਾਨ ਚਾਂਦੀ ਨੇ ਸੋਨੇ ਨੂੰ ਪਛਾੜ ਦਿੱਤਾ। ਚਿੱਟੀ ਧਾਤ 40,500 ਰੁਪਏ (ਬਾਕੀ ਸਫਾ 2 'ਤੇ)

### 328 ਪਾਵਨ ਸਰੂਪਾਂ ਦੇ ਮਾਮਲੇ 'ਚ ਹਾਈਕੋਰਟ ਵਿੱਚ ਹੋਈ ਸੁਣਵਾਈ

ਚੰਡੀਗੜ੍ਹ, 27 ਜਨਵਰੀ (ਚ.ਨ.ਸ.):328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਅੱਜ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿੱਚ ਅਹਿਮ ਸੁਣਵਾਈ ਹੋਈ। ਇਹ ਸੁਣਵਾਈ ਮਾਮਲੇ ਦੇ ਦੋਸ਼ੀਆਂ ਕੁਲਵੰਤ ਸਿੰਘ, ਬਾਜ਼ ਸਿੰਘ, ਗੁਰਬਚਨ ਸਿੰਘ ਅਤੇ ਗੁਰਮੁਖ ਸਿੰਘ ਵੱਲੋਂ ਦਾਇਰ ਕੀਤੀ ਗਈ ਅਗਾਊਂ ਜ਼ਮਾਨਤ ਦੀ ਅਰਜ਼ੀ 'ਤੇ ਕੀਤੀ ਗਈ। ਸੁਣਵਾਈ ਦੌਰਾਨ ਪੰਜਾਬ ਸਰਕਾਰ ਵੱਲੋਂ ਅਦਾਲਤ ਵਿੱਚ ਆਪਣਾ ਪੱਖ ਰੱਖਦਿਆਂ ਜਵਾਬ ਦਾਖਲ ਕੀਤਾ ਗਿਆ। ਸਰਕਾਰ ਨੇ ਕੇਸ ਦੀ ਮੌਜੂਦਾ (ਬਾਕੀ ਸਫਾ 2 'ਤੇ)

## ਵਿਦੇਸ਼ ਨੀਤੀ, ਅਮਰੀਕੀ ਟੈਰਿਫ਼, ਰੁਪਏ ਦੀ ਗਿਰਾਵਟ ਅਤੇ ਮਨਰੇਗਾ ਦੇ ਮੁੱਦੇ ਸੰਸਦ 'ਚ ਉਠਾਏ ਜਾਣਗੇ: ਕਾਂਗਰਸ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 27 ਜਨਵਰੀ :ਕਾਂਗਰਸ ਪਾਰਟੀ ਨੇ ਮੰਗਲਵਾਰ ਨੂੰ ਕਿਹਾ ਕਿ ਮੋਦੀ ਸਰਕਾਰ ਦੀ ਵਿਦੇਸ਼ ਨੀਤੀ, ਅਮਰੀਕੀ ਟੈਰਿਫ, ਡਾਲਰ ਦੇ ਮੁਕਾਬਲੇ ਰੁਪਏ ਦੀ ਗਿਰਾਵਟ, ਮਨਰੇਗਾ ਨੂੰ ਖਤਮ ਕਰਨਾ ਅਤੇ ਜਨਤਕ ਹਿੱਤ ਦੇ ਕਈ ਹੋਰ ਮੁੱਦੇ ਸੰਸਦ ਦੇ ਬਜਟ ਸੈਸ਼ਨ ਵਿੱਚ ਉਠਾਏ ਜਾਣਗੇ, ਜੋ ਬੁੱਧਵਾਰ ਤੋਂ ਸ਼ੁਰੂ ਹੋ ਰਿਹਾ ਹੈ। ਸਰਕਾਰ ਦੁਆਰਾ ਬੁਲਾਈ ਗਈ ਸਰਬ-ਪਾਰਟੀ ਮੀਟਿੰਗ ਤੋਂ ਬਾਅਦ, ਰਾਜ ਸਭਾ ਵਿੱਚ ਕਾਂਗਰਸ ਦੇ ਉਪ-ਨੇਤਾ ਪ੍ਰਮੋਦ ਤਿਵਾੜੀ ਨੇ ਇਹ ਵੀ ਦੋਸ਼ ਲਗਾਇਆ ਕਿ ਸਰਕਾਰ ਸੰਵਿਧਾਨਕ ਅਧਿਕਾਰਾਂ ਨੂੰ ਖਤਮ ਕਰ ਰਹੀ ਹੈ ਅਤੇ ਸੰਵਿਧਾਨਕ ਸੰਸਥਾਵਾਂ ਨੂੰ ਕਮਜ਼ੋਰ ਕਰ ਰਹੀ ਹੈ। ਉਨ੍ਹਾਂ ਕਿਹਾ 'ਵਿਰੋਧੀ ਧਿਰ ਵਿਦੇਸ਼ ਨੀਤੀ ਦਾ ਮੁੱਦਾ ਵੀ ਉਠਾਏਗੀ। ਸਾਡੀ ਵਿਦੇਸ਼ ਨੀਤੀ ਕਿੱਥੇ ਪਹੁੰਚ ਗਈ ਹੈ? ਕੋਈ ਸਾਡੇ ਨਾਲ ਨਹੀਂ ਖੜ੍ਹਾ ਹੈ। ਸਾਨੂੰ ਇਹ ਵੀ ਨਹੀਂ ਪਤਾ ਕਿ ਕਿਸ ਦਾ ਸਾਥ ਦੇਣਾ ਹੈ, ਕੌਣ ਸਾਡੇ ਨਾਲ ਚੱਲੇਗਾ।' (ਬਾਕੀ ਸਫਾ 2 'ਤੇ)

### ਮਜੀਠੀਆ ਦੇ ਸਾਥੀ ਹਰਪ੍ਰੀਤ ਗੁਲਾਟੀ ਖ਼ਿਲਾਫ਼ ਚਾਰਜਸ਼ੀਟ ਦਾਖ਼ਲ

ਮੋਹਾਲੀ, 27 ਜਨਵਰੀ (ਚ.ਨ.ਸ.): ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿਚ ਬਿਕਰਮ ਸਿੰਘ ਮਜੀਠੀਆ ਦੀਆਂ ਮੁਸ਼ਕਿਲਾਂ ਦਿਨੋ-ਦਿਨ ਵਧਦੀਆਂ ਹੀ ਜਾ ਰਹੀਆਂ ਹਨ। ਮਜੀਠੀਆ ਦਾ ਸਾਥੀ ਹਰਪ੍ਰੀਤ ਗੁਲਾਟੀ ਉਸ ਦੀਆਂ ਕਈ ਕੰਪਨੀਆਂ ਵਿੱਚ ਬਿਜ਼ਨਸ ਪਾਰਟਨਰ ਵੀ ਸੀ। ਅੱਜ ਮੋਹਾਲੀ ਅਦਾਲਤ ਵਿੱਚ ਵਿਜੀਲੈਂਸ ਵੱਲੋਂ 2007 ਤੋਂ ਲੈ ਕੇ 2017 ਤੱਕ ਦਾ ਲੇਖਾ ਜੋਖਾ ਇਕੱਠਾ ਕਰਕੇ 11000 ਪੰਨਿਆਂ ਦੀ ਸਪਲੀਮੈਂਟਰੀ ਚਾਰਸ਼ੀਟ ਫਾਈਲ ਕਰ ਦਿੱਤੀ ਗਈ।

## ਸੁਪਰੀਮ ਕੋਰਟ ਵੱਲੋਂ ਕੇਜਰੀਵਾਲ ਤੇ ਆਤਿਸ਼ੀ ਦੀ ਪਟੀਸ਼ਨ 'ਤੇ ਸੁਣਵਾਈ 21 ਅਪ੍ਰੈਲ ਤੱਕ ਮੁਲਤਵੀ

ਚੜ੍ਹਦੀਕਲਾ ਬਿਊਰੋ
================



ਨਵੀਂ ਦਿੱਲੀ, 27 ਜਨਵਰੀ : ਸੁਪਰੀਮ ਕੋਰਟ ਨੇ ਮੰਗਲਵਾਰ ਨੂੰ 'ਆਪ' ਮੁਖੀ ਅਰਵਿੰਦ ਕੇਜਰੀਵਾਲ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਆਤਿਸ਼ੀ ਦੀ ਉਸ ਪਟੀਸ਼ਨ 'ਤੇ ਸੁਣਵਾਈ 21 ਅਪਰੈਲ ਤੱਕ ਮੁਲਤਵੀ ਕਰ ਦਿੱਤੀ ਜਿਸ ਵਿੱਚ ਵੋਟਰਾਂ ਦੇ ਨਾਮ ਮਿਟਾਉਣ 'ਤੇ ਉਨ੍ਹਾਂ ਦੀਆਂ ਕਥਿਤ ਟਿੱਪਣੀਆਂ ਨੂੰ ਲੈ ਕੇ ਉਨ੍ਹਾਂ ਵਿਰੁੱਧ ਮਾਣਹਾਨੀ ਦੇ ਮਾਮਲੇ ਨੂੰ ਰੱਦ ਕਰਨ ਤੋਂ ਇਨਕਾਰ ਕਰਨ ਦੇ ਹੁਕਮ ਨੂੰ ਚੁਣੌਤੀ ਦਿੱਤੀ ਗਈ ਸੀ। ਦੋਵਾਂ ਨੇਤਾਵਾਂ ਨੇ ਹਾਈ ਕੋਰਟ ਦੇ ਉਸ ਆਦੇਸ਼ ਨੂੰ ਚੁਣੌਤੀ ਦਿੱਤੀ ਸੀ, ਜਿਸ ਵਿੱਚ ਵੋਟਰ ਸੂਚੀ 'ਚ ਕੁੱਝ ਭਾਈਚਾਰਿਆਂ ਦੇ 30 ਲੱਖ ਵੋਟਰਾਂ ਦੇ ਨਾਂ ਕਥਿਤ ਤੌਰ 'ਤੇ ਹਟਾਏ ਜਾਣ ਬਾਰੇ ਉਨ੍ਹਾਂ ਦੀਆਂ ਟਿੱਪਣੀਆਂ ਨੂੰ ਲੈ ਕੇ ਮਾਣਹਾਨੀ ਦੀ ਮਾਮਲਾ ਰੱਦ (ਬਾਕੀ ਸਫਾ 2 'ਤੇ)

### ਬੇਅਦਬੀ ਰੋਕੂ ਸੂਬਾ ਕਾਨੂੰਨ ਨੂੰ ਲਾਗੂ ਕਰਵਾਉਣ ਲਈ ਮਹਾਂ ਰੈਲੀ 31 ਨੂੰ ਸਮਾਣਾ 'ਚ

ਪਟਿਆਲਾ, 27 ਜਨਵਰੀ (ਚ.ਨ.ਸ.): ਬੇਅਦਬੀ ਰੋਕੂ ਸਟੇਟ ਐਕਟ ਨੂੰ ਤੁਰੰਤ ਲਾਗੂ ਕਰਵਾਉਣ ਲਈ ਸਰਬ ਧਰਮ ਬੇਅਦਬੀ ਰੋਕੂ ਮੋਰਚਾ, ਸਮਾਣਾ ਵੱਲੋਂ 'ਪਾਪ ਦਾ ਅੰਤ : ਤੁਰੰਤ' ਮਹਾਂ ਰੈਲੀ 31 ਜਨਵਰੀ, 2026 ਦਿਨ ਸ਼ਨੀਵਾਰ ਨੂੰ 10 ਵਜੇ ਮੋਰਚਾ ਪਾਰਕ ਸਮਾਣਾ ਵਿਖੇ ਕਰਵਾਈ ਜਾ ਰਹੀ ਹੈ। ਕੋਰ ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਅਤੇ ਸਹਿਯੋਗੀ ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਮੋਰਚਾ ਨੇ ਪੰਜਾਬ ਦੇ ਪਵਿੱਤਰ ਅਤੇ (ਬਾਕੀ ਸਫਾ 2 'ਤੇ)

## ਪੰਜਾਬ 'ਚ ਬੈਂਕਾਂ ਦੀ ਹੜਤਾਲ ਕਾਰਨ ਕੰਮ-ਕਾਜ ਰਿਹਾ ਠੱਪ

ਚੜ੍ਹਦੀਕਲਾ ਬਿਊਰੋ
================

ਚੰਡੀਗੜ੍ਹ, 27 ਜਨਵਰੀ: ਯੂਨਾਈਟਡ ਫੋਰਮ ਆਫ ਬੈਂਕ ਯੂਨੀਅਨ ਦੇ ਸੱਦੇ 'ਤੇ ਅੱਜ ਪੰਜਾਬ ਭਰ ਵਿੱਚ ਬੈਂਕ ਮੁਲਾਜ਼ਮਾਂ ਵੱਲੋਂ ਕੀਤੀ ਗਈ ਹੜਤਾਲ ਕਾਰਨ ਬੈਂਕਿੰਗ ਸੇਵਾਵਾਂ ਪੂਰੀ ਤਰ੍ਹਾਂ ਪ੍ਰਭਾਵਿਤ ਰਹੀਆਂ। ਪੰਜ ਦਿਨਾਂ ਬੈਂਕਿੰਗ ਦੀ ਮੰਗ ਨੂੰ ਲੈ ਕੇ ਕੀਤੇ ਗਏ ਇਸ ਰੋਸ ਪ੍ਰਦਰਸ਼ਨ ਕਾਰਨ ਆਮ ਲੋਕਾਂ ਨੂੰ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪਿਆ। ਜ਼ਿਕਰਯੋਗ ਹੈ ਕਿ ਪਿਛਲੇ ਤਿੰਨ ਦਿਨਾਂ (ਚੌਥਾ ਸ਼ਨੀਵਾਰ, ਐਤਵਾਰ ਅਤੇ ਗਣਤੰਤਰ ਦਿਵਸ) ਦੀਆਂ ਛੁੱਟੀਆਂ ਤੋਂ ਬਾਅਦ ਅੱਜ ਚੌਥੇ ਦਿਨ ਹੜਤਾਲ ਕਾਰਨ ਬੈਂਕ ਨਾ ਖੁੱਲ੍ਹਣ ਨਾਲ ਲੋਕਾਂ ਦੇ ਜ਼ਰੂਰੀ ਕੰਮ ਅੱਧ ਵਿਚਾਲੇ ਲਟਕ ਗਏ ਹਨ। ਬੈਂਕਾਂ ਦੇ ਲਗਾਤਾਰ ਬੰਦ ਰਹਿਣ ਕਾਰਨ ਸ਼ਹਿਰ ਦੇ ਜ਼ਿਆਦਾਤਰ ਏ.ਟੀ.ਐਮ. ਵਿੱਚ ਨਕਦੀ ਖ਼ਤਮ ਹੋ ਗਈ ਹੈ, ਜਿਸ ਕਾਰਨ ਪੈਸੇ ਕਢਵਾਉਣ ਵਾਲੇ ਲੋਕਾਂ ਦੀਆਂ ਮੁਸ਼ਕਲਾਂ ਕਈ ਗੁਣਾ ਵੱਧ ਗਈਆਂ ਹਨ। ਵਪਾਰਕ ਲੈਣ-ਦੇਣ ਅਤੇ ਨਿੱਜੀ ਲੋੜਾਂ ਲਈ ਪੈਸੇ ਦੀ ਘਾਟ ਕਾਰਨ ਬਾਜ਼ਾਰਾਂ ਵਿੱਚ ਵੀ ਇਸ ਦਾ ਅਸਰ ਦੇਖਣ ਨੂੰ ਮਿਲ ਰਿਹਾ ਹੈ। ਮਾਨਸਾ ਦੇ ਵਾਟਰ ਵਰਕਸ ਰੋਡ 'ਤੇ ਇਕੱਠੇ ਹੋਏ ਬੈਂਕ ਮੁਲਾਜ਼ਮਾਂ ਨੇ ਸਰਕਾਰ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਯੂਨੀਅਨ ਆਗੂਆਂ (ਬਾਕੀ ਸਫਾ 2 'ਤੇ)

*ਮੁੱਖ ਮੰਤਰੀ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਦੇ ਦੂਜੇ ਪੜਾਅ ਦੀ ਪ੍ਰਗਤੀ ਦਾ ਜਾਇਜ਼ਾ*

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਦੂਜਾ ਪੜਾਅ ਨਸ਼ਿਆਂ ਦੇ ਖ਼ਤਰੇ ਦੀ ਰੀੜ੍ਹ 'ਤੇ ਹਮਲਾ ਕਰੇਗਾ: ਮਾਨ

ਚੜ੍ਹਦੀਕਲਾ ਬਿਊਰੋ
================



ਚੰਡੀਗੜ੍ਹ, 27 ਜਨਵਰੀ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਖਿਆ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਦੂਜਾ ਪੜਾਅ ਨਸ਼ਿਆਂ ਦੀ ਸਮੱਸਿਆ ਦੀ ਗੀੜ੍ਹ 'ਤੇ ਹਮਲਾ ਕਰਨ ਲਈ ਤਿਆਰ ਹੈ ਅਤੇ ਸੂਬਾ ਸਰਕਾਰ ਪਿੰਡ ਪੱਧਰ 'ਤੇ ਲੋਕਾਂ ਨੂੰ ਲਾਮਬੰਦ ਕਰਕੇ ਤੇ ਪੰਜਾਬ ਭਰ ਵਿੱਚ ਜਨਤਕ ਭਾਗੀਦਾਰੀ ਵਧਾ ਕੇ ਨਸ਼ਿਆਂ ਵਿਰੁੱਧ ਆਪਣੀ ਹੁਣ ਤੱਕ ਦੀ ਸਭ ਤੋਂ ਜ਼ੋਰਦਾਰ ਜਨਤਕ ਮੁਹਿੰਮ ਨੂੰ ਤੇਜ਼ ਕਰਨ ਦੀ ਤਿਆਰੀ ਕਰ ਰਹੀ ਹੈ।

'ਯੁੱਧ ਨਸ਼ਿਆਂ ਵਿਰੁੱਧ' ਦੇ ਦੂਜੇ ਪੜਾਅ ਦੀ ਤਰੱਕੀ ਦੀ ਸਮੀਖਿਆ ਕਰਦਿਆਂ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਅਗਲੇ ਮਹੀਨੇ ਵਿਲੇਜ ਡਿਫੈਂਸ ਕਮੇਟੀਆਂ (ਵੀ.ਡੀ.ਸੀਜ਼.) ਦੀ ਵੱਡੀ ਸੂਬਾ ਪੱਧਰੀ ਮੀਟਿੰਗ ਕੀਤੀ ਜਾਵੇਗੀ ਤਾਂ ਕਿ ਮੁਹਿੰਮ ਨੂੰ ਨਵੀਂ ਗਤੀ ਤੇ ਦਿਸ਼ਾ ਦਿੱਤੀ ਜਾ ਸਕੇ, ਜੋ ਕਿ ਸਰਕਾਰ ਦੇ ਨਸ਼ਾ ਵਿਰੋਧੀ ਮੁਹਿੰਮ ਨੂੰ ਲੋਕ-ਅਗਵਾਈ ਵਾਲੀ ਲਹਿਰ ਵਿੱਚ ਬਦਲਣ ਦੇ ਇਰਾਦੇ ਦਾ ਸੰਕੇਤ ਹੈ।ਅੱਜ 'ਯੁੱਧ ਨਸ਼ਿਆਂ ਵਿਰੁੱਧ' ਦੇ ਦੂਜੇ ਪੜਾਅ ਨੂੰ ਲਾਗੂਕਰਨ ਦੀ ਸਮੀਖਿਆ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਨਸ਼ੇ ਵਿਸ਼ਵਵਿਆਪੀ ਵਰਤਾਰਾ ਹੈ ਪਰ ਦੁਨੀਆਂ ਭਰ ਵਿੱਚ ਕਿਤੇ ਵੀ ਇਸ ਬੁਰਾਈ ਵਿਰੁੱਧ ਜੰਗ ਇੰਨੇ ਜ਼ੋਰਦਾਰ ਢੰਗ ਨਾਲ ਸ਼ੁਰੂ ਨਹੀਂ ਕੀਤੀ ਗਈ ਹੈ। ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਵਿਲੇਜ ਡਿਫੈਂਸ ਕਮੇਟੀਆਂ (ਵੀ.ਡੀ.ਸੀਜ਼) ਦੇ ਰੂਪ ਵਿੱਚ 'ਪਿੰਡਾਂ ਦੇ ਪਹਿਰੇਦਾਰ' ਦੀ 1.50 ਲੱਖ ਮੈਂਬਰਾਂ ਵਾਲੀ ਮਜ਼ਬੂਤ ਟੀਮ ਦਾ ਗਠਨ ਕੀਤਾ ਗਿਆ ਹੈ।" ਉਨ੍ਹਾਂ ਕਿਹਾ ਕਿ ਇਸ ਮੁਹਿੰਮ ਨੂੰ ਅੱਗੇ ਵਧਾਉਣ ਲਈ ਆਉਣ ਵਾਲੇ ਮਹੀਨੇ (ਬਾਕੀ ਸਫਾ 2 'ਤੇ)

*ਯੂ.ਐਨ. 'ਚ ਭਾਰਤ ਨੇ ਪਾਕਿ ਨੂੰ ਮੁੜ ਲਤਾੜਿਆ*

## ਅੱਤਵਾਦ ਦੀ ਸਰਕਾਰੀ ਨੀਤੀ ਵਜੋਂ ਵਰਤੋਂ ਬਰਦਾਸ਼ਤ ਕਰਨ ਯੋਗ ਨਹੀਂ: ਹਰੀਸ਼

ਚੜ੍ਹਦੀਕਲਾ ਬਿਊਰੋ
================

ਨਵੀਂ ਦਿੱਲੀ, 27 ਜਨਵਰੀ :ਭਾਰਤ ਨੇ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਆਪ੍ਰੇਸ਼ਨ ਸਿੰਦੂਰ ਬਾਰੇ ਝੂਠੇ ਅਤੇ ਸਵਾਰਥੀ ਬਿਆਨ ਦੇਣ ਲਈ ਪਾਕਿਸਤਾਨ ਨੂੰ ਸਖ਼ਤ ਤਾੜਨਾ ਕੀਤੀ ਹੈ ਅਤੇ ਕਿਹਾ ਹੈ ਕਿ ਅੱਤਵਾਦ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਪਾਕਿਸਤਾਨ ਵੱਲੋਂ ਅੱਤਵਾਦ ਦੀ ਲਗਾਤਾਰ ਵਰਤੋਂ ਰਾਜ ਨੀਤੀ ਦੇ ਸਾਧਨ ਵਜੋਂ ਅਸਵੀਕਾਰਨਯੋਗ ਹੈ। ਸੰਯੁਕਤ ਰਾਸ਼ਟਰ (ਯੂ.ਐਨ.) ਵਿੱਚ ਭਾਰਤ ਦੇ ਸਥਾਈ ਪ੍ਰਤੀਨਿਧੀ, ਰਾਜਦੂਤ ਪਾਰਵਥਨੇਨੀ ਹਰੀਸ਼ ਨੇ ਸੰਯੁਕਤ ਰਾਸ਼ਟਰ ਵਿੱਚ ਪਾਕਿਸਤਾਨ ਦੇ ਰਾਜਦੂਤ ਅਸੀਮ ਇਫਤਿਖਾਰ ਅਹਿਮਦ ਦੀਆਂ ਟਿੱਪਣੀਆਂ 'ਤੇ ਸਖ਼ਤ ਪ੍ਰਤੀਕਿਰਿਆ ਦਿੱਤੀ। ਅਸੀਮ ਨੇ ਸੋਮਵਾਰ ਨੂੰ ਸੁਰੱਖਿਆ ਪ੍ਰੀਸ਼ਦ ਵਿੱਚ 'ਕੌਮ ਦੇ ਅੰਤਰਰਾਸ਼ਟਰੀ ਰਾਜ ਦੀ ਪੁਸ਼ਟੀ: ਸ਼ਾਂਤੀ, ਨਿਆਂ ਅਤੇ ਬਹੁਪੱਖੀਵਾਦ ਨੂੰ ਮੁੜ ਸੁਰਜੀਤ ਕਰਨ ਦੇ ਰਸਤੇ' ਵਿਸ਼ੇ 'ਤੇ ਇੱਕ ਖੁੱਲ੍ਹੀ ਬਹਿਸ ਦੌਰਾਨ (ਬਾਕੀ ਸਫਾ 2 'ਤੇ)

# ਪੰਜਾਬ 'ਚ 21 ਸਰਕਾਰੀ ਕਾਲਜਾਂ ਨੂੰ ਨਵੇਂ ਪ੍ਰਿੰਸੀਪਲ ਮਿਲੇ

## ਪ੍ਰਿੰਸੀਪਲਾਂ ਦੀ ਤਾਇਨਾਤੀ ਨਾਲ ਸਰਕਾਰੀ ਕਾਲਜਾਂ ਦੀ ਕੁਸ਼ਲਤਾ ਅਤੇ ਅਕਾਦਮਿਕ ਨਤੀਜਿਆਂ ਵਿੱਚ ਹੋਵੇਗਾ ਹੋਰ ਸੁਧਾਰ: ਬੈਂਸ

ਚੰਡੀਗੜ੍ਹ, , 27 ਜਨਵਰੀ (ਚ.ਨ.ਸ.): ਸੂਬੇ ਵਿੱਚ ਉਚੇਰੀ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਨੇ 21 ਸਰਕਾਰੀ ਕਾਲਜਾਂ ਵਿੱਚ ਪ੍ਰਿੰਸੀਪਲਾਂ ਦੀ ਤਾਇਨਾਤੀ ਦੇ ਹੁਕਮ ਜਾਰੀ ਕੀਤੇ ਗਏ ਹਨ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਅੱਜ ਇੱਥੇ ਪੰਜਾਬ ਦੇ ਉਚੇਰੀ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਨ੍ਹਾਂ ਤਾਇਨਾਤੀਆਂ ਵਿੱਚ 13 ਤਰੱਕੀ ਹਾਸਲ ਕਰਨ ਵਾਲੇ ਸੀਨੀਅਰ ਲੈਕਚਰਾਰ ਅਤੇ ਅੱਠ ਨਵ-ਨਿਯੁਕਤ ਪ੍ਰਿੰਸੀਪਲ ਸ਼ਾਮਲ ਹਨ ਜੋ ਕਿ ਇਹਨਾਂ ਸੰਸਥਾਵਾਂ ਨੂੰ ਸੇਧ ਦੇਣਗੇ।

ਸਿੱਖਿਆ ਮੰਤਰੀ ਨੇ ਕਿਹਾ ਕਿ ਅੱਜ ਜਾਰੀ ਹੁਕਮਾਂ ਅਨੁਸਾਰ ਪਦਉਨਤੀ ਬਾਅਦ ਵਿਨੀਤਾ ਰਾਓ ਨੂੰ ਸਰਕਾਰੀ ਕਾਲਜ, ਡੇਰਾਬੱਸੀ ਵਿਖੇ; ਸ਼ਾਮ ਸੁੰਦਰ ਨੂੰ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ, ਸੁਨਾਮ ਵਿਖੇ; ਅਮੀ ਭੱਲਾ ਨੂੰ ਸੰਤ ਬਾਬਾ ਸੇਵਾ ਸਿੰਘ ਮੈਮੋਰੀਅਲ ਸਰਕਾਰੀ ਕਾਲਜ (ਲੜਕੀਆਂ), ਗੁਰੂ ਕਾ ਖੂਹ, ਮੁੰਨੇ (ਨੂਰਪੁਰ ਬੇਦੀ) ਵਿਖੇ; ਮਮਤਾ ਨੂੰ ਸਰਕਾਰੀ ਕਾਲਜ ਰਾਏਕੋਟ ਵਿਖੇ; ਜਗਜੀਤ ਕੌਰ ਨੂੰ ਸਰਕਾਰੀ ਕਾਲਜ ਸ਼ਾਹਕੋਟ ਵਿਖੇ, ਡਾ. ਨਵਦੀਪ ਸਿੰਘ ਨੂੰ ਸਰਕਾਰੀ ਕਾਲਜ ਨਿਆਲ ਪਾਤੜਾਂ ਵਿਖੇ, ਨੰਦਿਨੀ ਵੈਦ ਨੂੰ ਸਰਕਾਰੀ ਕਾਲਜ ਮਾਛੀਵਾੜਾ ਵਿਖੇ; ਮੰਜੂ ਕਪੂਰ ਨੂੰ ਸਰਕਾਰੀ ਕਾਲਜ ਸ੍ਰੀ ਮੁਕਤਸਰ ਸਾਹਿਬ ਵਿਖੇ, ਜਸਪ੍ਰੀਤ ਕੌਰ ਗਰੇਵਾਲ ਨੂੰ ਸਰਕਾਰੀ ਕਾਲਜ ਮੰਡੀ ਗੋਬਿੰਦਗੜ੍ਹ ਵਿਖੇ; ਪੂਜਾ ਕੋਹਲੀ ਨੂੰ ਸਰਕਾਰੀ ਕਾਲਜ ਕੋਟਕਪੂਰਾ ਵਿਖੇ; ਅਮਨਦੀਪ ਭੱਟੀ ਸ੍ਰੀ ਗੁਰੂ ਅਰਜਨ ਦੇਵ ਸਰਕਾਰੀ



ਕਾਲਜ ਤਰਨਤਾਰਨ ਵਿਖੇ; ਜਸਮੀਤ ਸੇਠੀ ਨੂੰ ਸਰਕਾਰੀ ਕਾਲਜ ਆਫ਼ ਐਜੂਕੇਸ਼ਨ, ਜਲੰਧਰ ਵਿਖੇ ਅਤੇ ਸਰਿਤਾ ਨੂੰ ਸਰਕਾਰੀ ਕਾਲਜ ਮਲੇਰਕੋਟਲਾ ਵਿਖੇ ਤਾਇਨਾਤ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਇਨ੍ਹਾਂ ਤੋਂ ਇਲਾਵਾ ਅੱਠ ਨਵ-ਨਿਯੁਕਤ ਪ੍ਰਿੰਸੀਪਲਾਂ ਨੂੰ ਵੀ ਸਟੇਸ਼ਨ ਅਲਾਟ ਕੀਤੇ ਗਏ ਹਨ ਜਿਹਨਾਂ ਵਿੱਚ ਮਨੀਸ਼ ਕੁਮਾਰ ਨੂੰ ਸਰਕਾਰੀ ਕਾਲਜ, ਪੋਜੇਵਾਲ; ਸੁਮਿਤ ਬਰਾੜ ਨੂੰ ਸਰਕਾਰੀ ਕਾਲਜ ਜਗਰਾਉਂ ਵਿਖੇ, ਪਾਰੁਲ ਖੰਨਾ ਨੂੰ ਸਰਕਾਰੀ ਕਾਲਜ ਮੁਖਲਿਆਣਾ ਚੱਬੇਵਾਲ ਵਿਖੇ, ਰਾਜੀਵ ਖੋਸਲਾ ਨੂੰ ਸਰਕਾਰੀ ਕਾਲਜ ਤਲਵਾੜਾ ਵਿਖੇ, ਅਨੀਤ ਕੁਮਾਰ ਨੂੰ ਸਰਕਾਰੀ ਕਾਲਜ ਢੁੱਡੀਕੇ ਵਿਖੇ; ਗੁਲਸ਼ਨ ਕੁਮਾਰ ਨੂੰ ਸਰਕਾਰੀ ਬ੍ਰਜਿੰਦਰਾ ਕਾਲਜ ਫਰੀਦਕੋਟ ਵਿਖੇ, ਸਵਿਤਾ ਗੁਪਤਾ ਨੂੰ ਸਰਕਾਰੀ ਕਾਲਜ ਢੋਲਬਾਹਾ ਵਿਖੇ ਅਤੇ ਹਰਿੰਦਰ ਸਿੰਘ ਨੂੰ ਸਰਕਾਰੀ ਕਾਲਜ, ਸ਼ਾਹਬਾਜ਼ਪੁਰ, ਤਰਨਤਾਰਨ ਵਿਖੇ ਤਾਇਨਾਤ ਕੀਤਾ ਗਿਆ ਹੈ।

ਸ. ਬੈਂਸ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ ਕਿ ਸਾਡੇ ਕਾਲਜਾਂ ਨੂੰ ਅਜਿਹੇ ਤਜ਼ਰਬੇਕਾਰ ਅਤੇ ਪ੍ਰਭਾਵਸ਼ਾਲੀ ਅਗਵਾਈ ਮਿਲੇ ਜੋ ਪੰਜਾਬ ਦੀ ਉਚੇਰੀ ਸਿੱਖਿਆ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਜਾਵੇ ਅਤੇ ਨਾਲ ਹੀ ਪੰਜਾਬ ਦੇ ਨੌਜਵਾਨਾਂ ਨੂੰ ਵੀ ਤਰੱਕੀ ਦੇ ਰਾਹ 'ਤੇ ਪਾਵੇ। ਉਨ੍ਹਾਂ ਕਿਹਾ ਕਿ ਇਹਨਾਂ ਤਾਇਨਾਤੀਆਂ ਨਾਲ ਸਰਕਾਰੀ ਕਾਲਜਾਂ ਵਿੱਚ ਕੁਸ਼ਲਤਾ ਅਤੇ ਅਕਾਦਮਿਕ ਨਤੀਜਿਆਂ ਵਿੱਚ ਹੋਰ ਸੁਧਾਰ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਭਵਿੱਖੀ ਚੁਣੌਤੀਆਂ ਦਾ ਟਾਕਰਾ ਕਰਨ ਲਈ ਤਿਆਰ ਵਾਸਤੇ ਬਿਹਤਰ ਸਿੱਖਿਆ ਪ੍ਰਣਾਲੀ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਭਾਰਤ-ਈਯੂ ਸਮਝੌਤਾ ਇੱਕ ਵਿਕਸਤ ਭਾਰਤ ਦੀ ਨੀਂਹ ਹੈ: ਸ਼ਿਵਰਾਜ ਸਿੰਘ ਚੌਹਾਨ

## 'ਪ੍ਰਧਾਨ ਮੰਤਰੀ ਮੋਦੀ ਨੇ ਸਾਲਾਂ ਤੋਂ ਲਟਕ ਰਹੇ ਇੱਕ ਸਮਝੌਤੇ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕੀਤਾ'



ਨਵੀਂ ਦਿੱਲੀ, 27 ਜਨਵਰੀ (ਅੰਮ੍ਰਿਤਪਾਲ ਸਿੰਘ) : ਕੇਂਦਰੀ ਖੇਤੀਬਾੜੀ, ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ, ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਰਾਏਪੁਰ ਵਿੱਚ ਭਾਰਤ ਅਤੇ ਯੂਰਪੀਅਨ ਯੂਨੀਅਨ ਵਿਚਕਾਰ ਮੁਕਤ ਵਪਾਰ ਸਮਝੌਤੇ 'ਤੇ ਦਸਤਖਤ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਇਹ ਸਮਝੌਤਾ ਸਿਰਫ਼ ਇੱਕ ਵਪਾਰ ਸਮਝੌਤਾ ਨਹੀਂ ਹੈ, ਸਗੋਂ ਭਾਰਤ ਦੀ ਵਧਦੀ ਵਿਸ਼ਵਵਿਆਪੀ ਲੀਡਰਸ਼ਿਪ ਅਤੇ ਆਰਥਿਕ ਤਾਕਤ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਭਾਰਤ-ਈਯੂ ਮੁਕਤ ਵਪਾਰ ਸਮਝੌਤਾ ਇੱਕ ਇਤਿਹਾਸਕ ਮੀਲ ਪੱਥਰ ਹੈ ਜੋ ਭਾਰਤ-ਈਯੂ ਭਾਈਵਾਲੀ ਨੂੰ ਨਵੀਆਂ ਉਚਾਈਆਂ 'ਤੇ ਲੈ ਜਾਵੇਗਾ। ਭਾਰਤ ਲਈ ਮਹੱਤਵਪੂਰਨ ਖੇਤੀਬਾੜੀ ਉਤਪਾਦ - ਜਿਵੇਂ ਕਿ ਚਾਹ, ਕੌਫੀ, ਮਸਾਲੇ, ਟੇਬਲ ਅੰਗੂਰ, ਖੀਰੇ ਅਤੇ ਅਚਾਰ ਵਾਲੇ ਖੀਰੇ, ਸੁੱਕੇ ਪਿਆਜ਼, ਮਿੱਠੇ ਮੱਕੀ, ਚੁਣੇ ਹੋਏ ਫਲ ਅਤੇ ਸਬਜ਼ੀਆਂ, ਅਤੇ ਪ੍ਰੋਸੈਸਡ ਭੋਜਨ - ਨੂੰ ਇਸ ਸਮਝੌਤੇ ਤੋਂ ਬਹੁਤ ਲਾਭ ਹੋਵੇਗਾ। ਮੁੱਖ ਖੇਤਰਾਂ ਵਿੱਚ ਆਪਸੀ ਸੰਵੇਦਨਸ਼ੀਲਤਾ ਦਾ ਸਤਿਕਾਰ ਕਰਦੇ ਹੋਏ, ਇਹ ਸਮਝੌਤਾ ਘਰੇਲੂ ਤਰਜੀਹਾਂ ਨਾਲ ਨਿਰਯਾਤ ਵਿਕਾਸ ਨੂੰ ਸੰਤੁਲਿਤ ਕਰਦਾ ਹੈ ਅਤੇ ਦੋਵਾਂ ਪਾਸਿਆਂ ਦੇ ਕਿਸਾਨ ਭਾਈਚਾਰਿਆਂ ਲਈ ਲਾਭ ਯਕੀਨੀ ਬਣਾਉਂਦਾ ਹੈ। ਇਹ ਭਾਰਤੀ ਖੇਤੀਬਾੜੀ ਲਈ ਇੱਕ ਵੱਡਾ ਕਦਮ ਹੈ, ਅਤੇ ਦੇਸ਼ ਦੇ ਕਿਸਾਨ ਭਾਈਚਾਰੇ ਨੂੰ ਵਧਾਈਆਂ।

ਉਨ੍ਹਾਂ ਕਿਹਾ ਕਿ ਅੱਜ, ਭਾਰਤ ਨਾ ਸਿਰਫ਼ ਆਪਣੇ ਆਪ ਤਰੱਕੀ ਕਰ ਰਿਹਾ ਹੈ, ਸਗੋਂ ਪੂਰੀ ਦੁਨੀਆ ਨੂੰ ਨਾਲ ਲੈ ਕੇ ਚੱਲ ਰਿਹਾ ਹੈ। ਇਹ ਸਮਝੌਤਾ ਭਾਰਤੀ ਕਿਸਾਨਾਂ, ਖੇਤੀਬਾੜੀ ਉਤਪਾਦਾਂ ਅਤੇ ਪੇਂਡੂ ਅਰਥਵਿਵਸਥਾ ਲਈ ਨਵੇਂ ਮੌਕੇ ਖੋਲ੍ਹੇਗਾ। ਭਾਰਤ ਦੀ ਖੇਤੀਬਾੜੀ ਸ਼ਕਤੀ ਅੱਜ ਦੁਨੀਆ ਨੂੰ ਦਿਖਾਈ ਦੇ ਰਹੀ ਹੈ - ਭਾਰਤ ਚੌਲਾਂ ਦੇ ਉਤਪਾਦਨ ਵਿੱਚ ਪਹਿਲੇ ਸਥਾਨ 'ਤੇ ਪਹੁੰਚ ਗਿਆ ਹੈ, ਅਤੇ ਸਾਡੀ ਖੇਤੀਬਾੜੀ ਵਿਕਾਸ ਦਰ ਹਰੀ ਕ੍ਰਾਂਤੀ ਯੁੱਗ ਨੂੰ ਵੀ ਪਛਾੜ ਗਈ ਹੈ। ਮੁਕਤ ਵਪਾਰ ਸਮਝੌਤੇ ਬਾਰੇ ਵਿਸਥਾਰ ਵਿੱਚ ਬੋਲਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਭਾਰਤ ਅਤੇ ਯੂਰਪੀਅਨ ਯੂਨੀਅਨ ਵਿਚਕਾਰ ਇਹ ਸਮਝੌਤਾ ਖੇਤੀਬਾੜੀ, ਫੂਡ ਪ੍ਰੋਸੈਸਿੰਗ, ਨਿਰਯਾਤ ਅਤੇ ਨਿਵੇਸ਼ ਵਿੱਚ ਨਵੀਂ ਜ਼ਮੀਨ ਖੋਲ੍ਹੇਗਾ। ਇਹ ਭਾਰਤੀ ਖੇਤੀਬਾੜੀ ਉਤਪਾਦਾਂ ਨੂੰ ਯੂਰਪੀਅਨ ਬਾਜ਼ਾਰਾਂ ਤੱਕ ਬਿਹਤਰ ਪਹੁੰਚ ਪ੍ਰਦਾਨ ਕਰੇਗਾ, ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਲਈ ਉਚਿਤ ਕੀਮਤਾਂ ਪ੍ਰਦਾਨ ਕਰੇਗਾ, ਅਤੇ ਪੇਂਡੂ ਖੇਤਰਾਂ ਵਿੱਚ ਨਵੇਂ ਰੁਜ਼ਗਾਰ ਦੇ ਮੌਕੇ ਪੈਦਾ ਕਰੇਗਾ। ਇਹ ਸਮਝੌਤਾ ਇੱਕ ਸਵੈ-ਨਿਰਭਰ ਅਤੇ ਵਿਕਸਤ ਭਾਰਤ ਵੱਲ ਇੱਕ ਮਜ਼ਬੂਤ ??ਅਤੇ ਦੂਰਗਾਮੀ ਕਦਮ ਹੈ।ਸ਼੍ਰੀ ਚੌਹਾਨ ਨੇ ਕਿਹਾ ਕਿ ਕਿਸਾਨਾਂ ਦੇ ਹਿੱਤ ਸਭ ਤੋਂ ਉੱਪਰ ਹਨ। ਘਟੀਆ ਕੀਟਨਾਸ਼ਕ ਅਤੇ ਨਕਲੀ ਬੀਜ ਕਿਸਾਨਾਂ ਦੀ ਕਮਰ ਤੋੜਦੇ ਹਨ; ਇਸਨੂੰ ਹੁਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਦਿਸ਼ਾ ਵਿੱਚ, ਸਰਕਾਰ ਇੱਕ ਸਖ਼ਤ ਕੀਟਨਾਸ਼ਕ ਐਕਟ ਅਤੇ ਇੱਕ ਨਵਾਂ ਬੀਜ ਐਕਟ ਪੇਸ਼ ਕਰ ਰਹੀ ਹੈ ਤਾਂ ਜੋ ਕਿਸਾਨਾਂ ਨੂੰ ਗੁਣਵੱਤਾ ਵਾਲੇ ਇਨਪੁਟਸ ਤੱਕ ਪਹੁੰਚ ਅਤੇ ਇੱਕ ਸੁਰੱਖਿਅਤ ਭਵਿੱਖ ਯਕੀਨੀ ਬਣਾਇਆ ਜਾ ਸਕੇ।

ਉਨ੍ਹਾਂ ਅੱਗੇ ਕਿਹਾ ਕਿ ਵਿਕਸਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ, ਰੁਜ਼ਗਾਰ-ਅਮੀਰ, ਗਰੀਬੀ-ਮੁਕਤ ਅਤੇ ਸਵੈ-ਨਿਰਭਰ ਪਿੰਡ ਬਣਾਉਣਾ ਜ਼ਰੂਰੀ ਹੈ। ਇਸ ਵਚਨਬੱਧਤਾ ਦੇ ਅਨੁਸਾਰ, 'ਵਿਕਸਤ ਭਾਰਤ ਜੀ-ਰਾਮ-ਜੀ ਐਕਟ' ਦੇਸ਼ ਭਰ ਵਿੱਚ ਲਾਗੂ ਕੀਤਾ ਜਾ ਰਿਹਾ ਹੈ, ਜਿਸ ਨਾਲ ਪਿੰਡ ਪੂਰੀ ਤਰ੍ਹਾਂ ਵਿਕਸਤ ਪਿੰਡਾਂ ਵਜੋਂ ਉਭਰਨ ਦੇ ਯੋਗ ਹੋਣਗੇ, ਅਤੇ ਪੇਂਡੂ ਭਾਰਤ ਵਿਕਾਸ ਦੀ ਮੁੱਖ ਧਾਰਾ ਵਿੱਚ ਮਜ਼ਬੂਤੀ ਨਾਲ ਖੜ੍ਹਾ ਹੋਵੇਗਾ।

# 'ਯੁੱਧ ਨਸ਼ਿਆਂ ਵਿਰੁੱਧ' ਦੇ 332ਵੇਂ ਦਿਨ 2.1 ਕਿਲੋ ਹੈਰੋਇਨ ਸਮੇਤ 42 ਨਸ਼ਾ ਤਸਕਰ ਕਾਬੂ

ਚੰਡੀਗੜ੍ਹ, 27 ਜਨਵਰੀ (ਚ.ਨ.ਸ.) : ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਵਿੱਢੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ"ਦੇ 332ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 334 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿੱਚ 35 ਐਫਆਈਆਰਜ਼ ਦਰਜ ਕਰਕੇ 42 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 332 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 46,606 ਹੋ ਗਈ ਹੈ।

ਇਨ੍ਹਾਂ ਛਾਪਿਆਂ ਦੇ ਵਜੋਂ ਛਾਪੇਮਾਰੀ ਦੌਰਾਨ ਫੜੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ 'ਚੋਂ 2.1 ਕਿਲੋ ਹੈਰੋਇਨ ਅਤੇ 25,400 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ।

ਇਸ ਆਪ੍ਰੇਸ਼ਨ ਦੌਰਾਨ 68 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 900 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 334 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 353 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ।

ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ ਅੱਜ 16 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।

ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ 'ਗੈਂਗਸਟਰਾਂ 'ਤੇ ਵਾਰ' ਫ਼ੈਸਲਾਕੁੰਨ ਜੰਗ ਜਾਰੀ ਹੈ ਅਤੇ ਇਸ ਦੇ 8ਵੇਂ ਦਿਨ ਸੂਬੇ ਭਰ ਵਿੱਚ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ। ਕਈ ਸ਼ੱਕੀ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

# ਓਡੀਸ਼ਾ 'ਚ ਲੀਹੋਂ ਲੱਥੇ ਮਾਲਗੱਡੀ ਦੇ 2 ਡੱਬੇ ! ਜਾਨੀ ਨੁਕਸਾਨ ਤੋਂ ਰਿਹਾ ਬਚਾਅ

ਕੋਰਾਪੁਟ , 27 ਜਨਵਰੀ (ਚ.ਨ.ਸ.): ਓਡੀਸ਼ਾ ਦੇ ਕੋਰਾਪੁਟ ਜ਼ਿਲ੍ਹੇ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਸੋਮਵਾਰ ਰਾਤ ਇੱਕ ਮਾਲਗੱਡੀ ਦੇ ਦੋ ਡੱਬੇ ਪਟਰੀ ਤੋਂ ਉਤਰ ਗਏ ਸਨ। ਇੱਕ ਅਧਿਕਾਰੀ ਨੇ ਮੰਗਲਵਾਰ ਨੂੰ ਇਸ ਹਾਦਸੇ ਦੀ ਜਾਣਕਾਰੀ ਸਾਂਝੀ ਕੀਤੀ।ਜਾਣਕਾਰੀ ਅਨੁਸਾਰ ਇਹ ਹਾਦਸਾ ਸੋਮਵਾਰ ਰਾਤ ਲਗਭਗ 11:35 ਵਜੇ ਵਾਪਰਿਆ। ਜਿਸ ਸਮੇਂ ਇਹ ਹਾਦਸਾ ਵਾਪਰਿਆ, ਉਸ ਸਮੇਂ ਸਮਾਨ ਨਾਲ ਲੱਦੀ ਹੋਈ ਇਹ ਮਾਲਗੱਡੀ ਜਗਦਲਪੁਰ ਤੋਂ ਵਿਸ਼ਾਖਾਪੱਟਨਮ (ਆਂਧਰਾ ਪ੍ਰਦੇਸ਼) ਵੱਲ ਜਾ ਰਹੀ ਸੀ।

# ਪਹਿਲੇ ਸਫ਼ੇ ਦੀ ਬਾਕੀ

### ਮੋਦੀ ਇੱਕ ਫਰਵਰੀ ਨੂੰ ਅਉਣਗੇ ਪੰਜਾਬ

ਸਮਾਜ ਸੇਵਾ, ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਸੰਤ ਨਿਰੰਜਨ ਦਾਸ ਮਹਾਰਾਜ ਨੂੰ ਪਦਮ ਸ਼੍ਰੀ ਪੁਰਸਕਾਰ ਦੇਣ ਦਾ ਐਲਾਨ ਕੀਤਾ ਹੈ। ਦੁਨੀਆ ਭਰ ਵਿੱਚ ਫੈਲੇ ਰਵਿਦਾਸੀਆ ਭਾਈਚਾਰੇ ਦੇ ਅਧਿਆਤਮਿਕ ਮਾਰਗਦਰਸ਼ਕ ਹੋਣ ਦੇ ਨਾਤੇ, ਉਨ੍ਹਾਂ ਨੇ ਲੋਕਾਂ ਦੇ ਵਿਕਾਸ ਅਤੇ ਮਨੁੱਖਤਾ ਦੀ ਸੇਵਾ ਲਈ ਕਈ ਹਸਪਤਾਲ ਅਤੇ ਵਿਦਿਅਕ ਸੰਸਥਾਵਾਂ ਚਲਾਈਆਂ ਹਨ। ਜਿਸ ਕਾਰਨ ਇਸ ਵੱਕਾਰੀ ਨਾਗਰਿਕ ਪੁਰਸਕਾਰ ਦੀ ਘੋਸ਼ਣਾ ਨੇ ਪੰਜਾਬ ਅਤੇ ਉਨ੍ਹਾਂ ਦੇ ਪੈਰੋਕਾਰਾਂ ਵਿੱਚ ਖੁਸ਼ੀ ਦਾ ਮਾਹੌਲ ਪੈਦਾ ਕਰ ਦਿੱਤਾ ਹੈ।

### ਭਾਰਤ ਤੇ ਯੂਰਪੀ ਸੰਘ ਦਰਮਿਆਨ ਸਭ ਤੋਂ

ਸੁਰੱਖਿਆ ਵਿੱਚ ਆਪਸੀ ਸਹਿਯੋਗ ਨੂੰ ਵਧਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਸੋਮਵਾਰ ਦੇ ਦਿਨ ਨੂੰ ਇੱਕ ਇਤਿਹਾਸਕ ਦਿਨ ਦੱਸਿਆ, ਜਦੋਂ ਯੂਰਪੀਅਨ ਯੂਨੀਅਨ ਦੇ ਨੇਤਾਵਾਂ ਨੇ ਭਾਰਤ ਦੇ ਗਣਤੰਤਰ ਦਿਵਸ ਸਮਾਰੋਹ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਇਹ ਮੌਕਾ ਦੋਵਾਂ ਦੇਸ਼ਾਂ ਦੇ ਡੂੰਘੇ ਹੁੰਦੇ ਰਿਸ਼ਤਿਆਂ ਅਤੇ ਭਵਿੱਖ ਦੀਆਂ ਸਾਂਝੀਆਂ ਚੁਣੌਤੀਆਂ ਨਾਲ ਨਜਿੱਠਣ ਦੀ ਵਚਨਬੱਧਤਾ ਦਾ ਪ੍ਰਤੀਕ ਹੈ। ਇਸ ਡੀਲ ਨਾਲ ਟੈਕਸਟਾਈਲ, ਰਤਨ ਅਤੇ ਗਹਿਣੇ, ਚਮੜਾ ਅਤੇ ਜੁੱਤੀਆਂ ਵਰਗੇ ਖੇਤਰਾਂ ਨੂੰ ਕਾਫ਼ੀ ਲਾਭ ਹੋਵੇਗਾ। ਨਿਰਮਾਣ ਅਤੇ ਸੇਵਾ ਦੋਵਾਂ ਖੇਤਰਾਂ ਨੂੰ ਹੁਲਾਰਾ ਮਿਲੇਗਾ। ਭਾਰਤ ਨੇ 27 ਯੂਰਪੀ ਸੰਘ ਦੇ ਦੇਸ਼ਾਂ ਤੋਂ ਆਯਾਤ ਕੀਤੇ ਜਾਣ ਵਾਲੇ ਵਾਈਨ ਅਤੇ ਬੀਅਰ 'ਤੇ ਟੈਰਿਫ ਘਟਾ ਦਿੱਤੇ ਹਨ। ਬੀਅਰ 'ਤੇ ਟੈਕਸ ਘਟਾ ਕੇ 50 ਫੀਸਦੀ ਕਰ ਦਿੱਤਾ ਗਿਆ ਹੈ ਅਤੇ ਸ਼ਰਾਬ 'ਤੇ ਟੈਕਸ ਘਟਾ ਕੇ 40 ਫੀਸਦੀ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ, ਵਾਈਨ 'ਤੇ ਟੈਕਸ 20-30 ਫੀਸਦੀ ਘਟਾ ਦਿੱਤਾ ਗਿਆ ਹੈ। ਨਤੀਜੇ ਵਜੋਂ ਵਿਦੇਸ਼ੀ ਸ਼ਰਾਬ, ਖਾਸ ਕਰਕੇ ਯੂਰਪ ਤੋਂ ਦਰਾਮਦ ਕੀਤੀ ਜਾਣ ਵਾਲੀ ਸ਼ਰਾਬ ਦੇਸ਼ ਵਿੱਚ ਸਸਤੀ ਹੋ ਜਾਵੇਗੀ। ਜਿਥੇ ਭਾਰਤ ਨੇ ਇੱਕ ਪਾਸੇ ਬੀਅਰ ਅਤੇ ਵਾਈਨ 'ਤੇ ਟੈਕਸ ਘਟਾ ਦਿੱਤੇ ਹਨ, ਇਸ ਦੇ ਨਾਲ ਹੀ ਇਸ ਨੇ ਕੁਝ ਉਤਪਾਦਾਂ 'ਤੇ ਟੈਰਿਫ ਵੀ ਘਟਾ ਦਿੱਤੇ ਹਨ। ਜੈਤੂਨ ਦੇ ਤੇਲ, ਮਾਰਜਰੀਨ ਅਤੇ ਬਨਸਪਤੀ ਤੇਲ 'ਤੇ ਟੈਕਸ ਪੂਰੀ ਤਰ੍ਹਾਂ ਖਤਮ ਕਰ ਦਿੱਤੇ ਗਏ ਹਨ। ਫਲਾਂ ਦੇ ਜੂਸ ਅਤੇ ਪ੍ਰੋਸੈਸਡ ਭੋਜਨ 'ਤੇ ਟੈਕਸ ਵੀ ਪੂਰੀ ਤਰ੍ਹਾਂ ਖਤਮ ਕਰ ਦਿੱਤੇ ਗਏ ਹਨ। ਵਪਾਰ ਸੌਦੇ ਵਿੱਚ ਸਭ ਤੋਂ ਵੱਡਾ ਐਲਾਨ ਕਾਰਾਂ 'ਤੇ ਟੈਰਿਫ ਨਾਲ ਸਬੰਧਤ ਸੀ। ਭਾਰਤ ਨੇ ਯੂਰਪ ਤੋਂ ਦਰਾਮਦ ਕੀਤੀਆਂ ਲਗਜ਼ਰੀ ਕਾਰਾਂ ਅਤੇ ਮੋਟਰ ਵਾਹਨਾਂ 'ਤੇ ਟੈਕਸ 110 ਫੀਸਦੀ ਤੋਂ ਘਟਾ ਕੇ 10 ਫੀਸਦੀ ਕਰਨ ਦਾ ਐਲਾਨ ਕੀਤਾ। ਹਾਲਾਂਕਿ, 250,000 ਵਾਹਨਾਂ ਦੀ ਸੀਮਾ ਲਗਾਈ ਗਈ ਹੈ। ਇਸ ਤੋਂ ਇਲਾਵਾ ਮਸ਼ੀਨਰੀ 'ਤੇ 44 ਫੀਸਦੀ ਟੈਕਸ ਵਿੱਚੋਂ ਜ਼ਿਆਦਾਤਰ ਨੂੰ ਖਤਮ ਕਰ ਦਿੱਤਾ ਗਿਆ ਹੈ। ਕੈਮੀਕਲਾਂ 'ਤੇ 22 ਫੀਸਦੀ ਟੈਕਸ ਨੂੰ ਵੱਡੇ ਪੱਧਰ 'ਤੇ ਖਤਮ ਕਰ ਦਿੱਤਾ ਜਾਵੇਗਾ। ਦਵਾਈਆਂ 'ਤੇ 11 ਫੀਸਦੀ ਟੈਕਸ ਨੂੰ ਵੀ ਵੱਡੇ ਪੱਧਰ 'ਤੇ ਖਤਮ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਲਗਭਗ ਸਾਰੇ ਜਹਾਜ਼ਾਂ ਅਤੇ ਪੁਲਾੜ ਯਾਨ ਉਤਪਾਦਾਂ 'ਤੇ ਟੈਕਸ ਹਟਾ ਦਿੱਤੇ ਗਏ ਹਨ। ਭਾਰਤ ਨੂੰ ਅਗਲੇ ਦੋ ਸਾਲਾਂ ਵਿੱਚ ਯੂਰਪੀ ਸੰਘ ਤੋਂ 4,500 ਕਰੋੜ (ਲਗਭਗ 4,500 ਕਰੋੜ ਰੁਪਏ) ਦਾ ਬਜਟ ਮਿਲੇਗਾ ਤਾਂ ਜੋ ਭਾਰਤ ਨੂੰ ਮੁਕਤ ਵਪਾਰ ਸਮਝੌਤੇ ਦੇ ਤਹਿਤ ਗ੍ਰੀਨਹਾਊਸ ਗੈਸਾਂ ਦੇ ਨਿਕਾਸ ਨੂੰ ਘਟਾਉਣ ਵਿੱਚ ਮਦਦ ਕੀਤੀ ਜਾ ਸਕੇ। ਯੂਰਪੀ ਸੰਘ ਦੇ ਟ੍ਰੇਡਮਾਰਕ, ਡਿਜ਼ਾਈਨ, ਕਾਪੀਰਾਈਟ ਅਤੇ ਵਪਾਰਕ ਰਾਜ਼ਾਂ ਨੂੰ ਮਜ਼ਬੂਤ ਕਾਨੂੰਨੀ ਸੁਰੱਖਿਆ ਮਿਲੇਗੀ। ਸੁਰੱਖਿਅਤ, ਨਿਰਪੱਖ ਅਤੇ ਭਰੋਸੇਮੰਦ ਆਨਲਾਈਨ ਵਪਾਰ ਨੂੰ ਯਕੀਨੀ ਬਣਾਉਣ ਲਈ ਡਿਜੀਟਲ ਵਪਾਰ ਲਈ ਇੱਕ ਵਿਸ਼ੇਸ਼ ਅਧਿਆਏ ਹੋਵੇਗਾ। ਵਿੱਤੀ ਅਤੇ ਸਮੁੰਦਰੀ ਸੇਵਾਵਾਂ ਵਿੱਚ ਯੂਰਪੀ ਸੰਘ ਦੀਆਂ ਸੇਵਾ ਕੰਪਨੀਆਂ ਨੂੰ ਭਾਰਤ ਵਿੱਚ ਵਿਸ਼ੇਸ਼ ਅਧਿਕਾਰ ਪ੍ਰਾਪਤ ਹੋਣਗੇ। ਬਿਹਤਰ ਮਾਰਕੀਟ ਪਹੁੰਚ ਨਵੇਂ ਕਾਰੋਬਾਰ ਅਤੇ ਰੁਜ਼ਗਾਰ ਦੇ ਮੌਕੇ ਖੋਲ੍ਹੇਗੀ। ਛੋਟੇ ਅਤੇ ਦਰਮਿਆਨੇ ਆਕਾਰ ਦੇ ਉੱਦਮਾਂ ਲਈ ਇੱਕ ਸਮਰਪਿਤ ਚੈਪਟਰ ਹੋਵੇਗਾ। ਵਪਾਰ ਨੂੰ ਆਸਾਨ ਬਣਾਉਣ ਲਈ ਕੰਪਨੀਆਂ ਦੀ ਸਹਾਇਤਾ ਲਈ ਛੋਟੇ ਅਤੇ ਦਰਮਿਆਨੇ ਆਕਾਰ ਦੇ ਉੱਦਮ ਸੰਪਰਕ ਬਿੰਦੂ ਸਥਾਪਤ ਕੀਤੇ ਜਾਣਗੇ।

### ਈ.ਯੂ. ਦੀ ਸੰਸਦ 'ਚ ਮਨਜ਼ੂਰੀ ਤੋਂ ਬਾਅਦ

ਅੰਤੋਨੀਓ ਕੋਸਟਾ ਅਤੇ ਵਾਨ ਡੇਰ ਲੇਅਨ ਨੇ ਵੀ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਗੱਲਬਾਤ ਕੀਤੀ। ਭਾਰਤ ਅਤੇ 27 ਦੇਸ਼ਾਂ ਦੇ ਬਲਾਕ ਯੂਰਪੀਅਨ ਯੂਨੀਅਨ ਦਰਮਿਆਨ ਇਸ ਸੌਦੇ ਨੂੰ ਲਾਗੂ ਕਰਨ ਵਿੱਚ ਕੁਝ ਸਮਾਂ ਲੱਗ ਸਕਦਾ ਹੈ ਕਿਉਂਕਿ ਇਸ ਨੂੰ ਯੂਰੋਪੀਅਨ ਯੂਨੀਅਨ ਸੰਸਦ ਦੀ ਪ੍ਰਵਾਨਗੀ ਦੀ ਲੋੜ ਹੈ।

### ਪਾਣੀਆਂ ਦੇ ਵਿਵਾਦ 'ਚ ਪੰਜਾਬ ਦੇ

ਉਨ੍ਹਾਂ ਦੇ ਬਣਦੇ ਹੱਕ ਤੋਂ ਵਾਂਝਾ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਤਿੰਨ ਦਰਿਆਵਾਂ ਦੇ 34.34 ਮਿਲੀਅਨ ਏਕੜ ਫੁੱਟ (ਐਮ.ਏ.ਐਫ.) ਪਾਣੀ ਵਿੱਚੋਂ ਪੰਜਾਬ ਨੂੰ ਸਿਰਫ 14.22 ਐਮ.ਏ.ਐਫ. ਦੀ ਵੰਡ ਹੋਈ ਹੈ ਜੋ 40 ਫੀਸਦੀ ਬਣਦਾ ਹੈ ਜਦਕਿ 60 ਫੀਸਦੀ ਪਾਣੀ ਹਰਿਆਣਾ, ਦਿੱਲੀ ਅਤੇ ਰਾਜਸਥਾਨ ਨੂੰ ਚਲਾ ਜਾਂਦਾ ਹੈ ਜਦਕਿ ਇਨ੍ਹਾਂ ਦਰਿਆਵਾਂ ਵਿੱਚੋਂ ਕੋਈ ਦਰਿਆ ਵੀ ਇਨ੍ਹਾਂ ਸੂਬਿਆਂ ਵਿੱਚ ਨਹੀਂ ਵਹਿੰਦਾ।

ਪੰਜਾਬ ਦੇ ਜਲ ਸੰਕਟ ਉਤੇ ਗੰਭੀਰ ਚਿੰਤਾ ਪ੍ਰਗਟਾਉਂਦਿਆਂ ਮੁੱਖ ਮੰਤਰੀ ਨੇ ਕਿਹਾ, "ਸਤਹੀ ਪਾਣੀ ਦੇ ਘਟਣ ਨਾਲ ਧਰਤੀ ਹੇਠਲੇ ਜਲ ਵਸੀਲਿਆਂ ਉਤੇ ਦਬਾਅ ਵਧ ਰਿਹਾ ਹੈ। ਪੰਜਾਬ ਵਿੱਚ 153 ਬਲਾਕਾਂ ਵਿੱਚੋਂ 115 ਬਲਾਕਾਂ ਦਾ ਪਾਣੀ ਹੱਦ ਤੋਂ ਵੱਧ ਵਰਤਿਆ ਜਾ ਚੁੱਕਿਆ ਹੈ।" ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲਾ ਪਾਣੀ ਕੱਢਣ ਦੀ ਦਰ ਪੂਰੇ ਮੁਲਕ ਵਿੱਚੋਂ ਸਭ ਤੋਂ ਵੱਧ ਹੈ।

ਭਾਈ ਘਨੱਈਆ ਜੀ ਦੀ ਸੱਚੀ ਭਾਵਨਾ ਦਾ ਜ਼ਿਕਰ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਆਪਣੀਆਂ ਲੋੜਾਂ ਨੂੰ ਦਰਕਿਨਾਰ ਕਰਦਾ ਰਿਹਾ ਹੈ ਅਤੇ 60 ਫੀਸਦੀ ਪਾਣੀ ਗੈਰ-ਰਿਪੇਰੀਅਨ ਸੂਬਿਆਂ ਨੂੰ ਪਾਣੀ ਦੀਆਂ ਲੋੜਾਂ ਪੂਰੀਆਂ ਕਰਨ ਲਈ ਦਿੰਦਾ ਹੈ।" ਉਨ੍ਹਾਂ ਕਿਹਾ ਕਿ ਪੰਜਾਬ ਆਪਣੇ ਦਰਿਆਵਾਂ ਦਾ ਪਾਣੀ ਬਾਕੀਆਂ ਨਾਲ ਸਾਂਝਾ ਕਰਦਾ ਹੈ ਪਰ ਹੜ੍ਹਾਂ ਦਾ ਨੁਕਸਾਨ ਇਕੱਲੇ ਪੰਜਾਬ ਨੂੰ ਸਹਿਣਾ ਪੈਂਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕਰਕੇ ਇਹ ਬਹੁਤ ਜ਼ਰੂਰੀ ਹੈ ਕਿ ਕੋਈ ਵੀ ਫੈਸਲਾ ਲੈਣ ਮੌਕੇ ਪੰਜਾਬ ਦੇ ਹਿੱਤਾਂ ਦਾ ਖਿਆਲ ਰੱਖਣਾ ਚਾਹੀਦਾ ਹੈ। ਪਾਵਨ ਗੁਰਬਾਣੀ ਦੀ ਤੁਕ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥' ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਸਾਡੇ ਮਹਾਨ ਗੁਰੂ ਸਾਹਿਬਾਨ ਨੇ ਹਵਾ ਨੂੰ ਗੁਰੂ ਦਾ ਦਰਜਾ, ਪਾਣੀ ਨੂੰ ਪਿਤਾ ਦਾ ਅਤੇ ਧਰਤੀ ਨੂੰ ਮਾਤਾ ਦਾ ਦਰਜਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕੁਦਰਤੀ ਵਸੀਲਿਆਂ ਨੂੰ ਬਚਾਉਣ ਲਈ ਸੂਬਾ ਸਰਕਾਰ ਗੁਰੂ ਸਾਹਿਬਾਨ ਦੇ ਦਿਖਾਏ ਰਸਤੇ ਉਤੇ ਚੱਲ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ, "ਹਾਲ ਹੀ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਕਿ ਦੋਵੇਂ ਸਰਕਾਰਾਂ ਇਸ ਮਸਲੇ ਨੂੰ ਸੁਲਝਾਉਣ ਲਈ ਗੰਭੀਰ ਵਿਚਾਰ-ਚਰਚਾ ਕਰ ਰਹੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਿੱਤ ਜਾਂ ਹਾਰ ਦਾ ਸਵਾਲ ਨਹੀਂ ਹੈ ਪਰ ਪੰਜਾਬ ਅਤੇ ਪੰਜਾਬੀਆਂ ਦੇ ਹਿੱਤ ਅਤੇ ਜਜਬਾਤ ਅਣਗੌਲੇ ਨਹੀਂ ਕੀਤੇ ਜਾ ਸਕਦੇ।

ਮੁੱਖ ਮੰਤਰੀ ਨੇ ਕਿਹਾ ਕਿ ਪਾਣੀ ਦੋਵਾਂ ਸੂਬਿਆਂ ਦੀ ਜੀਵਨ ਰੇਖਾ ਹੈ। ਸਾਂਝਾ ਵਰਕਿੰਗ ਗਰੁੱਪ ਬਣਾ ਕੇ ਦੋਵਾਂ ਸੂਬਿਆਂ ਦੇ ਅਧਿਕਾਰੀਆਂ ਦਰਮਿਆਨ ਨਿਰੰਤਰ ਮੀਟਿੰਗਾਂ ਹੋਣ ਦਾ ਵਿਚਾਰ ਪੇਸ਼ ਕਰਦਿਆਂ ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਸਾਂਝੇ ਵਰਕਿੰਗ ਗਰੁੱਪ ਦੀਆਂ ਨਿਰੰਤਰ ਮੀਟਿੰਗਾਂ ਇਸ ਮਸਲੇ ਦਾ ਸੁਖਾਵਾਂ ਹੱਲ ਲੱਭਣ ਅਤੇ ਦੋਵਾਂ ਸੂਬਿਆਂ ਵਿੱਚ ਲਾਮਿਸਾਲ ਵਿਕਾਸ, ਤਰੱਕੀ ਤੇ ਖੁਸ਼ਹਾਲੀ ਦੇ ਦੌਰ ਲਈ ਸਹਾਈ ਹੋਣਗੀਆਂ।

ਇਸ ਮੌਕੇ ਮੁੱਖ ਮੰਤਰੀ ਨਾਲ ਜਲ ਸਰੋਤ ਮੰਤਰੀ ਬਰਿੰਦਰ ਗੋਇਲ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਡਾ. ਰਵੀ ਭਗਤ, ਸਕੱਤਰ ਜਲ ਸਰੋਤ ਕ੍ਰਿਸ਼ਨ ਕੁਮਾਰ ਤੇ ਹੋਰ ਹਾਜ਼ਰ ਸਨ।

### ਬਜਟ ਸੈਸ਼ਨ ਤੋਂ ਪਹਿਲਾਂ ਸਰਬ ਪਾਰਟੀ ਮੀਟਿੰਗ

ਨੂੰ ਸ਼ੁਰੂ ਹੋਵੇਗਾ ਅਤੇ 2 ਅਪ੍ਰੈਲ ਤੱਕ ਚੱਲੇਗਾ। ਕੇਂਦਰੀ ਬਜਟ 1 ਫਰਵਰੀ (ਐਤਵਾਰ) ਨੂੰ ਪੇਸ਼ ਕੀਤਾ ਜਾਵੇਗਾ। ਬਜਟ ਸੈਸ਼ਨ ਦਾ ਪਹਿਲਾ ਪੜਾਅ ਬੁੱਧਵਾਰ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੇ ਲੋਕ ਸਭਾ ਅਤੇ ਰਾਜ ਸਭਾ ਦੇ ਸਾਂਝੇ ਇਜਲਾਸ ਨੂੰ ਸੰਬੋਧਨ ਨਾਲ ਸ਼ੁਰੂ ਹੋਵੇਗਾ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਆਰਥਿਕ ਸਰਵੇਖਣ ਅਤੇ ਆਮ ਬਜਟ ਪੇਸ਼ ਕਰਨਗੇ। ਸੰਸਦੀ ਪ੍ਰਥਾ ਦੇ ਅਨੁਸਾਰ, ਇਸ ਵਾਰ ਬਜਟ 1 ਫਰਵਰੀ ਨੂੰ ਪੇਸ਼ ਕੀਤਾ ਜਾਵੇਗਾ। 1 ਫਰਵਰੀ ਐਤਵਾਰ ਨੂੰ ਆ ਰਿਹਾ ਹੈ।

### ਪੰਜਾਬ 'ਚ ਭਰਵਾਂ ਮੀਂਹ

ਯਾਤਰੀਆਂ ਨੂੰ ਅਪਡੇਟਸ ਅਤੇ ਵਿਕਲਪਿਕ ਪ੍ਰਬੰਧਾਂ ਲਈ ਆਪਣੀਆਂ ਸਬੰਧਤ ਏਅਰਲਾਈਨਾਂ ਦੇ ਸੰਪਰਕ ਵਿੱਚ ਰਹਿਣ ਦੀ ਸਲਾਹ ਦਿੱਤੀ ਗਈ ਹੈ। ਉਡਾਣਾਂ ਰੱਦ ਹੋਣ ਨਾਲ ਸੈਂਕੜੇ ਸੈਲਾਨੀ ਫਸ ਗਏ ਹਨ। ਇਨ੍ਹਾਂ ਵਿਚੋਂ ਜ਼ਿਆਦਾਤਰ ਅਜਿਹੇ ਵੀ ਹਨ ਜਿਨ੍ਹਾਂ ਨੇ ਵਾਦੀ ਵਿੱਚ ਵੀਕਐਂਡ ਅਤੇ ਗਣਤੰਤਰ ਦਿਵਸ ਦੀ ਛੁੱਟੀ ਬਿਤਾਉਣ ਤੋਂ ਬਾਅਦ ਵਾਪਸ ਜਾਣਾ ਸੀ।

### ਮਨਾਲੀ 'ਚ ਬਰਫ਼ਬਾਰੀ ਕਾਰਨ ਵੱਡੀ ਗਿਣਤੀ ਸੈਲਾਨੀ ਫਸੇ

ਰਹੀਆਂ ਹਨ। ਦੂਜੇ ਪਾਸੇ ਮੌਸਮ ਵਿਭਾਗ ਨੇ ਪੇਸ਼ੀਨਗੋਈ ਕੀਤੀ ਹੈ ਕਿ 27 ਜਨਵਰੀ ਨੂੰ ਭਾਰੀ ਬਰਫਬਾਰੀ ਪਵੇਗੀ। ਪੁਲਿਸ ਨੇ ਵੀ ਸੈਲਾਨੀਆਂ ਨੂੰ ਕਿਹਾ ਹੈ ਕਿ ਉਹ ਮੌਸਮ ਸਾਫ ਹੋਣ ਦਾ ਇੰਤਜ਼ਾਰ ਕਰਨ ਤੇ ਇਸ ਤੋਂ ਬਾਅਦ ਹੀ ਸ਼ਿਮਲਾ ਤੇ ਮਨਾਲੀ ਨੇੜਲੇ ਖੇਤਰਾਂ ਵੱਲ ਆਉਣ।

### ਸੋਨਾ-ਚਾਂਦੀ ਦੇ ਭਾਅ ਨਵੀਂ ਸਿਖਰ 'ਤੇ ਪੁੱਜੇ

ਜਾਂ 12.3 ਫੀਸਦ ਦੇ ਵਾਧੇ ਨਾਲ 3,70,000 ਰੁਪਏ ਪ੍ਰਤੀ ਕਿਲੋਗ੍ਰਾਮ (ਸਾਰੇ ਟੈਕਸਾਂ ਸਮੇਤ) ਦੀ ਨਵੀਂ ਸਿਖਰ 'ਤੇ ਪਹੁੰਚ ਗਈ। ਪਿਛਲੇ ਬਾਜ਼ਾਰੀ ਸੈਸ਼ਨ ਵਿੱਚ ਇਹ ਧਾਤ 3,29,500 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਟਿਕ ਗਈ ਸੀ।

### 328 ਪਾਵਨ ਸਰੂਪਾਂ ਦੇ ਮਾਮਲੇ 'ਚ ਹਾਈਕੋਰਟ

ਸਥਿਤੀ ਅਤੇ ਜਾਂਚ ਬਾਰੇ ਅਦਾਲਤ ਨੂੰ ਜਾਣੂ ਕਰਵਾਇਆ। ਅਦਾਲਤ ਵਿੱਚ ਇਹ ਗੱਲ ਸਾਹਮਣੇ ਆਈ ਕਿ ਹਾਲਾਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਜਾਂਚ ਵਿੱਚ ਸਹਿਯੋਗ ਕਰ ਰਹੀ ਹੈ, ਪਰ ਅਜੇ ਤੱਕ ਇਸ ਮਾਮਲੇ ਨਾਲ ਸਬੰਧਤ ਅਹਿਮ ਡਾਟਾ ਵਿਸ਼ੇਸ਼ ਜਾਂਚ ਟੀਮ (ਸਿਟ) ਕੋਲ ਨਹੀਂ ਪਹੁੰਚਿਆ ਹੈ। ਦੱਸਣਯੋਗ ਹੈ ਕਿ ਇਹ ਸਾਰੀ ਕਾਰਵਾਈ 2020 ਵਿੱਚ ਈਸ਼ਰ ਸਿੰਘ ਰਿਪੋਰਟ ਦੇ ਅਧਾਰ 'ਤੇ ਐਸ.ਜੀ.ਪੀ.ਸੀ. ਵੱਲੋਂ ਕੀਤੀ ਗਈ ਜਾਂਚ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਸੀ। ਇਸ ਮਾਮਲੇ ਵਿੱਚ ਕਾਨੂੰਨੀ ਸ਼ਿਕੰਜਾ ਹੋਰ ਕੱਸ ਦਿੱਤਾ ਗਿਆ ਹੈ। ਜਾਂਚ ਦੌਰਾਨ ਕੇਸ ਵਿੱਚ 466, 467, 468 ਅਤੇ 471 ਵਰਗੀਆਂ ਗੰਭੀਰ ਧਾਰਾਵਾਂ ਜੋੜ ਦਿੱਤੀਆਂ ਗਈਆਂ ਹਨ, ਜੋ ਕਿ ਦਸਤਾਵੇਜ਼ਾਂ ਦੀ ਹੇਰਾਫੇਰੀ ਅਤੇ ਜਾਲ੍ਹਸਾਜ਼ੀ ਨਾਲ ਸਬੰਧਤ ਹਨ। ਹੁਣ ਪਟੀਸ਼ਨਰ ਦੇ ਵਕੀਲ (ਕੌਂਸਲ) ਵੱਲੋਂ ਅਦਾਲਤ ਵਿੱਚ ਦੁਬਾਰਾ ਨਵੀਂ ਅਰਜ਼ੀ ਦਾਇਰ ਕੀਤੀ ਜਾਵੇਗੀ। ਅਦਾਲਤ ਨੇ ਇਸ ਮਾਮਲੇ ਦੀ ਅਗਲੀ ਸੁਣਵਾਈ 30 ਜਨਵਰੀ ਲਈ ਤੈਅ ਕੀਤੀ ਹੈ। ਉਸ ਦਿਨ ਇਸ ਪੂਰੇ ਮਾਮਲੇ 'ਤੇ ਵਿਸਥਾਰਪੂਰਵਕ ਬਹਿਸ ਹੋਵੇਗੀ, ਜਿਸ ਤੋਂ ਬਾਅਦ ਜ਼ਮਾਨਤ ਅਰਜ਼ੀ 'ਤੇ ਕੋਈ ਫੈਸਲਾ ਆ ਸਕਦਾ ਹੈ।

### ਸੁਪਰੀਮ ਕੋਰਟ ਵੱਲੋਂ ਕੇਜਰੀਵਾਲ ਤੇ ਆਤਿਸ਼ੀ ਦੀ

ਕਰਨ ਤੋਂ ਇਨਕਾਰ ਕਰ ਦਿੱਤਾ ਗਿਆ ਸੀ। ਜਸਟਿਸ ਐਮ.ਐਮ. ਸੁੰਦਰੇਸ਼ ਅਤੇ ਐਨ.ਕੇ. ਸਿੰਘ ਦੇ ਬੈਂਚ ਨੇ ਮਾਮਲੇ ਨੂੰ ਮੁਲਤਵੀ ਕਰਦਿਆਂ ਕਿਹਾ ਕਿ ਇਸ ਮਾਮਲੇ 'ਤੇ ਵਿਸਥਾਰਿਤ ਸੁਣਵਾਈ ਦੀ ਲੋੜ ਹੈ। ਕੇਂਦਰ ਵੱਲੋਂ ਪੇਸ਼ ਹੋਏ ਵਧੀਕ ਸੋਲਿਸਿਟਰ ਜਨਰਲ ਐਸ.ਵੀ. ਰਾਜੂ ਨੇ ਕਿਹਾ ਕਿ ਇਸ ਸਬੰਧੀ ਮਾਣਹਾਨੀ ਇੱਕ ਰਾਜਨੀਤਕ ਪਾਰਟੀ ਨਾਲ ਸਬੰਧਤ ਹੈ, ਜਿਸ ਨੇ ਸ਼ਿਕਾਇਤਕਰਤਾ ਨੂੰ ਆਪਣੀ ਤਰਫੋਂ ਪਟੀਸ਼ਨ ਦਾਇਰ ਕਰਨ ਦਾ ਅਧਿਕਾਰ ਦਿੱਤਾ ਹੈ। ਸੁਪਰੀਮ ਕੋਰਟ ਨੇ 30 ਸਤੰਬਰ, 2024 ਨੂੰ ਸ਼ਿਕਾਇਤਕਰਤਾ ਰਾਜੀਵ ਬੱਬਰ ਨੂੰ ਨੋਟਿਸ ਜਾਰੀ ਕਰਦੇ ਹੋਏ, ਹੇਠਲੀ ਅਦਾਲਤ ਵਿੱਚ ਕਾਰਵਾਈ 'ਤੇ ਰੋਕ ਲਗਾ ਦਿੱਤੀ ਸੀ। ਸਿਖਰਲੀ ਅਦਾਲਤ ਨੇ ਕਿਹਾ ਸੀ ਕਿ ਕਾਨੂੰਨੀ ਸਵਾਲ ਇਹ ਸੀ ਕਿ ਕੀ ਸ਼ਿਕਾਇਤਕਰਤਾ ਜਾਂ ਰਾਜਨੀਤਕ ਪਾਰਟੀ ਅਪਰਾਧਿਕ ਪ੍ਰਕਿਰਿਆ ਜ਼ਾਬਤਾ ਦੀ ਧਾਰਾ 199 ਤਹਿਤ ਪੀੜਤ ਵਿਅਕਤੀਆਂ ਦੀ ਪਰਿਭਾਸ਼ਾ ਦੇ ਅਧੀਨ ਆਵੇਗੀ।

### ਪੰਜਾਬ 'ਚ ਬੈਂਕਾਂ ਦੀ ਹੜਤਾਲ

ਨਿਰਪਾਲ ਸਿੰਘ ਅਤੇ ਕੁਲਦੀਪ ਰਾਏ ਨੇ ਕਿਹਾ ਕਿ ਪੰਜ ਦਿਨਾਂ ਬੈਂਕਿੰਗ ਦੀ ਮੰਗ ਪਿਛਲੇ ਦੋ ਸਾਲਾਂ ਤੋਂ ਲਟਕ ਰਹੀ ਹੈ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਕੇਂਦਰ ਅਤੇ ਰਾਜ ਸਰਕਾਰ ਦੇ ਹੋਰ ਵਿਭਾਗਾਂ ਵਿੱਚ 5 ਦਿਨ ਕੰਮ ਹੁੰਦਾ ਹੈ, ਤਾਂ ਬੈਂਕਾਂ ਨਾਲ ਵਿਤਕਰਾ ਕਿਉਂ ? ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਨਾਲ ਲੋਕਾਂ ਦਾ ਨੁਕਸਾਨ ਨਹੀਂ ਹੋਵੇਗਾ ਕਿਉਂਕਿ ਮੁਲਾਜ਼ਮ ਰੋਜ਼ਾਨਾ 45 ਮਿੰਟ ਵਾਧੂ ਕੰਮ ਕਰਨ ਲਈ ਤਿਆਰ ਹਨ। ਮੁਲਾਜ਼ਮਾਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕਰਦਿਆਂ ਅਣਮਿਥੇ ਸਮੇਂ ਲਈ ਹੜਤਾਲ ਕੀਤੀ ਜਾਵੇਗੀ।

### 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ

ਇਨ੍ਹਾਂ ਵੀ.ਡੀ.ਸੀਜ਼. ਦੀ ਮਹੱਤਵਪੂਰਨ ਮੀਟਿੰਗ ਬੁਲਾਈ ਜਾਵੇਗੀ।

ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ, "ਇਸ ਮੀਟਿੰਗ ਵਿੱਚ ਵੀ.ਡੀ.ਸੀ. ਮੈਂਬਰ ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਬਣਾਉਣ ਦਾ ਪ੍ਰਣ ਲੈਣਗੇ।" ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਨੇਕ ਕਾਰਜ ਲਈ ਉਨ੍ਹਾਂ ਨੂੰ ਪੂਰਾ ਸਮਰਥਨ ਅਤੇ ਸਹਿਯੋਗ ਯਕੀਨੀ ਬਣਾਏਗੀ।

ਉਨ੍ਹਾਂ ਅਧਿਕਾਰੀਆਂ ਨੂੰ ਵੀ.ਡੀ.ਸੀ. ਮੈਂਬਰਾਂ ਨੂੰ ਪਛਾਣ ਪੱਤਰ ਜਲਦੀ ਦੇਣ ਲਈ ਵੀ ਕਿਹਾ ਤਾਂ ਜੋ ਉਨ੍ਹਾਂ ਦੇ ਮਹੱਤਵਪੂਰਨ ਕੰਮ ਨੂੰ ਮਾਨਤਾ ਦਿੱਤੀ ਜਾ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ, "ਹਰ ਮੁਹਿੰਮ ਲਈ ਜਨਤਕ ਭਾਗੀਦਾਰੀ ਜ਼ਰੂਰੀ ਹੈ। ਇਹ ਇਸ ਮੁਹਿੰਮ ਨੂੰ ਲੰਮੇ ਸਮੇਂ ਤੱਕ ਜਾਰੀ ਰੱਖਣ ਲਈ ਵੀ ਲਾਜ਼ਮੀ ਗੱਲ ਹੈ।"

ਮੁੱਖ ਮੰਤਰੀ ਨੇ ਕਿਹਾ, "ਯੁੱਧ ਨਸ਼ਿਆਂ ਵਿਰੁੱਧ ਲੋਕ ਲਹਿਰ ਬਣ ਚੁੱਕੀ ਹੈ ਕਿਉਂਕਿ ਇਹ ਖ਼ਤਰਾ ਇਕ ਸਮਾਜਿਕ ਸਮੱਸਿਆ ਸੀ।" ਉਨ੍ਹਾਂ ਕਿਹਾ ਕਿ ਲੋਕਾਂ ਦੇ ਸਰਗਰਮ ਸਮਰਥਨ ਨਾਲ 'ਯੁੱਧ ਨਸ਼ਿਆਂ ਵਿਰੁੱਧ' ਦਾ ਦੂਜਾ ਪੜਾਅ ਪਹਿਲੇ ਪੜਾਅ ਨਾਲੋਂ ਵੀ ਵੱਧ ਸਫ਼ਲ ਹੋਵੇਗਾ ਅਤੇ ਪੰਜਾਬ ਇਸ ਮੁਹਿੰਮ ਦੇ ਹਿੱਸੇ ਵਜੋਂ ਸਫ਼ਲਤਾ ਦੀ ਨਵੀਂ ਕਹਾਣੀ ਲਿਖਣ ਲਈ ਤਿਆਰ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਇਸ ਲੋਕ ਲਹਿਰ ਨੂੰ ਸਫ਼ਲਤਾਪੂਰਵਕ ਪੂਰਾ ਕਰ ਕੇ ਮਿਸਾਲ ਕਾਇਮ ਕੀਤੀ ਹੈ।

ਇਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਹੋਰ ਵੀ ਹਾਜ਼ਰ ਸਨ।

### ਅੱਤਵਾਦ ਦੀ ਸਰਕਾਰੀ ਨੀਤੀ ਵਜੋਂ ਵਰਤੋਂ

ਆਪ੍ਰੇਸ਼ਨ ਸਿੰਦੂਰ, ਜੰਮੂ ਅਤੇ ਕਸ਼ਮੀਰ ਅਤੇ ਸਿੰਧੂ ਜਲ ਸੰਧੀ 'ਤੇ ਟਿੱਪਣੀ ਕੀਤੀ। ਹਰੀਸ਼ ਨੇ ਕਿਹਾ ਕਿ ਸੁਰੱਖਿਆ ਪ੍ਰੀਸ਼ਦ ਦੇ ਚੁਣੇ ਹੋਏ ਮੈਂਬਰ ਪਾਕਿਸਤਾਨ ਦਾ ਇੱਕੋ ਇੱਕ ਏਜੰਡਾ ਭਾਰਤ ਅਤੇ ਇਸਦੇ ਲੋਕਾਂ ਨੂੰ ਨੁਕਸਾਨ ਪਹੁੰਚਾਉਣਾ ਹੈ। ਪਾਕਿਸਤਾਨ ਅੱਤਵਾਦ ਨੂੰ ਆਮ ਬਣਾਉਣਾ ਚਾਹੁੰਦਾ ਹੈ, ਪਰ ਅਜਿਹਾ ਕਦੇ ਨਹੀਂ ਹੋ ਸਕਦਾ। ਹਰੀਸ਼ ਨੇ ਕਿਹਾ, 'ਅਸੀਂ ਪਾਕਿਸਤਾਨੀ ਪ੍ਰਤੀਨਿਧੀ ਤੋਂ ਇੱਕ ਨਵੇਂ ਆਮ ਬਾਰੇ ਸੁਣਿਆ ਹੈ। ਮੈਂ ਦੁਹਰਾਉਂਦਾਹਾਂ ਕਿ ਅੱਤਵਾਦ ਨੂੰ ਕਦੇ ਵੀ ਆਮ ਨਹੀਂ ਕੀਤਾ ਜਾ ਸਕਦਾ, ਜਿਵੇਂ ਕਿ ਪਾਕਿਸਤਾਨ ਕਰਨਾ ਚਾਹੁੰਦਾ ਹੈ। ਪਾਕਿਸਤਾਨ ਵੱਲੋਂ ਅੱਤਵਾਦ ਦੀ ਲਗਾਤਾਰ ਵਰਤੋਂ ਨੂੰ ਰਾਜ ਨੀਤੀ ਦੇ ਸਾਧਨ ਵਜੋਂ ਬਰਦਾਸ਼ਤ ਕਰਨਾ ਆਮ ਨਹੀਂ ਹੈ।' ਉਨ੍ਹਾਂ ਕਿਹਾ ਕਿ ਭਾਰਤ ਆਪਣੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਕਦਮ ਚੁੱਕੇਗਾ। ਭਾਰਤੀ ਪ੍ਰਤੀਨਿਧੀ ਨੇ ਕਿਹਾ ਕਿ ਪਾਕਿਸਤਾਨੀ ਰਾਜਦੂਤ ਨੇ ਆਪ੍ਰੇਸ਼ਨ ਸਿੰਦੂਰ ਦਾ ਝੂਠਾ ਅਤੇ ਸਵਾਰਥੀ ਬਿਆਨ ਪੇਸ਼ ਕੀਤਾ। ਭਾਰਤ ਨੇ ਪਿਛਲੇ ਸਾਲ ਮਈ ਵਿੱਚ ਪਹਿਲਗਾਮ ਅੱਤਵਾਦੀ ਹਮਲੇ ਦੇ ਜਵਾਬ ਵਿੱਚ ਆਪ੍ਰੇਸ਼ਨ ਸਿੰਦੂਰ ਸ਼ੁਰੂ ਕੀਤਾ ਸੀ। ਇਸ ਕਾਰਵਾਈ ਨੇ ਪਾਕਿਸਤਾਨ ਅਤੇ ਕਬਜ਼ੇ ਵਾਲੇ ਜੰਮੂ-ਕਸ਼ਮੀਰ ਵਿੱਚ ਅੱਤਵਾਦੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ। ਉਨ੍ਹਾਂ ਕਿਹਾ,'9 ਮਈ ਤੱਕ,ਪਾਕਿਸਤਾਨ ਭਾਰਤ 'ਤੇ ਹੋਰ ਹਮਲਿਆਂ ਦੀ ਧਮਕੀ ਦੇ ਰਿਹਾ ਸੀ, ਪਰ 10 ਮਈ ਨੂੰ, ਪਾਕਿਸਤਾਨੀ ਫੌਜ ਨੇ ਸਿੱਧੇ ਤੌਰ 'ਤੇ ਸਾਡੀ ਫੌਜ ਨੂੰ ਫ਼ੋਨ ਕੀਤਾ ਅਤੇ ਟਕਰਾਅ ਨੂੰ ਰੋਕਣ ਦੀ ਬੇਨਤੀ ਕੀਤੀ।' ਭੂ-ਰਾਜਨੀਤਿਕ ਚੁਣੌਤੀਆਂ ਦੇ ਵਿਚਕਾਰ, ਭਾਰਤ ਨੇ ਕਿਹਾ ਕਿ ਸੰਯੁਕਤ ਰਾਸ਼ਟਰ ਨੂੰ ਹੁਣ ਅੰਤਰਰਾਸ਼ਟਰੀ ਸ਼ਾਂਤੀ ਯਕੀਨੀ ਬਣਾਉਣ ਲਈ ਜ਼ਿੰਮੇਵਾਰ ਸੰਸਥਾ ਵਜੋਂ ਨਹੀਂ ਦੇਖਿਆ ਜਾਂਦਾ। ਸ਼ਾਂਤੀ ਅਤੇ ਸੁਰੱਖਿਆ ਨਤੀਜਿਆਂ ਨੂੰ ਪ੍ਰਾਪਤ ਕਰਨ 'ਤੇ ਚਰਚਾਵਾਂ ਸਮਾਨਾਂਤਰ ਬਹੁਪੱਖੀ ਢਾਂਚੇ ਵੱਲ ਤਬਦੀਲ ਹੋ ਗਈਆਂ ਹਨ। ਸੰਯੁਕਤ ਰਾਸ਼ਟਰ ਵਿੱਚ ਭਾਰਤ ਦੇ ਸਥਾਈ ਪ੍ਰਤੀਨਿਧੀ, ਰਾਜਦੂਤ ਪਾਰਵਥਨੇਨੀ ਹਰੀਸ਼ ਨੇ ਇਹ ਗੱਲ ਕਹੀ। ਉਨ੍ਹਾਂ ਸੁਰੱਖਿਆ ਪ੍ਰੀਸ਼ਦ ਨੂੰ ਦੱਸਿਆ,'ਇਸ ਸੰਗਠਨ ਦੇ ਸਾਹਮਣੇ ਚੁਣੌਤੀਆਂ ਸਿਰਫ਼ ਬਜਟ ਸੰਬੰਧੀ ਨਹੀਂ ਹਨ। ਟਕਰਾਵਾਂ ਨਾਲ ਨਜਿੱਠਣ ਵਿੱਚ ਜੜਤਾ ਅਤੇ ਬੇਅਸਰਤਾ ਇਸ ਦੀਆਂ ਮੁੱਖ ਕਮੀਆਂ ਹਨ।" ਭਾਰਤ ਦੇ ਨਾਲ-ਨਾਲ, ਸੰਯੁਕਤ ਰਾਸ਼ਟਰ ਦੇ ਸਕੱਤਰ ਜਨਰਲ ਐਂਟੋਨੀਓ ਗੁਟੇਰੇਸ ਨੇ ਵੀ ਦੁਨੀਆ ਸਾਹਮਣੇ ਗੰਭੀਰ ਚੁਣੌਤੀਆਂ ਦੇ ਮੱਦੇਨਜ਼ਰ ਸੁਰੱਖਿਆ ਪ੍ਰੀਸ਼ਦ ਵਿੱਚ ਤੁਰੰਤ ਸੁਧਾਰ ਦੀ ਮੰਗ ਕੀਤੀ ਹੈ।

### ਬੇਅਦਬੀ ਰੋਕੂ ਸੂਬਾ ਕਾਨੂੰਨ ਨੂੰ ਲਾਗੂ

ਗੌਰਵਮਈ ਇਤਿਹਾਸ ਨੂੰ ਬੇਅਦਬੀ ਨਾਲ ਕਲੰਕਿਤ ਕਰ ਰਹੇ ਦੁਸ਼ਟਾਂ ਨੂੰ ਕਰੜੇ ਕਾਨੂੰਨ ਦੀ ਨਕੇਲ ਪਾਉਣ ਲਈ 12 ਅਕਤੂਬਰ, 2024 ਤੋਂ ਸਮਾਣਾ ਵਿਖੇ 400 ਫੁੱਟ ਉੱਚੇ ਟਾਵਰ 'ਤੇ ਸੰਘਰਸ਼ ਕਰ ਰਹੇ ਭਾਈ ਗੁਰਜੀਤ ਸਿੰਘ ਦਾ ਸਾਥ ਦੇਣ ਦੀ ਅਪੀਲ ਕੀਤੀ ਹੈ। ਮੋਰਚੇ ਦੇ ਕੋਆਰਡੀਨੇਟਰ ਭਾਈ ਗੁਰਪੀਤ ਸਿੰਘ ਖ਼ਾਲਸਾ ਨੇ ਇਸ ਮਹਾਂ ਰੈਲੀ ਲਈ ਪੰਜਾਬ ਹਿਤੈਸ਼ੀ ਸਮੂਹ ਨਿਹੰਗ ਸਿੰਘ ਦਲ ਪੰਥਾਂ, ਸੰਪ੍ਰਦਾਵਾਂ, ਟਕਸਾਲਾਂ, ਮਿਸ਼ਨਰੀ ਕਾਲਜਾਂ, ਕਿਸਾਨ ਜਥੇਬੰਦੀਆਂ, ਧਾਰਮਿਕ ਜਥੇਬੰਦੀਆਂ, ਰਾਜਸੀ ਪਾਰਟੀਆਂ, ਸਮਾਜਿਕ ਸੰਸਥਾਵਾਂ, ਯੂਨੀਅਨਾਂ, ਸੇਵਾ ਸੁਸਾਇਟੀਆਂ, ਵਿਦਿਆਰਥੀ ਜਥੇਬੰਦੀਆਂ, ਯੂਥ ਕਲੱਬਾਂ ਨੂੰ ਦਲ ਬਲ ਸਮੇਤ ਸ਼ਾਮਲ ਹੋਣ ਦੀ ਬੇਨਤੀ ਕੀਤੀ ਹੈ।

### ਵਿਦੇਸ਼ ਨੀਤੀ, ਅਮਰੀਕੀ ਟੈਰਿਫ਼,

ਉਨ੍ਹਾਂ ਕਿਹਾ ਕਿ ਜਦੋਂ ਸਰਕਾਰ ਦੀ ਆਰਥਿਕ ਨੀਤੀ ਦੀ ਗੱਲ ਆਉਂਦੀ ਹੈ, ਤਾਂ ਰੁਪਿਆ ਆਪਣੇ ਸਭ ਤੋਂ ਹੇਠਲੇ ਪੱਧਰ 'ਤੇ ਪਹੁੰਚ ਗਿਆ ਹੈ।

# ਜੰਗਲਾਤ ਗਾਰਡ ਅਤੇ ਦਿਹਾੜੀਦਾਰ 20,000 ਰੁਪਏ ਦੀ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ



ਚੰਡੀਗੜ੍ਹ, 27 ਜਨਵਰੀ (ਚ.ਨ.ਸ.) : ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਜੰਗਲਾਤ ਗਾਰਡ ਕੁਲਦੀਪ ਸਿੰਘ ਅਤੇ ਦਿਹਾੜੀਦਾਰ ਦਰਸ਼ਨ ਸਿੰਘ ਮੇਟ ਨੂੰ 20000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਦੋਵੇਂ ਦੋਸ਼ੀ ਵਣ ਰੇਂਜ ਦਫ਼ਤਰ ਨਕੋਦਰ, ਜ਼ਿਲ੍ਹਾ ਜਲੰਧਰ ਵਿਖੇ ਤਾਇਨਾਤ ਸਨ।

ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਪਿੰਡ ਸੰਘੋਵਾਲ, ਸਬ ਤਹਿਸੀਲ ਮਹਿਤਪੁਰ, ਜ਼ਿਲ੍ਹਾ ਜਲੰਧਰ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਮਜ਼ਦੂਰ ਵਜੋਂ ਕੰਮ ਕਰਦਾ ਹੈ ਅਤੇ ਜਦੋਂ ਸ਼ਿਕਾਇਤਕਰਤਾ ਦਾ ਘਰੇਲੂ ਗੈਸ ਸਿਲੰਡਰ ਖਤਮ ਹੋ ਗਿਆ, ਤਾਂ ਉਹ ਘਰੇਲੂ ਵਰਤੋਂ ਲਈ ਮਹਿਤਪੁਰ-ਜਗਰਾਉਂ ਸੜਕ ਦੇ ਕਿਨਾਰੇ ਦਰੱਖਤਾਂ ਤੋਂ ਲੱਕੜ ਦੇ ਛੋਟੇ ਟੁਕੜੇ ਇਕੱਠੇ ਕਰ ਰਿਹਾ ਸੀ। ਉਸ ਸਮੇਂ ਦੋਵੇਂ ਦੋਸ਼ੀ ਜੰਗਲਾਤ ਗਾਰਡ ਕੁਲਦੀਪ ਸਿੰਘ ਅਤੇ ਦਿਹਾੜੀਦਾਰ ਦਰਸ਼ਨ ਸਿੰਘ ਮੇਟ ਮੌਕੇ 'ਤੇ ਪਹੁੰਚੇ ਅਤੇ ਸ਼ਿਕਾਇਤਕਰਤਾ ਨੂੰ ਕਿਹਾ ਕਿ ਉਸ ਵਿਰੁੱਧ ਸਰਕਾਰੀ ਲੱਕੜ ਚੋਰੀ ਦਾ ਮਾਮਲਾ ਦਰਜ ਕੀਤਾ ਜਾਵੇਗਾ ਅਤੇ ਉਸ ਦਾ ਮੋਟਰਸਾਈਕਲ ਆਪਣੀ ਹਿਰਾਸਤ ਵਿੱਚ ਲੈ ਲਿਆ।

ਬੁਲਾਰੇ ਨੇ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਦਰਸ਼ਨ ਸਿੰਘ ਮੇਟ ਨਾਲ ਸੰਪਰਕ ਕੀਤਾ ਅਤੇ ਫਿਰ ਦਰਸ਼ਨ ਸਿੰਘ ਨੇ ਉਸਨੂੰ ਦੱਸਿਆ ਕਿ ਕੁਲਦੀਪ ਸਿੰਘ ਸ਼ਿਕਾਇਤਕਰਤਾ ਦਾ ਮੋਟਰਸਾਈਕਲ ਛੱਡਣ ਬਦਲੇ 20000 ਰੁਪਏ ਦੀ ਮੰਗ ਕਰ ਰਿਹਾ ਹੈ। ਸ਼ਿਕਾਇਤਕਰਤਾ ਵੱਲੋਂ ਵਾਰ-ਵਾਰ ਬੇਨਤੀ ਕਰਨ ਦੇ ਬਾਵਜੂਦ, ਦੋਸ਼ੀ ਦਰਸ਼ਨ ਸਿੰਘ, ਕੁਲਦੀਪ ਸਿੰਘ ਲਈ ਮੰਗੀ ਗਈ ਰਿਸ਼ਵਤ ਦੀ ਰਕਮ ਦੀ ਮੰਗ ਕਰਦਾ ਰਿਹਾ। ਸ਼ਿਕਾਇਤਕਰਤਾ ਨੇ 20000 ਰੁਪਏ ਦੀ ਰਿਸ਼ਵਤ ਦੀ ਮੰਗ ਸਬੰਧੀ ਗੱਲਬਾਤ ਰਿਕਾਰਡ ਕਰ ਲਈ।

ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਦੋਵਾਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।

ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਜਲੰਧਰ ਵਿਖੇ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਤੇਜ਼ਾਬ ਹਮਲਿਆਂ ਸਬੰਧੀ ਸੁਪਰੀਮ ਕੋਰਟ ਨੇ ਰਾਜਾਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਤੋਂ ਵੇਰਵੇ ਮੰਗੇ

## ਸਰਬਉੱਚ ਕੋਰਟ ਵੱਲੋਂ ਚਾਰ ਹ਼ਫਤਿਆਂ ਦੀ ਮੋਹਲਤ

ਨਵੀਂ ਦਿੱਲੀ, 27 ਜਨਵਰੀ (ਚ.ਨ.ਸ.) : ਤੇਜ਼ਾਬ ਹਮਲਿਆਂ ਨਾਲ ਜੁੜੇ ਮਾਮਲਿਆਂ ਦਾ ਸਖ਼ਤ ਨੋਟਿਸ ਲੈਂਦੇ ਹੋਏ ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਕਿਹਾ ਕਿ ਉਹ ਅਜਿਹੇ ਮਾਮਲਿਆਂ ਦੀ ਗਿਣਤੀ ਅਤੇ ਅਦਾਲਤਾਂ ਵਿੱਚ ਉਨ੍ਹਾਂ ਦੀ ਮੌਜੂਦਾ ਸਥਿਤੀ ਦੇ ਸਾਲ-ਵਾਰ ਵੇਰਵੇ ਸਮੇਤ ਪੀੜਤਾਂ ਦੀ ਸਹਾਇਤਾ ਲਈ ਮੁੜਵਸੇਬਾ ਉਪਾਵਾਂ ਬਾਰੇ ਜਾਣਕਾਰੀ ਉਪਲਬਧ ਕਰਵਾਉਣ। ਸੁਪਰੀਮ ਕੋਰਟ ਨੇ ਰਾਜਾਂ ਤੇ ਯੂਟੀਜ਼ ਨੂੰ ਚਾਰ ਹ਼ਫਤਿਆਂ ਦੀ ਮੋਹਲਤ ਦਿੱਤੀ ਹੈ। ਚੀਫ਼ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਆਰ. ਮਹਾਦੇਵਨ ਅਤੇ ਜਸਟਿਸ ਜੋਇਮਾਲਿਆ ਬਾਗਚੀ ਦੇ ਬੈਂਚ ਨੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਉਨ੍ਹਾਂ ਮਾਮਲਿਆਂ ਦੀ ਗਿਣਤੀ ਬਾਰੇ ਜਾਣਕਾਰੀ ਪ੍ਰਦਾਨ ਕਰਨ ਲਈ ਕਿਹਾ ਜਿਨ੍ਹਾਂ ਵਿੱਚ ਹੇਠਲੀ ਅਦਾਲਤਾਂ ਵਿੱਚ ਚਾਰਜਸ਼ੀਟਾਂ ਦਾਇਰ ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਨੂੰ ਹੇਠਲੀ ਅਦਾਲਤ ਦੇ ਪੱਧਰ 'ਤੇ ਕੀਤੇ ਗਏ ਫੈਸਲਿਆਂ ਜਾਂ ਬਕਾਇਆ ਮਾਮਲਿਆਂ ਦੀ ਗਿਣਤੀ ਬਾਰੇ ਵੀ ਜਾਣਕਾਰੀ ਪ੍ਰਦਾਨ ਕਰਨੀ ਪਵੇਗੀ। ਬੈਂਚ ਨੇ ਉਨ੍ਹਾਂ ਨੂੰ ਅਜਿਹੇ ਮਾਮਲਿਆਂ ਵਿੱਚ ਹਾਈ ਕੋਰਟਾਂ ਸਮੇਤ ਅਪੀਲੀ ਅਦਾਲਤਾਂ ਵਿੱਚ ਦਾਇਰ ਅਪੀਲਾਂ ਦੀ ਗਿਣਤੀ ਬਾਰੇ ਵੀ ਜਾਣਕਾਰੀ ਪ੍ਰਦਾਨ ਕਰਨ ਲਈ ਕਿਹਾ ਹੈ।

ਬੈਂਚ ਸ਼ਾਹੀਨ ਮਲਿਕ ਵੱਲੋਂ ਦਾਇਰ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਕਰ ਰਿਹਾ ਸੀ। ਮਲਿਕ ਖੁਦ ਇੱਕ ਤੇਜ਼ਾਬ ਹਮਲੇ ਦੀ ਪੀੜਤ ਹੈ। ਮਲਿਕ ਕਾਨੂੰਨ ਤਹਿਤ ਅਪਾਹਜ ਵਿਅਕਤੀਆਂ ਦੀ ਪਰਿਭਾਸ਼ਾ ਦਾ ਵਿਸਤਾਰ ਕਰਨ ਦੀ ਮੰਗ ਕਰ ਰਹੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਤੇਜ਼ਾਬ ਦੇ ਜਬਰੀ ਸੇਵਨ ਕਾਰਨ ਜਿਨ੍ਹਾਂ ਪੀੜਤਾਂ ਦੇ ਅੰਦਰੂਨੀ ਅੰਗਾਂ ਨੂੰ ਜਾਨਲੇਵਾ ਨੁਕਸਾਨ ਪਹੁੰਚਿਆ ਹੈ, ਉਨ੍ਹਾਂ ਨੂੰ ਢੁਕਵਾਂ ਮੁਆਵਜ਼ਾ ਅਤੇ ਡਾਕਟਰੀ ਦੇਖਭਾਲ ਸਮੇਤ ਹੋਰ ਰਾਹਤ ਮਿਲੇ।

**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

## ਸੂਬੇ ਭਰ ਵਿੱਚ 77ਵੇਂ ਗਣਤੰਤਰ ਦਿਵਸ ਦੇ ਜਸ਼ਨ

# ਕੈਬਨਿਟ ਮੰਤਰੀਆਂ ਨੇ ਵੱਖ-ਵੱਖ ਥਾਵਾਂ 'ਤੇ ਜ਼ਿਲ੍ਹਾ ਪੱਧਰ ਦੇ ਸਮਾਗਮਾਂ ਵਿੱਚ ਲਹਿਰਾਇਆ ਕੌਮੀ ਝੰਡਾ

ਚੰਡੀਗੜ੍ਹ, 27 ਜਨਵਰੀ (ਚ.ਨ.ਸ.): ਪੰਜਾਬ ਰਾਜ ਵਿੱਚ ਗਣਤੰਤਰ ਦਿਵਸ ਪੂਰੀ ਸ਼ਾਨੋ-ਸ਼ੌਕਤ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਤੇ ਡਿਪਟੀ ਸਪੀਕਰ ਅਤੇ ਪੰਜਾਬ ਵਜ਼ਾਰਤ ਦੇ ਕੈਬਨਿਟ ਮੰਤਰੀਆਂ ਵੱਲੋਂ ਵੱਖ-ਵੱਖ ਜ਼ਿਲਾ ਪੱਧਰ ਉਤੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਜ਼ਿਲਾ ਵਾਸੀਆਂ ਨੂੰ ਸੰਬੋਧਨ ਕੀਤਾ, ਪਰੇਡ ਦਾ ਨਿਰੀਖਣ ਅਤੇ ਪਰੇਡ ਤੋਂ ਸਲਾਮੀ ਲਈ।

ਇਸ ਮੌਕੇ ਹਾਜ਼ਰ ਲੋਕਾਂ ਨੂੰ ਸੰਬੋਧਨ ਕਰਦਿਆਂ ਸਪੀਕਰ, ਡਿਪਟੀ ਸਪੀਕਰ ਅਤੇ ਕੈਬਨਿਟ ਮੰਤਰੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲਏ ਗਏ ਲੋਕ ਪੱਖੀ ਫੈਸਲਿਆਂ ਤੋਂ ਜਾਣੂ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਸ਼ਹੀਦ ਭਗਤ ਸਿੰਘ ਤੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਬੀ.ਆਰ. ਅੰਬੇਦਕਰ ਵੱਲੋਂ ਦਰਸਾਏ ਮਾਰਗ 'ਤੇ ਚਲਦਿਆਂ



ਲਗਾਤਾਰ ਲੋਕ ਭਲਾਈ ਤੇ ਪੰਜਾਬ ਦੀ ਬਿਹਤਰੀ ਲਈ ਕੰਮ ਰਹੇ ਹਾਂ।

ਉਨ੍ਹਾਂ ਨੇ ਆਪਣੇ ਭਾਸ਼ਣ ਵਿੱਚ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਾਗੂ ਕਰਨ ਵਾਲਾ ਪੰਜਾਬ ਰਾਜ ਦੇਸ਼ ਦਾ ਪਹਿਲਾ ਰਾਜ ਹੈ ਜੋ ਕਿ ਸੂਬੇ ਦੇ ਹਰੇਕ ਨਾਗਰਿਕ ਨੂੰ 10 ਲੱਖ ਰੁਪਏ ਦਾ ਸਿਹਤ ਬੀਮਾ ਮੁਹੱਈਆ ਕਰਵਾ ਰਹੀ ਹੈ। ਇਸ ਤੋਂ ਇਲਾਵਾ ਮੁਫਤ ਬਿਜਲੀ, ਮਹਿਲਾਵਾਂ ਲਈ ਮੁਫਤ ਬੱਸ ਸੇਵਾ, ਯੁੱਧ ਨਸ਼ਿਆਂ ਵਿਰੁੱਧ, ਗੈਂਗਸਟਰਾਂ 'ਤੇ ਵਾਰ ਆਦਿ ਦਾ ਆਪਣੇ ਭਾਸ਼ਣਾਂ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਗਿਆ। ਗਣਤੰਤਰ ਦਿਵਸ ਮੌਕੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸੰਗਰੂਰ ਵਿਖੇ ਝੰਡਾ ਲਹਿਰਾਇਆ ਜਦਕਿ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਬਰਨਾਲਾ ਵਿਖੇ ਝੰਡਾ ਲਹਿਰਾਇਆ। ਕੈਬਨਿਟ ਮੰਤਰੀਆਂ ਵਿੱਚੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਬਠਿੰਡਾ, ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਪਠਾਨਕੋਟ, ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਫਿਰੋਜ਼ਪੁਰ, ਸਥਾਨਕ ਸਰਕਾਰਾਂ ਬਾਰੇ ਮੰਤਰੀ ਸੰਜੀਵ ਅਰੋੜਾ ਨੇ ਫਰੀਦਕੋਟ ਅਤੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸ਼ਹੀਦ ਭਗਤ ਸਿੰਘ ਵਿਖੇ ਕੌਮੀ ਝੰਡਾ ਲਹਿਰਾਇਆ।

ਇਸੇ ਤਰ੍ਹਾਂ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਅੰਮ੍ਰਿਤਸਰ, ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮਾਲੇਰਕੋਟਲਾ, ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸ੍ਰੀ ਮੁਕਤਸਰ ਸਾਹਿਬ, ਸਿੱਖਿਆ ਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਟਿਆਲਾ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਲੁਧਿਆਣਾ ਵਿਖੇ ਜ਼ਿਲਾ ਵਾਸੀਆਂ ਨੂੰ ਸੰਬੋਧਨ ਕੀਤਾ ਅਤੇ ਪਰੇਡ ਤੋਂ ਸਲਾਮੀ ਲਈ। ਇਸੇ ਤਰ੍ਹਾਂ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਜਲੰਧਰ, ਪੇਂਡੂ ਵਿਕਾਸ ਤੇ ਪੰਚਾਇਤਾਂ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਰੂਪਨਗਰ, ਸੰਸਦੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਮਾਨਸਾ, ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਤਰਨ ਤਾਰਨ ਵਿਖੇ ਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਐਸ.ਏ.ਐਸ. ਨਗਰ ਵਿਖੇ ਕੌਮੀ ਝੰਡਾ ਲਹਿਰਾਇਆ।

## ਬਾਬਾ ਅਤਰ ਸਿੰਘ ਜੀ ਦੀ ਸਾਲਾਨਾ ਬਰਸੀ ਸਮਾਗਮ ਸਬੰਧੀ ਭਗਵੰਤ ਮਾਨ ਨੂੰ ਦਿੱਤਾ ਸੱਦਾ ਪੱਤਰ



ਸੰਗਰੂਰ, 27 ਜਨਵਰੀ (ਹਰਕੰਵਲ ਸਿੰਘ ਹੈਪੀ): ਵੀਹਵੀਂ ਸਦੀ ਦੀ ਮਹਾਨ ਸ਼ਖਸ਼ੀਅਤ ਸ੍ਰੀਮਾਨ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਦੀ ਸਾਲਾਨਾ ਯਾਦ ਵਿੱਚ ਕਰਵਾਏ ਜਾ ਰਹੇ ਸਾਲਾਨਾ ਜੋੜ ਮੇਲੇ ਦੇ ਸੰਬੰਧ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਸੱਦਾ ਪੱਤਰ ਦੇਣ ਮੌਕੇ ਕੌਂਸਲ ਦੇ ਨੁਮਾਇੰਦਿਆ ਅਤੇ ਅਕਾਲ ਕਾਲਜ ਕੌਂਸਲ ਗੁਰਸਾਗਰ ਮਸਤੂਆਣਾ ਸਾਹਿਬ ਵੱਲੋਂ ਤਿਆਰ ਕੀਤੇ ਗਏ ਕਲੰਡਰ ਨੂੰ ਮੁੱਖ ਮੰਤਰੀ ਭਗਵੰਤ ਮਾਨ ਪਾਸੋਂ ਰਿਲੀਜ਼ ਕਰਵਾਇਆ ਗਿਆ।

ਇਸ ਦੌਰਾਨ ਸਿਹਤ ਮੰਤਰੀ ਬਲਬੀਰ ਸਿੰਘ, ਅਕਾਲ ਕਾਲਜ ਕੌਂਸਲ ਦੇ ਪ੍ਰਧਾਨ ਸੰਤ ਬਾਬਾ ਕਾਕਾ ਸਿੰਘ ਜੀ ਦਮਦਮਾ ਸਾਹਿਬ, ਅਕਾਲ ਕਾਲਜ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ, ਸੀਨੀਅਰ ਕੌਂਸਲ ਮੈਂਬਰ ਬਲਦੇਵ ਸਿੰਘ ਭੰਮਾਬੱਦੀ, ਗੁਰਜੰਟ ਸਿੰਘ ਦੁੱਗਾਂ, ਪ੍ਰੋ. ਮਨਪ੍ਰੀਤ ਸਿੰਘ ਗਿੱਲ, ਲਖਵਿੰਦਰ ਸਿੰਘ, ਭਾਈ ਗੁਰਮੀਤ ਸਿੰਘ ਗੋਪੀ ਤੇ ਸਤਨਾਮ ਸਿੰਘ ਦਮਦਮੀ ਆਦਿ ਮੌਕੇ ਤੇ ਮੌਜੂਦ ਸਨ।

# ਰਾਜਪਾਲ ਕਟਾਰੀਆ ਫਾਜ਼ਿਲਕਾ ਵਿਖੇ ਲਹਿਰਾਇਆ ਤਿਰੰਗਾ, ਕੁਰਬਾਨੀ ਤੇ ਪ੍ਰਗਤੀ ਨੂੰ ਕੀਤਾ ਨਮਨ

ਫਾਜ਼ਿਲਕਾ, 27 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਦੇਸ਼ ਭਗਤੀ ਨਾਲ ਸਮੋਏ ਸਮਾਰੋਹ ਦੌਰਾਨ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਭਾਰਤ ਦੇ 77ਵੇਂ ਗਣਤੰਤਰ ਦਿਵਸ ਮੌਕੇ ਫਾਜ਼ਿਲਕਾ ਵਿਖੇ ਕੌਮੀ ਝੰਡਾ ਲਹਿਰਾਇਆ। ਇਸ ਮੌਕੇ ਸਮੁੱਚੇ ਨਾਗਰਿਕਾਂ, ਖਾਸ ਕਰਕੇ ਸੂਬਾ ਨਿਵਾਸੀਆਂ ਨੂੰ ਵਧਾਈਆਂ ਦਿੰਦਿਆਂ ਉਨ੍ਹਾਂ ਨੇ ਭਾਰਤ ਦੇ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕੀਤੀ, ਜਿਨ੍ਹਾਂ ਨੇ ਦੇਸ਼ ਨੂੰ ਇੱਕ ਪ੍ਰਭੂਸੱਤਾ, ਸਮਾਜਵਾਦੀ, ਧਰਮ ਨਿਰਪੱਖ ਅਤੇ ਲੋਕਤੰਤਰੀ ਗਣਰਾਜ ਵਜੋਂ ਸਥਾਪਿਤ ਕੀਤਾ। ਸੂਬਾ ਪੱਧਰੀ ਗਣਤੰਤਰ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ, ਰਾਜਪਾਲ ਨੇ ਗੁਰੂਆਂ, ਸੰਤਾਂ ਤੇ ਯੋਧਿਆਂ ਦੀ ਧਰਤੀ ਨੂੰ ਨਮਨ ਕੀਤਾ ਅਤੇ ਦੇਸ਼ ਲਈ ਜਾਨਾਂ ਨਿਛਾਵਰ ਕਰਨ ਵਾਲੇ ਸ਼ਹੀਦਾਂ ਅਤੇ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਆਜ਼ਾਦੀ ਘੁਲਾਟੀਆਂ - ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ, ਨੇਤਾਜੀ ਸੁਭਾਸ਼ ਚੰਦਰ ਬੋਸ, ਮਹਾਤਮਾ ਗਾਂਧੀ ਅਤੇ ਸਰਦਾਰ ਵੱਲਭਭਾਈ ਪਟੇਲ ਦੇ ਅਣਥੱਕ ਯਤਨਾਂ ਨੂੰ ਯਾਦ ਕੀਤਾ। ਉਨ੍ਹਾਂ ਨੇ ਡਾ. ਬੀ.ਆਰ. ਅੰਬੇਡਕਰ ਤੇ ਸਰਦਾਰ ਪਟੇਲ ਦੇ ਭਾਰਤ ਦੀ ਏਕਤਾ ਅਤੇ ਸੰਵਿਧਾਨ ਵਿੱਚ ਪਾਏ ਯੋਗਦਾਨ ਨੂੰ ਵੀ ਯਾਦ ਕੀਤਾ। ਰਸਮੀ ਸਨਮਾਨ ਲਈ ਫਾਜ਼ਿਲਕਾ ਦੀ ਚੋਣ ਕਰਦਿਆਂ ਰਾਜਪਾਲ ਨੇ ਕਿਹਾ ਕਿ ਉਹ ਬਹੁਤ ਹੀ ਸੁਭਾਗਾ ਅਤੇ ਭਾਵੁਕ ਮਹਿਸੂਸ ਕਰ ਰਹੇ ਹਨ। ਉਨ੍ਹਾਂ ਨੇ ਰਾਸ਼ਟਰੀ ਸੁਰੱਖਿਆ ਦੇ ਪਹਿਰੇਦਾਰ ਵਜੋਂ ਫਾਜ਼ਿਲਕਾ ਦੀ ਅਹਿਮ ਭੂਮਿਕਾ ਨੂੰ ਉਜਾਗਰ ਕੀਤਾ ਜੋ ਇੱਕ ਅਜਿਹੀ ਧਰਤੀ ਹੈ ਜਿਥੇ ਜਜ਼ਬੇ ਅਤੇ ਦੇਸ਼ ਭਗਤੀ ਦੀਆਂ ਅਣਗਿਣਤ ਕਹਾਣੀਆਂ ਲਿਖੀਆਂ ਗਈਆਂ ਹਨ। ਉਨ੍ਹਾਂ ਨੇ ਕਿਹਾ ਕਿ ਫਾਜ਼ਿਲਕਾ ਪੰਜਾਬੀ ਨਾਚ 'ਝੂਮਰ' ਦੇ ਪਿਤਾਮਾ ਬਾਬਾ ਪੋਖਰ ਸਿੰਘ, ਭਾਰਤੀ ਪੁਰਸ਼ ਕ੍ਰਿਕਟ ਟੀਮ ਦੇ ਕਪਤਾਨ ਸ਼ੁਭਮਨ ਗਿੱਲ ਅਤੇ ਸ਼ਾਨਦਾਰ ਨਿਸ਼ਾਨੇਬਾਜ਼ ਅਰਜੁਨ ਬਬੂਟਾ ਵਰਗੇ ਦਿੱਗਜਾਂ ਦਾ ਜੱਦੀ ਜ਼ਿਲ੍ਹਾ ਹੈ।

ਉਨ੍ਹਾਂ ਨੇ ਪੰਜਾਬ ਦੀ ਸ਼ਾਨਦਾਰ ਵਿਰਾਸਤ ਅਤੇ ਇਸ ਦੇ ਪ੍ਰੇਰਨਾਦਾਇਕ ਸਫਰ ਦੀ ਸ਼ਲਾਘਾ ਕੀਤੀ। ਉਨ੍ਹਾਂ ਹਾਲ ਹੀ ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਸੂਬੇ ਦੇ ਯਤਨਾਂ ਨੂੰ ਵੀ ਉਜਾਗਰ ਕੀਤਾ। ਉਨ੍ਹਾਂ ਨੇ 'ਜਨਤਕ ਸੇਵਾ ਅਤੇ ਪਾਰਦਰਸ਼ੀ ਪ੍ਰਸ਼ਾਸਨ' ਦੇ ਉਦੇਸ਼ ਨਾਲ ਸੂਬਾ ਸਰਕਾਰ ਵੱਲੋਂ ਕੀਤੀਆਂ ਪਰਿਵਰਤਨਸ਼ੀਲ ਪਹਿਲਕਦਮੀਆਂ 'ਤੇ ਚਾਨਣਾ ਪਾਇਆ, ਜਿਸ ਵਿੱਚ ਪ੍ਰਤੀ ਪਰਿਵਾਰ 10 ਲੱਖ ਰੁਪਏ ਦਾ ਨਕਦ ਰਹਿਤ ਇਲਾਜ ਪ੍ਰਦਾਨ ਕਰਨ ਵਾਲੀ 'ਮੁੱਖ ਮੰਤਰੀ ਸਿਹਤ ਯੋਜਨਾ', 881 'ਆਮ ਆਦਮੀ ਕਲੀਨਿਕ' ਤੇ ਘਰੇਲੂ ਖਪਤਕਾਰਾਂ ਨੂੰ ਮੁਫ਼ਤ ਬਿਜਲੀ ਦੀ ਪੇਸ਼ਕਸ਼ ਸ਼ਾਮਲ ਹੈ। ਉਨ੍ਹਾਂ ਨੇ 'ਸਿੱਖਿਆ ਕ੍ਰਾਂਤੀ' ਰਾਹੀਂ ਸਿੱਖਿਆ



ਦੇ ਖੇਤਰ ਵਿੱਚ ਕੀਤੀਆਂ ਪਹਿਲਕਦਮੀਆਂ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ 118 'ਸਕੂਲ ਆਫ਼ ਐਮੀਨੈਂਸ' ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰ ਰਹੇ ਹਨ। ਫਿਨਲੈਂਡ ਤੇ ਸਿੰਗਾਪੁਰ ਵਰਗੇ ਦੇਸ਼ਾਂ ਵਿੱਚ ਅਧਿਆਪਕਾਂ ਤੇ ਪ੍ਰਿੰਸੀਪਲਾਂ ਨੂੰ ਸਿਖਲਾਈ ਦੇਣਾ ਮਿਆਰੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸੂਬਾ ਸਰਕਾਰ ਵੱਲੋਂ ਇਹ ਯਕੀਨੀ ਬਣਾਉਣ ਲਈ ਕਿ ਕੁੜੀਆਂ ਦੀ ਸਿੱਖਿਆ ਵਿੱਚ ਰੁਕਾਵਟ ਨਾ ਪਵੇ, 230 ਤੋਂ ਵੱਧ ਵਾਹਨ ਸਕੂਲ ਆਫ਼ ਐਮੀਨੈਂਸ ਦੇ ਨਾਲ ਨਾਲ 17 ਸੀਨੀਅਰ ਸੈਕੰਡਰੀ ਸਕੂਲਾਂ (ਲੜਕੀਆਂ) ਨੂੰ ਆਵਾਜਾਈ ਪ੍ਰਦਾਨ ਕਰ ਰਹੇ ਹਨ, ਜਿਸ ਨਾਲ 10,000 ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਮਿਲ ਰਿਹਾ ਹੈ। ਪੰਜਾਬ ਨੇ ਨੈਸ਼ਨਲ ਅਚੀਵਮੈਂਟ ਸਰਵੇ (ਐਨਏਐਸ) 2024 ਵਿੱਚ ਕੇਰਲਾ ਨੂੰ ਪਛਾੜ ਕੇ ਸਿਖਰਲਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਪ੍ਰਭਾਵਸ਼ਾਲੀ ਨਤੀਜੇ ਪ੍ਰਾਪਤ ਕੀਤੇ ਹਨ ਜਿਸ ਤਹਿਤ 265 ਨੇ ਜੇਈਈ ਮੇਨਜ਼, 45 ਜੇਈਈ ਐਡਵਾਂਸ ਤੇ 847 ਨੇ ਨੀਟ ਪਾਸ ਕੀਤੀ। ਭ੍ਰਿਸ਼ਟਾਚਾਰ ਤੇ ਨਸ਼ਿਆਂ ਵਿਰੁੱਧ 'ਜ਼ੀਰੋ ਟਾਲਰੈਂਸ' ਨੀਤੀ ਦਾ ਐਲਾਨ ਕਰਦਿਆਂ ਰਾਜਪਾਲ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਫੈਸਲਾਕੁੰਨ ਕਾਰਵਾਈਆਂ ਦਾ ਹਵਾਲਾ ਦਿੱਤਾ, ਜਿਸ ਵਿੱਚ ਵੱਡੇ ਪੱਧਰ 'ਤੇ ਬਰਾਮਦਗੀਆਂ, ਗ੍ਰਿਫ਼ਤਾਰੀਆਂ ਤੇ ਡਰੋਨ ਵਿਰੋਧੀ ਪ੍ਰਣਾਲੀਆਂ ਲਗਾਉਣਾ ਸ਼ਾਮਲ ਹੈ। ਉਨ੍ਹਾਂ ਨੇ ਪੰਜਾਬ ਦੀ ਪੁਰਾਣੀ ਸ਼ਾਨ ਨੂੰ ਬਹਾਲ ਕਰਨ ਲਈ ਜਲਦ ਹੀ ਨਸ਼ਿਆਂ ਦੇ ਖ਼ਤਰੇ ਨੂੰ ਠੱਲ੍ਹ ਪਾਉਣ ਦਾ ਭਰੋਸਾ ਵੀ ਦਿੱਤਾ। ਪੰਜਾਬ ਦੀ ਤਰੱਕੀ ਨੂੰ ਕੌਮੀ ਵਿਕਾਸ ਨਾਲ ਜੋੜਦਿਆਂ ਰਾਜਪਾਲ ਨੇ ਕਿਹਾ ਕਿ ਭਾਰਤ ਵਿਸ਼ਵ ਦੀ ਚੌਥੀ ਸਭ ਤੋਂ ਵੱਡੀ ਅਰਥਵਿਵਸਥਾ, ਇੱਕ ਗਲੋਬਲ ਸਟਾਰਟਅੱਪ ਤੇ ਸਪੇਸ ਪਾਵਰਹਾਊਸ ਹੈ ਤੇ ਸੂਬੇ ਨੂੰ ਰੱਖਿਆ ਖੇਤਰ ਵਿੱਚ ਆਤਮਨਿਰਭਰਤਾ ਦੇ ਨਾਲ-ਨਾਲ ਖੇਤੀ ਤੇ ਮਹਿਲਾ ਸਸ਼ਕਤੀਕਰਨ ਵਿੱਚ ਇੱਕ ਆਗੂ ਵਜੋਂ ਉਭਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਰਾਜਪਾਲ ਕਟਾਰੀਆ ਨੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਲੋਕ ਲਹਿਰ ਦੀ ਅਗਵਾਈ ਕਰਨ ਅਤੇ ਉਨ੍ਹਾਂ ਨੂੰ ਆਪਣੀ ਊਰਜਾ ਨੂੰ ਸਿੱਖਿਆ, ਹੁਨਰ ਵਿਕਾਸ, ਖੇਡਾਂ ਅਤੇ ਉੱਦਮਤਾ ਵਿੱਚ ਲਗਾਉਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਅਕਾਦਮਿਕ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਨੂੰ ਉਤਸ਼ਾਹਿਤ ਕਰਨ ਤੇ ਕੌਮੀ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ ਸਰਹੱਦੀ ਜ਼ਿਲ੍ਹਿਆਂ ਵਿੱਚ ਵਿਸਥਾਰ ਕੇਂਦਰ ਸਥਾਪਤ ਕਰਨ। ਉਨ੍ਹਾਂ ਨੇ ਹਰੇਕ ਨਾਗਰਿਕ ਨੂੰ ਜ਼ਿੰਮੇਵਾਰੀ, ਹਮਦਰਦੀ ਤੇ ਦੇਸ਼ ਭਗਤੀ ਦੀ ਸਾਂਝੀ ਕੌਮੀ ਚੇਤਨਾ ਦੁਆਰਾ ਸੇਧਿਤ ਇੱਕ ਵਿਕਸਤ, ਸ਼ਕਤੀਸ਼ਾਲੀ, ਸਵੈ-ਨਿਰਭਰ ਤੇ ਸਮਾਵੇਸ਼ੀ ਭਾਰਤ ਦੇ ਨਿਰਮਾਣ ਲਈ ਵਚਨਬੱਧ ਹੋਣ ਦਾ ਸੱਦਾ ਦਿੱਤਾ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਸਵੇਰੇ ਆਸਫਵਾਲਾ ਵਿਖੇ ਜੰਗੀ ਯਾਦਗਾਰ ਦਾ ਦੌਰਾ ਕਰਕੇ ਡੂੰਘਾ ਸਤਿਕਾਰ ਪ੍ਰਗਟਾਇਆ, ਜੋ ਕਿ ਬੇਮਿਸਾਲ ਸਾਹਸ ਦਾ ਸਥਾਈ ਪ੍ਰਮਾਣ ਹੈ। ਇਹ ਸ਼ਾਂਤ ਅਤੇ ਪਵਿੱਤਰ ਸਥਾਨ 232 ਬਹਾਦਰਾਂ ਦੀ ਸਦੀਵੀ ਯਾਦ ਵਿੱਚ ਬਣਾਇਆ ਗਿਆ ਸੀ ਜਿਨ੍ਹਾਂ ਦੀ 1971 ਦੀ ਭਾਰਤ-ਪਾਕਿ ਜੰਗ ਦੌਰਾਨ ਸਰਬੋਤਮ ਕੁਰਬਾਨੀ ਸਦਕਾ ਭਾਰਤ ਲਈ ਇੱਕ ਇਤਿਹਾਸਕ ਜਿੱਤ ਪ੍ਰਾਪਤ ਕੀਤੀ ਸੀ।

ਇਸ ਮੌਕੇ ਸਾਂਸਦ ਸ਼ੇਰ ਸਿੰਘ ਘੁਬਾਇਆ, ਵਿਧਾਇਕ ਫਾਜ਼ਿਲਕਾ ਨਰਿੰਦਰ ਪਾਲ ਸਵਨਾ, ਵਿਧਾਇਕ ਜਲਾਲਾਬਾਦ ਜਗਦੀਪ ਕੰਬੋਜ ਗੋਲਡੀ, ਵਿਧਾਇਕ ਬੱਲੂਆਣਾ ਅਮਨਦੀਪ ਸਿੰਘ ਗੋਲਡੀ ਮੁਸਾਫ਼ਿਰ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਵਧੀਕ ਮੁੱਖ ਸਕੱਤਰ ਵਿਵੇਕ ਪ੍ਰਤਾਪ ਸਿੰਘ, ਡੀ.ਜੀ.ਪੀ ਗੌਰਵ ਯਾਦਵ, ਡੀ.ਆਈ.ਜੀ.ਫਿਰੋਜ਼ਪੁਰ ਰੇਂਜ ਸਨੇਹਦੀਪ ਸ਼ਰਮਾ, ਡਿਪਟੀ ਕਮਿਸ਼ਨਰ ਫਾਜ਼ਿਲਕਾ ਅਮਰਪ੍ਰੀਤ ਕੌਰ ਸੰਧੂ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਧਰਮਿੰਦਰ ਪਾਲ ਸਿੰਗਲਾ, ਐਸ.ਐਸ.ਪੀ ਫਾਜ਼ਿਲਕਾ ਗੁਰਮੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਡਾ. ਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ ਸੁਭਾਸ਼ ਚੰਦਰ, ਐਸ.ਡੀ.ਐਮ. ਫਾਜ਼ਿਲਕਾ ਵੀਰਪਾਲ ਕੌਰ, ਐਸ.ਡੀ.ਐਮ. ਜਲਾਲਾਬਾਦ ਕੰਵਰਜੀਤ ਸਿੰਘ ਮਾਨ, ਐਸ.ਡੀ.ਐਮ. ਅਬੋਹਰ ਕ੍ਰਿਸ਼ਨਾ ਪਾਲ ਰਾਜਪੂਤ, ਸਹਾਇਕ ਕਮਿਸ਼ਨਰ ਅਮਨਦੀਪ ਸਿੰਘ ਮਾਵੀ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਮੌਕੇ ਕੈਬਨਿਟ ਮੰਤਰੀ ਖੁੱਡੀਆਂ ਨੇ ਲਹਿਰਾਇਆ ਕੌਮੀ ਝੰਡਾ

ਮੋਗਾ, 27 ਜਨਵਰੀ (ਗੁਰਦੇਵ ਖੁਰਾਣਾ/ਹਰਜੀਤ ਛਾਬੜਾ): ਸਥਾਨਕ ਦਾਣਾ ਮੰਡੀ ਵਿਖੇ ਮਨਾਏ ਗਏ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਸਮਾਗਮ ਮੌਕੇ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ ਤੇ ਫੂਡ ਪ੍ਰੋਸੈਸਿੰਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਕੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਇਸ ਮੌਕੇ ਉਨ੍ਹਾਂ ਨਾਲ ਡੀ.ਸੀ. ਮੋਗਾ ਸਾਗਰ ਸੇਤੀਆ, ਐਸ.ਐਸ.ਪੀ. ਮੋਗਾ ਅਜੈ ਗਾਂਧੀ ਵੀ ਹਾਜ਼ਰ ਸਨ। ਕੈਬਨਿਟ ਮੰਤਰੀ ਖੁੱਡੀਆਂ ਨੇ ਸੂਬੇ ਦੇ ਸਮੂਹ ਪੰਜਾਬੀਆਂ ਨੂੰ ਗਣਤੰਤਰ ਦਿਹਾੜੇ ਦੀ ਮੁਬਾਰਕਬਾਦ ਦਿੱਤੀ। ਉਹਨਾਂ ਕਿਹਾ ਕਿ 26 ਜਨਵਰੀ 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋਣ ਨਾਲ ਭਾਰਤੀ ਗਣਰਾਜ ਦੀ ਸਥਾਪਨਾ ਹੋਈ ਤੇ ਸਾਨੂੰ ਦੁਨੀਆਂ ਵਿੱਚ ਸਾਨੂੰ ਸਭ ਤੋਂ ਵੱਡੀ ਜਮਹੂਰੀਅਤ ਹੋਣ ਦਾ ਮਾਣ ਹਾਸਲ ਹੋਇਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਹੈ ਤੇ ਇਸ ਵਿੱਤੀ ਸਹਾਇਤਾ ਸਕੀਮ ਅਧੀਨ ਅਗਨੀਵੀਰਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਸੂਬਾ ਸਰਕਾਰ ਨੇ ਪੰਜਾਬ ਦੇ ਨੌਜਵਾਨਾਂ ਨੂੰ ਅਪ੍ਰੈਲ 2022 ਤੋਂ ਹੁਣ ਤੱਕ 63 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਕੈਬਨਿਟ ਮੰਤਰੀ ਖੁੱਡੀਆਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ 20 ਕਰੋੜ ਰੁਪਏ ਦੀ ਲਾਗਤ ਨਾਲ ਭਾਈ ਜੈਤਾ ਜੀ ਯਾਦਗਾਰ ਦੀ ਉਸਾਰੀ ਕਰਵਾਈ ਗਈ। ਸ੍ਰੀ ਅਨੰਦਪੁਰ ਸਾਹਿਬ ਵਿਖੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੂੰ



ਜਾਣ ਵਾਲੇ ਰਸਤੇ ਨੂੰ ਵਿਰਾਸਤੀ ਮਾਰਗ ਵਜੋਂ ਵਿਕਸਿਤ ਕੀਤਾ ਜਾ ਰਿਹਾ ਹੈ ਤੇ 'ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਪਵਿੱਤਰ ਵਣ ਯੋਜਨਾ' ਦੇ ਹਿੱਸੇ ਵਜੋਂ 52 ਪਵਿੱਤਰ ਵਣ ਵਿਕਸਿਤ ਕਰਨ ਦੀ ਮੁਹਿੰਮ ਵੀ ਸ਼ੁਰੂ ਕੀਤੀ ਗਈ ਹੈ। ਪੰਜਾਬ ਸਰਕਾਰ ਨੇ ਲੋਕਾਂ ਨੂੰ 10 ਲੱਖ ਰੁਪਏ ਤੱਕ ਨਕਦੀ ਰਹਿਤ ਇਲਾਜ ਪ੍ਰਦਾਨ ਕਰਵਾ ਕੇ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਇਆ ਹੈ। ਸੂਬੇ ਵਿੱਚ 881 ਆਮ ਆਦਮੀ ਕਲੀਨਿਕਾਂ ਵਿੱਚ ਤਕਰੀਬਨ 5 ਕਰੋੜ ਲੋਕਾਂ ਨੇ ਮੁਫਤ ਇਲਾਜ ਦਾ ਲਾਭ ਲਿਆ ਹੈ। ਉਹਨਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਿੱਥੇ ਨਸ਼ਿਆਂ ਦੇ ਸੌਦਾਗਰਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਉਥੇ ਨਸ਼ਾ ਪੀੜਤਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਪੰਜਾਬ ਵਿੱਚ 548 ਓਟ ਕਲੀਨਿਕ, 36 ਡੀ-ਐਡਿਕਸ਼ਨ ਸੈਂਟਰ, 19 ਰੀਹੈਬਲੀਟੇਸ਼ਨ ਸੈਂਟਰ ਕਾਰਜਸ਼ੀਲ ਹਨ। ਹੁਣ ਤੱਕ ਇਨ੍ਹਾਂ ਸੈਂਟਰਾਂ ਵਿੱਚ ਲਗਭਗ 11 ਲੱਖ ਮਰੀਜ਼ਾਂ ਵੱਲੋਂ ਆਪਣੀ ਰਜਿਸ਼ਟਰੇਸ਼ਨ ਕਰਵਾਈ ਗਈ ਹੈ।

ਉਹਨਾਂ ਕਿਹਾ ਕਿ ਖੇਤੀਬਾੜੀ ਪੰਜਾਬ ਦੀ ਆਰਥਿਕਤਾ ਦਾ ਧੁਰਾ ਹੈ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀਆਂ ਪਹਿਲਕਦਮੀਆਂ ਸਦਕਾ ਸਾਲ 2025 ਵਿੱਚ ਪੰਜਾਬ ਦੇ ਖੇਤੀਬਾੜੀ ਖੇਤਰ ਵਿੱਚ ਸਕਾਰਾਤਮਕ ਬਦਲਾਅ ਆਏ ਹਨ। ਸੂਬਾ ਸਰਕਾਰ ਨੇ ਦੇਸ਼ ਵਿੱਚ ਗੰਨੇ ਲਈ ਸਭ ਤੋਂ ਵੱਧ 416 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਸਟੇਟ ਐਗਰੀਡ ਪ੍ਰਾਈਸ (ਐਸ.ਏ.ਪੀ.) ਦੇਣ ਦਾ ਐਲਾਨ ਕੀਤਾ ਜੋ ਕਿ ਪਿਛਲੇ ਸਾਲ ਨਾਲੋਂ 15 ਰੁਪਏ ਵੱਧ ਹੈ। ਬੀਤੇ ਸਾਉਣੀ ਸੀਜ਼ਨ ਦੌਰਾਨ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 53 ਫ਼ੀਸਦੀ ਕਮੀ ਆਈ ਹੈ। ਰਾਜ ਸਰਕਾਰ ਵੱਲੋਂ ਸਾਲ 2018 ਤੋਂ ਹੁਣ ਤੱਕ ਕਿਸਾਨਾਂ ਨੂੰ 1 ਲੱਖ 58 ਹਜਾਰ ਤੋਂ ਵੱਧ ਫਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ ਸਬਸਿਡੀ ਉਤੇ ਪ੍ਰਦਾਨ ਕੀਤੀਆਂ ਗਈਆਂ ਹਨ। ਸੂਬਾ ਸਰਕਾਰ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਲਿਆਂਦੀ ਗਈ ਝੋਨੇ ਦੀ ਸਿੱਧੀ ਬਿਜਾਈ ਵਾਲੀ ਤਕਨੀਕ ਅਪਨਾਉਣ ਲਈ ਕਿਸਾਨਾਂ ਨੂੰ 1,500 ਰੁਪਏ ਪ੍ਰਤੀ ਏਕੜ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ।

ਕੈਬਨਿਟ ਮੰਤਰੀ ਖੁੱਡੀਆਂ ਨੇ ਕਿਹਾ ਕਿ ਸੂਬੇ ਭਰ ਦੀਆਂ ਅਨਾਜ ਮੰਡੀਆਂ ਵਿੱਚ ਕਿਸਾਨਾਂ ਨੂੰ ਬਿਹਤਰੀਨ ਸਹੂਲਤਾਂ ਪ੍ਰਦਾਨ ਕਰਨ ਲਈ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਵਾਸਤੇ 197 ਕਰੋੜ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਪੇਂਡੂ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਪਸ਼ੂ ਪਾਲਣ ਕਿੱਤੇ ਨਾਲ ਜੁੜੇ ਕਿਸਾਨਾਂ ਦੀ ਭਲਾਈ ਲਈ ਵੀ ਸਰਕਾਰ ਨੇ ਕਈ ਕਦਮ ਚੁੱਕੇ ਹਨ। ਸਾਲ 2024-25 ਦੌਰਾਨ ਲੰਪੀ ਸਕਿਨ ਬਿਮਾਰੀ ਤੋਂ ਬਚਾਅ ਲਈ 28.79 ਲੱਖ ਮੁਫਤ ਖੁਰਾਕਾਂ, ਮੂੰਹਖੁਰ ਦੀ ਬਿਮਾਰੀ ਤੋਂ ਬਚਾਅ ਲਈ 127.44 ਲੱਖ ਖੁਰਾਕਾਂ ਅਤੇ ਗਲਘੋਟੂ ਦੀ ਬਿਮਾਰੀ ਤੋਂ ਬਚਾਅ ਲਈ 66.09 ਲੱਖ ਖੁਰਾਕਾਂ ਲਗਾਈਆਂ ਗਈਆਂ । ਪੇਂਡੂ ਨੌਜਵਾਨਾਂ ਨੂੰ ਡੇਅਰੀ ਹੁਨਰ ਪ੍ਰਦਾਨ ਕਰਨ ਲਈ ਸਾਲਾਨਾ ਲਗਭਗ 74 ਹਜਾਰ ਕਿਸਾਨਾਂ ਨੂੰ ਸਿਖਲਾਈ ਦਿੱਤੀ ਜਾਂਦੀ ਹੈ, ਜਿਸ ਨਾਲ ਸਾਲਾਨਾ ਲਗਭਗ 2500 ਡੇਅਰੀ ਯੂਨਿਟ ਸਥਾਪਤ ਹੁੰਦੇ ਹਨ। ਪੰਜਾਬ ਸਰਕਾਰ ਨੇ ਹੜ੍ਹਾਂ ਕਾਰਨ ਪੈਦਾ ਹੋਈ ਚੁਣੌਤੀ ਦਾ ਸਾਹਮਣਾ ਕੀਤਾ ਅਤੇ 156 ਲੱਖ ਮੀਟਰਕ ਟਨ ਤੋਂ ਵੱਧ ਝੋਨੇ ਦੀ ਖਰੀਦ ਕਰਕੇ ਅਤੇ ਕਿਸਾਨਾਂ ਦੇ ਖਾਤਿਆਂ ਵਿੱਚ 37 ਹਜਾਰ ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਕੀਤੀ।

ਗਣਤੰਤਰ ਦਿਵਸ ਸਮਾਗਮ ਦੌਰਾਨ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਤੇ ਆਧਾਰਿਤ ਖ਼ੂਬਸੂਰਤ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਭ ਤੋਂ ਪਹਿਲਾਂ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਲੋੜਵੰਦਾਂ ਨੂੰ ਟਰਾਈਸਾਈਕਲ ਤੇ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ ਅਤੇ ਫਰੀਡਮ ਫਾਈਟਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਪਰੇਡ, ਸੱਭਿਆਚਾਰਕ ਟੀਮਾਂ, ਤੇ ਵੱਖ ਵੱਖ ਖੇਤਰਾਂ ਵਿੱਚ ਉਪਲੱਬਧੀਆਂ ਹਾਸਲ ਕਰਨ ਵਾਲੀਆਂ ਸਖਸ਼ੀਅਤਾਂ ਨੂੰ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਮੁੱਖ ਮਹਿਮਾਨ ਗੁਰਮੀਤ ਸਿੰਘ ਖੁੱਡੀਆਂ ਸਮੇਤ ਵਿਧਾਇਕ ਸਾਹਿਬਾਨਾਂ ਦਾ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜ) ਜਸਪਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਜਗਵਿੰਦਰਜੀਤ ਸਿੰਘ ਗਰੇਵਾਲ, ਦਵਿੰਦਰਜੀਤ ਸਿੰਘ ਲਾਡੀ ਢੋਂਸ, ਡਾ. ਅਮਨਦੀਪ ਕੌਰ ਅਰੋੜਾ ਤੇ ਮਨਜੀਤ ਸਿੰਘ ਬਿਲਾਸਪੁਰ (ਤਿੰਨੋ ਵਿਧਾਇਕ), ਸਾਬਕਾ ਮੰਤਰੀ ਮਾਲਤੀ ਥਾਪਰ, ਜ਼ਿਲ੍ਹਾ ਤੇ ਸੈਸ਼ਨ ਜੱਜ ਨੀਲਮ ਅਰੋੜਾ, ਚੇਅਰਮੈਨ ਹਰਜਿੰਦਰ ਸਿੰਘ ਰੋਡੇ ਤੇ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

## ਸਾਬਕਾ ਉਪ ਚੇਅਰਮੈਨ ਕੁਲਵਿੰਦਰ ਸਿੰਘ ਲਵਲੀ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ 'ਚ ਸ਼ਾਮਲ

ਪਟਿਆਲਾ, 27 ਜਨਵਰੀ (ਅਮਰਜੀਤ ਸਿੰਘ): ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਉਸ ਸਮੇਂ ਝਟਕਾ ਲੱਗਿਆ ਜਦੋਂ ਜੰਗਲਾਤ ਵਿਭਾਗ ਦੇ ਸਾਬਕਾ ਚੇਅਰਮੈਨ ਅਤੇ ਕੌਮੀ ਮੀਤ ਪ੍ਰਧਾਨ ਕੁਲਵਿੰਦਰ ਸਿੰਘ ਲਵਲੀ ਨੇ ਆਪਣੇ ਦਰਜਨਾ ਸਾਥੀਆਂ ਸਮੇਤ ਅਕਾਲੀ ਦਲ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ 'ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਉਨ੍ਹਾਂ ਨੂੰ ਅਕਾਲੀ ਦਲ ਪੁਨਰ ਸੁਰਜੀਤ ਵਿਚ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਸ਼ਾਮਲ ਕਰਵਾ ਉਨ੍ਹਾਂ ਦਾ ਪਾਰਟੀ ਵਿਚ ਸਵਾਗਤ ਕੀਤਾ। ਜਿਹੜੇ ਪ੍ਰਮੁੱਖ ਆਗੂ ਅੱਜ ਅਕਾਲੀ ਦਲ ਪੁਨਰ ਸੁਰਜੀਤ ਵਿਚ ਸ਼ਾਮਲ ਹੋਏ, ਉਨ੍ਹਾਂ ਵਿਚ ਜਸਬੀਰ ਸਿੰਘ ਉਬਰਾਏ, ਅਮਰਜੀਤ ਸਿੰਘ ਡਾਂਗ, ਦੀਪਕ ਸਹਿਗਲ, ਜਗਦੀਸ਼ ਸਿੰਘ ਗਰੇਵਰ, ਭੂਪਿੰਦਰ ਸਿੰਘ ਤਜਿੰਦਰ ਸਿੰਘ ਰਾਣਾ, ਅਮਰਜੀਤ ਸਿੰਘ ਲਾਂਬਾ, ਮਨਦੀਪ ਸਿੰਘ ਲਾਂਬਾ, ਵਿਨੀ ਸਿੰਘ ਛਾਬੜਾ, ਡਿਕੀ ਸਾਹਨੀ, ਰਾਜਵੀਰ ਸਿੰਘ, ਬੋਬੀ ਚੱਡਾ, ਅਮਰਜੀਤ ਸਿੰਘ ਚੱਡਾ, ਜਸਵਿੰਦਰ ਸਿੰਘ ਜੱਸੀ ਮੁੱਖ ਤੌਰ 'ਤੇ ਸ਼ਾਮਲ ਹਨ। ਇਸ ਮੌਕੇ ਪ੍ਰਧਾਨ ਗਿਆਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਕੁਲਵਿੰਦਰ ਸਿੰਘ ਲਵਲੀ ਦੇ ਸ਼ਾਮਲ ਹੋਣ ਨਾਲ ਪਟਿਆਲਾ ਵਿਚ ਅਕਾਲੀ ਦਲ ਪੁਨਰ ਸੁਰਜੀਤ ਹੋਰ ਮਜਬੂਤ ਹੋ ਗਿਆ ਹੈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ



ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਜਨਰਲ ਚੋਣਾਂ ਸਮੇਂ ਸਭ ਤੋਂ ਵੱਡੀ ਮੰਗ ਹੈ ਕਿਉਂਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਤੋਂ ਬਿਨ੍ਹਾਂ ਪੰਥਕ ਸੰਸਥਾਵਾਂ ਵਿਚ ਸੁਧਾਰ ਨਹੀਂ ਹੋ ਸਕਦਾ। ਕਿਉਂਕਿ ਵਰਤਮਾਨ ਹਾਊਸ ਦੀ ਮਿਆਦ ਕਈ ਸਾਲ ਪਹਿਲਾਂ ਖਤਮ ਹੋ ਚੁੱਕੀ ਹੈ। ਇਸ ਲਈ ਹੁਣ ਇਹ ਨੁਮਾਇੰਦੇ ਪੰਥ ਦੀ ਪ੍ਰਤੀਨਿਧਤਾ ਨਹੀਂ ਕਰਦੇ। ਉਨ੍ਹਾਂ ਪੰਜਾਬ ਸਰਕਾਰ 'ਤੇ ਨਿਸ਼ਾਨਾ ਸਾਧਿਆ ਤੇ ਕਿਹਾ ਕਿ ਪੰਜਾਬ 'ਚ ਅਮਨ ਤੇ ਕਾਨੂੰਨ ਵਿਵਸਥਾ ਚਰਮਰਾਈ ਹੋਈ ਹੈ ਚਾਰੇ ਪਾਸੇ ਕਤਲੋ ਗਾਰਤ ਹੋ ਰਹੀ ਹੈ ਤੇ ਸਰਕਾਰ ਦੇ ਕੰਟਰੋਲ ਤੋਂ ਸਥਿਤੀ ਬਾਹਰ ਹੋ ਚੁੱਕੀ ਹੈ। ਗਿਆਨ ਹਰਪ੍ਰੀਤ ਸਿੰਘ ਨੇ ਕਿਹਾ ਕਿ ਅੱਜ ਪੰਜਾਬ ਆਰਥਿਕ, ਸਿਹਤ ਤੇ ਸਿੱਖਿਆ ਦੇ ਖੇਤਰ ਵਿਚ ਪਛੜ ਕੇ ਰਹਿ ਗਿਆ ਹੈ। ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਅਤੇ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸਾਲ 2027 ਵਿਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਸਰਕਾਰ ਹੋਵੇਗੀ। ਇਸ ਮੌਕੇ ਗਿਆਨ ਹਰਪ੍ਰੀਤ ਸਿੰਘ ਅਤੇ ਬਾਕੀ ਆਗੂਆਂ ਨੇ ਸਿਰੋਪਾਉ ਪਾ ਕੇ ਕੁਲਵਿੰਦਰ ਸਿੰਘ ਲਵਲੀ ਨੂੰ ਸਨਮਾਨਤ ਵੀ ਕੀਤਾ। ਇਸ ਮੌਕੇ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸੁੱਚਾ ਸਿੰਘ ਛੋਟੇਪੁਰ, ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਜਿਲਾ ਪ੍ਰਧਾਨ ਰਣਧੀਰ ਸਿੰਘ ਰੱਖੜਾ, ਹਰਿੰਦਰਪਾਲ ਸਿੰਘ ਟੌਹੜਾ, ਜਗਜੀਤ ਸਿੰਘ ਕੋਹਲੀ, ਰਣਬੀਰ ਸਿੰਘ ਪੂਨੀਆ ਰਵਿੰਦਰ ਸ਼ਾਹਪੁਰ, ਸੁਖਬੀਰ ਸਿੰਘ ਅਬਲੋਵਾਲ, ਜਸਵਿੰਦਰਪਾਲ ਸਿੰਘ ਚੱਡਾ ਕਰਮ ਸਿੰਘ ਮੈਨੇਜਰ ਆਦਿ ਵੀ ਹਾਜ਼ਰ ਸਨ।

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜੱਥੇ. ਪ੍ਰੋ. ਮਨਜੀਤ ਸਿੰਘ ਦੇ ਮਾਤਾ ਜੀ ਨੂੰ ਵੱਖ-ਵੱਖ ਸ਼ਖ਼ਸੀਅਤਾਂ ਸ਼ਰਧਾ ਦੇ ਫੁੱਲ ਭੇਟ

ਪਟਿਆਲਾ, 27 ਜਨਵਰੀ (ਅੰਮ੍ਰਿਤਪਾਲ ਸਿੰਘ): ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਪ੍ਰੋ. ਮਨਜੀਤ ਸਿੰਘ ਦੇ ਸਵਰਗਵਾਸੀ ਮਾਤਾ ਨਸੀਬ ਕੌਰ (103 ਸਾਲ) ਜੋ ਕਿ ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ, ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਬਹਾਦਰਗੜ੍ਹ ਦੇ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਵਿਖੇ ਕਰਵਾਇਆ ਗਿਆ। ਇਸ ਮੌਕੇ ਧਾਰਮਿਕ, ਸਿਆਸੀ, ਸਮਾਜਿਕ ਤੇ ਸਾਹਿਤਿਕ ਖੇਤਰਾਂ ਨਾਲ ਸਬੰਧਤ ਉਚਕੋਟੀ ਦੀਆਂ ਸ਼ਖਸ਼ੀਅਤਾਂ ਨੇ ਸ਼ਮੂਲੀਅਤ ਕੀਤੀ ਅਤੇ ਸਵਰਗਵਾਸੀ ਮਾਤਾ ਨਸੀਬ ਕੌਰ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਜਥੇਦਾਰ ਕੁਲਦੀਪ ਸਿੰਘ ਗੜਗੱਜ, ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਗਿਆਨੀ ਹਰਪ੍ਰੀਤ ਸਿੰਘ, ਡਾ. ਇੰਦਰਜੀਤ ਕੌਰ ਪਿੰਗਲਵਾੜਾ ਸ੍ਰੀ ਅਮ੍ਰਿਤਸਰ ਸਾਹਿਬ, ਨਿਧੜਕ ਸਿੰਘ ਬਰਾੜ, ਭਾਈ ਭੁਪਿੰਦਰ ਸਿੰਘ ਨੇ ਸਵ. ਮਾਤਾ ਨਸੀਬ ਕੌਰ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਮਾਤਾ ਜੀ ਦਾ ਸਮੁੱਚਾ ਜੀਵਨ ਗੁਰਸਿੱਖੀ ਨੂੰ ਸਮਰਪਿਤ ਸੀ ਅਤੇ ਉਨਾਂ ਆਪਣੇ ਪਰਿਵਾਰ ਨੂੰ ਸਿੱਖੀ ਦੀ ਅਜਿਹੀ ਗੁੜਤੀ ਦਿੱਤੀ ਜਿਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਹੈ।

ਸਵ. ਮਾਤਾ ਨਸੀਬ ਕੌਰ ਦੇ ਸਪੁੱਤਰ



ਡਾ. ਉਂਕਾਰ ਸਿੰਘ ਨੇ ਕਿਹਾ ਕਿ ਅੱਜ ਦੇ ਸਮੇਂ ਮਾਵਾਂ ਆਪਣੇ ਬੱਚਿਆਂ ਦੀ ਘਾੜਤ ਘੜਨ ਤੋਂ ਵਾਂਝੀਆਂ ਹੁੰਦੀਆਂ ਜਾ ਰਹੀਆਂ ਹਨ ਜਿਸ ਕਾਰਨ ਕੌਮ 'ਚ ਨਿਘਾਰ ਦੇਖਿਆ ਜਾ ਰਿਹਾ ਹੈ। ਉਨਾਂ ਕਿਹਾ ਕਿ ਮਾਤਾ ਜੀ ਨੇ ਸਿੱਖੀ ਨੂੰ ਸਾਡੇ ਲਹੂ 'ਚ ਸਿੰਜਿਆ ਸੀ। ਜ਼ਿਕਰਯੋਗ ਹੈ ਕਿ ਸਵ. ਮਾਤਾ ਨਸੀਬ ਕੌਰ ਜੀ ਨੇ ਆਪਣੀ ਕੁੱਖੋਂ ਸਪੁੱਤਰ ਪ੍ਰੋ. ਮਨਜੀਤ ਸਿੰਘ, ਡਾ. ਉਂਕਾਰ ਸਿੰਘ, ਪ੍ਰੋ. ਮਹਿੰਦਰਪਾਲ ਸਿੰਘ ਅਤੇ ਸਪੁਤਰੀਆਂ ਜਗਦੀਸ਼ ਕੌਰ ਅਤੇ ਗੁਰਸ਼ਰਨ ਕੌਰ ਵਰਗੀਆਂ ਉਚਕੋਟੀ ਦੀਆਂ ਵਿਦਵਾਨ ਸ਼ਖਸ਼ੀਅਤਾਂ ਨੂੰ ਜਨਮ ਦਿੱਤਾ ਜਿਨਾਂ ਦੀ ਕਿ ਸਿੱਖ ਪੰਥ ਨੂੰ ਬਹੁਤ ਵੱਡਮੁੱਲੀ ਦੇਣ ਹੈ। ਇਸ ਮੌਕੇ ਪਹੁੰਚੀਆਂ ਪ੍ਰਮੁੱਖ ਸ਼ਖਸ਼ੀਅਤਾਂ 'ਚ ਪੰਜਾਬੀ ਜਾਗਰਣ ਦੇ ਮੁੱਖ ਸੰਪਾਦਕ ਪ੍ਰੋ. ਵਰਿੰਦਰ ਸਿੰਘ ਵਾਲੀਆ, ਸੀਨੀਅਰ ਪੱਤਰਕਾਰ ਅਮਰਜੀਤ ਸਿੰਘ ਵੜੈਚ, ਪ੍ਰੋ. ਡਾ. ਭੁਪਿੰਦਰ ਸਿੰਘ ਬੱਤਰਾ, ਡਾ. ਬਲਕਾਰ ਸਿੰਘ ਸਿੱਖ ਇਤਿਹਾਕਾਰ, ਜਗਜੀਤ ਸਿੰਘ ਦਰਦੀ ਚੜਦੀ ਕਲਾ ਗਰੁੱਪ, ਹੈੱਡ ਗ੍ਰੰਥੀ ਭਾਈ ਅਵਤਾਰ ਸਿੰਘ ਗੁ. ਸਾਹਿਬ ਪਾ. ਨੌਂਵੀਂ ਬਹਾਦਰਗੜ੍ਹ, ਹੈਡ ਗ੍ਰੰਥੀ ਭਾਈ ਹਰਪਾਲ ਸਿੰਘ ਗੁ. ਸਾਹਿਬ ਸ੍ਰੀ ਫਤਿਹਗੜ੍ਹ ਸਾਹਿਬ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਸੁਰਜੀਤ ਸਿੰਘ ਰੱਖੜਾ ਵੀ ਹਾਜਰ ਸਨ।



## ਸੰਪਾਦਕੀ

# ਇਤਿਹਾਸਕ ਸਮਝੌਤਾ

ਬਦਲਦੇ ਭੂ-ਰਾਜਨੀਤਿਕ ਉਥਲ-ਪੁਥਲ ਦੇ ਵਿਚਕਾਰ, ਭਾਰਤ ਵੱਖ-ਵੱਖ ਦੇਸ਼ਾਂ ਨਾਲ ਮੁਕਤ ਵਪਾਰ ਸਮਝੌਤੇ ਕਰਕੇ ਆਪਣੀ ਆਰਥਿਕ ਅਤੇ ਰਣਨੀਤਕ ਭਾਈਵਾਲੀ ਨੂੰ ਵਧਾਉਣ ਲਈ ਅੱਗੇ ਵਧ ਰਿਹਾ ਹੈ। ਇਸ ਸਬੰਧ ਵਿੱਚ ਭਾਰਤ ਅਤੇ ਯੂਰਪੀਅਨ ਯੂਨੀਅਨ ਵਿਚਕਾਰ ਇੱਕ ਇਤਿਹਾਸਕ ਸਮਝੌਤਾ ਹੋਣ ਵਾਲਾ ਹੈ, ਜਿਸਦਾ ਐਲਾਨ ਦੁਵੱਲੇ ਸੰਮੇਲਨ ਵਿੱਚ ਹੋਣ ਦੀ ਉਮੀਦ ਹੈ। ਇਹ ਸਮਝੌਤਾ ਰੱਖਿਆ, ਸਮੁੰਦਰੀ ਸੁਰੱਖਿਆ ਅਤੇ ਸੰਯੁਕਤ ਅੱਤਵਾਦ ਵਿਰੋਧੀ, ਭਾਰਤੀ ਅਤੇ ਯੂਰਪੀਅਨ ਨਾਗਰਿਕਾਂ ਦੀ ਆਵਾਜਾਈ ਨੂੰ ਸੌਖਾ ਬਣਾਉਣ ਅਤੇ ਟੈਕਸਟਾਈਲ ਅਤੇ ਤਕਨਾਲੋਜੀ ਵਰਗੇ ਮੁੱਖ ਖੇਤਰਾਂ ਵਿੱਚ ਸਹਿਯੋਗ ਲਈ ਨਵੇਂ ਰਸਤੇ ਖੋਲ੍ਹੇਗਾ। ਇਹ ਸਮਝੌਤਾ ਇਸ ਲਈ ਵੀ ਮਹੱਤਵਪੂਰਨ ਹੈ ਕਿਉਂਕਿ ਇਹ ਮੰਨਿਆ ਜਾਂਦਾ ਹੈ ਕਿ ਇਹ ਅਮਰੀਕੀ ਟੈਰਿਫ ਨੀਤੀ ਦੇ ਪ੍ਰਭਾਵ ਦਾ ਮੁਕਾਬਲਾ ਕਰਨ ਲਈ ਭਾਰਤ ਅਤੇ ਯੂਰਪੀਅਨ ਦੇਸ਼ਾਂ ਵਿਚਕਾਰ ਇੱਕ ਸਾਂਝਾ ਅਤੇ ਵਿਆਪਕ ਪਹੁੰਚ ਵਿਕਸਤ ਕਰੇਗਾ। ਇਹ ਅਨੁਮਾਨ ਲਗਾਇਆ ਗਿਆ ਹੈ ਕਿ ਇਹ ਸਮਝੌਤਾ ਦੋ ਅਰਬ ਲੋਕਾਂ ਦਾ ਬਾਜ਼ਾਰ ਬਣਾਏਗਾ ਜੋ ਕਿ ਵਿਸ਼ਵਵਿਆਪੀ ਜੀਡੀਪੀ ਦਾ ਲਗਭਗ ਇੱਕ ਚੌਥਾਈ ਹਿੱਸਾ ਹੈ। ਇਸ ਨਾਲ ਨਾ ਸਿਰਫ਼ ਭਾਰਤ ਦੇ ਨਿਰਯਾਤ ਨੂੰ ਹੁਲਾਰਾ ਮਿਲੇਗਾ ਬਲਕਿ ਯੂਰਪੀਅਨ ਦੇਸ਼ਾਂ ਵਿੱਚ ਭਾਰਤੀ ਪੇਸ਼ੇਵਰਾਂ ਲਈ ਰੁਜ਼ਗਾਰ ਦੇ ਮੌਕੇ ਵੀ ਆਸਾਨ ਹੋਣਗੇ। ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਅਮਰੀਕਾ ਨੇ ਭਾਰਤ 'ਤੇ 50% ਟੈਰਿਫ ਲਗਾਏ ਜਾਣ ਨਾਲ ਦੇਸ਼ ਦੇ ਨਿਰਯਾਤ ਕਾਰੋਬਾਰ 'ਤੇ ਅਸਰ ਪਿਆ ਹੈ। ਨਤੀਜੇ ਵਜੋਂ ਭਾਰਤ ਦੁਨੀਆ ਭਰ ਦੇ ਵੱਖ-ਵੱਖ ਦੇਸ਼ਾਂ ਵਿੱਚ ਆਪਣੇ ਉਤਪਾਦਾਂ ਲਈ ਵਿਕਲਪਿਕ ਬਾਜ਼ਾਰ ਲੱਭਣ ਲਈ ਹਰ ਸੰਭਵ ਕੋਸ਼ਿਸ਼ ਕਰ ਰਿਹਾ ਹੈ। ਹਾਲ ਹੀ ਵਿੱਚ ਭਾਰਤ ਨੇ ਨਿਊਜ਼ੀਲੈਂਡ ਨਾਲ ਇੱਕ ਮੁਕਤ ਵਪਾਰ ਅਤੇ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਨੂੰ ਅੰਤਿਮ ਰੂਪ ਦਿੱਤਾ ਹੈ। ਇਸ ਤੋਂ ਪਹਿਲਾਂ ਯੂਨਾਈਟਿਡ ਕਿੰਗਡਮ ਅਤੇ ਓਮਾਨ ਨਾਲ ਵਪਾਰ ਸਮਝੌਤੇ ਕੀਤੇ ਗਏ ਸਨ। ਭਾਰਤ ਨੇ ਸਭ ਤੋਂ ਪਹਿਲਾਂ 2007 ਵਿੱਚ ਯੂਰਪੀਅਨ ਯੂਨੀਅਨ ਨਾਲ ਇੱਕ ਮੁਕਤ ਵਪਾਰ ਸਮਝੌਤੇ ਲਈ ਗੱਲਬਾਤ ਸ਼ੁਰੂ ਕੀਤੀ ਸੀ, ਪਰ ਕੁੱਝ ਮੁੱਦਿਆਂ 'ਤੇ ਸਹਿਮਤੀ ਦੀ ਘਾਟ ਕਾਰਨ 2013 ਵਿੱਚ ਗੱਲਬਾਤ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ। ਜੂਨ 2022 ਵਿੱਚ ਗੱਲਬਾਤ ਨੂੰ ਮੁੜ ਤਹਿ ਕੀਤਾ ਗਿਆ ਸੀ, ਜੋ ਫੈਸਲਾਕੁੰਨ ਸਾਬਤ ਹੋਇਆ। ਅੰਤਰਰਾਸ਼ਟਰੀ ਵਪਾਰ ਮਾਹਰਾਂ ਦਾ ਮੰਨਣਾ ਹੈ ਕਿ ਇਹ ਇਤਿਹਾਸਕ ਮੁਕਤ ਵਪਾਰ ਸਮਝੌਤਾ ਕਈ ਖੇਤਰਾਂ ਵਿੱਚ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਲਈ ਗੁਣਾਤਮਕ ਬਦਲਾਅ ਲਿਆਏਗਾ। ਇਹ ਉਮੀਦ ਕੀਤੀ ਜਾਂਦੀ ਹੈ ਕਿ, ਮੁਕਤ ਵਪਾਰ ਸਮਝੌਤੇ ਨੂੰ ਮਨਜ਼ੂਰੀ ਦੇਣ ਤੋਂ ਇਲਾਵਾ ਦੋਵੇਂ ਧਿਰਾਂ ਸਿਖਰ ਸੰਮੇਲਨ ਵਿੱਚ ਇੱਕ ਰੱਖਿਆ ਢਾਂਚਾ ਸਮਝੌਤਾ ਅਤੇ ਇੱਕ ਰਣਨੀਤਕ ਏਜੰਡਾ ਵੀ ਪੇਸ਼ ਕਰਨਗੀਆਂ। ਇਹ ਵੀ ਪੜ੍ਹੋ - ਜਨਸੱਤਾ ਸੰਪਾਦਕੀ: ਮਨੀਪੁਰ ਵਿੱਚ ਸ਼ਾਂਤੀ ਦੀ ਲਾਟ ਹੁਣੇ ਹੀ ਜਗਾਈ ਗਈ ਸੀ, ਇੱਕ ਕਤਲ ਨੇ ਅੱਗ ਨੂੰ ਭੜਕਾਇਆ, ਘਟਨਾ ਨੇ ਸਭ ਕੁਝ ਬਦਲ ਦਿੱਤਾ। ਇਹ ਧਿਆਨ ਦੇਣ ਯੋਗ ਹੈ ਕਿ ਭਾਰਤ ਅਤੇ ਯੂਰਪੀਅਨ ਯੂਨੀਅਨ 2004 ਤੋਂ ਰਣਨੀਤਕ ਭਾਈਵਾਲ ਰਹੇ ਹਨ। ਪ੍ਰਸਤਾਵਿਤ ਸੁਰੱਖਿਆ ਅਤੇ ਰੱਖਿਆ ਸਾਂਝੇਦਾਰੀ ਦੋਵਾਂ ਧਿਰਾਂ ਵਿਚਕਾਰ ਸਹਿਯੋਗ ਨੂੰ ਹੋਰ ਡੂੰਘਾ ਕਰਨ ਵਿੱਚ ਮਦਦ ਕਰੇਗੀ। ਇਹ ਰੱਖਿਆ ਖੇਤਰ ਵਿੱਚ ਸਹਿਯੋਗ ਨੂੰ ਵਧਾਏਗਾ ਅਤੇ ਭਾਰਤੀ ਕੰਪਨੀਆਂ ਲਈ EU ਦੇ SAFE (ਯੂਰਪ ਲਈ ਸੁਰੱਖਿਆ ਕਾਰਵਾਈ) ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਦਰਵਾਜ਼ਾ ਖੋਲ੍ਹੇਗਾ। ਵੱਖ-ਵੱਖ ਖੇਤਰਾਂ ਵਿੱਚ ਹੋਏ ਇਸ ਵਿਆਪਕ ਸਮਝੌਤੇ ਨਾਲ ਦੇਸ਼ ਦੇ ਕੱਪੜਾ ਨਿਰਯਾਤ ਨੂੰ ਹੁਲਾਰਾ ਮਿਲਣ ਦੀ ਉਮੀਦ ਹੈ। ਯੂਰਪੀ ਸੰਘ ਦੁਨੀਆ ਦਾ ਸਭ ਤੋਂ ਵੱਡਾ ਕੱਪੜਾ ਬਾਜ਼ਾਰ ਹੈ। ਭਾਰਤ ਇਸ ਸਮੇਂ ਇਸ ਖੇਤਰ ਨੂੰ 4.5 ਬਿਲੀਅਨ ਡਾਲਰ ਤੋਂ ਵੱਧ ਦੇ ਕੱਪੜਾ ਨਿਰਯਾਤ ਕਰਦਾ ਹੈ। 2024-25 ਵਿੱਤੀ ਸਾਲ ਵਿੱਚ ਯੂਰਪੀ ਸੰਘ ਨਾਲ ਭਾਰਤ ਦਾ ਕੁੱਲ ਵਪਾਰਕ ਵਪਾਰ ਲਗਭਗ 136 ਬਿਲੀਅਨ ਅਮਰੀਕੀ ਡਾਲਰ ਹੋਣ ਦਾ ਅਨੁਮਾਨ ਸੀ, ਜਿਸ ਵਿੱਚੋਂ ਨਿਰਯਾਤ ਲਗਭਗ 76 ਬਿਲੀਅਨ ਅਮਰੀਕੀ ਡਾਲਰ ਸੀ। ਬਹੁਤ ਉਡੀਕੇ ਜਾ ਰਹੇ ਮੁਕਤ ਵਪਾਰ ਸਮਝੌਤੇ 'ਤੇ ਮੋਹਰ ਲਗਾਉਣ ਨਾਲ ਬਿਨਾਂ ਸ਼ੱਕ ਦੁਵੱਲੇ ਵਪਾਰ ਨੂੰ ਇੱਕ ਨਵਾਂ ਹੁਲਾਰਾ ਮਿਲੇਗਾ ਅਤੇ ਭਾਰਤ ਦੇ ਨਿਰਯਾਤ ਕਾਰੋਬਾਰ 'ਤੇ ਅਮਰੀਕੀ ਟੈਰਿਫ ਦੇ ਪ੍ਰਭਾਵ ਨੂੰ ਘਟਾਉਣ ਵਿੱਚ ਮਹੱਤਵਪੂਰਨ ਮਦਦ ਮਿਲੇਗੀ।

**-ਜਗਜੀਤ ਸਿੰਘ ਦਰਦੀ**

## ਪੰਜਾਬ ਵਿੱਚ ਦਲਿਤ ਆਬਾਦੀ ਅਤੇ ਰਾਜਨੀਤਕ ਅਹਿਮੀਅਤ

# 1 ਫ਼ਰਵਰੀ 2026 ਨੂੰ ਪਧਾਨ ਮੰਤਰੀ ਮੋਦੀ ਦੀ ਪੰਜਾਬ ਯਾਤਰਾ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

### ਪੰਜਾਬ ਵਿੱਚ ਡੇਰਿਆਂ ਦੀ ਭੂਮਿਕਾ, ਦਲਿਤ ਵੋਟ ਬੈਂਕ, ਬੀਜੇਪੀ ਦੀ ਰਣਨੀਤੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਵਿਕਾਸ ਏਜੰਡਾ

ਪ੍ਰਧਾਨ ਮੰਤਰੀ ਮੋਦੀ ਇਕ ਫਰਵਰੀ ਨੂੰ ਗੁਰੂ ਰਵਿਦਾਸ ਜੈਯੰਤੀ ਦੇ ਮੌਕੇ 'ਤੇ ਪੰਜਾਬ ਆ ਰਹੇ ਹਨ । ਇਹ ਪ੍ਰਧਾਨ ਮੰਤਰੀ ਦੇ ਵਿਕਾਸ ਏਜੰਡੇ ਅਤੇ ਪੰਜਾਬ ਵਿੱਚ ਭਾਜਪਾ ਦੀ ਪਹਿਲ ਦਾ ਇੱਕ ਰਾਜਨੀਤਿਕ ਕਦਮ ਵੀ ਹੋ ਸਕਦਾ ਹੈ।

ਇਥੇ ਪੰਜਾਬ ਵਿੱਚ ਰਾਜਨੀਤੀ ਦਾ ਨਵਾਂ ਅਧਿਆਏ ਹੈ। ਅੱਜ ਡੇਰਿਆਂ ਦੀ ਭੂਮਿਕਾ, ਦਲਿਤ ਵੋਟ ਬੈਂਕ, ਬੀਜੇਪੀ ਦੀ ਰਣਨੀਤੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਵਿਕਾਸ ਏਜੰਡਾ ਪੰਜਾਬ ਦੀ ਰਾਜਨੀਤੀ ਹਮੇਸ਼ਾ ਤੋਂ ਜਟਿਲ ਅਤੇ ਬਹੁ-ਪੱਖੀ ਰਹੀ ਹੈ। ਇੱਥੇ ਜਾਤੀ, ਧਰਮ, ਖੇਤੀਬਾੜੀ, ਪ੍ਰਵਾਸ, ਨਸ਼ੇ ਅਤੇ ਸਮਾਜਿਕ-ਧਾਰਮਿਕ ਸੰਸਥਾਵਾਂ ਵਰਗੇ ਡੇਰੇ ਚੋਣ ਨਤੀਜਿਆਂ ਨੂੰ ਬਹੁਤ ਪ੍ਰਭਾਵਿਤ ਕਰਦੇ ਹਨ।

2027 ਵਿਧਾਨ ਸਭਾ ਚੋਣਾਂ ਨੂੰ ਲਗਭਗ ਇੱਕ ਸਾਲ ਬਾਕੀ ਹੈ ਅਤੇ ਭਾਰਤੀ ਜਨਤਾ ਪਾਰਟੀ (ਬੀਜੇਪੀ) ਇਸ ਵਾਰ ਅਲੱਗ ਲੜਨ ਦੀ ਪੂਰੀ ਤਿਆਰੀ ਵਿੱਚ ਹੈ। ਪਾਰਟੀ ਨੇ ਸਪੱਸ਼ਟ ਐਲਾਨ ਕੀਤਾ ਹੈ ਕਿ ਉਹ ਸਾਰੀਆਂ 117 ਸੀਟਾਂ ਆਪਣੇ ਬਲ 'ਤੇ ਲੜੇਗੀ, ਬਿਨਾਂ ਕਿਸੇ ਗਠਜੋੜ ਦੇ। ਪਰ ਪੰਜਾਬ ਵਿੱਚ ਬੀਜੇਪੀ ਦਾ ਪ੍ਰਦਰਸ਼ਨ ਕਿਹੋ ਜਿਹਾ ਰਹੇਗਾ ਜਦੋਂ ਅਕਾਲੀ ਦਲ, ਕਾਂਗਰਸ ਅਤੇ ਆਮ ਆਦਮੀ ਪਾਰਟੀ (ਆਪ) ਵਰਗੀਆਂ ਮਜ਼ਬੂਤ ਪਾਰਟੀਆਂ ਮੌਜੂਦ ਹਨ? ਇਸ ਸਵਾਲ ਦੇ ਜਵਾਬ ਵਿੱਚ ਡੇਰਿਆਂ ਦੀ ਰਾਜਨੀਤੀ, ਖਾਸ ਕਰਕੇ ਰਵਿਦਾਸੀਆ ਸਮੁਦਾਏ ਅਤੇ ਦਲਿਤ ਵੋਟ ਬੈਂਕ ਨੂੰ ਆਕਰਸ਼ਿਤ ਕਰਨ ਵਾਲੀ ਬੀਜੇਪੀ ਦੀ ਰਣਨੀਤੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਲਈ ਪੇਸ਼ ਕੀਤੇ ਜਾ ਰਹੇ ਵਿਕਾਸ ਏਜੰਡੇ ਨੂੰ ਸਮਝਣਾ ਜ਼ਰੂਰੀ ਹੈ। ਹਾਲ ਹੀ ਵਿੱਚ ਹੋਏ ਵਿਕਾਸਾਂ ਨੇ ਇਸ ਨੂੰ ਹੋਰ ਤੇਜ਼ ਕਰ ਦਿੱਤਾ ਹੈ। 25 ਜਨਵਰੀ 2026 ਨੂੰ ਗਣਤੰਤਰ ਦਿਵਸ ਦੀ ਪੂਰਵ ਸੰਧਿਆ 'ਤੇ ਡੇਰਾ ਸਚਖੰਡ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ ਨੂੰ ਪਦਮ ਸ਼੍ਰੀ ਨਾਲ ਸਨਮਾਨਿਤ ਕੀਤਾ ਗਿਆ। ਇਸ ਤੋਂ ਕੁੱਝ ਦਿਨ ਬਾਅਦ, 1 ਫਰਵਰੀ 2026 ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਗੁਰੂ ਰਵਿਦਾਸ ਜੈਯੰਤੀ ਮੌਕੇ ਡੇਰਾ ਸੱਚਖੰਡ ਬੱਲਾਂ (ਜਲੰਧਰ ਨੇੜੇ) ਪਹੁੰਚਣ ਵਾਲੇ ਹਨ। ਇਹ ਦੋਵੇਂ ਘਟਨਾਵਾਂ ਬੀਜੇਪੀ ਦੀ ਪੰਜਾਬ ਵਿੱਚ ਦਲਿਤ ਵੋਟ ਬੈਂਕ ਨੂੰ ਮਜ਼ਬੂਤ ਕਰਨ ਵਾਲੀ ਰਣਨੀਤੀ ਨੂੰ ਸਾਫ਼ ਦਰਸਾਉਂਦੀਆਂ ਹਨ।

ਅੱਜ ਪੰਜਾਬ ਵਿੱਚ ਦਲਿਤ ਆਬਾਦੀ ਅਤੇ ਰਾਜਨੀਤਕ ਅਹਿਮੀਅਤ ਪੰਜਾਬ ਵਿੱਚ ਦਲਿਤਾਂ (ਸ਼ਡਿਊਲਡ ਕਾਸਟਸ) ਦੀ ਆਬਾਦੀ ਲਗਭਗ 32% ਹੈ, ਜੋ ਕਿਸੇ ਵੀ ਭਾਰਤੀ ਰਾਜ ਵਿੱਚ ਸਭ ਤੋਂ ਵੱਧ ਹੈ। 2011 ਦੀ ਜਨਗਣਨਾ ਅਨੁਸਾਰ ਇਹ ਅੰਕੜਾ 31.9% ਸੀ ਅਤੇ ਹਾਲ ਵਿੱਚ ਵੀ ਇਹ ਅਨੁਪਾਤ ਲਗਭਗ ਉਹੀ ਰਿਹਾ ਹੈ। ਪੰਜਾਬ ਦੇ ਤਿੰਨ ਮੁੱਖ ਖੇਤਰਾਂ ਵਿੱਚੋਂ ਦੁਆਬਾ (ਜਲੰਧਰ, ਹੁਸ਼ਿਆਰਪੁਰ, ਕਪੂਰਥਲਾ, ਨਵਾਂਸ਼ਹਿਰ) ਵਿੱਚ ਦਲਿਤ ਆਬਾਦੀ ਸਭ ਤੋਂ ਵੱਧ ਹੈ - ਲਗਭਗ 38-42% ਤੱਕ। ਕੁਝ ਵਿਧਾਨ ਸਭਾ ਹਲਕਿਆਂ ਵਿੱਚ ਇਹ ਅਨੁਪਾਤ 50% ਤੋਂ ਵੱਧ ਵੀ ਹੈ। ਰਵਿਦਾਸੀਆ ਅਤੇ ਰਾਮਦਾਸੀਆ ਸਮੁਦਾਏ (ਜਿਨ੍ਹਾਂ ਨੂੰ ਅਕਸਰ ਚਮਾਰ ਜਾਤੀ ਨਾਲ ਜੋੜਿਆ ਜਾਂਦਾ ਹੈ) ਇਸ ਵਿੱਚ ਸਭ ਤੋਂ ਵੱਡਾ ਹਿੱਸਾ ਰੱਖਦੇ ਹਨ। ਇਹ ਵੋਟ ਬੈਂਕ ਪਹਿਲਾਂ ਜ਼ਿਆਦਾਤਰ ਕਾਂਗਰਸ ਅਤੇ ਅਕਾਲੀ ਦਲ ਵੱਲ ਝੁਕਦਾ ਰਿਹਾ ਹੈ।



ਇਥੇ ਕਾਂਗਰਸ ਨੇ ਚਰਨਜੀਤ ਸਿੰਘ ਚੰਨੀ ਵਰਗੇ ਨੇਤਾਵਾਂ ਰਾਹੀਂ ਇਸ ਨੂੰ ਆਕਰਸ਼ਿਤ ਕੀਤਾ, ਜਦਕਿ ਅਕਾਲੀ ਦਲ ਨੇ ਵੀ ਵੱਖ-ਵੱਖ ਤਰੀਕਿਆਂ ਨਾਲ ਇਸ ਨੂੰ ਆਪਣੇ ਪੱਖ ਵਿੱਚ ਰੱਖਣ ਦੀ ਕੋਸ਼ਿਸ਼ ਕੀਤੀ। ਪਰ ਹੁਣ ਬੀਜੇਪੀ ਇਸ ਨੂੰ ਆਪਣੇ ਪੱਖ ਵਿੱਚ ਮੋੜਨ ਦੀ ਵੱਡੀ ਕੋਸ਼ਿਸ਼ ਕਰ ਰਹੀ ਹੈ। ਦੁਆਬਾ ਵਿੱਚ 39-42% ਦਲਿਤ ਵੋਟਰਾਂ ਦੀ ਮੌਜੂਦਗੀ ਨੂੰ ਧਿਆਨ ਵਿੱਚ ਰੱਖਦੇ ਹੋਏ, ਬੀਜੇਪੀ ਲਈ ਇਹ ਖੇਤਰ ਨਿਰਣਾਇਕ ਹੈ। ਜੇਕਰ ਇਹ ਵੋਟ ਬੈਂਕ ਵੰਡਿਆ ਨਾ ਜਾਵੇ ਤਾਂ ਇਹ ਸਰਕਾਰ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾ ਸਕਦਾ ਹੈ।

ਅੱਜ ਬੀਜੇਪੀ ਦੀ ਰਣਨੀਤੀ ਵਿੱਚ ਦਲਿਤ ਵੋਟਾਂ 'ਤੇ ਨਜ਼ਰ ਸਿਰਫ਼ ਚੋਣੀ ਨਹੀਂ ਬਲਕਿ ਲੰਬੇ ਸਮੇਂ ਦੀ ਹੈ। ਪਾਰਟੀ ਨੇ ਯੂਪੀ ਅਤੇ ਹਰਿਆਣਾ ਵਿੱਚ ਵੀ ਇਸ ਨੂੰ ਸਫਲਤਾਪੂਰਵਕ ਵਰਤਿਆ ਹੈ। ਪੰਜਾਬ ਵਿੱਚ ਜੱਟ ਸਿੱਖ ਵੋਟਰਾਂ ਨੂੰ ਜਿੱਤਣ ਵਿੱਚ ਮੁਸ਼ਕਲ ਆ ਰਹੀ ਹੈ (ਖੇਤੀ ਕਾਨੂੰਨਾਂ ਦੇ ਵਿਵਾਦ ਤੋਂ ਬਾਅਦ), ਇਸ ਲਈ ਦਲਿਤ ਵੋਟਰਾਂ ਤੇ ਫੋਕਸ ਵਧਾਇਆ ਜਾ ਰਿਹਾ ਹੈ। ਇਹ ਰਣਨੀਤੀ ਨੂੰ ਦਲਿਤ-ਡੇਰਾ ਸਟਰੈਟੇਜੀ ਵਜੋਂ ਵੇਖਿਆ ਜਾ ਰਿਹਾ ਹੈ।

ਅੱਜ ਡੇਰਾ ਸੱਚਖੰਡ ਬੱਲਾਂ ਰਵਿਦਾਸੀਆ ਸਮੁਦਾਏ ਦਾ ਕੇਂਦਰ ਅਤੇ ਰਾਜਨੀਤਕ ਪ੍ਰਭਾਵ ਡੇਰਾ ਸੱਚਖੰਡ ਬੱਲਾਂ (ਜਲੰਧਰ ਨੇੜੇ) ਰਵਿਦਾਸੀਆ ਭਾਈਚਾਰੇ ਦਾ ਸਭ ਤੋਂ ਪ੍ਰਮੁੱਖ ਅਤੇ ਪ੍ਰਭਾਵਸ਼ਾਲੀ ਕੇਂਦਰ ਹੈ। ਇਸ ਦੇ ਮੁਖੀ ਸੰਤ ਨਿਰੰਜਨ ਦਾਸ ਨੇ 1994 ਤੋਂ ਅਗਵਾਈ ਕੀਤੀ ਹੈ। ਡੇਰੇ ਨੇ ਹਸਪਤਾਲ (ਸਰਵਨ ਦਾਸ ਚੈਰੀਟੇਬਲ ਅੱਖਾਂ ਦਾ ਹਸਪਤਾਲ), ਸਕੂਲ (ਸਰਵਨ ਦਾਸ ਮਾਡਲ ਸਕੂਲ), ਉਦਯੋਗਿਕ ਸਿਖਲਾਈ ਸੰਸਥਾਵਾਂ ਅਤੇ ਹੋਰ ਸਮਾਜਿਕ ਸੰਸਥਾਵਾਂ ਖੋਲ੍ਹੀਆਂ ਹਨ। ਇਹ ਡੇਰਾ ਗੁਰੂ ਰਵਿਦਾਸ ਜੀ ਦੇ ਬੇਗੰਮਪੁਰਾ (ਬਿਨਾਂ ਦੁੱਖ ਵਾਲੇ ਸ਼ਹਿਰ) ਦੇ ਵਿਚਾਰ ਨੂੰ ਅੱਗੇ ਵਧਾਉਂਦਾ ਹੈ, ਜਿੱਥੇ ਜਾਤ-ਪਾਤ ਤੋਂ ਮੁਕਤ ਸਮਾਜ ਦੀ ਕਲਪਨਾ ਹੈ। ਡੇਰੇ ਦੇ ਲੱਖਾਂ ਅਨੁਯਾਈ ਹਨ, ਜ਼ਿਆਦਾਤਰ ਦੁਆਬਾ ਅਤੇ ਵਿਦੇਸ਼ਾਂ ਵਿੱਚ। ਇਹ ਰਾਜਨੀਤੀ ਵਿੱਚ ਸਿੱਧੇ ਤੌਰ 'ਤੇ ਨਹੀਂ ਪਾਸਾ ਪਲਟਦਾ ਪਰ ਇਸ ਦੇ ਅਨੁਯਾਈਆਂ ਦੀ ਵੋਟਿੰਗ ਪੈਟਰਨ ਰਾਜਨੀਤਕ ਪਾਰਟੀਆਂ ਲਈ ਅਹਿਮ ਹੁੰਦੀ ਹੈ।

ਪਿਛਲੀਆਂ ਚੋਣਾਂ ਵਿੱਚ ਵੱਖ-ਵੱਖ ਪਾਰਟੀਆਂ ਨੇ ਇੱਥੇ ਆ ਕੇ ਅਸੀਸ਼ ਵਰਗੇ ਰਿਸ਼ਤੇ ਬਣਾਏ ਹਨ ਪਰ ਹਾਲ ਵਿੱਚ ਬੀਜੇਪੀ ਨੇ ਇਸ ਨੂੰ ਵਧੇਰੇ ਨੇੜੇ ਲਿਆਂਦਾ ਹੈ। ਦਸੰਬਰ 2025 ਵਿੱਚ ਸੰਤ ਨਿਰੰਜਨ ਦਾਸ ਨੇ ਬੀਜੇਪੀ ਆਗੂਆਂ ਨਾਲ ਮਿਲ ਕੇ ਪੀਐੱਮ ਮੋਦੀ ਨੂੰ ਗੁਰੂ ਰਵਿਦਾਸ ਜਯੰਤੀ ਲਈ ਸੱਦਾ ਦਿੱਤਾ ਅਤੇ 650ਵੀਂ ਜਨਮ ਜਯੰਤੀ (2027 ਵਿੱਚ) ਲਈ ਦੇਸ਼ ਵਿਆਪੀ ਸਮਾਗਮਾਂ ਦੀ ਮੰਗ ਕੀਤੀ। ਇਸ ਤੋਂ ਪਹਿਲਾਂ ਡੇਰੇ ਵਿੱਚ ਪੀਐੱਮ ਦੇ ਜਨਮਦਿਨ 'ਤੇ ਅਰਦਾਸ ਵੀ ਕੀਤੀ ਗਈ ਸੀ। ਇਹ ਸਭ ਬੀਜੇਪੀ ਦੀ ਰਣਨੀਤੀ ਦਾ ਹਿੱਸਾ ਲੱਗਦੇ ਹਨ।

ਹੁਣ ਪਦਮ ਸ਼੍ਰੀ ਅਤੇ ਪੀਐੱਮ ਦੀ 1 ਫਰਵਰੀ ਵਾਲੀ ਯਾਤਰਾ ਦੇ ਰਾਜਨੀਤਕ ਅਤੇ ਸਮਾਜਿਕ ਮਾਇਨੇ ਹਨ ਅਤੇ 25 ਜਨਵਰੀ 2026 ਨੂੰ ਪਦਮ ਸ਼੍ਰੀ ਦਾ ਐਲਾਨ ਸੰਤ ਨਿਰੰਜਨ ਦਾਸ ਦੇ ਆਧਿਆਤਮਿਕ ਅਤੇ ਸਮਾਜਿਕ ਕੰਮਾਂ ਲਈ ਹੈ - 75 ਸਾਲਾਂ ਤੋਂ ਵੱਧ ਸੇਵਾ, ਸਮਾਜ ਸੁਧਾਰ ਅਤੇ ਗੁਰੂ ਰਵਿਦਾਸ ਜੀ ਦੇ ਵਿਚਾਰਾਂ ਨੂੰ ਫੈਲਾਉਣ ਲਈ। ਬੀਜੇਪੀ ਆਗੂਆਂ ਨੇ ਇਸ ਨੂੰ ਰਵਿਦਾਸੀਆ ਭਾਈਚਾਰੇ ਅਤੇ ਪੂਰੇ ਦੇਸ਼ ਲਈ ਮਾਣ ਵਾਲੀ ਗੱਲ ਦੱਸਿਆ। ਇਹ ਸਨਮਾਨ ਡੇਰੇ ਦੇ ਪ੍ਰਭਾਵ ਨੂੰ ਵਧਾਉਂਦਾ ਹੈ ਅਤੇ ਅਨੁਯਾਈਆਂ ਵਿੱਚ ਖੁਸ਼ੀ ਪੈਦਾ ਕਰਦਾ ਹੈ।

ਫਿਰ 1 ਫਰਵਰੀ 2026 ਨੂੰ ਪੀਐੱਮ ਮੋਦੀ ਦੀ ਯਾਤਰਾ - ਜੋ ਕਿ ਉਨ੍ਹਾਂ ਦੇ ਵਿਅਸਤ ਸ਼ੈਡਿਊਲ (ਯੂਨੀਅਨ ਬਜਟ ਤੋਂ ਬਾਅਦ) ਵਿੱਚੋਂ ਸਮਾਂ ਕੱਢ ਕੇ ਹੈ - ਬਹੁਤ ਵੱਡਾ ਸੰਕੇਤ ਹੈ। ਇਹ ਯਾਤਰਾ ਗੁਰੂ ਰਵਿਦਾਸ ਜਯੰਤੀ (649ਵੀਂ ਜਨਮ ਜਯੰਤੀ) ਮੌਕੇ ਹੈ ਅਤੇ ਡੇਰੇ ਵਿੱਚ ਸ਼ਾਮ 4 ਵਜੇ ਪਹੁੰਚਣ ਦਾ ਪ੍ਰੋਗਰਾਮ ਹੈ। ਇਹ ਪਹਿਲੀ ਵਾਰ ਹੈ ਜਦੋਂ ਪੀਐੱਮ ਡੇਰਾ ਬੱਲਾਂ ਜਾ ਰਹੇ ਹਨ। ਆਮ ਤੌਰ 'ਤੇ ਪੀਐੱਮ ਵਾਰਾਣਸੀ ਵਿੱਚ ਸੀਰ ਗੋਵਰਧਨਪੁਰ ਜਾਂਦੇ ਹਨ, ਪਰ ਇਸ ਵਾਰ ਪੰਜਾਬ ਵਿੱਚ ਆਉਣਾ ਰਵਿਦਾਸੀਆ ਸਮੁਦਾਏ ਨੂੰ ਵਿਸ਼ੇਸ਼ ਸਨਮਾਨ ਅਤੇ ਸੰਦੇਸ਼ ਵਜੋਂ ਵੇਖਿਆ ਜਾ ਰਿਹਾ ਹੈ।

ਇਹ ਕਦਮ ਸਿਰਫ਼ ਵੋਟਾਂ ਲਈ ਨਹੀਂ ਬਲਕਿ ਸਮਾਜਿਕ ਸਦਭਾਵਨਾ ਅਤੇ ਗੁਰੂ ਰਵਿਦਾਸ ਜੀ ਦੇ ਵਿਚਾਰਾਂ ਨੂੰ ਮਾਨਤਾ ਦੇਣ ਵਾਲੇ ਹਨ ਪਰ ਰਾਜਨੀਤਕ ਨਜ਼ਰੀਏ ਤੋਂ ਇਹ ਦਲਿਤ ਭਾਈਚਾਰੇ ਨੂੰ ਆਕਰਸ਼ਿਤ ਕਰਨ ਅਤੇ ਬੀਜੇਪੀ ਨੂੰ ਉਨ੍ਹਾਂ ਦੇ ਨੇੜੇ ਲਿਆਉਣ ਦਾ ਤਰੀਕਾ ਹੈ। ਬੀਜੇਪੀ ਦਾ ਪੰਜਾਬ ਲਈ ਠੋਸ ਵਿਕਾਸ ਏਜੰਡਾ ਬੀਜੇਪੀ ਨੇ ਪੰਜਾਬ ਵਿੱਚ ਵਿਕਾਸ ਨੂੰ ਆਪਣੀ ਮੁੱਖ ਚੋਣ ਮੁਹਿੰਮ ਬਣਾਇਆ ਹੈ। ਪਾਰਟੀ ਦਾ ਕਹਿਣਾ ਹੈ ਕਿ ਡਬਲ ਇੰਜਣ ਸਰਕਾਰ (ਕੇਂਦਰ ਅਤੇ ਸੂਬਾ ਵਿੱਚ ਬੀਜੇਪੀ) ਨਾਲ ਪੰਜਾਬ ਨੂੰ ਹਰਿਆਣਾ ਵਰਗਾ ਵਿਕਸਿਤ ਰਾਜ ਬਣਾਇਆ ਜਾ ਸਕਦਾ ਹੈ। ਹਰਿਆਣਾ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਈ ਵਾਰ ਕਿਹਾ ਹੈ ਕਿ ਬੀਜੇਪੀ ਸਰਕਾਰ ਬਣਨ 'ਤੇ ਪੰਜਾਬ ਨੂੰ ਦੇਸ਼ ਦਾ ਨੰਬਰ ਵਨ ਰਾਜ ਬਣਾਇਆ ਜਾਵੇਗਾ।

**ਮੁੱਖ ਵਿਕਾਸ ਏਜੰਡੇ ਵਿੱਚ ਸ਼ਾਮਲ ਹਨ।**

**ਖੇਤੀ ਅਤੇ ਕਿਸਾਨਾਂ ਲਈ:** ਫਸਲਾਂ ਦੀ ਐਮਐੱਸਪੀ ਤੇ ਖਰੀਦ ਵਧਾਉਣਾ, ਹਰਿਆਣਾ ਵਾਂਗ 20-25 ਫਸਲਾਂ ਨੂੰ ਐਮਐੱਸਪੀ ਕਵਰ ਕਰਨਾ, ਸਟੱਬਲ ਮੈਨੇਜਮੈਂਟ ਲਈ ਇਨਸੈਂਟਿਵ, ਮੇਰਾ ਪਾਣੀ ਮੇਰੀ ਵਿਰਾਸਤ ਵਰਗੀਆਂ ਸਕੀਮਾਂ ਨੂੰ ਵਧਾਉਣਾ ਅਤੇ ਫਸਲ ਵਿਭਿੰਨਤਾ ਨੂੰ ਉਤਸ਼ਾਹਿਤ ਕਰਨਾ।

ਨਸ਼ੇ ਅਤੇ ਅਪਰਾਧ ਖ਼ਿਲਾਫ਼ ,ਨਸ਼ੇ, ਗੈਂਗਸਟਰ ਅਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨਾ ਪਾਰਟੀ ਦੀ ਪ੍ਰਾਇਰਿਟੀ ਹੈ। ਬੀਜੇਪੀ ਆਗੂ ਕਹਿੰਦੇ ਹਨ ਕਿ ਸਿਰਫ਼ ਬੀਜੇਪੀ ਹੀ ਇਹ ਮੁੱਦੇ ਹੱਲ ਕਰ ਸਕਦੀ ਹੈ। ਰੁਜ਼ਗਾਰ ਅਤੇ ਗਰੀਬ ਕਲਿਆਣ ਨਵੀਂ ਰੂਰਲ ਜੌਬ ਸਕੀਮ (ਐਮਜੀਐਨਆਰਈਜੀਏ ਵਰਗੀ) ਵਿੱਚ ਸਿੱਧੇ ਬੈਂਕ ਟਰਾਂਸਫਰ, ਭ੍ਰਿਸ਼ਟਾਚਾਰ ਰੋਕਣਾ ਅਤੇ 100 ਦਿਨਾਂ ਦੀ ਗਰੰਟੀ ਨੂੰ ਮਜ਼ਬੂਤ ਕਰਨਾ।

ਅੱਜ ਸਿੱਖਿਆ ਅਤੇ ਸਿਹਤ ਹਸਪਤਾਲਾਂ, ਸਕੂਲਾਂ ਅਤੇ ਆਈਟੀਆਈਜ਼ ਨੂੰ ਵਧਾਉਣਾ, ਜਿਵੇਂ ਡੇਰੇ ਵਰਗੀਆਂ ਸੰਸਥਾਵਾਂ ਨਾਲ ਸਹਿਯੋਗ।

**ਬੁਨਿਆਦੀ ਢਾਂਚਾ:** ਰੋਡ, ਰੇਲ ਅਤੇ ਇੰਡਸਟਰੀ ਨੂੰ ਵਧਾਉਣਾ ਤਾਂ ਜੋ ਪੰਜਾਬ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਇਆ ਜਾ ਸਕੇ।

ਅੱਜ ਬੀਜੇਪੀ ਦਾ ਕਹਿਣਾ ਹੈ ਕਿ ਆਪ ਅਤੇ ਕਾਂਗਰਸ ਨੇ ਪੰਜਾਬ ਨੂੰ ਰੰਗਲੇ ਤੋਂ ਕੰਗਲੇ ਬਣਾ ਦਿੱਤਾ ਹੈ ਅਤੇ ਸਿਰਫ਼ ਮੋਦੀ ਦੀ ਅਗਵਾਈ ਵਿੱਚ ਵਿਕਾਸ ਸੰਭਵ ਹੈ। ਚੁਣੌਤੀਆਂ ਅਤੇ ਸੰਭਾਵਨਾਵਾਂ ਬੀਜੇਪੀ ਨੂੰ ਚੁਣੌਤੀਆਂ ਵੀ ਬਹੁਤ ਹਨ। ਪੇਂਡੂ ਇਲਾਕਿਆਂ ਵਿੱਚ ਪਾਰਟੀ ਦੀ ਮਜ਼ਬੂਤੀ ਘੱਟ ਹੈ। ਆਪ ਅਤੇ ਕਾਂਗਰਸ ਵੀ ਦਲਿਤ ਵੋਟਰਾਂ 'ਤੇ ਫੋਕਸ ਕਰ ਰਹੇ ਹਨ। ਅਕਾਲੀ ਦਲ ਨਾਲ ਗਠਜੋੜ ਦੀਆਂ ਅਫਵਾਹਾਂ ਵੀ ਚੱਲ ਰਹੀਆਂ ਹਨ ਪਰ ਪੀਐੱਮ ਦੀ ਯਾਤਰਾ ਅਤੇ ਪਦਮ ਸ਼੍ਰੀ ਵਰਗੇ ਕਦਮ ਰਵਿਦਾਸੀਆ ਸਮੁਦਾਏ ਵਿੱਚ ਚੰਗਾ ਪ੍ਰਭਾਵ ਬਣਾ ਰਹੇ ਹਨ।

ਅੱਜ ਸਿੱਟੇ ਵਜੋਂ, ਪੰਜਾਬ ਦੀ ਰਾਜਨੀਤੀ ਵਿੱਚ ਡੇਰੇ ਅਤੇ ਜਾਤੀਆਂ ਦੀ ਵੰਡ ਨੂੰ ਸਮਝਣਾ ਜ਼ਰੂਰੀ ਹੈ। ਬੀਜੇਪੀ ਦੀ ਇਹ ਰਣਨੀਤੀ - ਦਲਿਤ ਵੋਟ ਬੈਂਕ ਨੂੰ ਆਕਰਸ਼ਿਤ ਕਰਨਾ ਅਤੇ ਵਿਕਾਸ ਏਜੰਡੇ ਨਾਲ ਜੋੜਨਾ - ਸਫਲ ਹੋਵੇ ਜਾਂ ਨਾ ਹੋਵੇ, ਪਰ ਇਹ ਸਾਫ਼ ਹੈ ਕਿ ਰਵਿਦਾਸੀਆ ਭਾਈਚਾਰਾ ਅਤੇ ਦਲਿਤ ਵੋਟਰ 2027 ਵਿੱਚ ਨਿਰਣਾਇਕ ਭੂਮਿਕਾ ਨਿਭਾਏਗਾ। ਇਹ ਘਟਨਾਵਾਂ ਨਾ ਸਿਰਫ਼ ਰਾਜਨੀਤਕ ਹਨ ਬਲਕਿ ਸਮਾਜਿਕ ਸਦਭਾਵਨਾ, ਸਨਮਾਨ ਅਤੇ ਵਿਕਾਸ ਨੂੰ ਵੀ ਦਰਸਾਉਂਦੀਆਂ ਹਨ।

# ਪੰਜਾਬ ਚੌਰਾਹੇ 'ਤੇ ਨਹੀਂ ਖੜ੍ਹਾ, ਬੇਚੈਨ ਵੀ ਦਿਸਦੈ



ਕਮਲਜੀਤ ਸਿੰਘ ਬਨਵੈਤ
98147 34035

- ਗਣਤੰਤਰ ਦਿਵਸ ਦੇ ਦਿਨ ਸਰਕਾਰੀ ਸਮਾਗਮਾਂ ਲਾਂਭੇ ਹੋ ਕੇ ਕਿਸਾਨ ਸੜਕਾਂ 'ਤੇ ਉਤਰੇ
- ਮੁੱਖ ਮੰਤਰੀ ਮਾਨ ਨੇ ਇਸ ਖਾਸ ਦਿਨ 'ਤੇ ਆਪਣੇ ਭਾਸ਼ਣ ਵਿੱਚ ਚੰਡੀਗੜ੍ਹ ਮੰਗਿਆ
- ਚੰਡੀਗੜ੍ਹ ਦੇ ਮਟਕਾ ਚੌਕ 'ਤੇ ਇਕੱਤਰ ਹੋਏ ਪੰਜਾਬੀਆਂ ਨੇ ਦੁਹਰਾਇਆ ਚੰਡੀਗੜ੍ਹ 'ਤੇ ਆਪਣਾ ਹੱਕ
- ਮੌੜ ਨਗਰ ਨਿਗਮ ਦੇ ਪ੍ਰਧਾਨ ਵੱਲੋਂ ਹਲਕੇ ਦੇ ਵਿਧਾਇਕ ਉਤੇ ਲਾਏ ਦੋਸ਼ ਨਾਲ ਢਿੱਡ ਨੰਗਾ ਹੋਇਆ

ਗਣਤੰਤਰ ਦਿਵਸ 'ਤੇ ਹਰ ਸਾਲ ਦੀ ਤਰ੍ਹਾਂ ਇੱਕ ਪਾਸੇ ਹਾਕਮ ਆਪਣੀਆਂ ਝੂਠੀਆਂ ਸੱਚੀਆਂ ਪ੍ਰਾਪਤੀਆਂ ਦਾ ਗੁਣ ਗਾਣ ਕਰ ਰਿਹਾ ਸੀ । ਦੂਜੇ ਬੰਨੇ ਮੁਲਕ ਦਾ ਕਿਸਾਨ ਸੜਕਾਂ 'ਤੇ ਸੀ। ਨੌਜਵਾਨ ਹੱਥਾਂ ਵਿੱਚ ਝੰਡੇ ਲਈ ਰੋਜ਼ੀ ਰੋਟੀ ਲਈ ਵਿਲਕ ਰਹੇ ਸਨ। ਪੰਜਾਬ ਵਿੱਚ ਕਾਤਲ ਆਪਣਾ ਜਲਵਾ ਦਿਖਾ ਰਹੇ ਸਨ। ਗਣਤੰਤਰ ਦਿਵਸ ਮੌਕੇ ਮੁਲਕ ਦੀ ਧਰਤੀ ਰੰਗਲੀ ਸੀ ਪਰ ਲੋਕਾਂ ਦੇ ਖ਼ੂਨ ਨਾਲ ਰੰਗੀ ਹੋਈ। ਇੰਝ ਲੱਗ ਰਿਹਾ ਹੈ ਕਿ ਮੁਲਕ ਤੇ ਸੂਬੇ ਦੇ ਹਾਕਮ ਨੂੰ ਮਰਜ਼ ਦੀ ਸਮਝ ਤਾਂ ਹੈ ਪਰ ਉਸ ਕੋਲ ਇਲਾਜ ਨਹੀਂ ਹੈ। ਹਾਕਮਾਂ ਦੇ ਭਾਸ਼ਣਾਂ ਵਿੱਚੋਂ ਵੀ ਮੁਲਕ ਅਤੇ ਸੂਬੇ ਦਾ ਮੂੰਹ ਮੱਥਾ ਨਜ਼ਰ ਨਹੀਂ ਆਇਆ।

ਮੁਲਕ ਦੇ ਲੋਕ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੇ ਹਨ। ਕਈਆਂ ਕੋਲ ਢਿੱਡ ਭਰਨ ਲਈ ਰੋਟੀ ਨਹੀਂ। ਦੂਜਿਆਂ ਕੋਲ ਗਣਤੰਤਰ ਦਿਵਸ ਦੀ 77ਵੀਂ ਵਰੇਗੰਢ ਮੌਕੇ ਸਿਰ ਦੀ ਛੱਤ ਨਸੀਬ ਨਹੀਂ ਹੋਈ। ਲੱਖਾਂ ਨਹੀਂ ਅਰਬਾਂ ਅਜਿਹੇ ਹੋਣਗੇ ਜਿਹੜੇ ਇਲਾਜ ਖੁਣੋਂ ਵਿਲਕਦੇ ਨਜ਼ਰੀ ਪੈਂਦੇ ਹਨ। ਚੌਕਾਂ ਤੇ ਚੌਰਾਹਿਆਂ 'ਤੇ ਗਣਤੰਤਰ ਦਿਵਸ ਮੌਕੇ ਘਰਾਂ 'ਤੇ ਤਿਰੰਗਾ ਲਹਿਰਾਉਣ ਲਈ ਝੰਡਾ ਵੇਚਦੇ ਮਾਸੂਮ ਬੱਚਿਆਂ ਨੂੰ ਨਾ ਤਾਂ ਇਸ ਦੀ ਅਹਿਮੀਅਤ ਬਾਰੇ ਪਤਾ ਹੈ ਤੇ ਨਾ ਹੀ ਉਹਨਾਂ ਨੂੰ ਇਸ ਨਾਲ ਕੋਈ ਭਾਅ ਲੱਗਦਾ ਹੈ। ਉਹਨਾਂ ਦੀ ਦੌੜ ਤਾਂ ਰਾਤ ਦੀ ਰੋਟੀ ਕਮਾਉਣ 'ਤੇ ਆ ਕੇ ਮੁੱਕ ਜਾਂਦੀ ਹੈ।

ਪੰਜਾਬ ਦੀ ਗੱਲ ਕਰੀਏ ਤਾਂ ਸਰਕਾਰ ਨਸ਼ਿਆਂ ਦੇ ਵਗਦੇ ਛੇਵੇਂ ਦਰਿਆ ਨੂੰ ਬੰਨ ਮਾਰਨ ਅਤੇ ਗੈਂਗਸਟਰਾਂ ਦਾ ਖ਼ਾਤਮਾ ਕਰਨ ਦਾ ਦਾਅਵਾ ਕਰ ਰਹੀ ਹੈ। ਜੇ ਇਹ ਸੱਚ ਹੁੰਦਾ ਤਾਂ ਪੁਲਿਸ ਨੂੰ 72 ਘੰਟੇ ਦਾ ਪਰਹਾਰ ਆਪਰੇਸ਼ਨ ਨਹੀਂ ਸੀ ਚਲਾਉਣਾ ਪੈਣਾ। ਫਿਰੌਤੀਆਂ ਮੰਗਣ ਵਾਲਿਆਂ ਦੇ ਦਿਲਾਂ ਵਿੱਚ ਕਿਸੇ ਦਾ ਭੈਅ ਨਹੀਂ। ਨੌਜਵਾਨ ਸ਼ਰੇਆਮ ਹੱਥ ਵਿੱਚ ਬੰਦੂਕਾਂ ਲਈ ਦੇਖਣ ਨੂੰ ਮਿਲਣਗੇ। ਗਣਤੰਤਰ ਦਿਵਸ ਤੋਂ ਪਹਿਲਾਂ ਮੁਲਕ ਭਰ ਵਿੱਚ ਸੁਰੱਖਿਆ ਦੀ ਛੱਤਰੀ ਤਾਣੇ ਜਾਣ ਦੇ ਬਾਵਜੂਦ ਇੱਕ ਪੁਲਿਸ ਵਾਲੇ ਨੇ ਆਪਣੀ ਮਾਂ ਤੇ ਭੈਣ ਨੂੰ ਇੱਕ ਟੱਕ ਜ਼ਮੀਨ ਦੀ ਖਾਤਰ ਕਾਰ ਵਿੱਚ ਜਿਊਂਦਿਆਂ ਸਾੜ ਕੇ ਬਾਅਦ ਵਿੱਚ ਹਾਦਸਾ ਦਿਖਾ ਦਿੱਤਾ। ਪੁਲਿਸ ਨੇ ਉਸਨੂੰ ਨੱਪ ਲਿਆ। ਪਟਿਆਲਾ ਵਿੱਚ ਇੱਕ ਹੌਲਦਾਰ ਨੂੰ ਚਿੱਟੇ ਦਿਨ ਵੇਲੇ ਭਰੇ ਬਜ਼ਾਰ ਵਿੱਚ ਗੋਲੀਆਂ ਦਾ ਨਿਸ਼ਾਨਾ ਬਣਾਇਆ ਗਿਆ। ਹੋਰ ਇੱਕ ਵਕੀਲ ਜਿਹੜਾ ਕਿ ਭਾਰਤੀ ਜਨਤਾ ਪਾਰਟੀ ਦਾ ਹਮਾਇਤੀ ਹੈ, ਉੱਤੇ ਵੀ ਹਮਲਾ ਹੋਇਆ।

ਸਵਾਲ ਖੜ੍ਹਾ ਹੁੰਦਾ ਹੈ ਕਿ ਕੀ ਪੰਜਾਬ ਪੁਲਿਸ ਬੇਵੱਸ ਹੋ ਕੇ ਰਹਿ ਗਈ ਹੈ ਜਾਂ ਸਾਰਾ ਕੁਝ ਪੁਲਿਸ ਦੀ ਸ਼ਹਿ ਨਾਲ ਹੋ ਰਿਹਾ ਹੈ। ਹੋ ਇਹ ਵੀ ਸਕਦਾ ਹੈ ਕਿ ਜਦੋਂ ਲੋਕਾਂ ਨੂੰ ਸਰਕਾਰ ਜਾਂ ਅਦਾਲਤਾਂ ਤੋਂ ਇਨਸਾਫ਼ ਨਾ ਮਿਲੇ ਤਾਂ ਉਹ ਕਾਨੂੰਨ ਆਪਣੇ ਹੱਥ ਵਿੱਚ ਲੈਣ ਲੱਗ ਜਾਂਦੇ ਹੋਣ। ਹੋ ਸਕਦੈ ਦੇਰ ਸਵੇਰ ਆਪਣੇ ਲਈ ਇਨਸਾਫ਼ ਆਪਣੀ ਮਰਜ਼ੀ ਨਾਲ ਲੈਣ ਲਈ ਉੱਠ ਪੈਂਦੇ ਹੋਣ। ਅਦਾਲਤਾਂ ਵਿੱਚ ਇਨਸਾਫ਼ ਨੂੰ ਹੋ ਰਹੀ ਦੇਰੀ ਤੇ ਪੁਲਿਸ ਦੀ ਧੱਕੇਸ਼ਾਹੀ ਕਿਸੇ ਤੋਂ ਲੁਕੀ ਨਹੀਂ ਹੈ। ਪੁਲਿਸ ਨੂੰ ਸਾਊ ਨੂੰ ਮੁਜਰਮ ਅਤੇ ਮੁਜਰਮ ਨੂੰ ਭਲਾਮਾਨਸ ਬਣਾਉਣ ਵਿੱਚ ਪੂਰੀ ਮੁਹਾਰਤ ਹੈ। ਉਸੇ ਪੁਲਿਸ ਦੀ ਗੱਲ ਹੋ ਰਹੀ ਹੈ ਜਿਸਨੇ ਸੀ ਆਈ ਏ ਸੈਂਟਰ ਵਿੱਚੋਂ ਇੱਕ ਗੈਂਗਸਟਰ ਦੀ ਮੀਡੀਆ ਨਾਲ ਇੰਟਰਵਿਊ ਕਰਾ ਦਿੱਤੀ ਸੀ। ਉਹੀ ਪੁਲਿਸ ਹੁਣ ਗੈਂਗਸਟਰਾਂ ਅਤੇ ਫਿਰੌਤੀਆਂ ਮੰਗਣ ਵਾਲਿਆਂ ਦੀਆਂ ਲੱਤਾਂ ਵਿੱਚ ਗੋਲੀਆਂ ਮਾਰਨ ਲੱਗੀ ਹੈ। ਪਰਹਾਰ ਅਪਰੇਸ਼ਨ ਦੇ ਨਾਂ 'ਤੇ ਸੈਂਕੜੇ ਨੌਜਵਾਨ ਘਰਾਂ ਵਿੱਚੋਂ ਚੁੱਕੇ। ਲੋਕਾਂ ਨੇ ਵਿਰੋਧ ਕੀਤਾ ਪਰ ਸੁਣੀ ਕਿਸੇ ਨਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਦੋਂ ਸ਼ਹੀਦ ਭਗਤ ਸਿੰਘ ਦੇ ਪਿੰਡ ਖੜ੍ਹੇ ਹੋ ਕੇ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੀ ਸਹੁੰ ਚੁੱਕੀ ਤਾਂ ਪੰਜਾਬੀ ਅਸ਼-ਅਸ਼ ਕਰ ਉਠੇ। ਰਿਸ਼ਵਤਖੋਰੀ ਲਪੇਟ ਵਿੱਚ ਸਰਕਾਰ ਦੇ ਮੰਤਰੀ ਲਪੇਟੇ ਗਏ ਅਤੇ ਕਈ ਵਿਧਾਇਕ ਵੀ। ਹੁਣ ਗਣਤੰਤਰ ਦਿਵਸ ਮੌਕੇ ਮੌੜ ਵਿੱਚ ਜੋ ਕੁਝ ਵਾਪਰਿਆ, ਉਸ ਨੇ ਤਾਂ ਢਿੱਡ ਤੋਂ ਝੱਗਾ ਹੀ ਚੁੱਕ ਦਿੱਤਾ। ਮੌੜ ਨਗਰ ਕੌਂਸਲ ਵੱਲੋਂ ਗਣਤੰਤਰ ਦਿਵਸ ਨੂੰ ਸਮਰਪਿਤ ਕਰਵਾਏ ਸਮਾਗਮ ਵਿੱਚ ਜਦੋਂ ਪ੍ਰਧਾਨ ਅਤੇ ਹਲਕੇ ਦੇ ਐਮਐਲਏ ਵਿੱਚ ਕੁਰਸੀ ਨੂੰ ਲੈ ਕੇ ਰੌਲਾ ਪੈ ਗਿਆ ਤਾਂ ਭਰਿਸ਼ਟਾਚਾਰ ਮੁਹਿੰਮ ਦਾ ਕਿਹੜਾ ਪੋਲ ਖੁੱਲ੍ਹਿਆ, ਉਸਨੇ ਆਮ ਆਦਮੀ ਪਾਰਟੀ ਅਤੇ ਸਰਕਾਰ ਮੂਹਰੇ ਕਈ ਸਵਾਲ ਖੜ੍ਹੇ ਕਰ ਦਿੱਤੇ ਹਨ। ਗਣਤੰਤਰ ਦਿਵਸ ਨੂੰ ਸਮਰਪਿਤ ਸਮਾਗਮ ਨਗਰ ਕੌਂਸਲ ਮੌੜ ਵੱਲੋਂ ਕਰਵਾਇਆ ਗਿਆ ਸੀ। ਸਮਾਗਮ ਵਿੱਚ ਹਲਕੇ ਦੇ ਵਿਧਾਇਕ ਸੁਖਬੀਰ ਸਿੰਘ ਮਾਈਸਰਖਾਨਾ ਸਟੇਜ 'ਤੇ ਰੱਖੀਆਂ ਕੁਰਸੀਆਂ ਉੱਤੇ ਆ ਕੇ ਸੱਜ ਗਏ। ਕੌਂਸਲ ਦੇ ਪ੍ਰਧਾਨ ਲਈ ਰੱਖੀ ਕੁਰਸੀ ਉੱਤੇ ਐਮਐਲਏ ਦਾ ਨਜ਼ਦੀਕੀ ਕਬਜ਼ਾ ਕਰਕੇ ਬੈਠ ਗਿਆ। ਪ੍ਰਧਾਨ ਨੂੰ ਬੈਠਣ ਲਈ ਕੁਰਸੀ ਨਾ ਦਿੱਸੀ ਤਾਂ ਉਸ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਚੜ੍ਹ ਗਿਆ। ਪ੍ਰਧਾਨ ਕਰਨੈਲ ਸਿੰਘ ਸਟੇਜ ਤੋਂ ਐਮਐਲਏ ਮਾਈਸਰਖਾਨਾ ਨੂੰ ਮੇਹਣਾ ਮਾਰਦੇ ਸੁਣੇ ਗਏ ਕਿ ਉਸ ਨੇ ਚੋਣ ਵੇਲੇ ਪ੍ਰਧਾਨਗੀ 40 ਲੱਖ ਵਿੱਚ ਲਈ ਸੀ। ਸਰਲ ਸ਼ਬਦਾਂ ਵਿੱਚ ਇਹ ਕਿ ਉਸਨੇ ਕੌਂਸਲਰ ਨੇ ਆਪਣੇ ਹੱਕ ਵਿੱਚ ਭੁਗਤਾਉਣ ਲਈ ਐਮਐਲਏ ਨੂੰ 40 ਲੱਖ ਦਿੱਤੇ ਹੋਣਗੇ। ਉਸਨੇ ਇਹ ਇਲਜ਼ਾਮ ਉਦੋਂ ਲਾਏ ਜਦੋਂ ਸਮਾਗਮ ਵਿੱਚ ਸਥਾਨਕ ਪ੍ਰਸ਼ਾਸਨ ਅਤੇ ਆਮ ਲੋਕ ਮੌਜੂਦ ਸਨ। ਹੈਰਾਨੀ ਦੀ ਗੱਲ ਇਹ ਹੈ ਕਿ ਉਹ ਵਾਰ ਵਾਰ ਤੋਹਮਤਾਂ ਲਾਉਂਦੇ ਰਹੇ ਪਰ ਮਾਈਸਰਖਾਨਾ ਨੇ ਮੂੰਹ ਨਾ ਖੋਲ੍ਹਿਆ। ਆਮ ਆਦਮੀ ਪਾਰਟੀ ਅਤੇ ਸਰਕਾਰ ਵੀ ਹਾਲੇ ਤੱਕ ਚੁੱਪ ਹੈ।

ਮੁੱਖ ਮੰਤਰੀ ਮਾਨ ਨੇ ਆਪਣੇ ਭਾਸ਼ਣ ਦੀ ਸੁਰ ਬਦਲੀ ਹੈ । ਉਹ ਗਣਤੰਤਰ ਦਿਵਸ ਮੌਕੇ ਦੇ ਉੱਤੇ ਭਾਸ਼ਣ ਵਿੱਚ ਚੰਡੀਗੜ੍ਹ ਪੰਜਾਬ ਲਈ ਮੰਗਦੇ ਹਨ। ਸ਼੍ਰੋਮਣੀ ਅਕਾਲੀ ਦਲ ਜਦੋਂ ਸੱਤਾ ਵਿੱਚ ਹੁੰਦਾ ਸੀ ਤਾਂ ਇਸ ਮੰਗ ਤੋਂ ਲਾਂਭੇ ਚਲੇ ਜਾਂਦਾ ਰਿਹਾ ਸੀ ਪਰ ਮਾਨ ਨੇ ਸੱਤਾ ਵਿੱਚ ਹੁੰਦਿਆਂ ਵੰਗਾਰਿਆ ਹੈ। ਵੋਟਾਂ ਨੇੜੇ ਹਨ। ਲੋਕਾਂ ਦੀ ਨਬਜ਼ 'ਤੇ ਹੱਥ ਰੱਖਣ ਵਾਲਾ ਹੀ ਜਿੱਤੇਗਾ। ਦਿੱਲੀ ਵਾਲਿਆਂ ਲਈ ਪੰਜਾਬ ਓਪਰਾ ਹੈ। ਪਰ ਮੁੱਖ ਮੰਤਰੀ ਮਾਨ ਤਾਂ ਪੰਜਾਬ ਦੇ ਜਾਏ ਹਨ। ਦਿਲ ਵਿੱਚ ਦਰਦ ਜਾਗਣਾ ਹੀ ਹੋਇਆ।

ਚੰਡੀਗੜ੍ਹ ਪੰਜਾਬ ਦੀ ਹਿੱਕ ਉੱਤੇ ਉਸਾਰਿਆ ਗਿਆ ਸੀ। ਚੰਡੀਗੜ੍ਹ ਨੂੰ ਵਸਾਉਣ ਲਈ ਪੰਜਾਬ ਦੇ ਦੋ ਦਰਜਨ ਪਿੰਡ ਉਜਾੜੇ ਗਏ ਸਨ। ਕੇਂਦਰ ਨੇ ਚਤੁਰਾਈ ਨਾਲ ਪੰਜਾਬ ਤੋਂ ਚੰਡੀਗੜ੍ਹ ਖੋਹ ਲਿਆ। ਦੁੱਖ ਇਸ ਗੱਲ ਦਾ ਹੈ ਕਿ ਸਿਆਸੀ ਪਾਰਟੀਆਂ ਦੇ ਮੁੱਦਿਆਂ ਵਿੱਚ ਕੇਂਦਰ ਦੀ ਪੰਜਾਬ ਨਾਲ ਹੋ ਰਹੀ ਧੱਕੇਸ਼ਾਹੀ ਮੁੱਦਾ ਨਹੀਂ ਹੈ। ਨਾ ਕਿਸੇ ਨੂੰ ਤਾਕਤਾਂ ਦੇ ਹੋ ਰਹੇ ਕੇਂਦਰੀਕਰਨ ਦਾ ਫਿਕਰ ਹੈ। ਸੰਘੀ ਢਾਂਚਾ ਤਾਂ ਗੁਆਚ ਗਿਆ ਲੱਗਦਾ ਹੈ। ਸਿਆਸੀ ਪਾਰਟੀਆਂ ਦੀ ਦੌੜ ਸਿਰਫ਼ ਸੱਤਾ ਹਾਸਲ ਕਰਨ ਤੱਕ ਹੈ, ਉਹਨਾਂ ਦੀ ਜਾਣੇ ਬਲਾ। ਲੋਕ ਜਾਣ ਢੱਠੇ ਖੂਹ ਵਿੱਚ, ਮਾਮਲਾ ਕੁਰਸੀ ਦਾ ਹੈ। ਪਰ ਸਾਰੇ ਭੁੱਲ ਜਾਂਦੇ ਹਨ ਕਿ ਪੰਜਾਬੀ ਪਟਕਾ ਕੇ ਮਾਰਨ ਲੱਗੇ ਦੇਰ ਨਹੀਂ ਲਾਉਂਦੇ ਹਨ। ਪੰਜਾਬ ਉੱਠ ਕੇ ਡਿੱਗਣ ਤੇ ਡਿੱਗ ਕੇ ਉੱਠਣ ਦਾ ਦਮ ਰੱਖਦਾ ਹੈ।



ਬਘੇਲ ਸਿੰਘ ਧਾਲੀਵਾਲ
99142-58142

# ਏ. ਆਈ. ਦਾ ਸਾਹਿਤ ਦੀ ਮੌਲਿਕਤਾ ਅਤੇ ਮਨੁੱਖੀ ਬੌਧਿਕਤਾ 'ਤੇ ਕਾਤਲਾਨਾ ਹਮਲਾ

ਮੌਜੂਦਾ ਦੌਰ ਨੂੰ ਜੇਕਰ ਅਧੁਨਿਕਤਾ ਦਾ ਸਿਖਰ ਮੰਨ ਲਿਆ ਜਾਵੇ ਤਾਂ ਕੁੱਝ ਵੀ ਗਲਤ ਨਹੀਂ ਹੋਵੇਗਾ। ਇਹ ਅਜਿਹਾ ਦੌਰ ਹੈ ਜਦੋਂ ਮਨੁੱਖ, ਮਨੁੱਖ ਨਾ ਰਹਿ ਕੇ ਮਸ਼ੀਨ ਹੋਣ ਵੱਲ ਨੂੰ ਤੇਜ਼ੀ ਨਾਲ ਤੁਰ ਰਿਹਾ ਹੈ। ਸੰਚਾਰ ਸਾਧਨਾਂ ਦੀ ਸੂਖਮਤਾ ਨੇ ਮਨੁੱਖ ਅੰਦਰਲੀ ਪ੍ਰਤਿਭਾ ਨੂੰ ਹੋਰ ਨਿਖਾਰਨ ਦੀ ਬਜਾਏ ਨਿਕੰਮਾ ਅਤੇ ਆਲਸੀ ਬਣਾ ਦਿੱਤਾ ਹੈ। ਜੈਮਿਨੀ ਅਤੇ ਚੈਟ ਜੀਪੀਟੀ ਵਰਗੀਆਂ ਅਤਿ ਅਧੁਨਿਕ ਐਪਾਂ ਮਨੁੱਖ ਦੀ ਅੰਦਰਲੀ ਗੱਲ ਨੂੰ ਸਮਝ ਕੇ ਉਸਦੇ ਅਨੁਸਾਰ ਹਰ ਤਰ੍ਹਾਂ ਦੇ ਗਲਤ ਠੀਕ ਵੀਡੀਓ, ਫੋਟੋਆਂ ਨੂੰ ਐਡਿਟ ਕਰਕੇ ਹਰ ਸੰਚੇ ਵਿੱਚ ਫਿੱਟ ਕਰਨ ਤੋਂ ਇਲਾਵਾ ਮਨੁੱਖ ਦੀ ਇੱਛਾ ਅਤੇ ਮਨੋ ਬਿਰਤੀ ਅਨੁਸਾਰ ਕਹਾਣੀਆਂ, ਲੇਖ ਅਤੇ ਕਵਿਤਾਵਾਂ ਤੱਕ ਲਿਖ ਕੇ ਦੇਣਾ ਕੁੱਝ ਸੈਕਿੰਡ ਦੀ ਗੱਲ ਬਣ ਕੇ ਰਹਿ ਗਈ ਹੈ। ਇਸ ਅਤਿ ਆਧੁਨਿਕ ਸੂਖਮ ਸਾਧਨਾਂ ਦੀ ਬਦੌਲਤ ਲਿਖੇ ਹੋਏ ਲੇਖ, ਕਹਾਣੀਆਂ ਅਤੇ ਕਵਿਤਾਵਾਂ ਅਖਬਾਰਾਂ ਦੇ ਸੰਪਾਦਕੀ ਪੰਨਿਆਂ ਦਾ ਸ਼ਿੰਗਾਰ ਬਣ ਰਹੇ ਹਨ। ਉਪਰੋਕਤ ਸੂਖਮ ਸਾਧਨਾਂ ਨੇ ਜਿੱਥੇ ਪਾਠਕਾਂ ਕੋਲੋਂ ਉਹਨਾਂ ਦੇ ਪਸੰਦੀ ਦੀਆਂ ਕਲਮਾਂ ਖੋਹ ਲਈਆਂ ਹਨ, ਓਥੇ ਇਸ ਆਧੁਨਿਕਤਾ ਵੱਲੋਂ ਕਾਲਮ ਨਵੀਸਾਂ, ਲੇਖਕਾਂ ਕਵੀਆਂ ਆਦਿ ਦੀ ਮੌਲਿਕਤਾ ਨੂੰ ਵੱਡੀ ਢਾਹ ਲਾਈ ਜਾ ਰਹੀ ਹੈ। ਆਮ ਤੌਰ 'ਤੇ ਜਦੋਂ ਸਵੇਰੇ ਅਖਬਾਰ ਪੜ੍ਹਦੇ ਹਾਂ ਤਾਂ ਬਹੁਤ ਸਾਰੀਆਂ ਅਜਿਹੀਆਂ ਲਿਖਤਾਂ ਸਾਹਮਣੇ ਆ ਜਾਂਦੀਆਂ ਹਨ,ਜਿਨ੍ਹਾਂ ਦਾ ਲੇਖਕਾਂ ਨਾਲ ਕੋਈ ਬਹੁਤਾ ਸਰੋਕਾਰ ਨਹੀਂ ਹੁੰਦਾ, ਪਰ ਨਾਮ ਜ਼ਰੂਰ ਲੇਖਕ ਦਾ ਲਿਖਿਆ ਹੁੰਦਾ ਹੈ। ਇਹ ਰੁਝਾਨ ਵੱਡੀ ਪੱਧਰ 'ਤੇ ਚੱਲ ਰਿਹਾ ਹੈ ਕਿ ਅਖਬਾਰਾਂ ਲਈ ਕਾਲਮ ਲਿਖਣ ਵਾਲੇ ਲੇਖਕ ਹੁਣ ਖੁਦ ਮੱਥਾ ਮਾਰਨ ਦੀ ਲੋੜ ਨਹੀਂ ਸਮਝਦੇ, ਸਗੋਂ ਏ ਆਈ ਦੀ ਮਦਦ ਨਾਲ ਵੱਡੇ ਵੱਡੇ ਕਾਲਮ ਹੀ ਉਹਨਾਂ ਦੇ ਨਾਮ ਹੇਠ ਅਖਬਾਰ ਦੀ ਮਹਿਮਾ ਵਧਾਉਂਦੇ ਹਨ। ਜੇਕਰ ਇਹ ਕਿਹਾ ਜਾਵੇ ਕਿ ਅੱਜਕੱਲ੍ਹ ਲੇਖਕ ਲਿਖਤਾਂ ਲਿਖਦੇ ਨਹੀਂ ਬਲਕਿ ਤਿਆਰ ਕਰਦੇ ਹਨ, ਤਾਂ ਵੀ ਕੋਈ ਗੁਸਤਾਖੀ ਨਹੀਂ ਸਮਝਣੀ ਚਾਹੀਦੀ, ਕਿਉਂਕਿ ਇਹ ਹੀ ਮੌਜੂਦਾ ਆਧੁਨਿਕ ਯੁੱਗ ਦੀ ਸਚਾਈ ਹੈ। ਕੰਪਿਊਟਰ ਯੁੱਗ ਆਉਣ ਵਾਲੇ ਸਮੇਂ ਕਿਹਾ ਜਾਂਦਾ ਸੀ ਕਿ ਇਸ ਤਕਨੀਕ ਨੇ ਲੇਖਕਾਂ ਨੂੰ ਕਾਪੀ ਪੈਨ ਲੈ ਕੇ ਲਿਖਣ ਵਾਲੀ ਆਦਤ ਤੋਂ ਛੁਟਕਾਰਾ ਦਿਵਾ ਦਿੱਤਾ ਹੈ ਅਤੇ ਅਜਿਹਾ ਹੀ ਰੁਝਾਨ ਗਾਇਕਾਂ ਵਿੱਚ ਦੇਖਿਆ ਗਿਆ ਸੀ, ਜਦੋਂ ਨਵੇਂ ਨਵੇਂ ਗਾਇਕਾਂ ਬਾਰੇ ਕਿਹਾ ਜਾਂਦਾ ਸੀ ਕਿ ਗਾਇਕ ਦੀ ਅਵਾਜ਼ ਵੀ ਕੰਪਿਊਟਰ ਹੀ ਸਹੀ ਕਰ ਦਿੰਦਾ ਹੈ, ਪਰ ਹੁਣ ਸਾਇੰਸ ਨੇ ਉਸ ਤੋਂ ਵੀ ਅੱਗੇ ਪੁਲਾਂਘ ਪੁੱਟਦਿਆਂ ਲੇਖਕਾਂ ਕੋਲੋਂ ਕਲਮਾਂ ਹੀ ਨਹੀਂ ਖੋਹੀਆਂ ਸਗੋਂ ਲੇਖਕਾਂ ਦੀ ਲਿਖਣ ਕਲਾ ਨੂੰ ਵੀ ਮਾਰਿਆ ਜਾ ਰਿਹਾ ਹੈ। ਏ ਆਈ ਕਦੇ ਵੀ ਮੌਲਿਕ ਲਿਖਤ ਨਹੀਂ ਦੇ ਸਕਦੀ,ਕਿਉਂਕਿ ਇਹ ਚੋਰੀ ਦੀ ਸਮਝਦਾਰ ਸ਼ਕਲ ਹੈ, ਅਸਲ ਕੁੱਝ ਵੀ ਨਹੀਂ। ਇਹ ਬੜੇ ਸੋਹਣੇ ਢੰਗ ਨਾਲ ਰੂਹ ਵਿਹੂਣੀ ਲਿਖਤ ਪੇਸ਼ ਕਰ ਦਿੰਦੀ ਹੈ। ਅਜੇ ਨਵਾਂ ਨਵਾਂ ਚਾਅ ਇਸ ਤਕਨੀਕ ਦੀਆਂ ਸਹੂਲਤਾਂ ਦੇ ਗੁਣ ਗਾਣ ਕਰਵਾ ਰਿਹਾ ਹੈ,ਪਰ ਉਹ ਸਮਾਂ ਕੋਈ ਬਹੁਤਾ ਦੂਰ ਨਹੀਂ ਜਦੋਂ ਚੈਟ ਜੀ ਪੀ ਟੀ ਵਰਗੀਆਂ ਹੋਰ ਵੀ ਅਤਿ ਆਧੁਨਿਕ ਐਪਾਂ ਲੇਖਕਾਂ ਦੀ ਮੌਲਿਕਤਾ ਦੀਆਂ ਕਾਤਲ ਬਣੀਆਂ ਦਿਖਾਈ ਦੇਣਗੀਆਂ, ਪਰੰਤੂ ਕੋਈ ਚਾਹੁੰਦਾ ਹੋਇਆ ਵੀ ਕੁੱਝ ਨਹੀਂ ਕਰ ਸਕੇਗਾ। ਇਹ ਸਮਾਂ ਕੋਈ ਦੂਰ ਨਹੀਂ ਬਲਕਿ ਜੇਕਰ ਇਹ ਕਿਹਾ ਜਾਵੇ ਕਿ ਸਮਾਜ ਉਸ ਦੌਰ ਵਿੱਚ ਦੀ ਗੁਜ਼ਰ ਰਿਹਾ ਹੈ, ਤਾਂ ਵੀ ਅਤਿਕਥਨੀ ਨਹੀਂ ਹੋਵੇਗੀ। ਇਹ ਸੱਚ ਹੈ ਕਿ ਏ ਆਈ ਨੇ ਲਿਖਣ ਨੂੰ ਅਸਾਨ ਬਣਾ ਦਿੱਤਾ ਹੈ,ਪਰ ਕੀ ਅਸਾਨੀ ਹਮੇਸ਼ਾ ਲਾਭਦਾਇਕ ਹੁੰਦੀ ਹੈ ? ਇਹ ਵੀ ਕਿਹਾ ਜਾ ਰਿਹਾ ਹੈ ਕਿ ਨਵੇਂ ਲੇਖਕਾਂ ਲਈ ਇਹ ਆਧੁਨਿਕ ਤਕਨੀਕ ਇਕ ਅਜਿਹਾ ਸਹਾਰਾ ਬਣਕੇ ਉੱਭਰੀ ਹੈ, ਜਿਸ ਦਾ ਕੋਈ ਤੋੜ ਨਹੀ ਹੈ, ਨਵੇਂ ਲੇਖਕਾਂ ਵਿੱਚ ਲਿਖਣ ਦੀ ਹਿੰਮਤ ਵਧੀ ਹੈ,ਪਰ ਸਵਾਲ ਇਹ ਹੈ ਕਿ ਏ ਆਈ ਦੁਆਰਾ ਉਭਾਰੇ ਗਏ ਲੇਖਕਾਂ ਦੀ ਕਲਮ ਉਹਨਾਂ ਦੀ ਮੌਲਿਕ ਕਹੀ ਜਾ ਸਕਦੀ ਹੈ ? ਅਜਿਹੇ ਖਤਰਿਆਂ ਦਾ ਰੁਝਾਨ ਸੋਚਣ ਅਤੇ ਸੋਚ ਕੇ ਲਿਖਣ ਦੀ ਥਾਂ ਲਿਖਤਾਂ ਤਿਆਰ ਕਰਨ ਦੀ ਅਜਿਹੀ ਕਿਰਿਆ ਬਣਕੇ ਰਹਿ ਗਿਆ ਹੈ, ਜਿਸਨੂੰ ਪਾਠਕ ਦੇ ਰੂਹ ਦੀ ਖੁਰਾਕ ਨਹੀਂ ਕਿਹਾ ਜਾ ਸਕਦਾ।

ਜਦੋਂ ਲੇਖਕ ਕੁੱਝ ਵੀ ਲਿਖਣ ਦੀ ਬਜਾਏ ਲਿਖਤ ਤਿਆਰ ਕਰਨ ਲਈ ਵਾਰ ਵਾਰ ਕੰਪਿਊਟਰ ਵੱਲ, ਮੋਬਾਇਲ ਵੱਲ ਜਾਂ ਕਿਸੇ ਹੋਰ ਸੂਖਮ ਉਪਕਰਣ ਵੱਲ ਦੇਖੇਗਾ ਤਾਂ ਮਨ ਦੇ ਅੰਦਰਲੀ ਬੇਚੈਨੀ, ਉਥਲ ਪੁੱਥਲ, ਕਲਪਨਾ ਅਤੇ ਰਚਨਾਤਮਕਤਾ ਹੌਲੀ ਹੌਲੀ ਖਾਮੋਸ਼ ਹੋ ਜਾਣੀ ਸੁਭਾਵਿਕ ਹੈ। ਏ ਆਈ ਦੀ ਮਦਦ ਅੰਕੜੇ, ਤੱਥ ਇਕੱਤਰ ਕਰਕੇ ਲਿਖਤ ਨੂੰ ਕਾਰਗਰ ਸਾਬਤ ਕਰ ਸਕਦੀ ਹੈ, ਪਰ ਉਸ ਲਿਖਤ ਵਿੱਚ ਉਹ ਅਣ ਦਿਸਦੀ ਚੀਖ, ਪੁਕਾਰ ਸਮਾਜਿਕ ਦਰਦਾਂ ਨੂੰ ਬਿਆਨ ਕਰਨ ਦੀ ਕਲਾ ਅਤੇ ਉਹ ਖੁਸ਼ੀ ਨਸੀਬ ਨਹੀਂ ਹੋ ਸਕਦੀ ਜੋ ਇੱਕ ਸੱਚੀ ਰਚਨਾ, ਭਾਵ ਮੌਲਿਕ ਰਚਨਾ ਵਿੱਚੋਂ ਮਿਲ ਸਕਦੀ ਹੈ। ਇਹ ਤਕਨੀਕ ਲੇਖਕ ਨੂੰ ਆਲਸੀ ਬਣਾਉਣ ਦੇ ਨਾਲ ਉਹਦੀ ਸੋਚ ਨੂੰ ਵੀ ਮਾਰਦੀ ਹੈ। ਲਿਖਣ ਲਈ ਪੜ੍ਹਨਾ ਪੈਂਦਾ ਹੈ, ਰਾਤਾਂ ਦੀ ਨੀਂਦ ਗਾਲਣੀ ਪੈਂਦੀ ਹੈ, ਸ਼ਬਦਾਂ ਦੀ ਚੋਣ ਦਾ ਬਦਲ ਸਿੱਖਣਾ ਪੈਂਦਾ ਹੈ, ਪਰ ਆਧੁਨਿਕਤਾ ਦੇ ਦੌਰ ਵਿੱਚ ਦੋ ਸਤਰਾਂ ਲਿਖ ਕੇ ਲਿਖਤ ਮੰਗੋ ਆਪਣੇ ਨਾਮ ਹੇਠ ਪ੍ਰਕਾਸ਼ਿਤ ਕਰਵਾ ਦਿਓ, ਇਹ ਰਚਨਾ ਨਹੀਂ ਬੌਧਿਕ ਧੋਖਾਧੜੀ ਹੈ। ਜਿਸ ਤਕਨੀਕ ਨੇ ਕਦੇ ਉਨੀਂਦਰਾ ਨਹੀਂ ਝੱਲਿਆ, ਜਿੱਥੇ ਜਬਰ ਜ਼ੁਲਮ ਦਾ ਸ਼ਿਕਾਰ ਹੋਣ ਦਾ ਕੋਈ ਖਤਰਾ ਨਹੀਂ, ਪਿਆਰ ਮੁਹੱਬਤ ਦੀ ਤਨਹਾਈ ਦਾ ਦਰਦ ਨਹੀਂ ਹੰਢਾਇਆ, ਉਹ ਤਕਨੀਕ ਦੁਆਰਾ ਤਿਆਰ ਕੀਤੀ ਲਿਖਤ ਦਰਦ ਕਿਵੇਂ ਬਿਆਨ ਕਰ ਸਕਦੀ ਹੈ। ਜਦੋਂ ਲਿਖਤ ਵਿੱਚੋਂ ਮੌਲਿਕਤਾ ਖਤਮ ਹੋਵੇਗੀ, ਫਿਰ ਲੇਖਕ ਦੀ ਪਛਾਣ ਵੀ ਧੁੰਦਲੀ ਹੋਣੀ ਸੁਭਾਵਿਕ ਹੈ। ਏ ਆਈ ਨੂੰ ਜਾਣਕਾਰੀ ਇਕੱਤਰ ਕਰਨ ਤੱਕ ਵਰਤਣਾ ਜਾਇਜ਼ ਹੈ,ਪਰ ਸਿਰਜਣਾ 'ਤੇ ਅਸਰ ਨਹੀਂ ਪੈਣ ਦੇਣਾ ਚਾਹੀਦਾ। ਜੇਕਰ ਇਸ ਪਾਸੇ ਧਿਆਨ ਨਾ ਦਿੱਤਾ ਗਿਆ, ਤਾਂ ਆਉਣ ਵਾਲੇ ਸਮੇਂ ਵਿੱਚ ਅਸਲ ਲੇਖਕ ਗਾਇਬ ਹੋ ਜਾਣਗੇ, ਸੱਚੀਆਂ ਲਿਖਤਾਂ ਦੀ ਘਾਟ ਮਹਿਸੂਸ ਹੋਵੇਗੀ, ਮਾਰਕਿਟ ਵਿੱਚ ਏ ਆਈ ਉਤਪਾਦ ਹੀ ਛਾਏ ਹੋਣਗੇ। ਏ ਆਈ ਨੂੰ ਸਹੂਲਤ ਤੱਕ ਵਰਤਣਾ ਹੀ ਜਾਇਜ਼ ਹੈ, ਪਰ ਇਸਨੂੰ ਅੰਤਿਮ ਸਚਾਈ ਵਜੋਂ ਪੇਸ਼ ਕਰਨਾ ਨਿਰਾ ਧੋਖਾ ਹੈ। ਇਹ ਸਚਾਈ ਹੈ ਕਿ ਏ ਆਈ ਦੀ ਤਕਨੀਕ ਨਾਲ ਲਿਖਣ ਵਾਲਾ ਲੇਖਕ ਅੱਜ ਤੇਜ਼ ਤਰਾਰ ਲੱਗ ਸਕਦਾ ਹੈ, ਪਰ ਉਸਦਾ ਕੱਲ੍ਹ ਖਾਲੀ ਹੋਵੇਗਾ, ਕਿਉਂਕਿ ਜੋ ਮਨੁੱਖ ਆਪਣੀ ਸੋਚ ਮਸ਼ੀਨ ਨੂੰ ਸੌਂਪ ਦਿੰਦਾ ਹੈ, ਉਹ ਹੌਲੀ ਹੌਲੀ ਆਪਣੇ ਆਪ ਤੋਂ ਵੀ ਭਾਵ ਆਪਣੀ ਸੋਚ ਤੋਂ ਵੀ ਸੱਖਣਾ ਹੋ ਜਾਂਦਾ ਹੈ। ਸੋ ਇਸ ਬੌਧਿਕਤਾ ਦੀ ਕਾਤਲ ਅਤੇ ਲੇਖਕ ਦੀ ਮੌਲਕਿਤਾ 'ਤੇ ਹਮਲਾਵਰ ਬਣ ਕੇ ਪੇਸ਼ ਕੀਤੀ ਇਸ ਅਤਿ ਆਧੁਨਿਕ ਤਕਨੀਕ ਦੇ ਖਤਰਿਆਂ ਪ੍ਰਤੀ ਗੰਭੀਰਤਾ ਨਾਲ ਸੋਚਣ ਦੀ ਬੇਹੱਦ ਜ਼ਰੂਰੀ ਲੋੜ ਹੈ।

# ਗਣਤੰਤਰ ਦਿਵਸ 'ਤੇ ਡੀ.ਸੀ. ਔਲਖ ਨੇ ਕੌਮੀ ਝੰਡਾ ਲਹਿਰਾਇਆ

ਨਵਾਂਸ਼ਹਿਰ, 27 ਜਨਵਰੀ (ਸੁਖਦੇਵ ਸਿੰਘ ਉੜਾਪੜ): ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੇਸ਼ ਦੇ 77ਵੇਂ ਗਣਤੰਤਰ ਦਿਵਸ ਮੌਕੇ ਸਥਾਨਕ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਕੌਮੀ ਝੰਡਾ ਲਹਿਰਾਇਆ। ਉਨ੍ਹਾਂ ਇਸ ਮੌਕੇ ਇਕੱਤਰ ਸਮੂਹ ਕਰਮਚਾਰੀਆਂ ਤੇ ਅਧਿਕਾਰੀਆਂ ਨੂੰ ਲੋਕਤੰਤਰੀ ਕਦਰਾਂ-ਕੀਮਤਾਂ ਦਾ ਸਤਿਕਾਰ ਕਰਨ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਜਮਹੂਰੀਅਤ ਨੂੰ ਸਹੀ ਅਰਥਾਂ 'ਚ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰਕੇ ਲਾਗੂ ਕੀਤਾ ਜਾ ਸਕਦਾ ਹੈ, ਜਿਸ ਲਈ ਸਾਨੂੰ ਆਮ ਲੋਕਾਂ ਦੀਆਂ ਸਮੱਸਿਆਵਾਂ ਤੇ ਕੰਮਾਂ ਪ੍ਰਤੀ ਸੰਜੀਦਾ ਪਹੁੰਚ ਰੱਖਣੀ ਚਾਹੀਦੀ ਹੈ। ਇਸ ਮੌਕੇ ਏਐਸਆਈ ਕਮਲਰਾਜ ਦੀ ਅਗਵਾਈ 'ਚ ਆਈ ਪੁਲਿਸ ਟੁਕੜੀ ਨੇ ਕੌਮੀ ਝੰਡੇ ਨੂੰ ਸਲਾਮੀ ਦਿੱਤੀ, ਜਦਕਿ ਸੇਂਟ ਜੋਜ਼ਫ਼ ਕਾਨਵੈਂਟ ਸਕੂਲ ਨਵਾਂਸ਼ਹਿਰ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਗਾਣ ਦਾ ਗਾਇਨ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਬਲਬੀਰ ਰਾਜ ਸਿੰਘ, ਸਹਾਇਕ ਕਮਿਸ਼ਨਰ ਜਨਰਲ ਜਗਦੀਪ ਸਿੰਘ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਦੇ ਸਮੂਹ ਕਰਮਚਾਰੀ ਮੌਜੂਦ ਸਨ।ਸਕੂਲੀ ਬੱਚਿਆਂ ਨੂੰ ਲੱਡੂ ਵੰਡ ਕੇ ਗਣਤੰਤਰ ਦਿਵਸ ਦੀਆਂ ਖੁਸ਼ੀਆਂ ਉਨ੍ਹਾਂ ਨਾਲ ਸਾਂਝੀਆਂ ਕੀਤੀਆਂ ਗਈਆਂ।



# ਅਸਮਾਨੀ ਬਿਜਲੀ ਡਿੱਗਣ ਕਾਰਨ ਗਰੀਬ ਕਿਸਾਨ ਦੇ ਦੋ ਪਸ਼ੂ ਮਰੇ ਤੇ ਦੋ ਗੰਭੀਰ ਜ਼ਖ਼ਮੀ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 27 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਅਧੀਨ ਆਉਂਦੇ ਕਸਬਾ ਘੁਮਾਣ ਦੇ ਨਜ਼ਦੀਕੀ ਪੈਂਦੇ ਪਿੰਡ ਵੀਲਾ ਬੱਜੂ ਵਿਖੇ ਬੀਤੇ ਦਿਨੀਂ ਅਸਮਾਨੀ ਬਿਜਲੀ ਡਿੱਗਣ ਕਾਰਨ ਗਰੀਬ ਕਿਸਾਨ ਦੇ ਦੋ ਦੁਧਾਰੂ ਪਸ਼ੂਆਂ ਦੀ ਮੌਤ ਹੋਣ ਦਾ ਅਤਿ-ਦੁੱਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਲਜਿੰਦਰ ਸਿੰਘ ਪੁੱਤਰ ਜਗਤਾਰ ਸਿੰਘ ਵਾਸੀ ਵੀਲਾ ਬੱਜੂ ਨੇ ਦੱਸਿਆ ਕਿ ਬੀਤੇ ਦਿਨ 23 ਜਨਵਰੀ ਨੂੰ ਪਏ ਭਾਰੀ ਮੀਂਹ ਕਾਰਨ ਉਨ੍ਹਾਂ ਦਾ ਪਸ਼ੂਆਂ ਵਾਲੇ ਸ਼ੈਡ 'ਤੇ ਅਸਮਾਨੀ ਬਿਜਲੀ ਡਿੱਗਣ ਕਾਰਨ ਪਸ਼ੂਆਂ ਵਾਲਾ ਸ਼ੈਡ ਪੂਰੀ ਤਰ੍ਹਾਂ ਨਾਲ ਤਬਾਹ ਹੋ ਗਿਆ, ਉਥੇ ਸ਼ੈਡ ਵਿੱਚ ਕਰੀਬ 6 ਗਾਵਾਂ ਤੇ ਇੱਕ ਮੱਝ ਮੌਜੂਦ ਸਨ, ਜਿਨ੍ਹਾਂ ਵਿੱਚੋਂ ਦੋ ਦੁਧਾਰੂ ਪਸ਼ੂਆਂ ਇੱਕ ਗਾਂ ਤੇ ਇੱਕ ਮੱਝ ਦੀ ਦੀ ਮੌਤ ਹੋ ਗਈ ਤੇ ਦੋ ਗਾਵਾਂ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਹਨ, ਜੋ ਵੀ ਕਿਸੇ ਵਕਤ ਵੀ ਦਮ ਤੋੜ ਸਕਦੇ ਹਨ। ਉਨ੍ਹਾਂ ਦੱਸਿਆ ਕਿ ਉਸਦਾ ਕਰੀਬ 8 ਤੋਂ 9 ਲੱਖ ਦਾ ਨੁਕਸਾਨ ਹੋ ਗਿਆ ਹੈ। ਗਰੀਬ ਕਿਸਾਨ ਬਲਜਿੰਦਰ ਸਿੰਘ ਨੇ ਕਿਹਾ ਕਿ ਮੈਂ ਬੈਂਕ ਤੋਂ ਕਰਜ਼ਾ ਲੈ ਕੇ ਸ਼ੈਡ ਪਾਈ ਸੀ ਤੇ ਕਰਜ਼ਾ ਲੈ ਕੇ ਦੁਧਾਰੂ ਪਸ਼ੂ ਖਰੀਦੇ ਸਨ ਤੇ ਉਨ੍ਹਾਂ ਦਾ ਦੁੱਧ ਵੇਚ ਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦਾ ਹਾਂ ਤੇ ਹੁਣ ਇਸ ਅਸਮਾਨੀ ਕਹਿਰ ਕਾਰਨ ਉਨ੍ਹਾਂ ਦੇ ਘਰ ਦਾ ਗੁਜ਼ਾਰਾ ਕਰਨਾ ਔਖਾ ਹੋ ਗਿਆ ਹੈ, ਜਿਸ ਕਰਕੇ ਉਹ ਬੈਂਕ ਦੇ ਲੋਨ ਦੀ ਕਿਸ਼ਤ ਨਹੀਂ ਦੇ ਸਕਦੇ। ਉਸ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮੇਰਾ ਬੈਂਕ ਦਾ ਸਾਰਾ ਕਰਜ਼ਾ ਮੁਆਫ਼ ਕੀਤਾ ਜਾਵੇ ਤੇ ਮੈਨੂੰ ਬਣਦਾ ਮੁਆਵਜ਼ਾ ਵੀ ਦਿੱਤਾ ਜਾਵੇ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਜ਼ਿਲ੍ਹਾ ਪ੍ਰਧਾਨ ਪਲਵਿੰਦਰ ਸਿੰਘ ਮਠੌਲਾ ਤੇ ਜ਼ਿਲ੍ਹਾ ਸਲਾਹਕਾਰ ਬਲਵਿੰਦਰ ਸਿੰਘ ਮੀਕੇ ਨੇ ਕਿਸਾਨ ਪਰਿਵਾਰ ਨਾਲ ਅਸਮਾਨੀ ਬਿਜਲੀ ਡਿੱਗਣ ਹੋਏ ਨੁਕਸਾਨ ਅਫ਼ਸੋਸ ਪ੍ਰਗਟ ਕੀਤਾ ਤੇ ਸਰਕਾਰ ਕੋਲੋਂ ਮੰਗ ਕੀਤੀ ਕਿ ਅਸਮਾਨੀ ਬਿਜਲੀ ਡਿੱਗਣ ਕਾਰਨ ਗਰੀਬ ਕਿਸਾਨ ਦੀ ਸ਼ੈਡ ਡਿੱਗਣ ਕਾਰਨ ਹੋਏ ਨੁਕਸਾਨ ਮੁਆਵਜ਼ਾ ਦਿੱਤਾ ਜਾਵੇ।



# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸਾਂਝੀਆਂ ਜਥੇਬੰਦੀਆਂ ਨੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਟਰੈਕਟਰ ਮਾਰਚ ਕੱਢਿਆ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 27 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਕਿਸਾਨ ਯੂਨੀਅਨ ਕਿਸਾਨ ਮਜ਼ਦੂਰ ਏਕਤਾ ਪੰਜਾਬ, ਕਿਸਾਨ ਮਜ਼ਦੂਰ ਜਮਹੂਰੀਅਤ ਸਭਾ ਪੰਜਾਬ ਸਮੇਤ ਸਾਂਝੀਆਂ ਕਿਸਾਨ ਜਥੇਬੰਦੀਆਂ ਵੱਲੋਂ ਬਿਜਲੀ ਸੋਧ ਬਿੱਲ, ਐਮਐਸਪੀ ਤੇ ਮਨਰੇਗਾ ਸਕੀਮ ਵਿੱਚ ਬਦਲਾਅ ਆਪਣੀਆਂ-ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਤੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੀਆਂ ਕਿਸਾਨ, ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਜ਼ਿਲ੍ਹਾ ਪ੍ਰਧਾਨ ਪਲਵਿੰਦਰ ਸਿੰਘ ਮਠੌਲਾ (ਰਾਜੇਵਾਲ), ਕਿਸਾਨ ਮਜ਼ਦੂਰ ਏਕਤਾ ਪੰਜਾਬ ਦੇ ਪ੍ਰਧਾਨ ਹਰਵਿੰਦਰ ਸਿੰਘ ਖੁਜਾਲਾ, ਕਾਮਰੇਡ ਸੁਰਜੀਤ ਸਿੰਘ ਘੁਮਾਣ ਜਮਹੂਰੀਅਤ ਕਿਸਾਨ ਮਜ਼ਦੂਰ ਸਭਾ ਤੇ ਜ਼ਿਲ੍ਹਾ ਜਨਰਲ ਸਕੱਤਰ ਅਨੋਖ ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਕਿਸਾਨਾਂ ਵੱਲੋਂ ਸੈਂਕੜੇ ਟਰੈਕਟਰਾਂ ਦਾ ਟਰੈਕਟਰ ਮਾਰਚ ਕੱਢਿਆ ਗਿਆ। ਇਹ ਟਰੈਕਟਰ ਮਾਰਚ ਦਾਣਾ ਮੰਡੀ ਸ੍ਰੀ ਹਰਿਗੋਬਿੰਦਪੁਰ ਸਾਹਿਬ ਤੋਂ ਸ਼ੁਰੂ ਹੋ ਕੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਬਾਜ਼ਾਰ ਵਿੱਚੋਂ ਦੀ ਕੱਢਿਆ ਗਿਆ।ਇਸ ਮੌਕੇ ਕਿਸਾਨਾਂ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ।ਇਸ ਮੌਕੇ ਜ਼ਿਲ੍ਹਾ ਸਲਾਹਕਾਰ ਬਲਵਿੰਦਰ ਸਿੰਘ ਮੀਕੇ, ਬਲਾਕ ਪ੍ਰਧਾਨ ਅਜੈਬ ਸਿੰਘ ਪੱਡਾ, ਸੁਖਵਿੰਦਰ ਸਿੰਘ ਰਜ਼ੋਆ, ਜੋਗਿੰਦਰ ਸਿੰਘ ਪੇਰੋਸਾਹ, ਮੁਖਤਾਰ ਸਿੰਘ ਇਕਾਈ ਪ੍ਰਧਾਨ, ਲੋਕਪਾਲ ਸਿੰਘ ਮੀਕੇ, ਤਰਸੇਮ ਸਿੰਘ ਭਰਥ, ਗੁਰਨੇਕ ਸਿੰਘ ਮੀਕੇ, ਜਥੇਦਾਰ ਜਗਰੂਪ ਸਿੰਘ ਖ਼ਾਲਸਾ, ਬਾਬਾ ਸ਼ੀਤਲ ਸਿੰਘ, ਭੁਪਿੰਦਰ ਸਿੰਘ, ਮੰਗਲ ਸਿੰਘ ਧੀਰਾ, ਲਾਲ ਸਿੰਘ ਹਰਪੁਰਾ, ਹਰਜਿੰਦਰ ਸਿੰਘ ਘੋੜੇਵਾਹ, ਡਾ. ਨਵਦੀਪ ਸਿੰਘ ਸਮੇਤ ਵੱਡੀ ਗਿਣਤੀ ਕਿਸਾਨ, ਮਜ਼ਦੂਰ ਹਾਜ਼ਰ ਸਨ।



# ਪੰਜਗਰਾਈਆਂ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ

ਬਟਾਲਾ, 27 ਜਨਵਰੀ (ਬਲਵਿੰਦਰ ਸਿੰਘ ਪੰਜਗਰਾਈਂ): ਨਜ਼ਦੀਕੀ ਪਿੰਡ ਪੰਜਗਰਾਈਆਂ ਦੇ ਗੁਰਦੁਆਰਾ ਬਾਬਾ ਦੀਪ ਸਿੰਘ ਜੀ (ਸ਼ਹੀਦ ਗੰਜ ਸਾਹਿਬ) ਵਿਖੇ ਕੁਲਦੀਪ ਸਿੰਘ ਹੇਅਰ ਤੇ ਉਨ੍ਹਾਂ ਦੇ ਸਮੁੱਚੇ ਪਰਿਵਾਰ ਵੱਲੋਂ ਆਪਣੀ ਦਸਾਂ ਨੌਹਾਂ ਦੀ ਕਿਰਤ ਕਮਾਈ ਵਿਚੋਂ ਦਸਵੰਧ ਕੱਢਦੇ ਹੋਏ, ਹਰ ਸਾਲ ਦੀ ਤਰ੍ਹਾਂ ਅਨੋਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪਵਿੱਤਰ ਦਿਹਾੜੇ ਮੌਕੇ ਸਿੱਖ ਧਰਮ ਵਿੱਚ ਬਹੁਤ ਹੀ ਮਾਣ ਤੇ ਸਤਿਕਾਰ ਹਾਸਲ ਕਰਨ ਵਾਲੀ ਸ਼ਖ਼ਸੀਅਤ ਭਾਈ ਸਾਹਿਬ ਭਾਈ ਮਹਿਤਾਬ ਸਿੰਘ ਜੀ ਭੰਬੋਈ ਵਾਲਿਆਂ ਨੇ ਆਪਣੇ ਬਹੁਤ ਹੀ ਮਿੱਠ ਬੋਲੜੇ ਤੇ ਲੋਕ ਮਨਾਂ ਵਿੱਚ ਅਸਰ ਕਰਨ ਵਾਲੇ ਅੰਦਾਜ਼ ਰਾਹੀਂ ਸੰਗਤਾਂ ਨੂੰ ਬਾਬਾ ਦੀਪ ਸਿੰਘ ਜੀ ਦੇ ਜੀਵਨ, ਉਨ੍ਹਾਂ ਵੱਲੋਂ ਸ਼ਹਾਦਤ ਸਮੇਂ ਸਿਰਜਿਆ ਇਤਿਹਾਸ, ਉਨ੍ਹਾਂ ਵੱਲੋਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਲਿਖਾਈ ਕਰਨ ਬਾਰੇ ਬੜੇ ਵਿਸਥਾਰ ਨਾਲ ਦੱਸਿਆ। ਉਨ੍ਹਾਂ ਵੱਲੋਂ ਕੀਤੇ ਹੋਰ ਅਹਿਮ ਕਾਰਜਾਂ ਦੇ ਨਾਲ ਹੀ ਇਹ ਵੀ ਦੱਸਿਆ ਕਿ ਕਿਵੇਂ 80 ਸਾਲ ਦੀ ਉਮਰ ਵਿੱਚ ਰਣਭੂਮੀ ਵਿੱਚ ਜੂਝਦਿਆਂ ਹੋਇਆਂ, 18 ਸੇਰੀ ਖੰਡੇ ਦੇ ਜੌਹਰ ਦਿਖਾ ਕੇ, ਗੁਰੂ ਨਾਲ ਕੀਤੇ ਹੋਏ ਆਪਣੇ ਕੌਲ ਇਕਰਾਰ ਨੂੰ ਪੂਰਿਆ ਕੀਤਾ।ਕਥਾ ਕੀਰਤਨ ਸੁਖਦਾਈ ਨੇ ਮਹਾਂਵਾਕ ਅਨੁਸਾਰ, ਕਥਾ ਤੋਂ ਉਪਰੰਤ ਦਮਦਮੀ ਟਕਸਾਲ ਦੇ ਰਾਗੀ ਭਾਈ ਲਹਿਣਾ ਸਿੰਘ ਜੀ ਦੇ ਜਥੇ ਨੇ ਆਪਣੀ ਰਸਭਿੰਨੀ ਆਵਾਜ਼ ਰਾਹੀਂ ਸੰਗਤਾਂ ਨੂੰ ਸ਼ਬਦ ਗੁਰੂ ਨਾਲ ਜੋੜਿਆ।ਇਸ ਮੌਕੇ ਕੁਲਦੀਪ ਸਿੰਘ ਹੇਅਰ, ਅਨਮੋਲ ਪ੍ਰੀਤ ਸਿੰਘ ਕੈਨੇਡਾ ਤੋਂ ਇਲਾਵਾ ਸ੍ਰੀਮਤੀ ਜਸਵਿੰਦਰ ਕੌਰ, ਭੁਪਿੰਦਰ ਸਿੰਘ ਭੰਬੋਈ, ਉਘੇ ਉਦਯੋਗਪਤੀ ਜਤਿੰਦਰ ਸਿੰਘ ਬਟਾਲਾ, ਜਥੇ. ਅਨੋਖ ਸਿੰਘ ਭੰਬੋਈ, ਡਾ. ਗੁਰਦੀਪ ਸਿੰਘ, ਜਥੇ. ਜੋਗਿੰਦਰ ਸਿੰਘ, ਡਾ. ਅਵਤਾਰ ਸਿੰਘ ਬੱਲ, ਹਰਵਿੰਦਰ ਸਿੰਘ ਪੰਨੂੰ, ਬਾਬਾ ਦਲੀਪ ਸਿੰਘ, ਪ੍ਰਧਾਨ ਕੰਵਲਜੀਤ ਸਿੰਘ, ਮਾਸਟਰ ਜੋਗਾ ਸਿੰਘ, ਹਰਪਾਲ ਸਿੰਘ ਜੇਈ, ਮਾਸਟਰ ਅੰਗਰੇਜ਼ ਸਿੰਘ, ਬਲਵਿੰਦਰ ਸਿੰਘ ਬਾਜਵਾ, ਕੁਲਦੀਪ ਸਿੰਘ ਪਡਾ, ਸ਼ਮਸ਼ੇਰ ਸਿੰਘ, ਸੁਖਰਾਜ ਸਿੰਘ ਲਾਲੀ, ਡਾ. ਹਰਬੰਸ ਸਿੰਘ ਵਾਲੀਆ, ਥਾਣੇਦਾਰ ਸੋਹਣ ਸਿੰਘ, ਸੁਖਵਿੰਦਰ ਸਿੰਘ, ਸੁਰਜੀਤ ਸਿੰਘ, ਗੁਲਜ਼ਾਰ ਸਿੰਘ, ਬਲਕਾਰ ਸਿੰਘ, ਪ੍ਰਧਾਨ ਯੁਵਰਾਜ ਸਿੰਘ, ਇਲਾਕੇ ਦੇ ਪੰਚਾਂ, ਸਰਪੰਚਾਂ ਤੇ ਹੋਰ ਅਨੇਕਾਂ ਸੰਗਤਾਂ ਨੇ ਕੀਰਤਨ ਸਮਾਗਮ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਕੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।



# ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈਲਫ਼ੇਅਰ ਐਸੋਸੀਏਸ਼ਨ ਵੱਲੋਂ ਸਰਕਾਰ ਖ਼ਿਲਾਫ਼ ਸੰਘਰਸ਼ ਸ਼ੁਰੂ

## ☛15 ਫਰਵਰੀ ਨੂੰ ਸਿਹਤ ਮੰਤਰੀ ਦੀ ਨਿੱਜੀ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ: ਦਿਓਲ

ਗੁਰਦਾਸਪੁਰ, 27 ਜਨਵਰੀ (ਪੱਤਰ ਪ੍ਰੇਰਕ): ਸਿਹਤ ਵਿਭਾਗ ਦੀ ਸਿਰਮੌਰ ਜਥੇਬੰਦੀ ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈਲਫ਼ੇਅਰ ਐਸੋਸੀਏਸ਼ਨ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਲਈ ਮੋਰਚਾ ਖੋਲ੍ਹ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਸਮੇਲ ਸਿੰਘ ਦਿਓਲ ਨੇ ਦੱਸਿਆ ਕਿ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਦੇ ਸੰਦਰਭ ਵਿੱਚ ਸਮੂਹ ਕਰਮਚਾਰੀਆਂ ਵੱਲੋਂ ਪੰਜਾਬ ਭਰ ਵਿੱਚ ਐਚਆਈਵੀ/ਏਡਜ਼ ਦੀਆਂ ਸਾਰੀਆ ਸੇਵਾਵਾਂ ਦਵਾਈ ਦੇਣ, ਟੈਸਟਿੰਗ, ਕਾਉਂਸਲਿੰਗ, ਨਸ਼ੇ ਦੇ ਮਰੀਜ਼ਾਂ ਨੂੰ ਦਵਾਈਆਂ ਦੇਣ, ਗੁਪਤ ਰੋਗਾਂ ਦੇ ਮਰੀਜ਼ਾਂ ਨੂੰ ਦਵਾਈਆਂ ਦੇਣ ਤੋਂ ਇਲਾਵਾ ਬਲੱਡ ਸੈਂਟਰਾਂ ਦੇ ਕਰਮਚਾਰੀ ਮਿਤੀ 29 ਜਨਵਰੀ ਨੂੰ ਸਵੇਰੇ ਦੋ ਘੰਟੇ ਲਈ ਹਰ ਤਰ੍ਹਾਂ ਦੀ ਸੇਵਾ ਠੱਪ ਕਰਕੇ ਆਪੋ-ਆਪਣੇ ਸੈਂਟਰਾਂ 'ਤੇ ਸ਼ਾਂਤਮਈ ਤਰੀਕੇ ਨਾਲ ਰੋਸ ਪ੍ਰਦਰਸ਼ਨ ਕਰਨਗੇ। ਇਸ ਤੋਂ ਬਾਅਦ ਹਰ ਤਰ੍ਹਾਂ ਦੀ ਰਿਪੋਰਟਿੰਗ ਬੰਦ ਕੀਤੀ ਜਾਵੇਗੀ ਤੇ ਸਾਰੇ ਸਰਕਾਰੀ ਸਮਾਗਮਾਂ ਦਾ ਬਾਈਕਾਟ ਕੀਤਾ ਜਾਵੇਗਾ, ਜੇਕਰ ਫੇਰ ਵੀ ਮੰਗਾਂ ਨਹੀਂ ਮੰਨੀਆਂ ਤਾਂ ਮਿਤੀ 15 ਫਰਵਰੀ ਨੂੰ ਪੰਜਾਬ ਦੇ ਸਿਹਤ ਮੰਤਰੀ ਬਲਬੀਰ ਸਿੰਘ ਦੀ ਨਿੱਜੀ ਰਿਹਾਇਸ਼ ਪਟਿਆਲਾ ਵਿਖੇ ਪੰਜਾਬ ਭਰ ਦੇ ਕਰਮਚਾਰੀ ਰੋਸ ਰੈਲੀ ਕੱਢਣ ਲਈ ਮਜਬੂਰ ਹੋਣਗੇ, ਜਿਸਦੀ ਸਾਰੀ ਜ਼ਿੰਮੇਵਾਰੀ ਸਰਕਾਰ ਤੇ ਵਿਭਾਗ ਦੀ ਹੋਵੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨਾਲ ਅਰਧ ਸੈਂਕੜਾ ਮੀਟਿੰਗਾਂ ਹੋਣ ਦੇ ਬਾਵਜੂਦ ਵੀ ਹਰ ਵਾਰ ਸਹਿਮਤੀ ਦੇ ਬਾਵਜੂਦ ਨਾ ਤਾਂ ਵੋਟਾਂ ਤੋਂ ਪਹਿਲਾਂ ਕੀਤੇ ਵਾਅਦੇ ਅਨੁਸਾਰ ਤਨਖਾਹ ਵਿੱਚ ਵੀਹ ਪਰਸੈਂਟ ਵਾਧਾ ਹੋਇਆ ਤੇ ਨੇ ਜੀ ਵਿਭਾਗੀ ਕਾਰਵਾਈ ਸਿਰੇ ਲੱਗੀਆਂ, ਜਦਕਿ ਕਈ ਵਾਰ ਸਿਹਤ ਸਕੱਤਰ ਵੱਲੋਂ ਪੰਜਾਬ ਸਰਕਾਰ ਨੂੰ ਪਰਪੋਜਲ ਭੇਜਣ ਲਈ ਲਿਖਿਆ ਵੀ ਗਿਆ। ਜਨਰਲ ਸਕੱਤਰ ਗੁਰਜੰਟ ਸਿੰਘ ਵੱਲੋਂ ਦੱਸਿਆ ਗਿਆ ਕਿ ਇਹ ਸੰਘਰਸ਼ ਸਰਕਾਰ ਵੱਲੋਂ ਕਰਮਚਾਰੀਆਂ ਨਾਲ ਵਾਅਦਾ ਖਿਲਾਫੀ ਦੇ ਵਿਰੋਧ ਵਿੱਚ ਪ੍ਰਦਰਸ਼ਨ ਮੰਗਾਂ ਮੰਨੇ ਜਾਣ ਤੱਕ ਜਾਰੀ ਰਹਿਣਗੇ ਹਾਲਾਂਕਿ ਇਹ ਸਰਕਾਰ ਦੀ ਚਾਰ ਸਾਲ ਤੱਕ ਕਰਮਚਾਰੀ ਹੱਕਾਂ ਲਈ ਉਡੀਕ ਕੀਤੀ ਗਈ ਹੈ ਪਰ ਹੁਣ ਪਾਣੀ ਸਿਰ ਉਪਰੋਂ ਲੰਘ ਗਿਆ ਹੈ। ਕਰਮਚਾਰੀਆਂ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਵਿੱਢੇ ਗਏ ਸੰਘਰਸ਼ ਨੂੰ ਜ਼ਿਲ੍ਹਾ ਅਹੁਦੇਦਾਰਾਂ ਤੇ ਸੀਨੀਅਰ ਆਗੂਆਂ ਨੇ ਮੀਟਿੰਗ ਵਿੱਚ ਹਾਜ਼ਰ ਹੋ ਕੇ ਹਰ ਹਾਲ ਨੇਪਰੇ ਚਾੜ੍ਹਨ ਦਾ ਅਹਿਦ ਲਿਆ।

# ਮਹਾਨ ਨਗਰ ਕੀਰਤਨ ਸਮੂਹ ਸੰਗਤਾਂ ਦੇ ਸਹਿਯੋਗ ਨਾਲ 29 ਨੂੰ ਸਜਾਇਆ ਜਾਵੇਗਾ

ਚੱਬੇਵਾਲ, 27 ਜਨਵਰੀ (ਵਿਜੈ ਬਜਰਾਵਰ): ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਚਰਨ ਛੋਹ ਪਵਿੱਤਰ ਅਸਥਾਨ ਇਤਿਹਾਸਕ ਗੁਰਦੁਆਰਾ ਹਰੀਆਂ ਵੇਲਾਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਪੰਥ ਰਤਨ ਜ਼ਿੰਦਾ ਸ਼ਹੀਦ ਸਿੰਘ ਸਾਹਿਬ ਬਾਬਾ ਨਿਹਾਲ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਤੇ ਮਾਤਾ ਜਸਪਾਲ ਕੌਰ ਦੀ ਦੇਖ-ਰੇਖ ਹੇਠ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਸਮੂਹ ਸੰਗਤਾਂ ਦੇ ਸਹਿਯੋਗ ਨਾਲ 29 ਜਨਵਰੀ ਦਿਨ ਵੀਰਵਾਰ ਨੂੰ ਸਜਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਥ ਰਤਨ ਜ਼ਿੰਦਾ ਸ਼ਹੀਦ ਸੰਤ ਬਾਬਾ ਨਿਹਾਲ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਨੇ ਦੱਸਿਆ ਕਿ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਦੇ ਪ੍ਰਕਾਸ਼ ਪੁਰਬ ਮੌਕੇ ਸਜਾਏ ਜਾ ਰਹੇ ਨਗਰ ਕੀਰਤਨ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ, ਜਿਸ ਵਿੱਚ ਦੇਸ਼-ਵਿਦੇਸ਼ ਦੀਆਂ ਸੰਗਤਾਂ ਬੜੇ ਉਤਸ਼ਾਹ ਨਾਲ ਸ਼ਮੂਲੀਅਤ ਕਰਨਗੀਆਂ। ਉਨ੍ਹਾਂ ਕਿਹਾ ਕਿ ਇਹ ਨਗਰ ਕੀਰਤਨ ਇਤਿਹਾਸਿਕ ਗੁਰਦੁਆਰਾ ਹਰੀਆਂ ਵੇਲਾਂ ਤੋਂ 29 ਜਨਵਰੀ ਨੂੰ ਸਵੇਰੇ ਆਰੰਭ ਹੋ ਕੇ ਪਿੰਡ ਚੱਗਰਾ, ਬੋਹਣ, ਪੱਟੀ, ਬਜਰਾਵਰ, ਚੱਬੇਵਾਲ, ਸ੍ਰੀ ਗੁਰੂ ਹਰਿ ਰਾਏ ਸਾਹਿਬ ਕਾਲਜ ਫਾਰ ਵੂਮਨ ਚੱਬੇਵਾਲ, ਮਹਿਨਾ, ਹਰੀਪੁਰ, ਨਵਾਂ ਜੱਟਪੁਰ ਤੋਂ ਹੁੰਦਾ ਹੋਇਆ ਸ਼ਾਮ ਨੂੰ ਵਾਪਸ ਗੁਰਦੁਆਰਾ ਹਰੀਆਂ ਵੇਲਾਂ ਵਿਖੇ ਸਮਾਪਤ ਹੋਵੇਗਾ।ਉਨ੍ਹਾਂ ਦੱਸਿਆ ਕਿ ਇਸ ਨਗਰ ਕੀਰਤਨ ਦੌਰਾਨ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ ਢਾਡੀ ਜਥੇ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।



# ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ 'ਤੇ ਲੰਗਰ ਲਗਾਏ



ਬਟਾਲਾ, 27 ਜਨਵਰੀ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।ਬਟਾਲਾ-ਫਤਹਿਗੜ੍ਹ ਚੂੜੀਆਂ ਰੋਡ ਅੱਡਾ ਘਣੀਏ ਕੇ ਬਾਂਗਰ ਦੀ ਮਾਰਕੀਟ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਲੰਗਰ ਲਗਾਏ ਗਏ।ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਤੋਂ ਉਪਰੰਤ ਮਾਰਕੀਟ ਵੱਲੋਂ ਸਾਰਾ ਦਿਨ ਅਨਿਕ ਪ੍ਰਕਾਰ ਦੇ ਲੰਗਰ ਰਾਹਗੀਰਾਂ ਨੂੰ ਛਕਾਏ ਗਏ।ਇਸ ਮੌਕੇ ਕਵੀਸ਼ਰੀ ਜਥੇ ਤੇ ਕਥਾਵਾਚਕਾਂ ਨੇ ਸਿੱਖਾਂ ਦਾ ਸ਼ਾਨ ਮੱਤਾ ਇਤਿਹਾਸ ਤੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਲਾਸਾਨੀ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ। ਇਸ ਮੌਕੇ 'ਤੇ ਸੇਵਾਦਾਰਾਂ 'ਚ ਜਸਪ੍ਰੀਤ ਸਿੰਘ, ਧਰਮਿੰਦਰ ਸਿੰਘ, ਹਰਜਿੰਦਰ ਸਿੰਘ, ਅਰਵਿੰਦਰ ਸਿੰਘ, ਮਲਕੀਤ ਸਿੰਘ, ਸਿਮਰਨਜੀਤ ਸਿੰਘ ਆਦਿ ਨੇ ਸੇਵਾ ਨਿਭਾਈ।

# 77ਵਾਂ ਗਣਤੰਤਰ ਦਿਵਸ ਪੂਰੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ

ਕਾਦੀਆਂ, 27 ਜਨਵਰੀ (ਸਲਾਮ ਤਾਰੀ/ਸਿਕੰਦਰ ਸੰਧੂ): ਪੂਰੇ ਭਾਰਤ ਵਿੱਚ 77ਵਾਂ ਗਣਤੰਤਰ ਦਿਵਸ ਦੇਸ਼ ਭਗਤੀ ਤੇ ਗੌਰਵ ਦੇ ਮਾਹੌਲ ਵਿੱਚ ਮਨਾਇਆ ਗਿਆ।ਇਸੇ ਤਰ੍ਹਾਂ ਕਾਦੀਆਂ ਸ਼ਹਿਰ ਵਿੱਚ ਵੀ ਗਣਤੰਤਰ ਦਿਵਸ ਵੱਖ-ਵੱਖ ਸਰਕਾਰੀ, ਸਿੱਖਿਆਤਮਕ ਤੇ ਸਮਾਜਿਕ ਸੰਸਥਾਵਾਂ ਵੱਲੋਂ ਧੂਮਧਾਮ ਨਾਲ ਮਨਾਇਆ ਗਿਆ।ਹਰ ਥਾਂ ਤਿਰੰਗਾ ਲਹਿਰਾਉਂਦਾ ਦਿਖਾਈ ਦਿੱਤਾ ਤੇ ਦੇਸ਼ ਭਗਤੀ ਦੇ ਨਾਅਰਿਆਂ ਨਾਲ ਮਾਹੌਲ ਗੂੰਜ ਉਠਿਆ।ਨਗਰ ਕੌਂਸਲ ਕਾਦੀਆਂ ਵਿਖੇ ਕਰਵਾਏ ਗਏ ਸਰਕਾਰੀ ਸਮਾਗਮ ਦੌਰਾਨ ਨਗਰ ਕੌਂਸਲ ਦੀ ਪ੍ਰਧਾਨ ਨੇਹਾ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਇਸ ਮੌਕੇ ਕੌਂਸਲ ਦੇ ਅਧਿਕਾਰੀ, ਕਰਮਚਾਰੀ ਤੇ ਸ਼ਹਿਰ ਦੇ ਮਾਣਯੋਗ ਨਾਗਰਿਕ ਹਾਜ਼ਰ ਸਨ।ਪ੍ਰਧਾਨ ਨੇਹਾ ਨੇ ਆਪਣੇ ਸੰਬੋਧਨ ਵਿੱਚ ਗਣਤੰਤਰ ਦਿਵਸ ਦੀ ਮਹੱਤਤਾ ਉਤੇ ਰੌਸ਼ਨੀ ਪਾਉਂਦੇ ਹੋਏ ਕਿਹਾ ਕਿ ਭਾਰਤੀ ਸੰਵਿਧਾਨ ਸਾਨੂੰ ਬਰਾਬਰੀ, ਆਜ਼ਾਦੀ ਤੇ ਭਾਈਚਾਰੇ ਦਾ ਸੁਨੇਹਾ ਦਿੰਦਾ ਹੈ ਤੇ ਸਾਨੂੰ ਸਭ ਨੂੰ ਮਿਲ ਕੇ ਦੇਸ਼ ਦੀ ਤਰੱਕੀ ਲਈ ਕੰਮ ਕਰਨਾ ਚਾਹੀਦਾ ਹੈ।ਇਸੇ ਤਰ੍ਹਾਂ ਤਾਲੀਮ-ਉਲ-ਇਸਲਾਮ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿੱਚ ਗਣਤੰਤਰ ਦਿਵਸ ਦਾ ਸਮਾਗਮ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ।ਸਕੂਲ ਦੀ ਪ੍ਰਿੰਸੀਪਲ ਸਾਦੀਆ ਅਫਰੋਜ਼ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਬੱਚਿਆਂ ਨੇ ਦੇਸ਼ ਭਗਤੀ ਦੇ ਗੀਤ, ਕਵਿਤਾਵਾਂ ਰਾਹੀਂ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸਨੂੰ ਦਰਸ਼ਕਾਂ ਵੱਲੋਂ ਖੂਬ ਸਰਾਹਿਆ ਗਿਆ।ਜਾਮਿਆ ਅਹਿਮਦੀਆ ਕਾਦੀਆਂ ਵਿਖੇ ਵੀ ਗਣਤੰਤਰ ਦਿਵਸ ਪੂਰੇ ਆਦਰ ਸਤਿਕਾਰ ਨਾਲ ਮਨਾਇਆ ਗਿਆ, ਜਿੱਥੇ ਮਨਸੂਰ ਅਹਿਮਦ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਉਥੇ ਮੌਜੂਦ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਬਣਾਈ ਰੱਖਣ ਦਾ ਸੰਕਲਪ ਲਿਆ।ਇਸ ਤੋਂ ਇਲਾਵਾ ਅਹਿਮਦੀਆ ਯੂਥ ਵਿੰਗ ਕਾਦੀਆਂ ਵੱਲੋਂ ਵੀ ਗਣਤੰਤਰ ਦਿਵਸ ਮਨਾਇਆ ਗਿਆ।ਯੂਥ ਵਿੰਗ ਦੇ ਪ੍ਰਧਾਨ ਨਿਆਜ਼ ਨਾਇਕ ਵੱਲੋਂ ਤਿਰੰਗਾ ਲਹਿਰਾਇਆ ਗਿਆ।ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਨੌਜਵਾਨਾਂ ਨੂੰ ਸੰਵਿਧਾਨ ਦੀ ਪਾਲਣਾ ਕਰਨ, ਦੇਸ਼ ਦੀ ਤਰੱਕੀ ਵਿੱਚ ਸਰਗਰਮ ਭੂਮਿਕਾ ਨਿਭਾਉਣ ਤੇ ਸਮਾਜ ਵਿੱਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦਾ ਅਹਵਾਨ ਕੀਤਾ।ਸਮੁੱਚੇ ਤੌਰ 'ਤੇ ਕਾਦੀਆਂ ਸ਼ਹਿਰ ਵਿੱਚ 77ਵਾਂ ਗਣਤੰਤਰ ਦਿਵਸ ਸ਼ਾਂਤੀਪੂਰਨ, ਗੌਰਵਮਈ ਤੇ ਉਤਸ਼ਾਹਪੂਰ2 ਮਾਹੌਲ ਵਿੱਚ ਮਨਾਇਆ ਗਿਆ, ਜਿਸ ਨਾਲ ਲੋਕਾਂ ਵਿੱਚ ਦੇਸ਼ ਪ੍ਰਤੀ ਪਿਆਰ ਤੇ ਸੰਵਿਧਾਨਕ ਮੁੱਲਾਂ ਪ੍ਰਤੀ ਜਾਗਰੂਕਤਾ ਹੋਰ ਵਧੀ।



# ਸ਼ਹੀਦ ਭਗਤ ਸਿੰਘ ਸਮਾਜ ਸੇਵੀ ਕਲੱਬ ਨੇ ਲੋੜਵੰਦਾਂ ਨੂੰ ਵੱਡੀ ਗਿਣਤੀ 'ਚ ਕੰਬਲ ਵੰਡੇ

ਬਟਾਲਾ, 27 ਜਨਵਰੀ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਸ਼ਹੀਦ ਭਗਤ ਸਿੰਘ ਸਮਾਜ ਸੇਵੀ ਕਲੱਬ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਦਾ ਜਨਮ ਦਿਹਾੜਾ ਸਤਿਕਾਰ ਸਹਿਤ ਮਨਾਇਆ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਨੂੰ ਚਾਹ ਪਾਣੀ ਦੇ ਲੰਗਰ ਛਕਾਏ ਗਏ।ਇਸ ਮੌਕੇ ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਵੱਡੀ ਗਿਣਤੀ ਵਿੱਚ ਲੋੜਵੰਦ ਲੋਕਾਂ ਨੂੰ ਕੰਬਲਾਂ ਦੀ ਸਮੱਗਰੀ ਵੰਡੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਲੱਬ ਪ੍ਰਧਾਨ ਹਰਵਿੰਦਰ ਸਿੰਘ ਰੋਜ਼ ਨੇ ਦੱਸਿਆ ਕਿ ਸਮਾਜ ਸੇਵੀ ਕਲੱਬ ਵੱਲੋਂ ਜਿੱਥੇ ਵੱਡੀ ਪੱਧਰ 'ਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਜਾਂਦਾ ਹੈ, ਉਥੇ ਅੱਜ ਅਨੋਖੇ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ 'ਤੇ ਜਿੱਥੇ ਸੰਗਤਾਂ ਵੱਲੋਂ ਗੁਰਬਾਣੀ ਦੇ ਜਾਪ ਕੀਤੇ ਗਏ ਹਨ, ਉਥੇ ਲੋੜਵੰਦਾਂ ਨੂੰ ਵੱਡੀ ਗਿਣਤੀ ਵਿੱਚ ਕੰਬਲ ਭੇਟਾ ਕੀਤੇ ਗਏ ਤੇ ਸਮੇਂ ਸਮਿਆਂ ਅਨੁਸਾਰ ਵੱਡੀ ਪੱਧਰ 'ਤੇ ਸਮਾਜ ਸੇਵਾ ਕਾਰਜ ਕੀਤੇ ਜਾਂਦੇ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਸਮੇਤ ਐਨਆਰਆਈ ਵੀਰਾਂ ਸਮੇਤ ਹੋਰਨਾਂ ਵੀਰਾਂ ਦਾ ਵੀ ਵਿਸ਼ੇਸ਼ ਸਹਿਯੋਗ ਮਿਲਦਾ ਹੈ।ਉਨ੍ਹਾਂ ਕਿਹਾ ਕਿ ਅਜਿਹੇ ਕਾਰਜ ਪਰਮਾਤਮਾ ਦੀ ਅਪਾਰ ਕਿਰਪਾ ਸਦਕਾ ਸਤਿਕਾਰ ਸਾਹਿਤ ਨੇਪਰੇ ਚੜ੍ਹ ਰਹੇ ਹਨ।ਇਸ ਮੌਕੇ ਪ੍ਰੋ. ਨਰੇਸ਼ ਕੁਮਾਰ ਸੋਢੀ ਨੇ ਕਿਹਾ ਕਿ ਅੱਜ ਦਾ ਦਿਹਾੜਾ ਬਹੁਤ ਪਵਿੱਤਰ ਦਿਹਾੜਾ ਹੈ, ਜਿਸ ਦਿਹਾੜੇ ਵਿੱਚ ਸਮਾਜ ਸੇਵੀ ਕਲੱਬ ਨੂੰ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ, ਉਨ੍ਹਾਂ ਕਿਹਾ ਕਿ ਆਸ ਕੀਤੀ ਜਾਂਦੀ ਹੈ ਕਿ ਵਾਹਿਗੁਰੂ ਜੀ ਦੀ ਕਿਰਪਾ ਦੇ ਨਾਲ ਸਮੇਂ-ਸਮੇਂ ਅਨੁਸਾਰ ਸੇਵਾ ਕਾਰਜ ਨਿਭਾਏ ਜਾਣ ਦਾ ਸੁਭਾਗ ਪ੍ਰਾਪਤ ਹੁੰਦਾ ਰਹੇਗਾ।ਇਸ ਮੌਕੇ ਕਲੱਬ ਪ੍ਰਧਾਨ ਹਰਵਿੰਦਰ ਸਿੰਘ ਰੋਜ਼, ਕਸ਼ਮੀਰ ਸਿੰਘ ਆਸਟ੍ਰੇਲੀਆ, ਸੁਖਦੇਵ ਭਗਤ, ਬਲਜੀਤ ਗਿੱਲ ਗੁਰਪ੍ਰੀਤ ਰੰਧਾਵਾ, ਸੁਰਜੀਤ ਸਿੰਘ, ਜਤਿੰਦਰ ਸਿੰਘ, ਸੰਜੀਵ ਡੋਗਰਾ ਗੁਰਮੀਤ ਸਿੰਘ ਕਲੱਬ ਮੈਂਬਰ ਮੁੱਖਵਿੰਦਰ ਸਿੰਘ ਬੰਦੇਸ਼ਾਂ ਜਥੇਦਾਰ ਮਹਿੰਦਰ ਸਿੰਘ, ਨਰੇਸ਼ ਕੁਮਾਰ ਸੋਢੀ, ਰਸ਼ਪਾਲ ਸਿੰਘ ਪਰਾਚਾ ਕੁਲਜੀਤ ਧਾਮੀ, ਗਗਨਦੀਪ ਸਿੰਘ ਵੱਡੀ ਗਿਣਤੀ ਵਿੱਚ ਸੰਗਤਾਂ ਨਾਲ ਸਨ।



# ਦਾਣਾ ਮੰਡੀ 'ਚ ਗਣਤੰਤਰ ਦਿਵਸ ਮਨਾਇਆ



ਡੇਰਾ ਬਾਬਾ ਨਾਨਕ, 27 ਜਨਵਰੀ (ਹੈਪੀ ਕੋਟਲੀ): ਸਰਹੱਦੀ ਹਲਕਾ ਡੇਰਾ ਬਾਬਾ ਨਾਨਕ ਦੀ ਦਾਣਾ ਮੰਡੀ ਵਿੱਚ 77ਵਾਂ ਗਣਤੰਤਰ ਦਿਵਸ ਧੂਮਧਾਮ ਨਾਲ ਮਨਾਇਆ ਗਿਆ।ਐਸਡੀਐਮ ਡੇਰਾ ਬਾਬਾ ਨਾਨਕ ਅਦਿਤਿਆ ਸ਼ਰਮਾ ਤੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦਾ ਪਹੁੰਚਣ 'ਤੇ ਵੱਖ-ਵੱਖ ਵਿਭਾਗ ਦੇ ਅਧਿਕਾਰੀਆਂ ਵੱਲੋਂ ਬੁੱਕੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ।ਐਸਡੀਐਮ ਅਦਿਤਿਆ ਸ਼ਰਮਾ ਵੱਲੋਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤਾ ਗਈ ਤੇ ਦੇਸ਼ ਦੇ ਨਾਮ ਸੰਦੇਸ਼ ਪੜ੍ਹ ਕੇ ਸੁਣਾਇਆ ਗਿਆ।ਇਸ ਮੌਕੇ ਪੰਜਾਬ ਪੁਲਿਸ ਦੇ ਜਵਾਨਾਂ ਤੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਮਾਰਚ ਪਾਸਟ ਕੀਤਾ ਗਿਆ ਤੇ ਕੌਮੀ ਝੰਡੇ ਨੂੰ ਸਲਾਮੀ ਦਿੱਤੀ ਗਈ।ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਗਿੱਧ ਭੰਗੜਾ ਪੇਸ਼ ਕੀਤਾ ਗਿਆ ਤੇ ਉਥੇ ਹੀ ਦੇਸ਼ ਭਗਤੀ ਦੇ ਗੀਤ ਗਾਏ ਗਏ। ਇਸ ਮੌਕੇ ਗੱਲਬਾਤ ਦੌਰਾਨ ਐਸਡੀਐਮ ਡੇਰਾ ਬਾਬਾ ਨਾਨਕ ਅਦਿਤਿਆ ਸ਼ਰਮਾ ਨੇ ਕਿਹਾ ਕਿ ਸਾਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੇ ਲਿਖੇ ਸੰਵਿਧਾਨ ਪ੍ਰਤੀ ਪੂਰੀ ਨਿਸ਼ਟਾ ਰੱਖਣੀ ਚਾਹੀਦੀ ਹੈ ਤੇ ਸਾਡਾ ਦੇਸ਼ ਬਾਬਾ ਸਾਹਿਬ ਦੇ ਲਿਖੇ ਸੰਵਿਧਾਨ ਦੇ ਮੁਤਾਬਕ ਹੀ ਚੱਲ ਰਿਹਾ ਹੈ।ਇਸ ਮੌਕੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਸਮੂਹ ਦੇਸ਼ ਵਾਸੀਆਂ ਨੂੰ 77ਵੇਂ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੱਤੀਆਂ ਗਈਆਂ ਤੇ ਉਥੇ ਹੀ ਪੰਜਾਬ ਦੇ ਗਲਤ ਰਾਹਾਂ 'ਤੇ ਭਟਕੇ ਨੌਜਵਾਨਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਸਾਰੇ ਬੁਰੇ ਕੰਮ ਛੱਡ ਕੇ ਮੁੱਖ ਧਾਰਾ ਵਿੱਚ ਆਉਣ ਤਾਂ ਕਿ ਸਾਡਾ ਪੰਜਾਬ ਮੁੜ ਰੰਗਲਾ ਪੰਜਾਬ ਬਣ ਸਕੇ। ਇਸ ਮੌਕੇ ਵੱਖ ਵੱਖ ਫੀਲਡ ਵਿੱਚ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀਆਂ ਕਰਮਚਾਰੀਆਂ, ਸਕੂਲੀ ਵਿਦਿਆਰਥੀਆਂ ਤੇ ਪੱਤਰਕਾਰ ਭਾਈਚਾਰੇ ਨੂੰ ਪ੍ਰਸ਼ੰਸਾ ਪੱਤਰ ਨਾਲ ਸਨਮਾਨਤ ਕੀਤਾ ਗਿਆ।

# ਚੰਗੀਆਂ ਸੇਵਾਵਾਂ ਬਦਲੇ ਡਾ. ਸਿਮਰਨ ਕੌਰ ਦਾ ਸਨਮਾਨ

ਡੇਰਾ ਬਾਬਾ ਨਾਨਕ, 27 ਜਨਵਰੀ (ਹੈਪੀ ਕੋਟਲੀ): ਬੀਤੇ ਦਿਨੀਂ ਸਰਹੱਦੀ ਹਲਕਾ ਡੇਰਾ ਬਾਬਾ ਨਾਨਕ ਦੀ ਦਾਣਾ ਮੰਡੀ ਵਿੱਚ ਮਨਾਏ ਗਏ 77ਵੇਂ ਗਣਤੰਤਰ ਦਿਵਸ ਮੌਕੇ ਨਿਸ਼ਕਾਮ ਸੇਵਾ ਗਰੁੱਪ ਧਿਆਨਪੁਰ ਦੀਆਂ ਇਲਾਕੇ ਅੰਦਰ ਕੀਤੀਆਂ ਜਾ ਰਹੀਆਂ ਚੰਗੀਆ ਸੇਵਾਵਾਂ ਤੇ ਰਾਵੀ ਦਰਿਆ ਆਏ ਹੜ੍ਹਾਂ ਮੌਕੇ ਲੋੜਵੰਦਾਂ ਤੇ ਹੜ੍ਹ ਪੀੜਤਾਂ ਤੱਕ ਪਹੁੰਚ ਕਰਕੇ ਕੀਤੀ ਗਈ ਸੇਵਾ ਹੋਰ ਸਮਾਜ ਅੰਦਰ ਕੀਤੀਆਂ ਗਈਆਂ ਲੋਕ ਭਲਾਈ ਦੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਤੇ ਐਸਡੀਐਮ ਡੇਰਾ ਬਾਬਾ ਨਾਨਕ ਡਾ. ਅਦਿਤਿਆ ਸ਼ਰਮਾ ਵੱਲੋਂ ਨਿਸ਼ਕਾਮ ਸੇਵਾ ਗਰੁੱਪ ਧਿਆਨਪੁਰ ਦੇ ਚੇਅਰਮੈਨ ਡਾ. ਸਿਮਰਨ ਕੌਰ ਦਾ ਵਿਸ਼ੇਸ਼ ਸਨਮਾਨ ਕਰਨ ਨਾਲ ਨਾਲ ਪ੍ਰਸ਼ੰਸਾ ਪੱਤਰ ਵੀ ਦਿੱਤਾ ਗਿਆ। ਇਸ ਮੌਕੇ ਵਿਧਾਇਕ ਰੰਧਾਵਾ ਤੇ ਐਸਡੀਐਮ ਵੱਲੋਂ ਨਿਸ਼ਕਾਮ ਸੇਵਾ ਗਰੁੱਪ ਧਿਆਨਪੁਰ ਵੱਲੋਂ ਇਲਾਕੇ ਅੰਦਰ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਦੀ ਜੰਮ ਕੇ ਪ੍ਰਸ਼ੰਸਾ ਕੀਤੀ ਗਈ।ਇਸ ਮੌਕੇ ਡੀਐਸਪੀ ਡੇਰਾ ਬਾਬਾ ਨਾਨਕ ਜੋਗਾ ਸਿੰਘ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਬੀਡੀਪੀ ਡੇਰਾ ਬਾਬਾ ਨਾਨਕ ਅਮਨਦੀਪ ਕੌਰ, ਸੈਕਟਰੀ ਰੋਸ਼ਨ ਲਾਲ, ਸੈਕਟਰੀ ਸੰਮੀ ਕਪੂਰ, ਗੁਰਤੇਜ ਸਿੰਘ ਸਰਪੰਚ ਰਣਸੀਕੇ ਤਲਾ, ਸੁਲੱਖਣ ਸਿੰਘ ਸਰਪੰਚ ਬਸੰਤਕੋਟ ਤੇ ਹੋਰ ਪੰਚ ਸਰਪੰਚ ਤੇ ਮੋਹਤਬਰ ਆਗੂ ਹਾਜ਼ਰ ਸਨ।



# ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਦੇ ਸਿਹਤ ਖੇਤਰ 'ਚ ਸ਼ਲਾਘਾਯੋਗ ਕਦਮ: ਸੁਰਿੰਦਰ ਰਿਆੜ ਤੁਗਲਵਾਲ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 27 ਜਨਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਸਰਕਾਰ ਦਾ ਇੱਕ ਸ਼ਲਾਘਾਯੋਗ ਕਦਮ ਹੈ। ਸੁਰਿੰਦਰ ਸਿੰਘ ਰਿਆੜ ਤੁਗਲਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਆਮ ਲੋਕਾਂ ਲਈ ਵਰਦਾਨ ਸਾਬਤ ਹੋ ਰਹੀ ਹੈ। ਇਸ ਯੋਜਨਾ ਨਾਲ ਗਰੀਬ ਤੇ ਮੱਧ ਵਰਗ ਦੇ ਪਰਿਵਾਰਾਂ ਨੂੰ ਮੁਫ਼ਤ ਤੇ ਵਧੀਆ ਸਿਹਤ ਸਹੂਲਤਾਂ ਮਿਲ ਰਹੀਆਂ ਹਨ, ਜਿਸ ਨਾਲ ਸਿਹਤ ਖੇਤਰ ਵਿੱਚ ਵੱਡਾ ਸੁਧਾਰ ਆਵੇਗਾ।ਉਨ੍ਹਾਂ ਕਿਹਾ ਕਿ ਇਹ ਯੋਜਨਾ ਪੰਜਾਬ ਨੂੰ ਸਿਹਤ ਮਾਮਲੇ ਵਿੱਚ ਮਜ਼ਬੂਤ ਬਣਾਉਣ ਵੱਲ ਇਕ ਮਹੱਤਵਪੂਰਨ ਕਦਮ ਹੈ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਗਰੀਬ ਤੇ ਅਮੀਰ ਲਈ 10 ਲੱਖ ਦੀ ਸਿਹਤ ਯੋਜਨਾ ਇੱਕ ਮਹੱਤਵਪੂਰਨ ਕਦਮ ਹੈ।ਇਸ ਮੌਕੇ 'ਤੇ ਸੁਰਿੰਦਰ ਸਿੰਘ ਰਿਆੜ ਮੀਡੀਆ ਕੋਆਰਡੀਨੇਟਰ ਹਲਕਾ ਕਾਦੀਆਂ ਤੇ ਬਲਾਕ ਸੰਮਤੀ ਮੈਂਬਰ ਤੁਗਲਵਾਲ ਆਦਿ ਹਾਜ਼ਰ ਸਨ। ਇਸ ਮੌਕੇ ਉਨ੍ਹਾਂ ਨਾਲ ਸਰਪੰਚ ਮਨਿੰਦਰਪਾਲ ਸਿੰਘ ਸਟੀਵਨ ਲਵਲੀ ਲੰਬੜ ਅਮਨ ਰੰਧਾਵਾ ਹੈਪੀ (ਸਪਾਇਸੀ ਫਲੇਮ ਵਾਲੇ) ਤੇ ਹੋਰ ਵੀ ਮੋਹਤਬਰ ਸੱਜਣ ਤੇ ਸੀਨੀਅਰ ਆਪ ਆਗੂ ਮੌਜੂਦ ਸਨ।



# ਸਾਈਂ ਡੋਗਰ ਸ਼ਾਹ ਸਾਬਰ ਚਿਸ਼ਤੀ ਦੇ ਦਰਬਾਰ 'ਤੇ ਸਾਲਾਨਾ ਭੰਡਾਰਾ ਅੱਜ

ਗੜ੍ਹਦੀਵਾਲਾ, 27 ਜਨਵਰੀ (ਗੌਰਵ): ਦਰਬਾਰ ਸਾਈਂ ਡੋਗਰ ਸ਼ਾਹ ਸਾਬਰ ਚਿਸ਼ਤੀ ਦੇ ਦਰਬਾਰ 'ਤੇ ਸਾਲਾਨਾ ਭੰਡਾਰਾ ਤੇ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ, ਜਿਸ ਦੀਆਂ ਤਿਆਰੀਆਂ ਮੁਕੰਮਲ ਕਰ ਦਿੱਤੀਆਂ ਗਈਆਂ ਹਨ।ਇਸ ਮੌਕੇ 'ਤੇ ਜਾਣਕਾਰੀ ਦਿੰਦੇ ਹੋਏ ਗੱਦੀ ਨਸ਼ੀਨ ਸਾਈਂ ਨਸੀਬ ਚੰਦ ਸਾਬਰ ਚਿਸ਼ਤੀ ਤੇ ਪੰਡਿਤ ਰਾਜੇਸ਼ ਕੁਮਾਰ ਸ਼ਰਮਾ ਨੇ ਦੱਸਿਆ ਦਿਨ ਬੁੱਧਵਾਰ, 28 ਜਨਵਰੀ ਦਰਬਾਰ 'ਤੇ ਚਾਦਰ ਦੀ ਰਸਮ ਸਵੇਰੇ 8 ਵਜੇ ਤੇ ਚਾਹ ਪਕੌੜਿਆਂ ਦਾ ਲੰਗਰ 9 ਵਜੇ ਤੇ 1 ਵਜੇ ਦੁਪਹਿਰ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।ਉਨ੍ਹਾਂ ਨੇ ਦੱਸਿਆ ਕਿ ਡਾ. ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਤੇ ਡਾ. ਰਵਜੋਤ ਸਿੰਘ ਕੈਬਨਿਟ ਮੰਤਰੀ ਪੰਜਾਬ ਵਿਸ਼ੇਸ਼ ਤੌਰ 'ਤੇ ਦਰਬਾਰ ਵਿੱਚ ਹਾਜ਼ਰੀ ਲਗਵਾਉਣਗੇ। ਪੰਕਜ ਮੱਟੂ, ਸੌਰਵ ਮੱਟੂ, ਨਰਿੰਦਰ ਕੁਮਾਰ, ਮਨਮੋਹਨ ਲਾਲ, ਹਰਭਜਨ ਸਿੰਘ, ਸਤਨਾਮ ਸਿੰਘ, ਵਿਨੋਦ ਕੁਮਾਰ ਹਾਜ਼ਰ ਸਨ।

# ਪੰਜਾਬ ਟਰੇਡ ਕਮਿਸ਼ਨ ਦੇ ਚੇਅਰਮੈਨ ਤੇ ਮੈਂਬਰਾਂ ਦਾ ਸਨਮਾਨ



ਚੌਕ ਮਹਿਤਾ, 27 ਜਨਵਰੀ (ਬਲਜਿੰਦਰ ਸਿੰਘ ਰੰਧਾਵਾ): ਆਮ ਆਦਮੀ ਪਾਰਟੀ ਵੱਲੋਂ ਐਕਸਾਈਜ਼ ਤੇ ਟੈਕਸਟੇਸ਼ਨ ਟਰੇਡ ਵਿੰਗ ਸਥਾਪਤ ਕਰਨ ਤੋਂ ਬਾਅਦ ਵਪਾਰੀ ਵਰਗ ਨੂੰ ਰਾਹਤ ਦੇਣ ਵਾਸਤੇ ਜ਼ਿਲ੍ਹਾ ਤੇ ਹਲਕਾ ਕਮੇਟੀਆਂ ਦਾ ਗਠਨ ਕੀਤਾ ਗਿਆ, ਜਿਸ ਅਨੁਸਾਰ ਹਲਕਾ ਜੰਡਿਆਲਾ ਗੁਰੂ ਦੇ ਪੁਰਾਣੇ ਤੇ ਮਿਹਨਤੀ ਵਰਕਰਾਂ ਨੂੰ ਹਲਕਾ ਜੰਡਿਆਲਾ ਗੁਰੂ ਦੇ ਨਵੇਂ ਬਣੇ ਚੇਅਰਮੈਨ ਹਰਜਿੰਦਰ ਸਿੰਘ ਜਲਾਲ ਉਸਮਾ ਤੇ ਉਨ੍ਹਾਂ ਨਾਲ ਮੈਂਬਰ ਰਾਜਵਿੰਦਰ ਸਿੰਘ ਲਾਡੀ ਸੂਰੋਪੱਡਾ, ਅਮਰ ਰਾਵਤ, ਸੁਖਦੇਵ ਸਿੰਘ ਬੁੱਟਰ, ਸੁਖਵਿੰਦਰ ਸਿੰਘ ਜਲਾਲ, ਜਗਤਾਰ ਸਿੰਘ ਧਰਮੂਚੱਕ, ਮਨਦੀਪ ਸਿੰਘ, ਜਗਜੀਤ ਸਿੰਘ ਉਸਮਾ, ਰਜੇਸ਼ ਰਾਜ਼ਨ, ਰਮੇਸ਼ ਅਸ਼ਵਨੀ ਸਮੇਤ ਇਨ੍ਹਾਂ ਸਾਰੇ ਮੈਂਬਰਾ ਨੂੰ ਸ੍ਰੀ ਸ਼ੀਤਲ ਜੁਨੇਜਾ ਸਟੇਟ ਟਰੇਡਰਜ਼ ਕਮਿਸ਼ਨ ਦੇ ਮੈਂਬਰ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਤੇ ਮੁਬਾਰਕਬਾਦ ਦਿੱਤੀ ਤੇ ਹਾਈਕਮਾਂਡ ਤੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦਾ ਧੰਨਵਾਦ ਕੀਤਾ ਤੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 2027 ਵਿੱਚ ਇੱਕ ਵਾਰ ਫੇਰ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਬਣੇ ਗਈ।

# ਭਗਵਾਨ ਮਹਾਂਵੀਰ ਪਬਲਿਕ ਸਕੂਲ 'ਚ ਗਣਤੰਤਰ ਦਿਵਸ ਮਨਾਇਆ

## ☛ਸਕੂਲ ਸੰਸਥਾਪਕ ਨਰਿੰਦਰ ਕੁਮਾਰ ਜੈਨ ਨੇ ਲਹਿਰਾਇਆ ਤਿਰੰਗਾ

ਬੰਗਾ, 27 ਜਨਵਰੀ (ਪ੍ਰਭਜੋਤ ਸਿੰਘ): ਭਗਵਾਨ ਮਹਾਂਵੀਰ ਪਬਲਿਕ ਸੀ.ਸੈ. ਸਕੂਲ ਬੰਗਾ ਵਿਖੇ ਅੱਜ 77ਵਾਂ ਗਣਤੰਤਰ ਦਿਵਸ ਧੂਮਧਾਮ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਸਾਰਾ ਸਕੂਲ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ।ਸਮਾਗਮ ਦੀ ਸ਼ੁਰੂਆਤ ਸਕੂਲ ਦੇ ਸੰਸਥਾਪਕ ਨਰਿੰਦਰ ਕੁਮਾਰ ਜੈਨ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕਰਕੇ ਕੀਤੀ ਗਈ ਤੇ ਉਨ੍ਹਾਂ ਨੇ ਸਾਰਿਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ।ਇਸ ਉਪਰੰਤ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦੇ ਗੀਤ ਗਾਏ ਗਏ, ਜਿਸ ਨਾਲ ਪੂਰਾ ਪੰਡਾਲ ਭਾਰਤ ਮਾਤਾ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ। ਵਿਦਿਆਰਥੀਆਂ ਨੇ ਰੰਗਲੇ ਪੰਜਾਬ ਦੀ ਝਲਕ ਪੇਸ਼ ਕਰਦੇ ਹੋਏ ਭੰਗੜਾ, ਲੁੱਡੀ ਤੇ ਗਿੱਧਾ ਵੀ ਪੇਸ਼ ਕੀਤਾ।ਇਸ ਵਿਸ਼ੇਸ਼ ਮੌਕੇ 'ਤੇ ਸਕੂਲ ਦੇ ਡਾਇਰੈਕਟਰ ਵਰੁਣ ਜੈਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।ਉਨ੍ਹਾਂ ਨੇ ਬੱਚਿਆਂ ਨੂੰ ਭਾਰਤ ਦੇ ਸੰਵਿਧਾਨ ਦੀ ਮਹੱਤਤਾ ਬਾਰੇ ਦੱਸਿਆ ਤੇ ਵਿਸ਼ੇਸ਼ ਤੌਰ 'ਤੇ ਉਨ੍ਹਾਂ ਨੂੰ ਸਵਦੇਸ਼ੀ ਅਪਣਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਦੇਸ਼ ਦੀ ਤਰੱਕੀ ਲਈ ਸਾਨੂੰ ਆਪਣੇ ਦੇਸ਼ ਵਿੱਚ ਬਣੀਆਂ ਵਸਤਾਂ ਨੂੰ ਪਹਿਲ ਦੇਣੀ ਚਾਹੀਦੀ ਹੈ।ਪ੍ਰਿੰਸੀਪਲ ਕੇ ਵਸੁਧਾ ਜੈਨ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਨੂੰ ਦੇਸ਼ ਦੇ ਚੰਗੇ ਨਾਗਰਿਕ ਬਣਨ ਦਾ ਸੰਦੇਸ਼ ਦਿੱਤਾ।ਇਸ ਸਮਾਗਮ ਵਿੱਚ ਸਕੂਲ ਦੇ ਸੰਸਥਾਪਕ ਨਰਿੰਦਰ ਕੁਮਾਰ ਜੈਨ, ਸਕੂਲ ਡਾਇਰੈਕਟਰ ਵਰੁਣ ਜੈਨ, ਸਕੂਲ ਮੈਨੇਜਰ ਕੇਸ਼ਵ ਜੈਨ, ਸਕੂਲ ਪ੍ਰਿੰਸੀਪਲ ਕੇ ਵਸੁਧਾ ਜੈਨ, ਵਧੀਸ਼ਾ ਜੈਨ, ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।



# ਫਤਹਿਗੜ੍ਹ ਚੂੜੀਆਂ ਵਿਖੇ 77ਵਾਂ ਗਣਤੰਤਰ ਦਿਵਸ ਮਨਾਇਆ

ਫਤਹਿਗੜ੍ਹ ਚੂੜੀਆਂ, 27 ਜਨਵਰੀ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦਾਣਾ ਮੰਡੀ ਵਿਖੇ 77ਵਾਂ ਗਣਤੰਤਰ ਦਿਵਸ ਬੜੀ ਹੀ ਧੂਮਧਾਮ ਦੇ ਨਾਲ ਮਨਾਇਆ ਗਿਆ, ਜਿਸ ਵਿੱਚ ਝੰਡਾ ਲਹਿਰਾਉਣ ਦੀ ਰਸਮ ਡਾ. ਨਵਜੋਤ ਸ਼ਰਮਾ ਪੀਸੀਐਸ, ਉਪ-ਮੰਡਲ ਮੈਜਿਸਟਰੇਟ, ਫਤਹਿਗੜ੍ਹ ਚੂੜੀਆਂ ਵੱਲੋਂ ਨਿਭਾਈ ਗਈ।ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ ਉਨ੍ਹਾਂ ਵੱਲੋਂ ਦੇਸ਼ ਵਾਸੀਆਂ ਨੂੰ ਸੰਦੇਸ਼ ਦਿੱਤਾ ਤੇ ਦੇਸ਼ ਲਈ ਕੁਰਬਾਨ ਹੋਏ ਵੀਰ ਜਵਾਨਾਂ ਨੂੰ ਯਾਦ ਕੀਤਾ।ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ ਤੇ ਵੱਖ-ਵੱਖ ਸਕੂਲਾਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ।ਆਈਆਂ ਹੋਈਆਂ ਸ਼ਖ਼ਸੀਅਤਾਂ ਨੂੰ ਡਾ. ਨਵਜੋਤ ਸ਼ਰਮਾ, ਬਲਬੀਰ ਸਿੰਘ ਪੰਨੂੰ, ਜੋਬਨ ਰੰਧਾਵਾ ਪਲਾਨਿੰਗ ਬੋਰਡ ਚੇਅਰਮੈਨ, ਡੀਐਸਪੀ ਰਾਜੇਸ਼ ਕੱਕੜ ਵੱਲੋਂ ਪ੍ਰੋਗਰਾਮ ਦੇ ਵਿੱਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ।ਗਣਤੰਤਰ ਦਿਵਸ ਦੇ ਮੌਕੇ 'ਤੇ ਪੰਜਾਬ ਪੁਲਿਸ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਸਨ।ਇਸ ਮੌਕੇ 'ਤੇ ਫਤਹਿਗੜ੍ਹ ਚੂੜੀਆਂ ਦੀਆਂ ਰਾਜਨੀਤਿਕ ਪਾਰਟੀਆਂ ਦੇ ਆਗੂ ਸਾਹਿਬਾਨ ਤੇ ਸਕੂਲਾਂ ਦੇ ਪ੍ਰਿੰਸੀਪਲ ਟੀਚਰ ਸਾਹਿਬਾਨ ਤੇ ਪੰਜਾਬ ਰਾਜ ਬਿਜਲੀ ਬੋਰਡ, ਸੀਐਚਸੀ ਫਤਹਿਗੜ੍ਹ ਚੂੜੀਆਂ ਤੇ ਹੋਰ ਮਹਿਕਮਿਆਂ ਦੇ ਸੀਨੀਅਰ ਅਧਿਕਾਰੀਆਂ ਤੋਂ ਇਲਾਵਾ ਫਤਹਿਗੜ੍ਹ ਚੂੜੀਆਂ ਤੇ ਆਲੇ ਦੁਆਲੇ ਦੇ ਲੋਕ ਇਸ ਖੁਸ਼ੀ ਦੇ ਵਿੱਚ ਸ਼ਾਮਲ ਸਨ।



## ਨਗਰ ਕੌਂਸਲ 'ਚ ਵਿਧਾਇਕ ਗੈਰੀ ਬੜਿੰਗ ਨੇ ਲਹਿਰਾਇਆ ਤਿਰੰਗਾ



ਅਮਲੋਹ, 27 ਜਨਵਰੀ (ਜਸਵੰਤ ਸਿੰਘ): ਨਗਰ ਕੌਂਸਲ ਅਮਲੋਹ ਵਿਚ ਗਣਤੰਤਰ ਦਿਵਸ ਮੌਕੇ ਝੰਡਾ ਲਹਿਰਾਉਂਣ ਦੀ ਰਸਮ ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਅਦਾ ਕੀਤੀ। ਉਨ੍ਹਾਂ ਇਸ ਦਿਹਾੜੇ ਦੀ ਵਧਾਈ ਦਿੰਦਿਆਂ ਦੇਸ਼ ਦੇ ਅਜ਼ਾਦੀ ਦੇ ਪਰਵਾਨਿਆਂ ਨੂੰ ਯਾਦ ਕਰਦਿਆਂ ਹਲਕੇ ਦੇ ਸਰਵਪੱਖੀ ਵਿਕਾਸ ਦਾ ਭਰੋਸਾ ਦਿੱਤਾ। ਸਮਾਗਮ ਵਿਚ ਕਾਰਜ ਸਾਧਕ ਅਫ਼ਸਰ ਚੇਤਨ ਸ਼ਰਮਾ, ਮਾਰਕੀਟ ਕਮੇਟੀ ਦੀ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੌਤ, ਕੌਂਸਲ ਦੇ ਮੀਤ ਪ੍ਰਧਾਨ ਜਗਤਾਰ ਸਿੰਘ, ਕੌਂਸਲਰ ਅਤੁਲ ਲੁਟਾਵਾ, ਲਵਪ੍ਰੀਤ ਸਿੰਘ, ਜਾਨਵੀ ਸ਼ਰਮਾ, ਰਕੇਸ਼ ਸ਼ਾਹੀ, ਸਾਬਕਾ ਕੌਂਸਲਰ ਤੇ ਆਪ ਦੇ ਬਲਾਕ ਪ੍ਰਧਾਨ ਕੁਲਦੀਪ ਕੁਮਾਰ ਦੀਪਾ, ਜ਼ਿਲ੍ਹਾ ਪਰਿਸ਼ਦ ਮੈਂਬਰ ਸ਼ਿੰਗਾਰਾ ਸਿੰਘ ਸਲਾਣਾ, ਆਪ ਆਗੂ ਪਾਲੀ ਅਰੋੜਾ, ਰਾਕੇਸ਼ ਬੰਟੀ, ਸਵਰਨ ਸਿੰਘ ਸਨੀ, ਤਰਨਪ੍ਰੀਤ ਸਿੰਘ, ਗਗਨਦੀਪ ਸਿੰਘ ਤੇ ਮੋਨੀ ਸ਼ਰਮਾ ਆਦਿ ਹਾਜ਼ਰ ਸਨ। ਵਿਧਾਇਕ ਨੇ ਸਰਕਾਰੀ ਐਲੀਮੈਂਟਰੀ ਸਕੂਲ ਮਾਨੀ ਵਿਹੜਾ ਦੇ ਰਾਸ਼ਟਰੀ ਗੀਤ ਪੇਸ਼ ਕਰਨ ਵਾਲੇ ਬੱਚਿਆਂ ਦਾ ਸਨਮਾਨ ਵੀ ਕੀਤਾ।

## ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਗਣਤੰਤਰ ਦਿਵਸ ਮੌਕੇ ਲਹਿਰਾਇਆ ਕੌਮੀ ਝੰਡਾ

### ☛ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ ਸ਼ਹੀਦਾਂ ਨੂੰ ਕੀਤੀ ਸ਼ਰਧਾਂਜਲੀ ਭੇਟ

ਫ਼ਿਰੋਜ਼ਪੁਰ, 27 ਜਨਵਰੀ (ਤਿਵਾੜੀ): 77ਵੇਂ ਗਣਤੰਤਰ ਦਿਵਸ ਮੌਕੇ ਕੈਂਟ ਬੋਰਡ ਸਟੇਡੀਅਮ ਫ਼ਿਰੋਜ਼ਪੁਰ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਸਮਾਜਿਕ ਸੁਰੱਖਿਆ ਮਹਿਲਾ ਤੇ ਬਾਲ ਵਿਕਾਸ ਤੇ ਸਮਾਜਿਕ ਨਿਆਂ, ਸਸ਼ਕਤੀਕਰਨ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਤੇ ਜ਼ਿਲ੍ਹਾ ਵਾਸੀਆਂ ਦੇ ਨਾਮ ਸੰਦੇਸ਼ ਦਿੱਤਾ।ਇਸ ਮੌਕੇ ਉਨ੍ਹਾਂ ਪਰੇਡ ਦਾ ਨਿਰੀਖਣ ਕੀਤਾ ਤੇ ਪਰੇਡ ਤੋਂ ਸਲਾਮੀ ਲਈ।ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਤੇ ਐਸ.ਐਸ.ਪੀ. ਭੁਪਿੰਦਰ ਸਿੰਘ ਸਿੱਧੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਨੇ



ਆਪਣੇ ਕਾਰਜਕਾਲ ਦੌਰਾਨ ਅਨੇਕਾਂ ਲੋਕ-ਪੱਖੀ ਪਹਿਲਕਦਮੀਆਂ ਕੀਤੀਆਂ ਹਨ, ਜਿਸ ਤਹਿਤ ਪਿੰਡਾਂ ਦੇ ਵਿੱਚ ਸਕੂਲਾਂ ਦੇ ਨਾਮ ਸ਼ਹੀਦਾਂ ਦੇ ਨਾਮ 'ਤੇ ਰੱਖੇ ਜਾ ਰਹੇ ਹਨ।ਪੰਜਾਬ ਸਰਕਾਰ ਨੇ ਸਾਬਕਾ ਫੌਜੀਆਂ ਦੀ ਐਕਸ ਗਰੇਸ਼ੀਆ ਗ੍ਰਾਂਟ 50 ਲੱਖ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਹੈ।ਇਸੇ ਤਰ੍ਹਾਂ ਆਜ਼ਾਦੀ ਘੁਲਾਟੀਆਂ ਦੀ ਪੈਨਸ਼ਨ ਵਧਾ ਕੇ 12 ਹਜ਼ਾਰ ਰੁਪਏ ਕੀਤੀ ਹੈ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਬੱਚਿਆਂ ਨੂੰ ਆਪਣੀ ਮਹਾਨ ਵਿਰਾਸਤ ਨਾਲ ਜਾਣੂੰ ਕਰਵਾਉਣ ਲਈ ਤੱਤਪਰ ਹੈ ਜਿਸ ਤਹਿਤ ਸਰਕਾਰ ਵੱਲੋਂ ਗੁਰੂਆਂ ਨੂੰ ਸਮਰਪਿਤ ਵਿਸ਼ਵ ਪੱਧਰੀ ਸਮਾਗਮ ਕਰਵਾਏ ਜਾ ਰਹੇ ਹਨ ਤੇ ਫ਼ਿਰੋਜ਼ਪੁਰ ਵਿਖੇ ਵੀ ਸਾਰਾਗੜ੍ਹੀ ਜੰਗੀ ਮੈਮੋਰੀਅਲ ਬਣਾਇਆ ਗਿਆ ਹੈ।ਇਸ ਸਮਾਗਮ ਵਿੱਚ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਯਾ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਤੇ ਕਟਾਰੀਆ ਹਾਜ਼ਰ ਸਨ।

## ਸਾਬਕਾ ਵਿਧਾਇਕ ਆਵਲਾ ਦੀਆਂ ਸਰਗਰਮੀਆਂ ਤੇਜ਼, ਵੱਖ-ਵੱਖ ਪਾਰਟੀਆਂ ਦੇ ਆਗੂ ਕਾਂਗਰਸ 'ਚ ਸ਼ਾਮਲ



ਫਾਜ਼ਿਲਕਾ/ਜਲਾਲਾਬਾਦ, 27 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਜਲਾਲਾਬਾਦ ਤੋਂ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਆਪਣੀਆਂ ਰਾਜਨੀਤਕ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਦੀ ਅਗਵਾਈ ਹੇਠ ਲਗਾਤਾਰ ਵੱਖ-ਵੱਖ ਰਾਜਨੀਤਕ ਪਾਰਟੀਆਂ ਨੂੰ ਛੱਡ ਕੇ ਕਈ ਪਰਿਵਾਰ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਨੇ ਦੱਸਿਆ ਕਿ ਕਾਂਗਰਸ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਅੱਜ ਉਨ੍ਹਾਂ ਦੇ ਗ੍ਰਹਿ ਗੁਰੂਹਰਸਹਾਏ ਵਿਖੇ ਪਿੰਡ ਆਲਿਆਣਾ ਤੋਂ ਆਮ ਆਦਮੀ ਪਾਰਟੀ ਦੇ ਪੰਚਾਇਤ ਮੈਂਬਰ ਗੁਰਦੇਵ ਸਿੰਘ, ਮੈਂਬਰ ਲੱਖਾ ਸਿੰਘ, ਮੈਂਬਰ ਮਨਜੀਤ ਕੌਰ, ਸਾਬਕਾ ਮੈਂਬਰ ਕੁਲਵੰਤ ਸਿੰਘ ਤੇ ਸਾਬਕਾ ਮੈਂਬਰ ਪਹਿਲਵਾਨ ਸਿੰਘ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਤੋਂ ਇਲਾਵਾ ਪਿੰਡ ਆਲਿਆਣਾ ਤੋਂ ਅਕਾਲੀ ਦਲ ਦੇ ਮੈਂਬਰ ਜਗਸੀਰ ਸਿੰਘ ਜੱਗਾ, ਸਾਬਕਾ ਮੈਂਬਰ ਹਰਜੀਤ ਸਿੰਘ ਤੇ ਭਾਜਪਾ ਇਸਤਰੀ ਵਿੰਗ ਦੀ ਸੈਕਟਰੀ ਸੁਰਜੀਤ ਕੌਰ, ਸ਼ਾਂਤੀ ਬਾਈ ਅਤੇ ਕਿਸਾਨ ਯੂਨੀਅਨ ਦੇ ਮੈਂਬਰ ਗਿਆਨ ਸਿੰਘ ਨੇ ਵੀ ਕਾਂਗਰਸ ਪਾਰਟੀ ਦੀ ਮੈਂਬਰਸ਼ਿਪ ਹਾਸਲ ਕੀਤੀ। ਇਸ ਮੌਕੇ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਵਲਾ ਵੱਲੋਂ ਨਵੇਂ ਸ਼ਾਮਿਲ ਹੋਏ ਸਾਰੇ ਆਗੂਆਂ ਦਾ ਸਿਰੋਪਾਓ ਪਾ ਕੇ ਅਤੇ ਮੂੰਹ ਮਿੱਠਾ ਕਰਵਾ ਕੇ ਭਰਪੂਰ ਸਵਾਗਤ ਕੀਤਾ ਗਿਆ।ਇਸ ਮੌਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਲੋਕ-ਹਿਤੈਸ਼ੀ ਸੋਚ ਨੇ ਉਨ੍ਹਾਂ ਨੂੰ ਪ੍ਰਭਾਵਿਤ ਕੀਤਾ ਹੈ ਤੇ ਉਹ ਭਵਿੱਖ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

## ਗਣਤੰਤਰ ਦਿਵਸ 'ਤੇ ਸਿਵਲ ਹਸਪਤਾਲ ਵਿਖੇ ਸਿਵਲ ਸਰਜਨ ਨੇ ਲਹਿਰਾਇਆ ਤਿਰੰਗਾ



ਫਿਰੋਜ਼ਪੁਰ, 27 ਜਨਵਰੀ (ਤਿਵਾੜੀ): ਗਣਤੰਤਰ ਦਿਹਾੜੇ ਮੌਕੇ ਸਰਹੱਦੀ ਜ਼ਿਲ੍ਹਾ ਫਿਰੋਜ਼ਪੁਰ ਦੇ ਸਿਵਲ ਹਸਪਤਾਲ ਵਿਖੇ ਅੱਜ ਡਾ. ਰਾਜੀਵ ਪਰਾਸ਼ਰ ਸਿਵਲ ਸਰਜਨ ਵੱਲੋਂ ਦੇਸ਼ ਦੀ ਆਨ ਬਾਨ ਤੇ ਸ਼ਾਨ ਦਾ ਪ੍ਰਤੀਕ ਰਾਸ਼ਟਰੀ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ। ਇਸ ਮੌਕੇ ਜਿੱਥੇ ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹੋਰ ਚੰਗੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ, ਉਥੇ ਹੀ ਲੋਕਾਂ ਨੂੰ ਅਪੀਲ ਕੀਤੀ ਕਿ ਦੇਸ਼ ਦੀ ਤਰੱਕੀ ਅਤੇ ਉਨਤੀ ਲਈ ਹਰ ਵਿਅਕਤੀ ਆਪਣਾ ਬਣਦਾ ਯੋਗਦਾਨ ਦੇਵੇ।ਇਸ ਮੌਕੇ ਉਨ੍ਹਾਂ ਹਾਜ਼ਰੀਨ ਨੂੰ ਨਸ਼ਾ ਮੁਕਤ ਸਮਾਜ ਦੀ ਸਿਰਜਣਾ, ਸਮਾਜ ਨੂੰ ਨਸ਼ਿਆਂ ਦੇ ਵਿਰੁੱਧ ਜਾਗਰੂਕ ਕਰਨ ਤੇ ਨਸ਼ਿਆਂ ਨਾਲ ਪੀੜਿਤ ਮਰੀਜ਼ਾਂ ਨੂੰ ਨਸ਼ੇ ਦੀ ਅਲਾਮਤ ਤੋਂ ਆਜ਼ਾਦ ਕਰਵਾਉਣ ਲਈ ਮਿਲ ਕਿ ਹੰਭਲਾ ਮਾਰਨ ਦੀ ਅਪੀਲ ਕੀਤੀ।ਉਨ੍ਹਾਂ ਸਪੱਸ਼ਟ ਕੀਤਾ ਕਿ ਅੱਜ ਭਾਰਤ ਦਾ ਹਰ ਨਾਗਰਿਕ ਖੁਸ਼ੀ ਦੇ ਪਲ ਮਨਾ ਰਿਹਾ ਹੈ ਤੇ ਸਾਨੂੰ ਇਸ ਖੁਸ਼ੀ ਨੂੰ ਬਰਕਰਾਰ ਰੱਖਣ ਲਈ ਆਪਣੇ ਦੇਸ਼ ਦੇ ਹਿੱਤ ਬਾਰੇ ਸੋਚਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਸਾਡੇ ਕੌਮ ਦੇ ਹੀਰਿਆਂ ਨੇ ਜਿਸ ਸ਼ਿੱਦਤ ਨਾਲ ਅੰਗਰੇਜ਼ਾਂ ਵਿਰੁੱਧ ਕ੍ਰਾਂਤੀ ਛੇੜੀ ਸੀ, ਉਸ ਵਿਚ ਬੇਸ਼ੱਕ ਉਨ੍ਹਾਂ ਨੂੰ ਆਪਣੀਆਂ ਜਾਨਾਂ ਗਵਾਉਣੀਆਂ ਪਈਆਂ, ਪਰ ਅੰਗਰੇਜ਼ਾਂ ਨੂੰ ਭਾਰਤ ਤੋਂ ਭੱਜਣ ਲਈ ਮਜਬੂਰ ਕਰ ਦਿੱਤਾ।ਉਨ੍ਹਾਂ ਕਿਹਾ ਕਿ ਦੇਸ਼ ਲਈ ਆਪਾ ਵਾਰਨ ਵਾਲੇ ਕੌਮ ਦੇ ਮਹਾਨ ਸ਼ਹੀਦ ਭਗਤ ਸਿੰਘ, ਸੁਖਦੇਵ, ਰਾਜਗੁਰੂ ਵੱਲੋਂ ਜਿਥੇ ਆਜ਼ਾਦੀ ਦੇ ਸੰਗਰਾਮ ਵਿਚ ਮੋਹਰੀ ਰੋਲ ਅਦਾ ਕੀਤਾ ਤੇ ਸਾਨੂੰ ਉਨ੍ਹਾਂ ਦੇ ਦੱਸੇ ਰਾਹ 'ਤੇ ਚਲਦਿਆਂ ਸਮਾਜ ਨੂੰ ਤੰਦਰੁਸਤ ਰੱਖਣ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।ਸਮਾਗਮ ਉਪਰੰਤ ਸਿਵਲ ਸਰਜਨ ਵੱਲੋਂ ਚੰਗੀਆਂ ਸਿਹਤ ਸੇਵਾਵਾਂ ਦੇਣ ਵਾਲੇ ਮੁਲਾਜ਼ਮਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਡਾ. ਸੁਸ਼ਮਾ ਠੱਕਰ ਸਹਾਇਕ ਸਿਵਲ ਸਰਜਨ, ਡਾ. ਗੁਰਮੇਜ ਰਾਮ, ਡਾ. ਨਿਖਿਲ ਗੁਪਤਾ ਸੀਨੀਅਰ ਮੈਡੀਕਲ ਅਫ਼ਸਰ, ਡਾ. ਰਵਿੰਦਰਪਾਲ ਐਸ.ਐਮ.ਓ. ਮੱਖੂ, ਸੰਜੀਵ ਕੁਮਾਰ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ, ਅੰਕੁਸ਼ ਭੰਡਾਰੀ ਡਿਪਟੀ ਮਾਸ ਮੀਡੀਆ ਅਫਸਰ, ਵਿਕਾਸ ਕਾਲੜਾ ਪੀ.ਏ. ਟੂ ਸਿਵਲ ਸਰਜਨ ਸਮੇਤ ਸਿਵਲ ਹਸਪਤਾਲ ਦੇ ਡਾਕਟਰ ਤੇ ਪੈਰਾ ਮੈਡੀਕਲ ਸਟਾਫ ਹਾਜ਼ਰ ਸੀ।

## ਨਗਰ ਪੰਚਾਇਤ ਮੱਲਾਂ ਵਾਲਾ ਖਾਸ 'ਚ ਗਣਤੰਤਰ ਦਿਵਸ ਸ਼ਰਧਾ, ਗੌਰਵ ਤੇ ਉਤਸ਼ਾਹ ਨਾਲ ਮਨਾਇਆ



ਮੱਲਾਂ ਵਾਲਾ ਖਾਸ, 27 ਜਨਵਰੀ (ਹਰਪਾਲ ਸਿੰਘ ਖ਼ਾਲਸਾ): ਨਗਰ ਪੰਚਾਇਤ ਮੱਲਾਂ ਵਾਲਾ ਖਾਸ ਵਿਖੇ 77ਵੇਂ ਗਣਤੰਤਰ ਦਿਵਸ ਮੌਕੇ ਦੇਸ਼ਭਗਤੀ ਦੇ ਰੰਗਾਂ ਨਾਲ ਰੰਗਿਆ ਹੋਇਆ ਇਕ ਸਾਦਾ ਪਰ ਅਰਥਪੂਰਨ ਸਮਾਗਮ ਕਰਵਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਰਾਸ਼ਟਰੀ ਝੰਡਾ ਲਹਿਰਾਉਣ ਨਾਲ ਹੋਈ, ਜਿਸ ਉਪਰੰਤ ਰਾਸ਼ਟਰੀ ਗੀਤ ਦੀ ਗੂੰਜ ਨਾਲ ਪੂਰਾ ਮਾਹੌਲ ਦੇਸ਼ ਭਗਤੀ ਦੇ ਜਜ਼ਬੇ ਨਾਲ ਭਰ ਗਿਆ।ਇਸ ਮੌਕੇ ਹਾਜ਼ਰ ਸਭ ਨੇ ਦੇਸ਼ ਦੀ ਏਕਤਾ, ਅਖੰਡਤਾ ਤੇ ਸੰਵਿਧਾਨਕ ਮੂਲਾਂ ਦੀ ਰੱਖਿਆ ਕਰਨ ਦਾ ਸੰਕਲਪ ਦੁਹਰਾਇਆ। ਝੰਡਾ ਲਹਿਰਾਉਣ ਉਪਰੰਤ ਨਗਰ ਪੰਚਾਇਤ ਵੱਲੋਂ ਸ਼ਹਿਰ ਦੀ ਸਫ਼ਾਈ ਪ੍ਰਣਾਲੀ ਨੂੰ ਮਜ਼ਬੂਤ ਬਣਾਈ ਰੱਖਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਸਮੂਹ ਸਫ਼ਾਈ ਸੇਵਕਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਫ਼ਾਈ ਸੇਵਕ ਸ਼ਹਿਰ ਦੀ ਅਸਲ ਰੀੜ੍ਹ ਦੀ ਹੱਡੀ ਹਨ, ਜੋ ਬਿਨਾਂ ਕਿਸੇ ਭੇਦਭਾਵ ਦੇ ਦਿਨ-ਰਾਤ ਆਪਣੀ ਡਿਊਟੀ ਨਿਭਾ ਕੇ ਸ਼ਹਿਰ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਈ ਰੱਖਦੇ ਹਨ।ਉਨ੍ਹਾਂ ਦੀ ਨਿਸ਼ਠਾ ਅਤੇ ਮਿਹਨਤ ਸਮਾਜ ਲਈ ਪ੍ਰੇਰਣਾ ਦਾ ਸਰੋਤ ਹੈ।ਸਮਾਰੋਹ ਵਿੱਚ ਲੇਖਾਕਾਰ ਬਲਜੀਤ ਕੌਰ, ਕਲਰਕ ਕੁਲਜੀਤ ਸਿੰਘ, ਹਰਜੀਤ ਕੌਰ, ਗੁਰਜੀਤ ਸਿੰਘ ਬੱਗਾ ਅਟਵਾਲ, ਪ੍ਰਧਾਨ ਬੀਬੀ ਕਰਮਜੀਤ ਕੌਰ ਅਤੇ ਉਨ੍ਹਾਂ ਦੇ ਫਰਜ਼ੰਦ ਮਹਾਬੀਰ ਸਿੰਘ ਸੰਧੂ, ਵਾਈਸ ਪ੍ਰਧਾਨ ਧਰਮ ਸਿੰਘ, ਸੀਨੀਅਰ ਵਾਈਸ ਪ੍ਰਧਾਨ ਗੀਤੂ ਕੱਕੜ ਤੇ ਉਨ੍ਹਾਂ ਦੇ ਧਰਮ ਪਤੀ ਰਕੇਸ਼ ਕੁਮਾਰ ਹੀਰਾ ਕੱਕੜ, ਸਮੂਹ ਐਮ.ਸੀ. ਸਾਹਿਬਾਨ ਬੂਟਾ ਸਿੰਘ, ਚਰਨਜੀਤ ਕੌਰ, ਕਿਕਰ ਸਿੰਘ, ਕੁਲਭੂਸ਼ਨ ਲਾਲ ਧਵਨ, ਦਲਜੀਤ ਕੌਰ, ਗੁਰਦੇਵ ਸਿੰਘ, ਕਿਰਨਦੀਪ ਕੌਰ, ਕੁਲਦੀਪ ਸਿੰਘ, ਜਸਵੰਤ ਸਿੰਘ ਧੰਜੂ, ਗੁਰਮਾਲਕ ਸਿੰਘ ਲੰਡਹਾ, ਸਿੰਦਰ, ਨਵਾਬ, ਮਾਸਟਰ ਗੁਰਚਰਨ ਸਿੰਘ ਕਲਸੀ, ਅੰਮ੍ਰਿਤ ਸੰਧੂ, ਆਪ ਆਗੂ ਕਰਨ ਸਮੇਤ ਆਮ ਆਦਮੀ ਪਾਰਟੀ ਦੇ ਸਮੂਹ ਆਗੂ ਹਾਜ਼ਰ ਸਨ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਗਣਤੰਤਰ ਦਿਵਸ 'ਤੇ ਝਾਕੀ ਕੱਢੀ

ਫਿਰੋਜ਼ਪੁਰ, 27 ਜਨਵਰੀ (ਤਿਵਾੜੀ): ਸੁਮੀਤ ਮਲਹੋਤਰਾ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ, ਫਿਰੋਜ਼ਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਗਣਤੰਤਰ ਦਿਵਸ ਮੌਕੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਝਾਕੀ ਤਿਆਰ ਕੀਤੀ ਗਈ, ਜਿਸ ਵਿੱਚ ਉਨ੍ਹਾਂ ਵੱਲੋਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਪ੍ਰਦਰਸ਼ਨੀ ਕੀਤੀ ਗਈ। ਇਸ ਝਾਕੀ ਵਿੱਚ ਟਰੈਕਟਰ ਤੋਂ ਅੱਗੇ ਪੋਸਟਰ ਫੜੇ ਵਲੰਟੀਅਰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰ ਰਹੇ ਸਨ। ਦੂਜੇ ਪਾਸੇ ਟਰਾਲੀ ਵਿਚਲੀ ਝਾਕੀ ਵਿਚ ਪਹਿਲੇ ਨੰਬਰ 'ਤੇ ਲੋਕ ਅਦਾਲਤ ਦਾ ਦ੍ਰਿਸ਼ ਪੇਸ਼ ਕੀਤਾ ਗਿਆ, ਜਿਸ ਵਿੱਚ ਲੋਕ ਅਦਾਲਤ ਰਾਹੀਂ ਆਪਸੀ ਰਜ਼ਾਮੰਦੀ ਨਾਲ ਹੋ ਰਹੇ ਫੈਸਲੇ ਦਾ ਦ੍ਰਿਸ਼ ਦਿਖਾਇਆ ਗਿਆ ਤੇ ਲੋਕਾਂ ਨੂੰ ਜਾਗਰੂਕ ਕੀਤਾ ਕਿ ਲੋਕ ਅਦਾਲਤਾਂ ਰਾਹੀਂ ਸਸਤਾ ਤੇ ਛੇਤੀ ਇਨਸਾਫ ਪ੍ਰਾਪਤ ਕਰੋ। ਲੋਕ ਅਦਾਲਤ ਰਾਹੀਂ ਹੋਏ ਫੈਸਲੇ ਵਿੱਚ ਦੋਨਾਂ ਧਿਰਾਂ ਦੀ ਜਿੱਤ ਹੁੰਦੀ ਹੈ ਤੇ ਕੇਸ ਵਿੱਚ ਲੱਗੀ ਸਾਰੀ ਕੋਰਟ ਫੀਸ ਮੁਆਫ ਹੁੰਦੀ ਹੈ। ਟਰਾਲੀ ਵਿੱਚ ਦੂਜੇ ਨੰਬਰ 'ਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜ਼ਪੁਰ ਵੱਲੋਂ ਦਿੱਤੀ ਜਾ ਰਹੀ ਮੁਫ਼ਤ ਕਾਨੂੰਨੀ ਸਹਾਇਤਾ ਦੇ ਹੱਕਦਾਰ ਕੌਣ ਹਨ, ਬਾਰੇ ਜਾਣਕਾਰੀ ਦੇ ਰਹੀ ਸੀ। ਅੰਤ ਵਿੱਚ ਨਾਲਸਾ ਦੀਆਂ ਸਕੀਮਾਂ ਤੇ ਟੋਲ ਫਰੀ ਨੰਬਰ 15100 ਬਾਰੇ ਜਾਣਕਾਰੀ ਦਿੱਤੀ ਗਈ।



## ਪੰਜਾਬ ਗਰੁੱਪ ਆਫ ਕਾਲਜਿਜ਼ ਵਿਖੇ ਗਣਤੰਤਰ ਦਿਵਸ ਮਨਾਇਆ



ਸ੍ਰੀ ਫਤਹਿਗੜ੍ਹ ਸਾਹਿਬ, 27 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਗਰੁੱਪ ਆੱਫ ਕਾਲਜਿਸ ਪਿੰਡ ਸਰਕੱਪੜਾ, ਚੂੰਨੀ ਕਲਾਂ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਵਿਖੇ ਗਣਤੰਤਰ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦਾ ਉਦਘਾਟਨ ਰਾਸ਼ਟਰੀ ਝੰਡਾ ਫਹਿਰਾ ਕੇ ਕੀਤਾ ਗਿਆ। ਇਸ ਮੌਕੇ ਕਾਲਜ ਦੇ ਚੇਅਰਮੈਨ ਨਿਰਮਲ ਸਿੰਘ, ਪ੍ਰਿੰਸੀਪਲ ਡਾ. ਸੁਮਨਦੀਪ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ। ਇਸ ਮੌਕੇ 'ਤੇ ਕਾਲਜ ਦੇ ਵਿਦਿਆਰਥੀਆਂ ਵਲੋਂ ਦੇਸ਼ ਭਗਤੀ ਦੇ ਗੀਤ, ਭਾਸ਼ਣ ਤੇ ਕਵਿਤਾਵਾਂ ਆਦਿ ਦੀ ਪੇਸ਼ਕਾਰੀ ਦਿੱਤੀ ਗਈ। ਚੇਅਰਮੈਨ ਨਿਰਮਲ ਸਿੰਘ ਵੱਲੋਂ ਇਸ ਮੌਕੇ ਸਭ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ ਗਈ ਅਤੇ ਇਸ ਦਿਨ ਨੂੰ ਮਨਾਉਣ ਤੇ ਮਹੱਤਤਾ ਬਾਰੇ ਚਾਨਣਾ ਪਾਇਆ। ਪ੍ਰਿੰਸੀਪਲ ਡਾ. ਸੁਮਨਦੀਪ ਕੌਰ ਨੇ ਸੰਵਿਧਾਨ ਦੇ ਨਿਰਮਾਣ ਅਤੇ ਇਸ ਦੀ ਸਾਡੇ ਜੀਵਨ ਤੇ ਸਾਡੇ ਦੇਸ਼ ਲਈ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ। ਅੰਤ ਵਿੱਚ ਸਮੂਹ ਸਟਾਫ ਅਤੇ ਵਿਦਿਆਰਥੀਆਂ ਦਾ ਇਸ ਦਿਨ ਨੂੰ ਮਨਾਉਣ ਤੇ ਸਫਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਧੰਨਵਾਦ ਕੀਤਾ।

## 77ਵੇਂ ਗਣਤੰਤਰ ਦਿਵਸ ਮੌਕੇ ਡੀ.ਸੀ. ਡਾ. ਸੋਨਾ ਥਿੰਦ ਨੇ ਫਹਿਰਾਇਆ ਤਿਰੰਗਾ

ਸ੍ਰੀ ਫਤਹਿਗੜ੍ਹ ਸਾਹਿਬ, 27 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਗਣਤੰਤਰ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਖੇਡ ਸਟੇਡੀਅਮ ਮਾਧੋਪੁਰ ਵਿਖੇ ਕਰਵਾਇਆ ਗਿਆ, ਜਿਸ ਵਿੱਚ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਤਿਰੰਗਾ ਫਹਿਰਾਉਣ ਦੀ ਰਸਮ ਅਦਾ ਕੀਤੀ।ਇਸ ਉਪਰੰਤ ਉਨ੍ਹਾਂ ਨੇ ਪਰੇਡ ਟੁਕੜੀਆਂ ਦਾ ਨਿਰੀਖਣ ਕੀਤਾ ਤੇ ਬਾਅਦ ਵਿੱਚ ਜ਼ਿਲ੍ਹਾ ਵਾਸੀਆਂ ਨੂੰ ਸੰਦੇਸ਼ ਦਿੰਦਿਆਂ 77ਵੇਂ ਗਣਤੰਤਰ ਦਿਵਸ ਮੌਕੇ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ 26 ਜਨਵਰੀ 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋਣ ਨਾਲ ਭਾਰਤੀ ਗਣਰਾਜ ਦੀ ਸਥਾਪਨਾ ਹੋਈ ਤੇ ਸਾਨੂੰ ਦੁਨੀਆਂ ਵਿੱਚ ਸਭ ਤੋਂ ਵੱਡੀ ਜ਼ਮਹੂਰੀਅਤ ਹੋਣ ਦਾ ਮਾਣ ਹਾਸਲ ਹੈ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੇ ਵੱਡਮੁੱਲੇ ਯੋਗਦਾਨ ਨੂੰ ਵੀ ਸਿਜਦਾ ਕੀਤਾ।ਆਪਣੇ ਭਾਸ਼ਣ ਵਿੱਚ ਮੁੱਖ ਮਹਿਮਾਨ ਡਾ. ਸੋਨਾ ਥਿੰਦ ਨੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਕਰਵਾਏ ਜਾ ਰਹੇ ਵੱਖ—ਵੱਖ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ, ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ।ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨ ਜੱਜ ਅਰੁਣ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਪੂਜਾ ਸਿਆਲ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਐਸਡੀਐਮ ਸੂਬਾ ਸਿੰਘ, ਮੁੱਖ ਮੰਤਰੀ ਫੀਲਡ ਅਫਸਰ ਸ਼ੰਕਰ ਸ਼ਰਮਾ, ਹਲਕਾ ਯੂਥ ਪ੍ਰਧਾਨ ਦਿਲਪ੍ਰੀਤ ਸਿੰਘ ਭੱਟੀ, ਅਮਰਿੰਦਰ ਸਿੰਘ ਮੰਡੋਫਲ, ਕੁਲਵਿੰਦਰ ਸਿੰਘ ਡੇਰਾ, ਰਾਜ ਦਵਿੰਦਰ ਲਾਡੀ, ਮਨਦੀਪ ਸਿੰਘ ਪੋਲਾ, ਹਰਮੇਸ਼ ਛੰਨਾ, ਪ੍ਰਿਤਪਾਲ ਜੱਸੀ, ਬਲਦੇਵ ਜਲਾਲ, ਆਸ਼ਾ ਰਾਣੀ, ਦਵਿੰਦਰ ਕੌਰ, ਬਲਬੀਰ ਸੋਢੀ, ਰੀਨਾ ਰਾਣੀ ਸਮੇਤ ਵੱਡੀ ਗਿਣਤੀ ਵਿੱਚ ਹੋਰ ਸ਼ਖਸੀਅਤਾਂ, ਸਕੂਲੀ ਵਿਦਿਆਰਥੀ ਅਧਿਆਪਕ, ਅਧਿਕਾਰੀ ਕਰਮਚਾਰੀ ਤੇ ਸ਼ਹਿਰ ਵਾਸੀ ਮੌਜੂਦ ਸਨ।




## ਉਘੇ ਸਮਾਜ ਸੇਵੀ ਡਾ. ਰਘਬੀਰ ਸ਼ੁਕਲਾ ਦਾ ਗਣਤੰਤਰ ਦਿਵਸ ਮੌਕੇ ਵਿਸ਼ੇਸ਼ ਸਨਮਾਨ

ਅਮਲੋਹ, 27 ਜਨਵਰੀ (ਜਸਵੰਤ ਸਿੰਘ): ਉੱਘੇ ਸਮਾਜ ਸੇਵੀ ਡਾ. ਰਘਬੀਰ ਸ਼ੁਕਲਾ ਦਾ ਗਣਤੰਤਰ ਦਿਵਸ ਮੌਕੇ ਸਬ ਡਵੀਜ਼ਨ ਪੱਧਰ ਦੇ ਸਮਾਗਮ ਵਿਚ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਉਪ ਮੰਡਲ ਮੈਜਿਸਟਰੇਟ ਚੇਤਨ ਬੰਗੜ, ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ, ਡੀਐਸਪੀ ਗੁਰਦੀਪ ਸਿੰਘ ਸੰਧੂ ਸਮੇਤ ਅਧਿਕਾਰੀਆਂ ਨੇ ਉਨ੍ਹਾਂ ਨੂੰ ਪ੍ਰਸੰਸਾ ਪੱਤਰ ਅਤੇ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ। ਇਥੇ ਇਹ ਵਰਨਣਯੋਗ ਹੈ ਕਿ ਡਾ. ਸ਼ੁਕਲਾ ਦਾ ਜਨਮ ਪਿੰਡ ਖਨੌੜਾ ਵਿਚ ਸ੍ਰੀ ਛੋਟੂ ਰਾਮ ਦੇ ਘਰ ਹੋਇਆ। ਮੈਟ੍ਰਿਕ, ਪਰੀ-ਮੈਡੀਕਲ ਕਰਨ ਉਪਰੰਤ ਉਨ੍ਹਾਂ ਸ੍ਰੀ ਕ੍ਰਿਸ਼ਨਾ ਆਯੂਸ਼ ਯੂਨੀਵਰਸਿਟੀ ਕੁਰੂਕਸ਼ੇਤਰਾ ਤੋਂ 1975 ਵਿਚ ਆਯੁਰਵੈਦਿਕ ਜੀਏਐਮਐਸ ਦੀ ਡਿਗਰੀ ਹਾਸਲ ਕੀਤੀ। ਵਿਦਿਆ ਦੇ ਨਾਲ-ਨਾਲ ਹੀ ਇਨ੍ਹਾਂ ਐਨਐਸਐਸ ਦੇ ਵਲੰਟੀਅਰ ਵਜੋਂ ਸੇਵਾ ਦਾ ਕਾਰਜ ਸੰਭਾਲਿਆ ਤੇ ਮੁਫ਼ਤ ਮੈਡੀਕਲ ਲਗਾਉਂਣੇ ਸ਼ੁਰੂ ਕੀਤੇ। ਕੁੰਭ ਦੇ ਮੇਲੇ ਦੌਰਾਨ 1 ਮਹੀਨਾ ਸੇਵਾ ਕੀਤੀ, ਜਿਸ ਸਦਕਾ ਯੂਨੀਵਰਸਿਟੀ ਨੇ ਉਤਮ ਵਲੰਟੀਅਰ ਘੋਸ਼ਿਤ ਕੀਤਾ ਤੇ ਉਸ ਸਮੇਂ ਦੇ ਹਰਿਆਣੇ ਦੇ ਗਵਰਨਰ ਬੀਐਨ ਚੱਕਰਵਰਤੀ ਨੇ ਇਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਪੜ੍ਹਾਈ ਉਪਰੰਤ ਅਮਲੋਹ ਖੇਤਰ ਵਿਚ ਮੈਡੀਕਲ ਸਹੂਲਤਾਂ ਦੀ ਘਾਟ ਕਾਰਨ ਦਰਜਨਾਂ ਪਿੰਡਾਂ ਦੇ ਲੋਕਾਂ ਦੀ ਮੰਗ ਉਪਰ ਇਨ੍ਹਾਂ ਨਾਭਾ ਰੋਡ ਅਮਲੋਹ ਵਿਖੇ ਜਨਵਰੀ 1976 ਵਿਚ ਆਪਣਾ ਕਲੀਨਿਕ ਖੋਲ੍ਹਿਆ ਤੇ ਡਾਕਟਰੀ ਨੂੰ ਪੇਸ਼ੇ ਦੀ ਥਾਂ ਸਮਾਜ ਸੇਵਾ ਵਜੋਂ ਅਪਨਾਉਂਦੇ ਹੋਏ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦੇ ਕੇ ਇਲਾਜ ਕੀਤਾ। ਇਨ੍ਹਾਂ ਆਪਣੇ ਹਸਪਤਾਲ ਵਿਚ ਸਪੈਸ਼ਲਿਟੀ ਡਾਕਟਰਾਂ ਦੇ 100 ਤੋਂ ਵੱਧ ਮੁਫ਼ਤ ਮੈਡੀਕਲ ਕੈਂਪ ਲਗਾ ਕੇ ਮੁਫ਼ਤ ਦਵਾਈਆਂ ਦਿੱਤੀਆਂ ਜਿਨ੍ਹਾਂ ਵਿਚ ਪੀਜੀਆਈ ਦੇ ਪ੍ਰਸਿੱਧ ਡਾਕਟਰ ਡਾ. ਚੁਟਾਨੀ ਤੇ ਅਪੋਲੋ ਹਸਪਤਾਲ ਲੁਧਿਆਣਾ ਵਰਗੇ ਹਸਪਤਾਲ ਵਿਚੋਂ ਮਾਹਰ ਡਾਕਟਰ ਬੁਲਾਏ ਗਏ। ਇਨ੍ਹਾਂ ਵੱਲੋਂ ਹੁਣ ਵੀ ਹਰ 15 ਦਿਨ ਬਾਅਦ ਮੈਡੀਕਲ ਚੈਕਅੱਪ ਕੈਂਪ ਲਗਾਇਆ ਜਾਂਦਾ ਹੈ, ਜਿਸ ਸਦਕਾ ਹਲਕੇ ਦੇ ਹਰ ਵਰਗ ਵਿਚ ਹਰਮਨ ਪਿਆਰੀ ਸ਼ਖਸੀਅਤ ਵਜੋਂ ਇਨਾਂ ਦਾ ਸਤਿਕਾਰ ਹੈ। ਇਸ ਮੌਕੇ ਮਾਰਕੀਟ ਕਮੇਟੀ ਦੀ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੌਤ, ਜ਼ਿਲ੍ਹਾ ਪਰਿਸ਼ਦ ਮੈਂਬਰ ਸਿੰਗਾਰਾ ਸਿੰਘ ਸਲਾਣਾ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਪਤਵੰਤੇ ਹਾਜ਼ਰ ਸਨ।



## ਨਗਰ ਨਿਗਮ ਵਿਖੇ ਗਣਤੰਤਰ ਦਿਵਸ ਮਨਾਇਆ

ਹੁਸ਼ਿਆਰਪੁਰ, 27 ਜਨਵਰੀ (ਪਰਮਿੰਦਰ ਘੁੰਮਣ): ਹੁਸ਼ਿਆਰਪੁਰ ਨਗਰ ਨਿਗਮ ਵਿਖੇ 77ਵਾਂ ਗਣਤੰਤਰ ਦਿਵਸ ਸ਼ਰਧਾ, ਮਾਣ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਨਗਰ ਨਿਗਮ ਦੇ ਅਧਿਕਾਰੀ ਤੇ ਕਰਮਚਾਰੀ, ਯੂਨੀਅਨ ਅਧਿਕਾਰੀ ਤੇ ਵੱਖ-ਵੱਖ ਵਾਰਡਾਂ ਦੇ ਕੌਂਸਲਰ ਮੌਜੂਦ ਸਨ।ਹੁਸ਼ਿਆਰਪੁਰ ਦੇ ਮੇਅਰ ਸੁਰਿੰਦਰ ਕੁਮਾਰ ਨੇ ਨਗਰ ਨਿਗਮ ਗਰਾਊਂਡ ਵਿਖੇ ਰਾਸ਼ਟਰੀ ਝੰਡਾ ਫਹਿਰਾਇਆ। ਇਸ ਉਪਰੰਤ ਰਾਸ਼ਟਰੀ ਗਾਣ ਹੋਇਆ। ਇਸ ਪਵਿੱਤਰ ਸਮਾਰੋਹ ਵਿੱਚ ਹੁਸ਼ਿਆਰਪੁਰ ਨਗਰ ਨਿਗਮ ਦੇ ਕਮਿਸ਼ਨਰ ਜਿਓਤੀ ਬਾਲਾ ਮੱਟੂ ਤੇ ਡਿਪਟੀ ਮੇਅਰ ਰਣਜੀਤ ਚੌਧਰੀ ਵੀ ਮੌਜੂਦ ਸਨ। ਨਾਗਰਿਕਾਂ ਨੂੰ ਸੰਬੋਧਨ ਕਰਦੇ ਹੋਏ ਮੇਅਰ ਸੁਰਿੰਦਰ ਕੁਮਾਰ ਨੇ ਗਣਤੰਤਰ ਦਿਵਸ ਦੀਆਂ ਦਿਲੋਂ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਅਮਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਨੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ ਮੇਅਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਹੁਸ਼ਿਆਰਪੁਰ ਨੂੰ ਸਾਫ਼-ਸੁਥਰਾ ਰੱਖਣ ਲਈ ਨਗਰ ਨਿਗਮ ਦਾ ਸਹਿਯੋਗ ਕਰਨ, ਆਪਣੇ ਘਰਾਂ ਤੋਂ ਗਿੱਲਾ ਅਤੇ ਸੁੱਕਾ ਕੂੜਾ ਵੱਖ ਕਰਕੇ ਸਫ਼ਾਈ ਕਰਮਚਾਰੀਆਂ ਨੂੰ ਸੌਂਪਣ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਖੇਤਰ ਦੇ ਵਾਰਡ 1 ਤੋਂ 50 ਵਿੱਚ ਲੱਗਭਗ 29 ਕਰੋੜ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਸ਼ਹਿਰ ਨੂੰ ਬਿਹਤਰ ਰੌਸ਼ਨੀ ਪ੍ਰਦਾਨ ਕਰਨ ਲਈ 6 ਕਰੋੜ ਦੀ ਲਾਗਤ ਨਾਲ ਆਧੁਨਿਕ ਸਟਰੀਟ ਲਾਈਟਾਂ ਲਗਾਉਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਤੋਂ ਇਲਾਵਾ 'ਰੰਗਲਾ ਪੰਜਾਬ ਯੋਜਨਾ' ਤਹਿਤ 30 ਲੱਖ ਦੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ ਤੇ 15 ਲੱਖ ਦੀ ਲਾਗਤ ਨਾਲ ਇਕ ਸ਼ਵ ਵਾਹਨ ਗੱਡੀ ਖ਼ਰੀਦੀ ਜਾ ਰਹੀ ਹੈ।ਵਾਤਾਵਰਨ ਸੁਰੱਖਿਆ 'ਤੇ ਜ਼ੋਰ ਦਿੰਦੇ ਹੋਏ ਮੇਅਰ ਨੇ ਸਿੰਗਲ-ਯੂਜ਼ ਪਲਾਸਟਿਕ ਤੋਂ ਬਚਣ ਤੇ ਜੂਟ, ਕਾਗਜ਼ ਤੇ ਸਟੀਲ ਵਰਗੀਆਂ ਵਾਤਾਵਰਨ ਅਨੁਕੂਲ ਸਮੱਗਰੀਆਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ। ਅੰਤ ਵਿੱਚ ਮੇਅਰ ਸੁਰਿੰਦਰ ਕੁਮਾਰ ਨੇ ਇਕ ਵਾਰ ਫਿਰ ਸਾਰੇ ਨਾਗਰਿਕਾਂ ਨੂੰ 77ਵੇਂ ਗਣਤੰਤਰ ਦਿਵਸ 'ਤੇ ਆਪਣੀਆਂ ਦਿਲੋਂ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਮੌਕੇ ਵਾਰਡ ਨੰਬਰ 5 ਦੀ ਕੌਂਸਲਰ ਮੀਨਾ ਸ਼ਰਮਾ, ਵਾਰਡ ਨੰਬਰ 20 ਜਸਵੰਤ ਰਾਏ, ਵਾਰਡ ਨੰਬਰ 49 ਸੁਨੀਤਾ ਦੇਵੀ, ਵਾਰਡ ਨੰਬਰ 43 ਆਸ਼ਾ ਦੱਤਾ, ਵਾਰਡ ਨੰਬਰ 12 ਅਮਰੀਕ ਚੌਹਾਨ, ਵਾਰਡ ਨੰਬਰ 7 ਨਰਿੰਦਰ ਕੌਰ ਤੇ ਕਾਮਰੇਡ ਗੰਗਾ ਪ੍ਰਸਾਦ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

## ਨਗਰ ਕੌਂਸਲ ਵਿਖੇ 77ਵਾਂ ਗਣਤੰਤਰ ਦਿਵਸ ਧੂਮ-ਧਾਮ ਨਾਲ ਮਨਾਇਆ

ਧਾਰੀਵਾਲ, 27 ਜਨਵਰੀ (ਅਸ਼ੋਕ ਕੁਮਾਰ): ਨਗਰ ਕੌਂਸਲ ਦਫ਼ਤਰ ਧਾਰੀਵਾਲ ਵਿਖੇ 77ਵਾਂ ਗਣਤੰਤਰ ਦਿਵਸ ਬੜੀ ਹੀ ਧੂਮਧਾਮ, ਉਤਸ਼ਾਹ ਅਤੇ ਦੇਸ਼ਭਗਤੀ ਦੇ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ 'ਤੇ ਸਵੇਰੇ ਤਿਰੰਗਾ ਲਹਿਰਾਉਣ ਦੀ ਰਸਮ ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ ਵੱਲੋਂ ਅਦਾ ਕੀਤੀ ਗਈ। ਤਿਰੰਗਾ ਲਹਿਰਾਉਣ ਉਪਰੰਤ ਸਕੂਲੀ ਬੱਚਿਆਂ ਵੱਲੋਂ ਰਾਸ਼ਟਰੀ ਗਾਇਨ ਗਾਇਆ ਗਿਆ, ਜਿਸ ਨਾਲ ਸਮੂਹ ਵਾਤਾਵਰਨ ਦੇਸ਼ਭਗਤੀ ਦੇ ਰੰਗ ਵਿੱਚ ਰੰਗ ਗਿਆ। ਇਸ ਦੌਰਾਨ ਪੰਜਾਬ ਪੁਲਿਸ ਦੀ ਟੁੱਕੜੀ ਵੱਲੋਂ ਤਿਰੰਗੇ ਨੂੰ ਸਲਾਮੀ ਵੀ ਦਿੱਤੀ ਗਈ। ਸਮਾਗਮ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਦੇਸ਼ ਭਗਤੀ ਨਾਲ ਭਰਪੂਰ ਗੀਤ, ਨ੍ਰਿਤਯ ਅਤੇ ਹੋਰ ਸਾਂਸਕ੍ਰਿਤਿਕ ਆਈਟਮਾਂ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ। ਬੱਚਿਆਂ ਦੀਆਂ ਪ੍ਰਸਤੁਤੀਆਂ ਨੇ ਦੇਸ਼ ਪ੍ਰਤੀ ਪਿਆਰ ਤੇ ਸਨਮਾਨ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਮੁੱਖ ਮਹਿਮਾਨ ਵਜੋਂ ਪਹੁੰਚੇ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਆਪਣੇ ਸੰਬੋਧਨ ਦੌਰਾਨ ਪੰਜਾਬ ਸਰਕਾਰ ਵੱਲੋਂ ਕੀਤੀਆਂ ਗਈਆਂ ਉਪਲਬਧੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਭਵਿੱਖ ਵਿੱਚ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦੀ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਨੇ ਨੌਜਵਾਨਾਂ ਨੂੰ ਦੇਸ਼ ਦੀ ਤਰੱਕੀ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਹਾਜ਼ਰ ਅਹਿਮ ਸ਼ਖ਼ਸੀਅਤਾਂ, ਸਕੂਲੀ ਬੱਚਿਆਂ ਤੇ ਹੋਰ ਵਿਸ਼ੇਸ਼ ਮਹਿਮਾਨਾਂ ਨੂੰ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਯਾਦਗਾਰੀ ਸਨਮਾਨ ਚਿੰਨ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਸ਼ਿਵ ਸੈਨਾ ਆਗੂ ਰੋਹਿਤ ਮਹਿੰਗੀ ਵੱਲੋਂ ਸੁਚੱਜੀ ਤਰ੍ਹਾਂ ਨਿਭਾਈ ਗਈ। ਇਸ ਮੌਕੇ 'ਤੇ ਮੁੱਖ ਮਿਹਮਾਨ ਜਗਰੂਪ ਸਿੰਘ ਸੇਖਵਾਂ, ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਹਾਜ਼ਰ ਸਨ।



## ਪਿਮਟ 'ਚ ਗਣਤੰਤਰ ਦਿਵਸ ਮਨਾਇਆ

ਮੰਡੀ ਗੋਬਿੰਦਗੜ੍ਹ, 27 ਜਨਵਰੀ (ਸੂਦ): ਪੰਜਾਬ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਅਲੌੜ ਵਿਖੇ 77ਵਾਂ ਗਣਤੰਤਰ ਦਿਵਸ ਦੇਸ਼ ਭਗਤੀ ਤੇ ਉਤਸ਼ਾਹ ਨਾਲ ਮਨਾਇਆ ਗਿਆ। ਰਾਸ਼ਟਰੀ ਝੰਡਾ ਲਹਿਰਾਉਣ ਉਪਰੰਤ ਰਾਸ਼ਟਰੀ ਗੀਤ ਗਾਇਆ ਗਿਆ। ਸੰਸਥਾ ਦੀ ਡਾਇਰੈਕਟਰ ਡਾ.ਨਿਸ਼ੀ ਬਾਲਾ ਨੇ ਵਿਦਿਆਰਥੀ, ਫੈਕਲਟੀ ਤੇ ਸਟਾਫ ਨੂੰ ਗਣਤੰਤਰ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਭਾਰਤੀ ਸੰਵਿਧਾਨ ਦੀ ਮਹੱਤਤਾ 'ਤੇ ਚਾਨਣਾ ਪਾਇਆ ਤੇ ਕਿਹਾ ਕਿ ਗਣਤੰਤਰ ਦਿਵਸ ਸਾਨੂੰ ਨਾ ਸਿਰਫ਼ ਸਾਡੇ ਅਧਿਕਾਰਾਂ, ਸਗੋਂ ਸਾਡੇ ਫਰਜ਼ਾਂ ਦਾ ਵੀ ਪਾਠ ਪੜ੍ਹਾਉਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ, ਇਮਾਨਦਾਰੀ ਬਣਾਈ ਰੱਖਣ ਤੇ ਰਾਸ਼ਟਰ ਨਿਰਮਾਣ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤ, ਭਾਸ਼ਣ ਤੇ ਸੱਭਿਆਚਾਰਕ ਪ੍ਰਦਰਸ਼ਨ ਪੇਸ਼ ਕੀਤੇ।



## ਰਿਮਟ ਹਸਪਤਾਲ 'ਚ ਮਰੀਜ਼ਾਂ ਦੀ ਸਹੂਲਤ ਲਈ ਮੁਫ਼ਤ ਮੈਡੀਕਲ ਕੈਂਪ ਭਲਕੇ

ਮੰਡੀ ਗੋਬਿੰਦਗੜ੍ਹ, 27 ਜਨਵਰੀ (ਸੂਦ): ਰਿਮਟ ਹਸਪਤਾਲ ਮੰਡੀ ਗੋਬਿੰਦਗੜ੍ਹ ਵਿੱਚ 29 ਜਨਵਰੀ ਨੂੰ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ। ਹਸਪਤਾਲ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਕੈਂਪ ਵਿਚ ਅੱਖਾਂ, ਕੰਨ, ਦਿਲ, ਹੱਡੀਆਂ ਤੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ ਇਸ ਤੋਂ ਬਿਨਾਂ ਖੂਨ ਦੇ ਸਾਰੇ ਟੈਸਟ ਫਰੀ ਕੀਤੇ ਜਾਣਗੇ। ਪ੍ਰਬੰਧਕਾਂ ਨੇ ਕਿਹਾ ਕਿ ਜੇਕਰ ਕਿਸੇ ਨੂੰ ਅਲਟਰਾਸਾਊਂਡ, ਸੀਟੀ ਸਕੈਨ, ਈਸੀਜੀ, ਖੂਨ ਦੀ ਜਾਂਚ ਤੇ ਐਕਸਰੇ ਆਦਿ ਕਰਵਾਉਂਣ ਦੀ ਲੋੜ ਪਵੇ ਤਾਂ ਉਹ ਵੀ ਸਾਰੇ ਮੁਫ਼ਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਦਵਾਈਆਂ ਵੀ ਘੱਟ ਰੇਟ 'ਤੇ ਦਿੱਤੀਆਂ ਜਾਣਗੀਆਂ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਹਸਪਤਾਲ ਵਿਚ ਆਯੂਸ਼ਮਾਨ ਭਾਰਤ ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਮਰੀਜ਼ਾਂ ਦਾ ਮੁਫ਼ਤ ਇਲਾਜ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਦੂਰਬੀਨ ਰਾਹੀਂ ਗੁਰਦੇ ਦੀ ਪੱਥਰੀ, ਦੂਰਬੀਨ ਰਾਹੀਂ ਗਦੂਦਾਂ, ਦੂਰਬੀਨ ਰਾਹੀਂ ਪਿਸ਼ਾਬ ਦੀ ਨਾਲੀ ਦੀ ਪੱਥਰੀ ਦਾ ਅਪਰੇਸ਼ਨ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਦੂਰਬੀਨ ਰਾਹੀਂ ਦਿਮਾਗ ਦੀ ਸਰਜਰੀ, ਦੂਰਬੀਨ ਰਾਹੀਂ ਰੀੜ ਦੀ ਹੱਡੀ ਦੀ ਸਰਜਰੀ ਤੇ ਨਵਜਾਤ ਬੱਚਿਆਂ ਦੀ ਦੇਖਭਾਲ ਆਦਿ ਦਾ ਵੀ ਪ੍ਰਬੰਧ ਹੈ। ਉਨ੍ਹਾਂ ਦੱਸਿਆ ਕਿ ਚੂਲੇ ਬਦਲਣ ਦਾ ਵੀ ਇਥੇ ਸਫ਼ਲ ਪ੍ਰਬੰਧ ਹੈ ਅਤੇ ਆਯੂਸ਼ਮਾਨ ਕਾਰਡ ਧਾਰਕਾਂ ਲਈ ਮੁਫ਼ਤ ਓਪੀਡੀ ਦਾ ਪ੍ਰਬੰਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਹਸਪਤਾਲ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਿਮਟ ਮੈਡੀਕਲ ਕਾਲਜ ਤੇ ਹਸਪਤਾਲ ਵਲੋਂ ਲੋਕਾਂ ਨੂੰ ਪੂਰੀ ਬੌਡੀ ਦੇ ਟੈਸਟ ਕਰਵਾਉਂਣ ਦੀ ਵੀ ਸਹੂਲਤ ਦਿੱਤੀ ਗਈ ਹੈ।

## ਜੀ.ਏ.ਵੀ. ਜੈਨ ਆਦਰਸ਼ ਵਿਦਿਆਲਿਆ 'ਚ ਗਣਤੰਤਰ ਦਿਵਸ ਮਨਾਇਆ

ਫਾਜ਼ਿਲਕਾ, 27 ਜਨਵਰੀ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਥਾਨਕ ਜੀ.ਏ.ਵੀ. ਜੈਨ ਆਦਰਸ਼ ਵਿਦਿਆਲਿਆ 'ਚ ਗਣਤੰਤਰ ਦਿਵਸ ਦਾ ਪਵਿੱਤਰ ਤਿਉਹਾਰ ਮਨਾਇਆ। ਸਕੂਲ ਦਾ ਵਿਹੜਾ ਤਿਰੰਗ ਦੇ ਤਿੰਨਾਂ ਰੰਗਾਂ ਤੇ ਦੇਸ਼ ਭਗਤੀ ਦੇ ਗੀਤਾਂ ਨਾਲ ਗੂੰਜ ਰਿਹਾ ਸੀ। ਚੇਅਰਮੈਨ ਅਨਿਲ ਜੈਨ ਦੀ ਪ੍ਰਧਾਨਗੀ ਹੇਠ ਕਰਵਾਏ ਸਮਾਗਮ ਨੇ ਵਿਦਿਆਰਥੀਆਂ ਦੇ ਅੰਦਰ ਦੇਸ਼ ਪ੍ਰੇਮ ਦੀ ਜੋਤ ਜਗਾਈ। ਪ੍ਰੋਗਰਾਮ ਦੀ ਸ਼ੁਰੂਆਤ ਚੇਅਰਮੈਨ ਅਨਿਲ ਜੈਨ, ਪ੍ਰਿੰਸੀਪਲ ਨਰੇਸ਼ ਸਪੜਾ ਤੇ ਵਾਈਸ ਪ੍ਰਿੰਸੀਪਲ ਬੀਨਮ ਧੂੜੀਆ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਨਾਲ ਹੋਈ। ਉਤਸਵ ਦੌਰਾਨ ਸਕੂਲ ਦੇ ਚੇਅਰਮੈਨ ਅਨਿਲ ਜੈਨ ਨੇ ਆਪਣੇ ਸੰਬੋਧਨ 'ਚ ਗਣਤੰਤਰ ਦਿਵਸ ਦੀ ਮਹੱਤਤਾ 'ਤੇ ਰੌਸ਼ਨੀ ਪਾਉਂਦਿਆਂ ਇਸ ਨੂੰ ਅਧਿਕਾਰਾਂ ਤੇ ਕਰਤੱਵਾਂ ਦੇ ਸੁਮੇਲ ਦਾ ਦਿਨ ਦੱਸਿਆ।ਪ੍ਰਿੰਸੀਪਲ ਨਰੇਸ਼ ਸਪੜਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗਣਤੰਤਰ ਦਿਵਸ ਸਿਰਫ਼ ਇਕ ਉਤਸਵ ਨਹੀਂ ਹੈ, ਸਗੋਂ ਉਨ੍ਹਾਂ ਸ਼ਹੀਦਾਂ ਨੂੰ ਨਮਨ ਕਰਨ ਦਾ ਦਿਨ ਹੈ, ਜਿਨ੍ਹਾਂ ਦੀ ਕੁਰਬਾਨੀ ਸਦਕਾ ਸਾਨੂੰ ਇਹ ਸੰਵਿਧਾਨ ਪ੍ਰਾਪਤ ਹੋਇਆ ਹੈ। ਉਪ-ਪ੍ਰਿੰਸੀਪਲ ਸ਼ੀਨਮ ਧੂੜੀਆ ਦੇ ਕੁਸ਼ਲ ਤਾਲਮੇਲ ਤੇ ਮਾਰਗਦਰਸ਼ਨ ਹੇਠ ਕਰਵਾਏ ਪ੍ਰੋਗਰਾਮ ਨੇ ਵਿਦਿਆਰਥੀਆਂ ਨੂੰ ਭਾਰਤੀ ਲੋਕਤੰਤਰੀ ਕਦਰਾਂ-ਕੀਮਤਾਂ ਤੋਂ ਜਾਣੂੰ ਕਰਵਾਇਆ। ਸਕੂਲ ਦੇ ਇਸ ਸਮੂਹਿਕ ਯਤਨ ਨੇ ਸਿੱਖਿਆ ਦੇ ਨਾਲ-ਨਾਲ ਰਾਸ਼ਟਰੀ ਏਕਤਾ ਦੇ ਸੰਦੇਸ਼ ਨੂੰ ਵਿਦਿਆਰਥੀਆਂ ਦੇ ਮਨਾਂ ਵਿਚ ਮਜ਼ਬੂਤੀ ਨਾਲ ਅੰਕਿਤ ਕੀਤਾ। ਸਮਾਗਮ ਦੌਰਾਨ ਮੰਚ 'ਤੇ ਨਿੱਕੇ ਕਲਾਕਾਰਾਂ ਨੇ ਦੇਸ਼ ਭਗਤੀ ਨਾਲ ਭਰਪੂਰ ਗੀਤਾਂ, ਨਾਚ ਤੇ ਕਵਿਤਾਵਾਂ ਰਾਹੀਂ ਸਮਾਂ ਬੰਨ੍ਹ ਦਿੱਤਾ।



## ਸਿਲਵਰ ਓਕਸ ਸਕੂਲ ਨੇ ਗਣਤੰਤਰ ਦਿਵਸ 'ਤੇ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ



ਜੈਤੋ, 27 ਜਨਵਰੀ (ਸੰਜੀਵ ਗੋਇਲ ਸੰਜੂ): 26 ਜਨਵਰੀ, 2026 ਨੂੰ 77ਵੇਂ ਗਣਤੰਤਰ ਦਿਵਸ ਦੇ ਮੌਕੇ 'ਤੇ ਸਿਲਵਰ ਓਕਸ ਸਕੂਲ, ਸੇਵੇਵਾਲਾ ਨੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ। ਪ੍ਰੋਗਰਾਮ ਦਾ ਸੰਚਾਲਨ ਸੁਖਮਨਦੀਪ ਕੌਰ (ਨੌਵੀਂ ਜਮਾਤ ਬੀ) ਦੁਆਰਾ ਆਤਮਵਿਸ਼ਵਾਸ ਤੇ ਪ੍ਰਭਾਵਸ਼ਾਲੀ ਭਾਸ਼ਣ ਨਾਲ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਮਾਣਯੋਗ ਮੁੱਖ ਮਹਿਮਾਨ ਤੇ ਪ੍ਰਿੰਸੀਪਲ ਦੁਆਰਾ ਝੰਡਾ ਲਹਿਰਾਉਣ ਨਾਲ ਹੋਈ। ਝੰਡਾ ਲਹਿਰਾਉਣ ਦੌਰਾਨ ਪੂਰਾ ਸਕੂਲ ਕੈਂਪਸ ਦੇਸ਼ ਭਗਤੀ ਦੇ ਜੋਸ਼ ਨਾਲ ਗੂੰਜ ਉੱਠਿਆ। ਇਸ ਤੋਂ ਬਾਅਦ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕੀਤਾ ਗਿਆ, ਜਿਸ ਨੇ ਮਾਹੌਲ ਨੂੰ ਸ਼ਾਂਤੀ ਤੇ ਪ੍ਰੇਰਨਾ ਨਾਲ ਭਰ ਦਿੱਤਾ। ਹਰਸ਼ ਮਹੇਸ਼ਵਰੀ (ਨੌਵੀਂ ਜਮਾਤ ਏ) ਨੇ 'ਅੱਜ ਦਾ ਵਿਚਾਰ' ਪੇਸ਼ ਕੀਤਾ, ਜਿਸ ਨਾਲ ਵਿਦਿਆਰਥੀਆਂ ਨੂੰ ਰਾਸ਼ਟਰ ਪ੍ਰਤੀ ਉਨ੍ਹਾਂ ਦੇ ਫਰਜ਼ਾਂ ਦੀ ਯਾਦ ਦਿਵਾਈ ਗਈ। ਗੁਰਮਨ (ਨੌਵੀਂ ਜਮਾਤ ਬੀ) ਨੇ ਅੰਗਰੇਜ਼ੀ ਭਾਸ਼ਣ ਰਾਹੀਂ ਗਣਤੰਤਰ ਦਿਵਸ ਦੀ ਮਹੱਤਤਾ ਤੇ ਭਾਰਤੀ ਸੰਵਿਧਾਨ ਦੀ ਸ਼ਾਨ ਨੂੰ ਉਜਾਗਰ ਕੀਤਾ ਤੇ ਰਿਧੀ (ਨੌਵੀਂ ਜਮਾਤ ਏ) ਨੇ ਹਿੰਦੀ ਕਵਿਤਾ ਰਾਹੀਂ ਦੇਸ਼ ਭਗਤੀ ਦੀਆਂ ਭਾਵਨਾਵਾਂ ਨੂੰ ਸੁੰਦਰ ਢੰਗ ਨਾਲ ਪ੍ਰਗਟ ਕੀਤਾ। ਚੌਥੀ ਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ ਸਮੂਹ ਗੀਤ ਨੇ ਪ੍ਰੋਗਰਾਮ ਵਿੱਚ ਮਿਠਾਸ ਭਰ ਦਿੱਤੀ। ਇਸ ਤੋਂ ਬਾਅਦ, ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਮੂਹ ਨਾਚ ਰਾਹੀਂ ਦੇਸ਼ ਭਗਤੀ ਦਾ ਜੋਸ਼ ਦਿਖਾਇਆ। ਕ੍ਰਿਸ਼ਿਕ ਮਿੱਤਲ (ਚੌਥੀ ਜਮਾਤ) ਨੇ 'ਇਹ ਦੇਸ਼ ਮੇਰੇ' ਨੇ ਆਪਣੇ ਪ੍ਰਦਰਸ਼ਨ ਨਾਲ ਸਾਰਿਆਂ ਨੂੰ ਮੋਹਿਤ ਕਰ ਦਿੱਤਾ।ਇਹ ਸਮਾਗਮ ਵਿਦਿਆਰਥੀਆਂ ਵਿੱਚ ਰਾਸ਼ਟਰੀ ਏਕਤਾ, ਸੰਵਿਧਾਨ ਪ੍ਰਤੀ ਸਤਿਕਾਰ ਤੇ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨ ਵਿੱਚ ਇੱਕ ਸ਼ਕਤੀਸ਼ਾਲੀ ਪ੍ਰੇਰਕ ਸਾਬਤ ਹੋਇਆ।

# ਵਿਸ਼ਵ ਚੈਂਪੀਅਨਸ਼ਿਪ ਖੇਡਣ ਲਈ ਸ਼ਬਾਨਾ ਦੀ ਪੂਰੀ ਤਿਆਰੀ : ਡੀ.ਸੀ.



ਲੁਧਿਆਣਾ, 27 ਜਨਵਰੀ (ਵਿਸ਼ਾਲ ਸ਼ਰਮਾ) : ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਵਿਸ਼ੇਸ਼ ਤੌਰ 'ਤੇ ਵਿਸ਼ੇਸ਼ ਲੋੜਾਂ ਵਾਲੇ ਖਿਡਾਰੀਆਂ ਨੂੰ ਸਸ਼ਕਤ ਬਣਾਉਣ ਪ੍ਰਤੀ ਆਪਣੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦਿਆਂ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਦੇ ਨਾਲ, ਐਨ.ਜੀ.ਓ ਫਿਲਨ ਥਰੋਪੀ ਕਲੱਬ ਦੀ ਪ੍ਰਧਾਨ ਸ੍ਰੀਮਤੀ ਲਖਵਿੰਦਰ ਡਿੱਕੀ ਗਿੱਲ ਅਤੇ ਪ੍ਰੋਜੈਕਟ ਅਮੋਦਨੀ (ਵਰਸਟਾਈਲ ਗਰੁੱਪ) ਲੁਧਿਆਣਾ ਤੋਂ ਸ੍ਰੀਮਤੀ ਗੀਤਾਂਜਲੀ ਸੇਠ ਨੇ ਦਫਤਰ ਡਿਪਟੀ ਕਮਿਸ਼ਨਰ ਲੁਧਿਆਣਾ ਵਿਖੇ ਮੰਗਲਵਾਰ ਨੂੰ ਅੰਤਰਰਾਸ਼ਟਰੀ ਪੈਰਾ-ਬੈਡਮਿੰਟਨ ਖਿਡਾਰੀ ਸ਼ਬਾਨਾ ਨੂੰ 08 ਤੋਂ 14 ਫਰਵਰੀ ਤੱਕ ਬਹਿਰੀਨ ਪੈਰਾ ਬੈਡਮਿੰਟਨ ਵਿਸ਼ਵ ਚੈਂਪੀਅਨਸ਼ਿਪ 2026 ਵਿੱਚ ਖੇਡਣ ਜਾਣ ਲਈ ਚੈਂਪੀਅਨਸ਼ਿਪ ਫੀਸ, ਵੀਜ਼ਾ ਫੀਸ ਅਤੇ ਬਹਿਰੀਨ ਜਾਣ ਅਤੇ ਆਉਣ ਲਈ ਟਿਕਟ ਲੈਣ ਲਈ ਵਿੱਤੀ ਸਪੋਰਟ ਕੀਤੀ। ਇਸ ਮੌਕੇ ਇੰਡੀਅਨ ਰੈਡ ਕਰਾਸ ਸੁਸਾਇਟੀ, ਲੁਧਿਆਣਾ ਦੇ ਸਕੱਤਰ ਸ੍ਰੀ ਨਵਨੀਤ ਜੋਸ਼ੀ ਵੀ ਮੌਜੂਦ ਸੀ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਵਿਸ਼ਵ ਪੱਧਰ @ਤੇ ਸ਼ਬਾਨਾ ਦੀਆਂ ਬੇਮਿਸਾਲ ਪ੍ਰਾਪਤੀਆਂ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸ਼ਬਾਨਾ ਨੇ ਲਗਾਤਾਰ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ ਅਤੇ ਅਣਗਿਣਤ ਨੌਜਵਾਨ ਐਥਲੀਟਾਂ, ਖਾਸ ਕਰਕੇ ਪੈਰਾ ਸਪੋਰਟਸ ਭਾਈਚਾਰੇ ਦੇ ਖਿਡਾਰੀਆਂ ਲਈ ਪ੍ਰੇਰਨਾ ਦਾ ਸਰੋਤ ਬਣ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਸ਼ਬਾਨਾ ਦੇ ਸਮਰਪਣ ਅਤੇ ਸ਼ਾਨਦਾਰ ਪ੍ਰਦਰਸ਼ਨ ਨੇ ਲੁਧਿਆਣਾ, ਪੰਜਾਬ ਅਤੇ ਪੂਰੇ ਦੇਸ਼ ਦਾ ਮਾਣ ਵਧਾਇਆ ਹੈ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਸ਼ਬਾਨਾ ਜੇਕਰ ਬਹਿਰੀਨ ਪੈਰਾ ਬੈਡਮਿੰਟਨ ਵਿਸ਼ਵ ਚੈਂਪੀਅਨਸ਼ਿਪ 2026 ਵਿੱਚ ਜਿੱਤ ਹਾਸਲ ਕਰ ਲੈਂਦੀ ਹੈ ਤਾਂ ਸ਼ਬਾਨਾ ਏਸ਼ੀਅਨ ਗੇਮਜ਼ 2026 ਲਈ ਕੁਆਲੀਫਾਈ ਕਰ ਜਾਵੇਗੀ। ਉਨ੍ਹਾਂ ਸ਼ਬਾਨਾ ਨੂੰ ਬਹਿਰੀਨ ਪੈਰਾ ਬੈਡਮਿੰਟਨ ਵਿਸ਼ਵ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਜਿੱਤ ਪ੍ਰਾਪਤ ਕਰਨ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ ਅਤੇ ਐਨ.ਜੀ.ਓ ਫਿਲਨ ਥਰੋਪੀ ਕਲੱਬ ਦੀ ਪ੍ਰਧਾਨ ਸ੍ਰੀਮਤੀ ਲਖਵਿੰਦਰ ਡਿੱਕੀ ਗਿੱਲ ਅਤੇ ਪ੍ਰੋਜੈਕਟ ਅਮੋਦਨੀ (ਵਰਸਟਾਈਲ ਗਰੁੱਪ) ਲੁਧਿਆਣਾ ਤੋਂ ਸ੍ਰੀਮਤੀ ਗੀਤਾਂਜਲੀ ਸੇਠ ਦਾ ਸ਼ਬਾਨਾ ਦੀ ਸਪੋਰਟ ਕਰਨ ਲਈ ਵੀ ਸਰਾਹਨਾ ਕੀਤੀ। ਹਿਮਾਂਸ਼ੂ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ, ਇੰਡੀਅਨ ਰੈੱਡ ਕਰਾਸ ਸੁਸਾਇਟੀ ਲੁਧਿਆਣਾ, ਐਨ.ਜੀ.ਓ ਫਿਲਨ ਥਰੋਪੀ ਕਲੱਬ ਅਤੇ ਪ੍ਰੋਜੈਕਟ ਅਮੋਦਨੀ (ਵਰਸਟਾਈਲ ਗਰੁੱਪ) ਲੁਧਿਆਣਾ ਵੱਲੋਂ ਪਹਿਲਾਂ ਵੀ ਅੰਤਰਰਾਸ਼ਟਰੀ ਪੈਰਾ-ਬੈਡਮਿੰਟਨ ਖਿਡਾਰੀ ਸ਼ਬਾਨਾ ਦੀ ਵੱਖ-ਵੱਖ ਦੇਸ਼ਾਂ ਵਿੱਚ ਖੇਡਣ ਲਈ ਸਪੋਰਟ ਕੀਤੀ ਜਾਂਦੀ ਹੈ ਤਾਂ ਜੋ ਸ਼ਬਾਨਾ ਵਰਗੇ ਅੰਤਰਰਾਸ਼ਟਰੀ ਖਿਡਾਰੀਆਂ ਨੂੰ ਮਜ਼ਬੂਤੀ ਪ੍ਰਦਾਨ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਇਹ ਯਕੀਨੀ ਬਣਾਉਣ ਲਈ ਹਮੇਸ਼ਾਂ ਤੱਤਪਰ ਹੈ ਕਿ ਸ਼ਬਾਨਾ ਵਰਗੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਉਹ ਪਲੇਟਫਾਰਮ ਮਿਲ ਸਕੇ ਜਿਸਦੀ ਉਹ ਸੱਚਮੁੱਚ ਹੱਕਦਾਰ ਹੈ। ਉਨ੍ਹਾਂ ਇਹ ਵੀ ਵਿਸ਼ਵਾਸ ਪ੍ਰਗਟ ਕੀਤਾ ਕਿ ਉਹ ਬਹਿਰੀਨ ਪੈਰਾ ਬੈਡਮਿੰਟਨ ਵਿਸ਼ਵ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ।

# 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਲਈ ਕਿਰਤੀ-ਕਾਮੇ ਲਾਮਬੰਦ ਹੋਣ : ਵਿਜੇ ਮਿਸ਼ਰਾ



ਲੁਧਿਆਣਾ, 27 ਜਨਵਰੀ: (ਰਵਿੰਦਰ ਸਿੰਘ ਨਿੱਝਰ) : ਲਾਲ ਝੰਡਾ ਬਜਾਜ ਸਨਜ਼ ਮਜ਼ਦੂਰ ਯੂਨੀਅਨ ਵੱਲੋਂ ਸੀਟੀਆਈਯੂ ਪੰਜਾਬ ਦੇ ਬੈਨਰ ਹੇਠ ਫੋਕਲ ਪੁਆਇੰਟ ਵਿਖੇ ਦੇਸ਼ ਦੇ 77ਵੇਂ ਗਣਤੰਤਰ ਦਿਵਸ ਮੌਕੇ ਇਕੱਤਰਤਾ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਸੀਟੀਆਈਯੂ ਪੰਜਾਬ ਦੇ ਉੱਪ ਪ੍ਰਧਾਨ ਵਿਜੇ ਮਿਸ਼ਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਵੇਂ ਦੇਸ਼ ਭਰ ਵਿੱਚ ਗਣਤੰਤਰ ਦਿਵਸ ਨੂੰ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ, ਪਰ ਸੰਨ 1950 ਵਿੱਚ ਲਾਗੂ ਕੀਤਾ ਗਿਆ ਸੰਵਿਧਾਨ ਅੱਜ ਗੰਭੀਰ ਖਤਰੇ ਵਿੱਚ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਕਿਰਤੀ-ਕਾਮਿਆਂ ਦੀਆਂ ਬੁਨਿਆਦੀ ਸਹੂਲਤਾਂ 'ਤੇ ਡਾਕਾ ਮਾਰ ਕੇ ਪੂੰਜੀਪਤੀਆਂ ਦੇ ਹਿੱਤ ਸੁਰੱਖਿਅਤ ਕਰਨ ਵਿੱਚ ਲੱਗੀਆਂ ਹੋਈਆਂ ਹਨ। ਕਾਮਰੇਡ ਮਿਸ਼ਰਾ ਨੇ ਕਿਹਾ ਕਿ ਮਜ਼ਦੂਰ ਵਿਰੋਧੀ ਕਾਨੂੰਨਾਂ ਵਿੱਚ ਤਬਦੀਲੀਆਂ ਕਰਕੇ ਨਵੇਂ ਸੰਵਿਧਾਨ ਨੂੰ ਲਿਖਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ, ਜੋ ਲੋਕਤੰਤਰ ਲਈ ਖਤਰਨਾਕ ਹਨ। ਉਨ੍ਹਾਂ ਕੇਂਦਰ ਅਤੇ ਸੂਬਾ ਸਰਕਾਰਾਂ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ 12 ਫਰਵਰੀ ਨੂੰ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਲਈ ਕਿਰਤੀ-ਕਾਮਿਆਂ ਨੂੰ ਪੂਰੀ ਤਰ੍ਹਾਂ ਲਾਮਬੰਦ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਸੀਟੀਆਈਯੂ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ, ਜ਼ਿਲ੍ਹਾ ਜਨਰਲ ਸਕੱਤਰ ਜਗਦੀਸ਼ ਚੰਦ ਸਮੇਤ ਹੋਰ ਯੂਨੀਅਨ ਆਗੂਆਂ ਨੇ ਵੀ ਸੰਬੋਧਨ ਕਰਦਿਆਂ ਮਜ਼ਦੂਰ ਜਮਾਤ ਦੇ ਮੁਢਲੇ ਅਤੇ ਬੁਨਿਆਦੀ ਹੱਕਾਂ ਦੀ ਰੱਖਿਆ ਦੀ ਮੰਗ ਕੀਤੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਕਿਰਤੀ-ਕਾਮਿਆਂ ਦੇ ਬਣਦੇ ਹੱਕ ਤੁਰੰਤ ਨਾ ਦਿੱਤੇ ਗਏ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਬਲਰਾਮ ਸਿੰਘ, ਦੇਵ ਰਾਜ ਵਰਮਾ, ਸੁਦੇਸ਼ਵਰ ਤਿਵਾੜੀ, ਰਾਮ ਧਨੀ, ਤਹਸੀਲਦਾਰ, ਸੁਨੀਲ ਗਿਰੀ, ਫੂਲ ਬਦਨ, ਮੁਕੇਸ਼ ਕੁਮਾਰ ਵੀ ਹਾਜਰ ਸਨ।

# ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ

ਲੁਧਿਆਣਾ, 27 ਜਨਵਰੀ (ਚ.ਨ.ਸ.) : ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ, ਸਿਟੀ ਇਨਕਲੇਵ, ਦੁੱਗਰੀ ਧਾਂਦਰਾ ਰੋਡ ਵਿਖੇ ਧਾਰਮਿਕ ਸਮਾਗਮ ਮੁੱਖ ਸੇਵਾਦਾਰ ਭਗਵਿੰਦਰ ਪਾਲ ਸਿੰਘ ਗੋਲਡੀ ਦੀ ਅਗਵਾਈ ਵਿੱਚ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਜਿਸ ਵਿਚ ਸੰਗਤਾਂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਈਆਂ। ਇਸ ਮੌਕੇ ਭਾਈ ਸੁਖਜਿੰਦਰ ਸਿੰਘ ਜੀ (ਅੰਮ੍ਰਿਤਸਰ ਵਾਲੇ) ਭਾਈ ਕਰਮਜੀਤ ਸਿੰਘ (ਗ੍ਰੰਥੀ ਗੁਰਦੁਆਰਾ ਸਾਹਿਬ ) ਬੀਬੀ ਤਰਨਜੀਤ ਕੌਰ (ਲੁਧਿਆਣਾ ਵਾਲੇ) ਤੇ ਇਲਾਕਾ ਨਿਵਾਸੀਆਂ ਦੀਆਂ ਇਸਤਰੀ ਸਤਿਸੰਗ ਜੱਥੇ ਨੇ ਰਸਭਿੰਨਾਂ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆਂ ਅਤੇ ਬਾਬਾ ਜੀ ਵੱਲੋਂ ਦਿੱਤੀਆਂ ਗਈਆਂ ਸਿੱਖਿਆਵਾਂ ਤੇ ਚੱਲਦਿਆਂ ਆਪਣਾ ਜੀਵਨ ਜਿਉਣ ਲਈ ਪ੍ਰੇਰਿਤ ਕੀਤਾ ਅਤੇ ਸੰਗਤਾਂ ਨੂੰ ਦੱਸਿਆ ਕਿ ਬਾਬਾ ਦੀਪ ਸਿੰਘ ਜੀ ਬੜੇ ਉੱਚੇ-ਲੰਮੇ ਬਲਵਾਨ ਤੇ ਦਲੇਰ ਸੂਰਮੇ ਸਨ। ਆਪ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਾਸੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਸੀ। ਬੰਦਾ ਸਿੰਘ ਬਹਾਦਰ ਵਲੋਂ ਮੁਗਲ ਹਕੂਮਤ ਵਿਰੁੱਧ ਕੀਤੇ ਸੰਘਰਸ਼ 'ਚ ਆਪ ਨੇ ਭਰਪੂਰ ਸ਼ਮੂਲੀਅਤ ਕੀਤੀ।

ਇਸ ਮੌਕੇ ਤੇ ਮੁੱਖ ਸੇਵਾਦਾਰ ਭਗਵਿੰਦਰ ਪਾਲ ਸਿੰਘ ਗੋਲਡੀ ਵਲੋ ਮੁਹੱਲਾ ਨਿਵਾਸੀਆਂ ਅਤੇ ਆਈਆਂ ਪ੍ਰਮੁੱਖ ਸ਼ਖਸੀਅਤਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋ ਗੁਰੂ ਘਰ ਨਤਮਸਤਕ ਹੋਣ ਆਈਆਂ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਲੰਗਰ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਇਸ ਮੌਕੇ ਤੇ ਮਹਿੰਦਰ ਸਿੰਘ, ਪਰਮਜੀਤ ਸਿੰਘ ਬੇਦੀ, ਦਲਜੀਤ ਸਿੰਘ, ਮਨਜੀਤ ਸਿੰਘ, ਬਲਬੀਰ ਸਿੰਘ, ਅਮਰਜੀਤ ਸਿੰਘ, ਬਲਜਿੰਦਰ ਸਿੰਘ, ਪ੍ਰਿਤਪਾਲ ਸਿੰਘ, ਪ੍ਰੇਮ ਸਿੰਘ, ਵਿਨੋਦ ਧਵਨ, ਹਰਸਿਮਰਨ ਸਿੰਘ, ਰਜਿੰਦਰ ਸਿੰਘ, ਵਿਕਰਮਜੀਤ ਸਿੰਘ ਧਾਲੀਵਾਲ, ਸੰਦੀਪ ਆਹੂਜਾ, ਖੁਸ਼ਵਿੰਦਰ ਸਿੰਘ, ਯਾਦਵਿੰਦਰ ਸਿੰਘ ਗੰਭੀਰ, ਜਗਪ੍ਰੀਤ ਸਿੰਘ, ਕੁਲਦੀਪ ਸਿੰਘ, ਅਮਰਜੀਤ ਸਿੰਘ ਸੂਰੀ , ਹਰਨੇਕ ਸਿੰਘ , ਹਰਭਜਨ ਕੌਰ, ਹਰਬੀਰ ਕੌਰ, ਕਮਲਜੀਤ ਕੌਰ, ਬਲਬੀਰ ਕੌਰ, ਪਰਮਜੀਤ ਕੌਰ, ਸਤਵੀਰ ਕੌਰ ਬੇਦੀ , ਮਨਜਿੰਦਰ ਕੌਰ, ਬਲਵਿੰਦਰ ਕੌਰ, ਪਰਮਜੀਤ ਕੌਰ, ਮਨਜੀਤ ਕੌਰ, ਗੁਰਪ੍ਰੀਤ ਕੌਰ ਸੋਢੀ, ਸਰੋਜ ਬਾਲਾ, ਰਜਨੀ ਤੇ ਹੋਰ ਵੀ ਸ਼ਾਮਲ ਸਨ ।

# ਪਿੰਡ ਭੰਮੀਪੁਰਾ ਵਿਖੇ 8 ਲੱਖ ਦੀ ਲਾਗਤ ਨਾਲ ਬਣੇ ਆਂਗਨਵਾੜੀ ਸੈਂਟਰ ਦਾ ਬੱਚਿਆਂ ਨੇ ਕੀਤਾ ਉਦਘਾਟਨ



ਜਗਰਾਓਂ, 27 ਜਨਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : : ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸਰਹੱਦੀ ਤੇ ਪੇਂਡੂ ਖੇਤਰਾਂ ਦੇ ਵਿਕਾਸ ਲਈ ਵਚਨਬੱਧਤਾ ਨੂੰ ਦੁਹਰਾਉਂਦਿਆਂ, ਹਲਕਾ ਜਗਰਾਉਂ ਦੇ ਵਿਧਾਇਕ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਅੱਜ ਪਿੰਡ ਭੰਮੀਪੁਰਾ ਵਿਖੇ ਨਵੇਂ ਬਣੇ ਆਂਗਣਵਾੜੀ ਸੈਂਟਰ ਦਾ ਉਦਘਾਟਨ ਕੀਤਾ ਗਿਆ।ਇਸ ਆਂਗਣਵਾੜੀ ਸੈਂਟਰ ਦਾ ਨਿਰਮਾਣ ਮਗਨਰੇਗਾ ਸਕੀਮ ਅਧੀਨ 8 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਗਿਆ ਹੈ।ਵਿਧਾਇਕ ਮਾਣੂੰਕੇ ਨੇ ਇਸ ਸੈਂਟਰ ਦਾ ਉਦਘਾਟਨ ਖੁਦ ਕਰਨ ਦੀ ਬਜਾਏ ਨੰਨ੍ਹੇ-ਮੁੰਨ੍ਹੇ ਬੱਚਿਆਂ ਦੇ ਹੱਥੋਂ ਕਰਵਾ ਕੇ ਇੱਕ ਨਵੀਂ ਮਿਸਾਲ ਪੈਦਾ ਕੀਤੀ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਬੀਬੀ ਮਾਣੂੰਕੇ ਨੇ ਦੱਸਿਆ ਕਿ 8 ਲੱਖ ਰੁਪਏ ਦੇ ਖਰਚੇ ਨਾਲ ਤਿਆਰ ਇਹ ਸੈਂਟਰ ਬੱਚਿਆਂ ਦੇ ਬੁਨਿਆਦੀ ਵਿਕਾਸ ਵਿੱਚ ਸਹਾਈ ਹੋਵੇਗਾ। ਉਨ੍ਹਾਂ ਕਿਹਾ, 'ਬੱਚਿਆਂ ਦੇ ਹੱਥੋਂ ਉਦਘਾਟਨ ਕਰਵਾਉਣ ਦਾ ਮੁੱਖ ਮਕਸਦ ਉਨ੍ਹਾਂ ਦੇ ਮਨਾਂ ਵਿੱਚ ਵਿੱਦਿਆ ਪ੍ਰਤੀ ਜਿਗਿਆਸਾ ਅਤੇ ਆਦਰ ਭਾਵਨਾ ਪੈਦਾ ਕਰਨਾ ਹੈ। ਅਸੀਂ ਚਾਹੁੰਦੇ ਹਾਂ ਕਿ ਬੱਚੇ ਬਚਪਨ ਤੋਂ ਹੀ ਇਹ ਸਮਝਣ ਕਿ ਸਿੱਖਿਆ ਹੀ ਉਹ ਰਸਤਾ ਹੈ ਜੋ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਉੱਚੇ ਮੁਕਾਮ ਅਤੇ ਕਾਮਯਾਬੀ ਤੱਕ ਲੈ ਕੇ ਜਾਵੇਗਾ।' ਇਸ ਮੌਕੇ ਬੀ.ਡੀ.ਪੀ.ਓ. ਸੁਰਜੀਤ ਚੰਦ, ਟੀ.ਏ. ਸ: ਪਰਮਾਤਮਾ ਸਿੰਘ, ਏ.ਪੀ.ਓ. ਸ: ਜਸਵੀਰ ਸਿੰਘ, ਜੀ.ਆਰ.ਐਸ. ਸ: ਗੁਰਚਰਨ ਸਿੰਘ ਅਤੇ ਸਰਪੰਚ ਮਨਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਤੋਂ ਇਲਾਵਾ ਪੰਚਾਇਤ ਮੈਂਬਰ ਸ: ਮਨਦੀਪ ਸਿੰਘ, ਸ੍ਰੀਮਤੀ ਸੁਰਿੰਦਰਪਾਲ ਕੌਰ, ਸ: ਜਰਨੈਲ ਸਿੰਘ, ਸ੍ਰੀਮਤੀ ਦਲਜੀਤ ਕੌਰ, ਸ: ਕਸ਼ਮੀਰ ਸਿੰਘ, ਸ੍ਰੀਮਤੀ ਕੋਮਲਪ੍ਰੀਤ ਕੌਰ, ਸ: ਜਗਰੂਪ ਸਿੰਘ, ਸ੍ਰੀਮਤੀ ਦਲਜੀਤ ਕੌਰ, ਸ੍ਰੀਮਤੀ ਸਰਬਜੀਤ ਕੌਰ, 'ਆਪ' ਆਗੂ ਡਾ: ਗੁਰਪ੍ਰੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਸ਼ਿਰਕਤ ਕੀਤੀ।

# ਗਣਤੰਤਰ ਦਿਵਸ ਮੌਕੇ ਸ਼ਿਵਾਲਿਕ ਸਕੂਲ ਦੇਸ਼ ਭਗਤੀ ਦੇ ਰੰਗਾਂ ਵਿੱਚ ਰੰਗਿਆ




ਜਗਰਾਓਂ, 27 ਜਨਵਰੀ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : : ਸ਼ਿਵਾਲਿਕ ਮਾਡਲ ਸਕੂਲ ਵਿੱਚ 26 ਜਨਵਰੀ ਨੂੰ ਉਤਸ਼ਾਹ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ।ਬੱਚਿਆਂ ਨੂੰ ਦੇਸ਼ ਭਗਤੀ ਦੀ ਭਾਵਨਾ ਵਿੱਚ ਡੁੱਬਿਆ ਦੇਖ ਕੇ ਹਰ ਕੋਈ ਹੈਰਾਨ ਰਹਿ ਗਿਆ। ਵਿਦਿਆਰਥੀਆਂ ਨੇ ਦੇਸ਼ ਭਗਤੀ ਦੀਆਂ ਕਵਿਤਾਵਾਂ ਗਾ ਕੇ ਸਾਰਿਆਂ ਨੂੰ ਮੰਤਰਮੁਗਧ ਕਰ ਦਿੱਤਾ। ਛੇਵੀਂ ਅਤੇ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਦਾ ਸਮੂਹ ਨਾਚ ਪੇਸ਼ ਕੀਤਾ ਗਿਆ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ, ਸ਼੍ਰੀਮਤੀ ਨੀਲਮ ਸ਼ਰਮਾ ਅਤੇ ਉਪ ਪ੍ਰਧਾਨ ਸ਼੍ਰੀਮਤੀ ਇਸ਼ਿਤਾ ਗੁਪਤਾ ਨੇ ਪੰਜਵੀਂ ਅਤੇ ਦਸਵੀਂ ਜਮਾਤ ਦੇ 2024-2025 ਬੋਰਡ ਪ੍ਰੀਖਿਆਵਾਂ ਵਿੱਚ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਪ੍ਰਿੰਸੀਪਲ ਨੇ ਗਣਤੰਤਰ ਦਿਵਸ ਬਾਰੇ ਜਾਗਰੂਕਤਾ ਫੈਲਾਉਂਦੇ ਹੋਏ, ਵਿਦਿਆਰਥੀਆਂ ਨੂੰ ਇਸਦੀ ਮਹੱਤਤਾ ਬਾਰੇ ਦੱਸਿਆ ਅਤੇ ਉਨ੍ਹਾਂ ਨੂੰ ਦੇਸ਼ ਦੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਉਤਸ਼ਾਹਿਤ ਕੀਤਾ। ਸਮਾਰੋਹ ਦਾ ਸਮਾਪਨ ਰਾਸ਼ਟਰੀ ਗੀਤ ਗਾਇਨ ਨਾਲ ਹੋਇਆ। ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਗਣਤੰਤਰ ਦਿਵਸ ਮਨਾਉਣ ਦਾ ਮਾਣ ਮਹਿਸੂਸ ਕੀਤਾ। ਮੈਡਮ ਰਸ਼ਮੀ ਡੇ ਨੇ ਸਟੇਜ ਨੂੰ ਬਹੁਤ ਹੀ ਯੋਜਨਾਬੱਧ ਢੰਗ ਨਾਲ ਸੰਭਾਲਿਆ। ਇਸ ਮੌਕੇ ਕੋਆਰਡੀਨੇਟਰ ਨੀਤੂ ਗੁਪਤਾ, ਲੱਕੀ ਗਰਗ, ਪ੍ਰੀਤੀ ਬਜਾਜ, ਅਧਿਆਪਕ ਰਾਜੇਂਦਰ ਕੁਮਾਰ, ਨੀਰਜ ਕੁਮਾਰ, ਬਲਵਿੰਦਰ ਸਿੰਘ, ਨੈਨਸੀ ਮੌਜੂਦ ਸਨ।

# ਕਲਮ ਅਤੇ ਕ੍ਰਿਪਾਨ ਦੇ ਧਨੀ ਸਨ ਬਾਬਾ ਦੀਪ ਸਿੰਘ ਜੀ : ਗਿਆਨੀ ਅਮੀਰ ਸਿੰਘ

ਲੁਧਿਆਣਾ 27 ਜਨਵਰੀ (ਕਰਨੈਲ ਸਿੰਘ ਐੱਮ.ਏ.) : ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਅਨਿੰਨ ਸਿੱਖ ਸ਼ਰਧਾਲੂ, ਭਗਤੀ ਤੇ ਸ਼ਕਤੀ ਦੀ ਪ੍ਰਤੱਖ ਮੂਰਤ, ਸੂਰਬੀਰ ਯੋਧੇ, ਨਿਧੜਕ ਜਰਨੈਲ, ਕਥਨੀ ਤੇ ਕਰਨੀ ਦੇ ਪੂਰੇ, ਬ੍ਰਹਮ-ਗਿਆਨੀ, ਬਚਨਾਂ ਦੇ ਪੂਰੇ ਇੱਜ਼ਤ ਦੇ ਰਖਵਾਲੇ, ਪਰਪੱਕ ਨਿੱਤਨੇਮੀ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ-ਦਿਹਾੜੇ ਦੇ ਸੰਬੰਧ ਚ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਸਜੇ ਸਮਾਗਮ ਵਿੱਚ ਸੰਤ ਗਿਆਨੀ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਨੇ ਬਾਬਾ ਦੀਪ ਸਿੰਘ ਜੀ ਦੇ ਜਨਮ-ਦਿਹਾੜੇ ਦੇ ਸੰਬੰਧ 'ਚ ਜੁੜੀਆਂ ਸੰਗਤਾਂ ਨੂੰ ਉਨ੍ਹਾਂ ਦੇ ਜੀਵਨ ਅਤੇ ਗੁਰੂ ਪ੍ਰਤੀ ਦ੍ਰਿੜ੍ਹਤਾ ਵਿਖੇ 'ਤੇ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਉਨ੍ਹਾਂ ਸੋਲ੍ਹਾਂ ਸਾਲ ਦੀ ਉਮਰ ਵਿੱਚ ਆਪਣੇ ਮਾਤਾ ਪਿਤਾ ਸਮੇਤ ਸ੍ਰੀ ਅਨੰਦਪੁਰ ਸਾਹਿਬ ਵਿਖੇ ਖੰਡੇ ਬਾਟੇ ਦੀ ਪਾਹੁਲ ਛਕੀ। ਤਲਵੰਡੀ ਸਾਬੋ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪੁਨਰ ਸੰਪਾਦਨ ਵਾਲੇ ਦਸਮ ਪਾਤਸ਼ਾਹ ਜੀ ਦੇ ਹੁਕਮ ਨਾਲ ਆਪ ਜੀ ਨੇ ਭਾਈ ਮਨੀ ਸਿੰਘ ਜੀ ਨਾਲ ਲਿਖਾਰੀ ਵਜੋਂ ਸੇਵਾ ਨਿਭਾਈ। ਬਾਬਾ ਦੀਪ ਸਿੰਘ ਜੀ ਨੇ ਚਾਰ ਸਰੂਪ ਪੰਜਾਬੀ ਤੇ ਇੱਕ ਸਰੂਪ ਅਰਬੀ ਵਿੱਚ ਲਿਖਣ ਦੀ ਸੇਵਾ ਨਿਭਾਈ। ਆਪ ਜੀ ਵੱਲੋਂ ਕੀਤੀ ਸੇਵਾ ਵਾਲੇ ਸਰੂਪ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਸ਼ਸ਼ੋਭਿਤ ਹਨ।ਆਪ ਜੀ ਕਲਮ ਅਤੇ ਕਿਰਪਾਨ ਦੇ ਧਨੀ ਸਨ।

# ਖੰਨਾ ਦੇ ਨਿਤਨ ਨੇ ਪੈਰਾ ਪਾਵਰ ਲਿਫ਼ਟਿੰਗ ਮੁਕਾਬਲਿਆਂ 'ਚ ਜਿੱਤਿਆ ਗੋਲਡ




ਖੰਨਾ, 27 ਜਨਵਰੀ (ਅਰਵਿੰਦਰ ਸਿੰਘ ਸਵੈਚ) : ਰਘਵੀਰ ਸਿੰਘ ਫਰੀਡਮ ਫਾਈਟਰ ਪੀਐਮ ਸ੍ਰੀ ਸਰਕਾਰੀ ਹਾਈ ਸਕੂਲ ਅਮਲੋਹ ਰੋਡ ਖੰਨਾਂ ਵਿਖੇ ਖੇਡ ਵਿਭਾਗ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਪਾਵਰ ਲਿਫਟਿੰਗ ਸੈਂਟਰ ਖੰਨਾਂ ਦੇ ਖਿਡਾਰੀ ਨਿਤਿਨ ਨੇ ਉੱਤਰਾਖੰਡ ਵਿਖੇ ਪਾਵਰ ਲਿਫਟਿੰਗ ਦੇ ਕੋਚ ਸੰਜੀਵ ਸ਼ਰਮਾ ਦੀ ਅਗਵਾਈ ਹੇਠ ਨੈਸ਼ਨਲ ਪੈਰਾ ਪਾਵਰ ਲਿਫਟਿੰਗ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ। ਨਿਤਿਨ ਨੇ 65 ਕਿਲੋਗ੍ਰਾਮ ਭਾਰ ਕੈਟਾਗਰੀ ਵਿੱਚ ਖੇਡਦੇ ਹੋਏ ਗੋਲਡ ਮੈਡਲ ਹਾਸਲ ਕੀਤਾ ਅਤੇ ਸਟਰਾਂਗ ਮੈਨ ਦਾ ਖਿਤਾਬ ਵੀ ਹਾਸਲ ਕੀਤਾ। ਸਕੂਲ ਪਹੁੰਚਣ ਤੇ ਖਿਡਾਰੀ ਨਿਤਨ ਅਤੇ ਕੋਚ ਸੰਜੀਵ ਸ਼ਰਮਾ ਨੂੰ ਸਕੂਲ ਦੇ ਹੈਡਮਾਸਟਰ ਬਲਵਿੰਦਰ ਸਿੰਘ ਨੇ ਸਨਮਾਨਿਤ ਕੀਤਾ। ਇਸ ਮੌਕੇ ਪਾਵਰ ਲਿਫਟਿੰਗ ਸੈਂਟਰ ਦੇ ਸਮੂਹ ਖਿਡਾਰੀ ਅਤੇ ਅਧਿਆਪਕ ਸਾਹਿਬਾਨ ਮੌਜੂਦ ਸਨ। ਸਕੂਲ ਦੇ ਐਸਐਮਸੀ ਚੇਅਰਪਰਸਨ ਟੀਨੂੰ ਰਾਣੀ ਵਾਰਡ ਇੰਚਾਰਜ ਗੁਰਬਚਨ ਸਿੰਘ, ਐਮਸੀ ਗੁਰਮੀਤ ਨਾਗਪਾਲ ਆਦਿ ਹਾਜ਼ਰ ਸਨ।

# ਹੋਰ ਕਿੰਨੇ ਕੁ ਵਿਅਕਤੀਆਂ ਦੀ ਜਾਨ ਚਲੀ ਜਾਣ ਤੋਂ ਬਾਅਦ ਸਰਕਾਰ ਕਾਤਲ ਡੋਰ 'ਤੇ ਪਾਬੰਦੀ ਲਗਾਏਗੀ : ਸੋਖੀ

ਲੁਧਿਆਣਾ, 27 ਜਨਵਰੀ (ਰਕੇਸ਼ ਗਰਗ) : ਯੁੱਧ ਨਸ਼ਿਆਂ ਵਿਰੁੱਧ ਅਤੇ 'ਗੈਂਗਸਟਰਾਂ ਤੇ ਵਾਰ ਜਿਹੀਆਂ ਮੁਹਿੰਮਾਂ ਦਾ ਡਰਾਮਾ ਰਚਣ ਵਾਲੀ ਮਾਨ ਸਰਕਾਰ ਦੀ ਨਲਾਇਕੀ ਦੇ ਕਾਰਨ ਚਾਇਨਾ ਡੋਰ ਦੀ ਵਿਕਰੀ ਧੜੱਲੇ ਨਾਲ ਜਾਰੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਅਤੇ ਹਲਕਾ ਆਤਮ ਨਗਰ ਦੇ ਇੰਚਾਰਜ ਜਗਬੀਰ ਸਿੰਘ ਸੋਖੀ ਨੇ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਸਮਰਾਲਾ ਵਿਖੇ 15 ਸਾਲਾਂ ਨੌਜਵਾਨ ਅਤੇ ਫਿਰ ਮੁੱਲਾਂਪੁਰ ਵਿਖੇ ਬੀਬੀ ਦੀ ਕਾਤਿਲ ਡੋਰ ਨਾਲ ਹੋਈ ਮੌਤ ਸਮੇਤ ਪੰਜਾਬ ਭਰ ਦੇ ਵਿੱਚ ਅਨੇਕਾਂ ਹਾਦਸੇ ਹੋ ਚੁੱਕੇ ਹਨ। ਪ੍ਰੰਤੂ ਪ੍ਰਸ਼ਾਸਨ ਸਮੇਤ ਮਾਨ ਸਰਕਾਰ ਕੋਈ ਠੋਸ ਕਾਰਵਾਈ ਕਰਵਾਈ ਕਰਨ ਦੀ ਬਜਾਏ ਹਰ ਰੋਜ਼ ਬਿਆਨਬਾਜੀ ਤਾਂ ਬਹੁਤ ਕਰਦੀ ਹੈ ਪ੍ਰੰਤੂ ਅਸਲ ਦੇ ਵਿੱਚ ਸ਼ਹਿਰ ਭਰ ਦੇ ਵਿੱਚ ਚਾਈਨਾ ਡੋਰ ਧੜੱਲੇ ਨਾਲ ਵਿਕ ਰਹੀ ਹੈ ਅਤੇ ਆਏ ਦਿਨ ਮਨੁੱਖੀ ਜਿੰਦਗੀਆਂ ਸਮੇਤ ਪਸ਼ੂ ਪੰਛੀਆਂ ਦਾ ਵੀ ਨੁਕਸਾਨ ਹੋ ਰਿਹਾ ਹੈ। ਇਸ ਮੌਕੇ ਉਹਨਾਂ ਸਮਾਜਿਕ ਸੰਸਥਾਵਾਂ ਅਤੇ ਜਾਗਰੂਕ ਨਾਗਰਿਕਾਂ ਸਮੇਤ ਮਾਪਿਆਂ ਨੂੰ ਵੀ ਅਪੀਲ ਕਰਦੇ ਆਂ ਕਿਹਾ ਕਿ ਇਸ ਕਾਤਲ ਡੋਰ ਦੁਆਰਾ ਹੋਣ ਵਾਲੇ ਨੁਕਸਾਨ ਤੋਂ ਬਚਣ ਅਤੇ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਹੰਬਲਾ ਮਾਰਨਾ ਚਾਹੀਦਾ ਹੈ। ਤਾਂ ਜੋ ਕੀਮਤੀ ਜਾਨਾ ਬਚਾਈਆਂ ਜਾ ਸਕਨ।

# ਸਿੱਖੀ ਦੇ ਪ੍ਰਚਾਰ, ਪ੍ਰਸਾਰ ਵਿੱਚ ਬਾਬਾ ਡਾਂਗੋ ਦਾ ਵੱਡਾ ਯੋਗਦਾਨ : ਜਥੇਦਾਰ ਗੜਗੱਜ

ਲੁਧਿਆਣਾ 27 ਜਨਵਰੀ (ਰਵਿੰਦਰ ਸਿੰਘ ਨਿੱਝਰ) : ਸ੍ਰੀ ਨਾਨਕਸਰ ਦਰਬਾਰ ਠਾਠ ਡਾਂਗੋ ਦੇ ਮੁੱਖ ਸੇਵਾਦਾਰ ਬਾਬਾ ਸਰਬਜੋਤ ਸਿੰਘ ਡਾਂਗੋ ਵਾਲਿਆਂ ਵੱਲੋਂ ਦਸ਼ਮੇਸ਼ ਪਾਤਸ਼ਾਹ ਜੀ ਦੇ ਆਗਮਨ ਪੁਰਬ ਅਤੇ ਬਾਬਾ ਮੀਹਾਂ ਸਿੰਘ ਸਿਆੜ ਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ 27ਵੇਂ ਸਲਾਨਾ ਸਮਾਗਮ ਦੇ ਆਖਰੀ ਦਿਨ ਵਿਸ਼ਾਲ ਨਗਰ ਕੀਰਤਨ ਸਜਾਏ ਗਏ। ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਦੇ ਵਿੱਚ ਸਜਾਏ ਗਏ ਇਸ ਨਗਰ ਕੀਰਤਨ ਦੌਰਾਨ ਸਭਾ ਸੁਸਾਇਟੀਆਂ, ਕੀਰਤਨੀ ਜੱਥਿਆਂ ਤੋਂ ਇਲਾਵਾ ਸਤਨਾਮ ਸਿੰਘ ਚਮਿੰਡਾ ਵਾਲਿਆਂ ਦੇ ਢਾਡੀ ਜੱਥੇ ਨੇ ਜਿੱਥੇ ਢਾਡੀ ਵਾਰਾਂ ਦੁਆਰਾ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਉੱਥੇ ਹੀ ਵੱਖ ਵੱਖ ਬੈਂਡ ਪਾਰਟੀਆਂ ਵੀ ਇਲਾਹੀ ਬਾਨੀ ਦੀਆਂ ਮਨਮੋਹਕ ਧੁਨਾਂ ਵਜਾ ਕੇ ਸੰਗਤਾਂ ਨੂੰ ਮੰਤਰ ਮੁਗਧ ਕਰ ਰਹੀਆਂ ਸਨ।ਨਗਰ ਕੀਰਤਨ ਦੌਰਾਨ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਬਿਧੀ ਚੰਦ ਸੰਪਰਦਾਇ ਦੇ ਮੁਖੀ ਜਥੇਦਾਰ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਸਾਬਕਾ ਮੰਤਰੀ ਜਗਦੀਸ਼ ਸਿੰਘ ਗਰਚਾ, ਜਿਹੜਾ ਅਕਾਲੀ ਜਥੇ ਦੇ ਸੀਨੀਅਰ ਮੀਤ ਪ੍ਰਧਾਨ ਜਗਜੀਤ ਸਿੰਘ ਅਰੋੜਾ, ਅਕਾਲੀ ਆਗੂ ਬਲਵਿੰਦਰ ਸਿੰਘ ਸੰਧੂ, ਜਸਵਿੰਦਰ ਸਿੰਘ ਸੱਗੂ, ਕੈਪਟਨ ਕੁਲਵੰਤ ਸਿੰਘ, ਐਡਵੋਕੇਟ ਗਗਨਦੀਪ ਸਿੰਘ, ਬਾਬਾ ਬਲਦੇਵ ਸਿੰਘ ਬਸਤੀ ਜੋਧੇਵਾਲ, ਬਾਬਾ ਸਿਮਰਨਦੀਪ ਸਿੰਘ ਬੱਸੀਆਂ, ਬਾਬਾ ਵਿੱਕੀ ਸਿੰਘ ਕਲਿਆਣ, ਸੰਤ ਅਵਤਾਰ ਸਿੰਘ ਮਹੋਲੀ ਖੁਰਦ ਆਦਿ ਸਮੇਤ ਹੋਰਨਾ ਧਾਰਮਿਕ ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸ਼ੀਅਤਾਂ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀਆਂ ਭਰੀਆਂ। ਇਸ ਮੌਕੇ ਗਿਆਨੀ ਗੜਗੱਜ ਨੇ ਆਪਣੇ ਸੰਬੋਧਨ ਸਮੇਂ ਕਿਹਾ ਕਿ ਬਾਬਾ ਡਾਂਗੋ ਐਸੇ ਅਨੇਕਾਂ ਧਾਰਮਿਕ ਉਪਰਾਲਿਆਂ ਦੇ ਸਦਕਾ ਸਿੱਖੀ ਦੇ ਪ੍ਰਚਾਰ ਅਤੇ ਪ੍ਰਸਾਰ ਦੇ ਵਿੱਚ ਵੱਡਾ ਤੇ ਅਣਮੁੱਲਾ ਯੋਗਦਾਨ ਪਾਉਣਾ ਸ਼ਲਾਘਾਯੋਗ ਉਪਰਾਲੇ ਹਨ। ਨਗਰ ਕੀਰਤਨ ਦੌਰਾਨ ਬਾਬਾ ਡਾਂਗੋ ਵਾਲਿਆਂ ਵੱਲੋਂ ਆਈਆਂ ਹੋਈਆਂ ਸਾਰੀਆਂ ਹੀ ਸਨਮਾਨਯੋਗ ਸ਼ਖ਼ਸੀਅਤਾਂ ਅਤੇ ਨਗਰ ਕੀਰਤਨ ਵਿੱਚ ਯੋਗਦਾਨ ਪਾਉਣ ਵਾਲਿਆਂ ਦਾ ਵਿਸ਼ੇਸ਼ ਤੌਰ ਤੇ ਮਾਨ ਸਨਮਾਨ ਵੀ ਕੀਤਾ ਗਿਆ।

# ਅੰਮ੍ਰਿਤਪਾਲ ਸਿੰਘ 'ਸਰਕਾਰ-ਏ-ਖ਼ਾਲਸਾ' ਐਵਾਰਡ ਨਾਲ ਸਨਮਾਨਿਤ



ਲੁਧਿਆਣਾ, 27 ਜਨਵਰੀ (ਰਵਿੰਦਰ ਸਿੰਘ ਨਿੱਝਰ) : ਯੂਨਾਈਟਿਡ ਸਿੱਖਜ਼ ਇੱਕ ਅਜਿਹੀ ਸੇਵਾ ਸੰਸਥਾ ਹੈ, ਜਿਸ ਨੇ ਪਿਛਲੇ ਲੰਬੇ ਸਮੇਂ ਤੋਂ ਸੰਸਾਰ ਦੇ ਵੱਖ ਵੱਖ ਮੁਲਕਾਂ ਅੰਦਰ ਆਈਆਂ ਕੁਦਰਤੀ ਆਫਤਾਂ ਦੇ ਸਮੇਂ ਆਪਣੀ ਸਰਗਰਮ ਭੂਮਿਕਾ ਨਿਭਾਕੇ ਜਿੱਥੇ ਮਨੁੱਖਤਾ ਦੀ ਸੱਚੀ ਸੇਵਾ ਦੀ ਮਿਸਾਲ ਕਾਇਮ ਕੀਤੀ ਹੈ ਉੱਥੇ ਹੁਣ ਪੰਜਾਬ ਦੇ ਅੰਦਰ ਆਏ ਹੜ੍ਹਾਂ ਦੌਰਾਨ ਪਾਣੀ ਦੀ ਮਾਰ ਨਾਲ ਪ੍ਰਭਾਵਿਤ ਰਹੇ ਇਲਾਕਿਆਂ ਅੰਦਰ ਸੰਸਥਾ ਦੇ ਵਲੰਟੀਅਰਾਂ ਵੱਲੋਂ ਪੂਰੀ ਤਨਦੇਹੀ ਨਾਲ ਰਾਹਤ ਕਾਰਜ ਚਲਾਕੇ ਸੱਚੇ ਦਿੱਲੋਂ ਆਪਣੇ ਫਰਜ਼ਾਂ ਦੀ ਅਦਾਇਗੀ ਕੀਤੀ ਹੈ।ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਉੱਘੇ ਵਾਤਾਵਰਨ ਪ੍ਰੇਮੀ ਤੇ ਰਾਜ ਸਭਾ ਦੇ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ,ਪੰਜਾਬ ਦੇ ਸਾਬਕਾ ਮੁੱਖ ਮੰਤਰੀ ਸ. ਚਰਨਜੀਤ ਸਿੰਘ ਚੰਨੀ ਅਤੇ ਬਾਬਾ ਗੁਰਜੀਤ ਸਿੰਘ ਨਾਨਕਸਰ ਵਾਲਿਆਂ ਨੇ ਸਾਂਝੇ ਰੂਪ ਵਿੱਚ ਬੀਤੇ ਦਿਨੀ ਡੀ.ਆਈ.ਬੀ. ਇਵੈਂਟਸ ਦੁਬਈ ਵੱਲੋਂ ਨਿਰਵਾਣਾ ਕਲੱਬ ਲੁਧਿਆਣਾ ਵਿਖੇ ਕਰਵਾਏ ਗਏ ਸਨਮਾਨ ਸਮਾਗਮ 'ਸਰਕਾਰ-ਏ-ਖਾਲਸਾ ਐਵਾਰਡਜ਼ 2026' ਦੌਰਾਨ ਯੂਨਾਈਟਿਡ ਸਿੱਖਜ਼ ਦੇ ਡਾਇਰੈਕਟਰ ਪੰਜਾਬ. ਅੰਮ੍ਰਿਤਪਾਲ ਸਿੰਘ ਨੂੰ 'ਸਰਕਾਰ-ਏ-ਖਾਲਸਾ ਐਵਾਰਡ ਨਾਲ ਸਨਮਾਨਿਤ ਕਰਨ ਉਪਰੰਤ ਕੀਤਾ । ।ਅੰਮ੍ਰਿਤਪਾਲ ਸਿੰਘ ਡਾਇਰੈਕਟਰ ਪੰਜਾਬ ਯੂਨਾਈਟਿਡ ਸਿੱਖਜ਼ ਨੇ ਕਿਹਾ ਕਿ ਡੀ.ਆਈ.ਬੀ. ਇਵੈਂਟਸ ਦੁਬਈ ਵੱਲੋਂ ਉਨ੍ਹਾਂ ਨੂੰ ਸਰਕਾਰ-ਏ-ਖਾਲਸਾ ਐਵਾਰਡ ਨਾਲ ਸਨਮਾਨਿਤ ਕਰਨਾ ਅਸਲ ਵਿੱਚ ਉਨ੍ਹਾਂ ਦੀ ਪਿਆਰ ਭਰੀ ਆਸੀਸ ਹੈ! ਜੋ ਕਿ ਯੂਨਾਈਟਿਡ ਸਿੱਖਸ ਦੇ ਸਮੂਹ ਵਲੰਟਰੀਆਂ ਲਈ ਹੈ!

# ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ 'ਸਪਾਈਸ ਕੈਫੇ' ਦਾ ਕੀਤਾ ਉਦਘਾਟਨ



ਲੁਧਿਆਣਾ,27 ਜਨਵਰੀ (ਵਿਸ਼ਾਲ ਸ਼ਰਮਾ): ਕੈਬਨਿਟ ਮੰਤਰੀ ਲੋਕ ਨਿਰਮਾਣ ਵਿਭਾਗ ਪੰਜਾਬ ਹਰਭਜਨ ਸਿੰਘ ਈ.ਟੀ.ਓ ਨੇ ਸੋਮਵਾਰ ਨੂੰ ਗਲਾਡਾ ਕੰਪਲੈਕਸ, ਲੁਧਿਆਣਾ ਵਿਖੇ ਸਪਾਈਸ ਕੈਫੇ ਦਾ ਉਦਘਾਟਨ ਕੀਤਾ ਜੋ ਕਿ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਦੇ ਸਮਾਵੇਸ਼ੀ ਵਿਕਾਸ ਅਤੇ ਸਸ਼ਕਤੀਕਰਨ ਵੱਲ ਜ਼ਿਲ੍ਹੇ ਦੇ ਯਤਨਾਂ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ। ਉਦਘਾਟਨ ਸਮਾਰੋਹ ਵਿੱਚ ਨਗਰ ਨਿਗਮ ਲੁਧਿਆਣਾ ਦੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ, ਪੁਲਿਸ ਕਮਿਸ਼ਨਰ ਲੁਧਿਆਣਾ ਸ੍ਰੀ ਸਵਪਨ ਸ਼ਰਮਾ, ਮੁੱਖ ਪ੍ਰਸ਼ਾਸਕ ਗਲਾਡਾ ਲੁਧਿਆਣਾ ਸ੍ਰੀ ਸੰਦੀਪ ਕੁਮਾਰ, ਵਧੀਕ ਮੁੱਖ ਪ੍ਰਸ਼ਾਸਕ ਸ੍ਰੀ ਓਜਸਵੀ ਅਤੇ ਹੋਰ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਸ਼ਿਰਕਤ ਕੀਤੀ। ਸਪਾਈਸ ਕੈਫੇ (ਸਮਾਵੇਸ਼, ਵਿਸ਼ਵਾਸ ਅਤੇ ਸਸ਼ਕਤੀਕਰਨ ਲਈ ਵਿਸ਼ੇਸ਼ ਪ੍ਰੋਗਰਾਮ) ਜ਼ਿਲ੍ਹਾ ਪ੍ਰਸ਼ਾਸਨ, ਲੁਧਿਆਣਾ ਦੀ ਇੱਕ ਪ੍ਰਮੁੱਖ ਪਹਿਲਕਦਮੀ ਹੈ ਜੋ ਪ੍ਰੋਜੈਕਟ ਉਮੀਦ (ਵਿਸ਼ੇਸ਼ ਲੋੜਾਂ ਵਾਲੇ ਨੌਜਵਾਨਾਂ ਦੇ ਸਿੱਖਿਆ ਅਤੇ ਸਸ਼ਕਤੀਕਰਨ ਲਈ ਉੱਨਤੀ ਮਿਸ਼ਨ) ਦੇ ਤਹਿਤ ਸ਼ੁਰੂ ਕੀਤੀ ਗਈ ਹੈ। ਇਸ ਪਹਿਲਕਦਮੀ ਦਾ ਉਦੇਸ਼ ਵਿਸ਼ੇਸ਼ ਲੋੜਾਂ ਵਾਲੇ ਨੌਜਵਾਨਾਂ ਨੂੰ ਹੁਨਰ ਸਿਖਲਾਈ ਅਤੇ ਟਿਕਾਊ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ ਜਿਸ ਨਾਲ ਸਵੈ-ਨਿਰਭਰਤਾ, ਵਿਸ਼ਵਾਸ ਅਤੇ ਸਮਾਜਿਕ ਸ਼ਮੂਲੀਅਤ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ। ਇੰਡੀਅਨ ਰੈੱਡ ਕਰਾਸ ਸੋਸਾਇਟੀ ਲੁਧਿਆਣਾ ਅਤੇ ਐਨ.ਜੀ.ਓ ਅਸ਼ੀਰਵਾਦ ਇਸ ਪ੍ਰੋਜੈਕਟ ਦੇ ਸੰਚਾਲਨ ਭਾਈਵਾਲ ਰਹੇ ਹਨ, ਜੋ ਸਿਖਲਾਈ, ਸਮਰੱਥਾ ਨਿਰਮਾਣ ਅਤੇ ਰੋਜ਼ਾਨਾ ਦੇ ਕਾਰਜਾਂ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਡਾ. ਨੀਲਮ ਸੋਢੀ ਅਤੇ ਸਪਨਾ ਮਿੱਤਲ ਦੀ ਉਨ੍ਹਾਂ ਦੇ ਵਿਸ਼ਾਲ ਸਮਰਥਨ ਅਤੇ ਮਾਰਗਦਰਸ਼ਨ ਲਈ ਸ਼ਲਾਘਾ ਕੀਤੀ ਜਿਨ੍ਹਾਂ ਨੇ ਇਸ ਪਹਿਲਕਦਮੀ ਦੇ ਸਫਲ ਅਮਲ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਪ੍ਰੋਜੈਕਟ ਦਾ ਤਾਲਮੇਲ ਅਤੇ ਪ੍ਰਬੰਧਨ ਤਨਸ਼ੀਨ ਕੌਰ, ਜ਼ਿਲ੍ਹਾ ਵਿਕਾਸ ਫੈਲੋ ਅੰਬਰ ਬੰਦੋਪਾਧਿਆਏ ਦੁਆਰਾ ਡਿਪਟੀ ਕਮਿਸ਼ਨਰ ਲੁਧਿਆਣਾ ਅਤੇ ਵਧੀਕ ਮੁੱਖ ਪ੍ਰਸ਼ਾਸਕ ਗਲਾਡਾ ਦੀ ਅਗਵਾਈ ਹੇਠ ਨਿਰਵਿਘਨ ਅੰਤਰ-ਵਿਭਾਗੀ ਤਾਲਮੇਲ ਅਤੇ ਪ੍ਰਭਾਵਸ਼ਾਲੀ ਲਾਗੂਕਰਨ ਨੂੰ ਯਕੀਨੀ ਬਣਾਉਂਦੇ ਹੋਏ ਕੀਤਾ ਗਿਆ ਸੀ। ਸਪਾਈਸ ਕੈਫੇ ਸਹਿਯੋਗੀ ਸ਼ਾਸਨ, ਸਮਾਜਿਕ ਜ਼ਿੰਮੇਵਾਰੀ ਅਤੇ ਸਮਾਵੇਸ਼ੀ ਵਿਕਾਸ ਦੀ ਇੱਕ ਸ਼ਕਤੀਸ਼ਾਲੀ ਉਦਾਹਰਣ ਵਜੋਂ ਖੜ੍ਹਾ ਹੈ ਜੋ ਕਿ ਹਰੇਕ ਨਾਗਰਿਕ ਨੂੰ ਸਨਮਾਨ ਅਤੇ ਮੌਕੇ ਦੇ ਨਾਲ ਸਸ਼ਕਤ ਬਣਾਉਣ ਲਈ ਲੁਧਿਆਣਾ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਾ ਹੈ।

# ਹਲਕਾ ਦੱਖਣੀ ਵਿੱਚ ਕਾਂਗਰਸੀ ਆਗੂ ਬਾਵਾ ਦੀ ਅਗਵਾਈ 'ਚ ਮਨਾਇਆ ਗਣਤੰਤਰ ਦਿਵਸ



ਲੁਧਿਆਣਾ, 27 ਜਨਵਰੀ (ਰਵਿੰਦਰ ਸਿੰਘ ਨਿੱਝਰ) : ਵਿਧਾਨ ਸਭਾ ਹਲਕਾ ਦੱਖਣੀ ਵਿਖੇ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਕੁੱਲ ਹਿੰਦ ਕਾਂਗਰਸ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਦੀ ਅਗਵਾਈ ਵਿੱਚ ਕਾਂਗਰਸੀ ਨੇਤਾ ਵਰਿੰਦਰ ਭੱਲਾ ਵੱਲੋਂ 77ਵੇਂ ਗਣਤੰਤਰ ਦਿਵਸ 'ਤੇ ਵਾਰਡ ਨੰਬਰ 38 ਵਿੱਚ ਵਿਸ਼ਾਲ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮੇਂ ਝੰਡਾ ਲਹਿਰਾਉਣ ਦੀ ਰਸਮ ਕ੍ਰਿਸ਼ਨ ਕੁਮਾਰ ਬਾਵਾ ਦੇ ਨਾਲ ਇੰਡੀਅਨ ਓਵਰਸੀਜ਼ ਕਾਂਗਰਸ ਅਮਰੀਕਾ (ਪੰਜਾਬ ਚੈਪਟਰ) ਦੇ ਪ੍ਰਧਾਨ ਗੁਰਮੀਤ ਸਿੰਘ ਗਿੱਲ ਅਤੇ ਰਮਨਜੋਤ ਸਿੰਘ ਢਿੱਲੋਂ ਕੈਨੇਡਾ ਨੇ ਨਿਭਾਈ ਜਦਕਿ ਇਸ ਸਮਾਗਮ ਤੋਂ ਪਹਿਲਾਂ ਚੰਡੀਗੜ੍ਹ ਰੋਡ 'ਤੇ ਨੇਤਰਹੀਣਾਂ ਦੀ ਸਰਕਾਰੀ ਸੰਸਥਾ ਵਿੱਚ ਕ੍ਰਿਸ਼ਨ ਕੁਮਾਰ ਬਾਵਾ ਅਤੇ ਸਾਥੀਆਂ ਨੇ ਮਿਠਾਈਆਂ ਅਤੇ ਗਰਮ ਕੱਪੜੇ ਬੱਚਿਆਂ ਨੂੰ ਵੰਡੇ। ਇਸ ਸਮੇਂ ਸੰਸਥਾ ਦੇ ਪ੍ਰਬੰਧਕ ਅਮਨਦੀਪ ਸਿੰਘ ਸੁਪਰਡੈਂਟ, ਇਕਬਾਲ ਸਿੰਘ, ਮੈਡਮ ਕਪੂਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਸਮਾਗਮ ਵਿੱਚ ਸਟੇਜ ਦੀ ਸੇਵਾ ਮਾਸਟਰ ਹਰੀ ਦਾਸ ਬਾਵਾ ਨੇ ਨਿਭਾਈ ਜਦਕਿ ਇਸ ਸਮੇਂ ਸੀਨੀਅਰ ਕਾਂਗਰਸੀ ਨੇਤਾ ਵਰਿੰਦਰ ਭੱਲਾ, ਮਮਤਾ ਰਾਣੀ, ਮਨਜੀਤ ਕੌਰ ਸਰੋਏ, ਸਾਬਕਾ ਕੌਂਸਲਰ ਰਜਿੰਦਰ ਸਿੰਘ ਬਾਜਵਾ, ਗੁਰਨਾਮ ਕਲੇਰ, ਮਨਜੋਤ ਕੌਰ, ਇਕਬਾਲ ਸਿੰਘ ਰਿਐਤ, ਰਮਨਜੋਤ ਸਿੰਘ ਢਿੱਲੋਂ ਕੈਨੇਡਾ, ਸੀਮਿਤ ਜਵੰਦਾ, ਉਮਰਾਓ ਸਿੰਘ ਛੀਨਾ, ਸੁਖਵਿੰਦਰ ਸਿੰਘ ਜਗਦੇਵ, ਕਰਨੈਲ ਸਿੰਘ ਗਿੱਲ , ਬਲਵੀਰ ਸਿੰਘ ਸਰਪੰਚ, ਅਮਰਪਾਲ ਸਿੰਘ, ਸਰਬਜੀਤ ਵਰਮਾ, ਕੁਲਵੰਤ ਰਾਏ, ਰਾਜ ਰਾਣੀ, ਕਮਲਜੀਤ ਕੌਰ ਬਾਵਾ, ਰੇਨੂ ਨਾਰੰਗ ਸਮਾਜਸੇਵੀ, ਕ੍ਰਿਸ਼ਨਾ ਦੇਵੀ, ਭੋਲੀ, ਬਲਵਿੰਦਰ ਕੌਰ, ਮਨਪ੍ਰੀਤ ਕੌਰ, ਨਵਰੀਤ ਕੌਰ, ਕੀਰਤੀ ਰਾਣੀ, ਰਾਧਿਕਾ, ਨਰਿੰਦਰ ਕੁਮਾਰ, ਰਵੀ ਕੁਮਾਰ, ਹਰਪ੍ਰੀਤ ਕੌਰ, ਅਮਿਤ ਕੁਮਾਰ, ਸੁਰੇਸ਼ ਸ਼ਰਮਾ, ਦੀਪਕ ਪੰਡਿਤ, ਰਾਮਪਾਲ, ਮਨਵਿੰਦਰ ਸਿੰਘ ਉਬੀ, ਲਲਿਤਾ ਰਾਣੀ, ਕਿਰਨ ਕਪੂਰ, ਵੀਨਾ ਰਾਣੀ, ਜਸਵਿੰਦਰ ਕੌਰ, ਰੇਨੂ ਅਹੂਜਾ, ਰਿੰਕਾ ਗੁਪਤਾ, ਰੇਖਾ ਰਾਣੀ, ਆਰਤੀ, ਕੋਮਲ, ਹੇਮਾ, ਸ਼ੁਕਲਾ, ਵਿੱਕੀ ਲੂੰਬਾ ਆਦਿ ਹਾਜਰ ਸਨ।

# ਵਿਧਾਇਕ ਗਰੇਵਾਲ ਨੇ ਗਣਤੰਤਰ ਦਿਵਸ ਮੌਕੇ ਲਹਿਰਾਇਆ ਝੰਡਾ



ਲੁਧਿਆਣਾ, 27 ਜਨਵਰੀ (ਵਿਸ਼ਾਲ ਸ਼ਰਮਾ): ਵਿਧਾਨ ਸਭਾ ਹਲਕਾ ਲੁਧਿਆਣਾ ਪੂਰਬੀ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵੱਲੋਂ 77ਵੇਂ ਗਣਤੰਤਰ ਦਿਵਸ ਮੌਕੇ ਹਲਕੇ ਦੇ ਵੱਖ-ਵੱਖ ਵਾਰਡਾਂ ਵਿੱਚ ਤਿਰੰਗਾ ਝੰਡਾ ਲਹਿਰਾਇਆ ਗਿਆ। ਇਸ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸੂਬੇ ਚ ਜਿਸ ਸੰਵਿਧਾਨ ਦੇ ਅਨੁਸਾਰ ਕੰਮ ਕੀਤਾ ਜਾ ਰਿਹਾ ਹੈ , ਇਸ ਸੰਵਿਧਾਨ ਨੂੰ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਵੱਲੋਂ ਤਿਆਰ ਕੀਤਾ ਗਿਆ ਸੀ ਅਤੇ ਇਸ ਲਿਖੇ ਹੋਏ ਸੰਵਿਧਾਨ ਨੂੰ 26 ਜਨਵਰੀ 1950 ਨੂੰ ਦੇਸ਼ ਭਰ ਵਿੱਚ ਲਾਗੂ ਕੀਤਾ ਗਿਆ। ਵਿਧਾਇਕ ਗਰੇਵਾਲ ਨੇ ਕਿਹਾ ਕਿ ਅੱਜ ਜੋ ਵੀ ਸਾਨੂੰ ਹੱਕ ਮਿਲੇ ਹਨ ਇਹ ਹੱਕ ਸਿਰਫ ਉਸ ਸੰਵਿਧਾਨ ਦੀ ਬਦੌਲਤ ਹਨ , ਉਹਨਾਂ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਵੱਲੋਂ ਲਿਖੇ ਸੰਵਿਧਾਨ ਦੀ ਬਦੌਲਤ ਸਾਨੂੰ ਵੋਟ ਪਾਉਣ ਦਾ ਅਧਿਕਾਰ ਪ੍ਰਾਪਤ ਹੋਇਆ ਇਸ ਦੇ ਨਾਲ - ਨਾਲ ਕਈ ਹੋਰ ਹੱਕ ਜੋ ਸਾਨੂੰ ਮਿਲੇ ਹਨ ਉਸ ਲਈ ਪੂਰੇ ਦੇਸ਼ਵਾਸੀ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਜੀ ਦੇ ਹਮੇਸ਼ਾ ਰਿਣੀ ਹਨ ਅਤੇ ਹਮੇਸ਼ਾ ਰਿਣੀ ਰਹਿਣਗੇ । ਇਸ ਮੌਕੇ ਤੇ ਵਿਧਾਇਕ ਦਲਜੀਤ ਸਿੰਘ ਗਰੇਵਾਲ ਵੱਲੋਂ ਵੱਖ ਵੱਖ ਵਾਰਡਾਂ ਚ ਝੰਡਾ ਲਹਿਰਾਉਣ ਦੀ ਰਸਮ ਨੂੰ ਅਦਾ ਕੀਤਾ ਅਤੇ ਦੇਸ਼ ਵਾਸੀਆਂ ਨੂੰ 26 ਜਨਵਰੀ ਦੀਆਂ ਵਧਾਈਆਂ ਦਿੱਤੀਆਂ ਗਈਆਂ । ਇਸ ਮੌਕੇ ਤੇ ਚੇਅਰਮੈਨ ਵਿਜੇ ਦਾਨਵ, ਕੌਂਸਲਰ ਅਸ਼ਵਨੀ ਸ਼ਰਮਾ ਗੋਭੀ, ਕੌਂਸਲਰ ਸੁਖਮੇਲ ਸਿੰਘ ਗਰੇਵਾਲ, ਭਾਰਤ ਭੂਸ਼ਣ ਮਿੱਠੂ, ਰਾਣਾ ਜੀ, ਰਾਜਵੀਰ ਸਿੰਘ, ਭੂਸ਼ਣ ਸ਼ਰਮਾ, ਦਿਨੇਸ਼ ਸ਼ਰਮਾ, ਸੁਨੀਲ ਖੈਰਵਾਲ, ਦਰਸ਼ਨ ਚਾਵਲਾ, ਸ਼ੁਭਮ ਲਹੌਰੀਆ, ਜਸਪ੍ਰੀਤ ਮਿੱਠੂ, ਕੌਂਸਲਰ ਅਮਰਜੀਤ ਸਿੰਘ, ਮੈਡਮ ਰਾਧਾ ਮਲਹੋਤਰਾ, ਕੌਂਸਲਰ ਲੱਕੀ ਚੌਧਰੀ, ਸੁਰਜੀਤ ਸਿੰਘ ਠੇਕੇਦਾਰ, ਜਤਿੰਦਰ ਸਿੰਘ ਸੋਢੀ, ਬੈਂਕ ਮੈਨੇਜਰ ਦਲਵਿੰਦਰ ਸਿੰਘ, ਅਮਰੀਕ ਸਿੰਘ ਸੈਣੀ, ਆਪ ਆਗੂ ਬਾਜ ਸਿੰਘ ਸਿੱਧੂ, ਜਗਪਾਲ ਸਿੰਘ ਲਾਲੀ ਤੋਂ ਇਲਾਵਾ ਵਾਰਡ ਕੌਂਸਲਰ ਪਾਰਟੀ ਵਰਕਰ ਅਤੇ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਚ ਇਲਾਕਾ ਵਾਸੀ ਹਾਜ਼ਰ ਸਨ।

# ਪੀ.ਏ.ਯੂ. ਵਿਖੇ ਗਣਤੰਤਰ ਦਿਵਸ ਸਮਾਰੋਹ 'ਚ ਸਪਰਿੰਗ ਡੇਲੀਅਨਜ਼ ਚਮਕੇ



ਲੁਧਿਆਣਾ, 27 ਜਨਵਰੀ (ਰਵਿੰਦਰ ਸਿੰਘ ਨਿੱਝਰ) : ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ ਏ ਯੂ), ਲੁਧਿਆਣਾ ਵਿਖੇ 77ਵਾਂ ਗਣਤੰਤਰ ਦਿਵਸ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ ਗਿਆ। ਸਪਰਿੰਗ ਡੇਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਇੱਕ ਰੂਹਾਨੀ ਗਣੇਸ਼ ਵੰਦਨਾ ਪੇਸ਼ ਕੀਤੀ, ਜਿਸਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ ਅਤੇ ਸਾਰੇ ਮੌਜੂਦ ਲੋਕਾਂ ਤੇ ਇੱਕ ਸਥਾਈ ਪ੍ਰਭਾਵ ਛੱਡਿਆ। ਸ਼ਾਨਦਾਰ ਅਤੇ ਅਧਿਆਤਮਿਕ ਤੌਰ 'ਤੇ ਉਤਸ਼ਾਹਜਨਕ ਪ੍ਰਦਰਸ਼ਨ ਨੇ ਇਸ ਮੌਕੇ 'ਤੇ ਮੌਜੂਦ ਸਤਿਕਾਰਯੋਗ ਪਤਵੰਤਿਆਂ ਨੂੰ ਡੂੰਘਾ ਪ੍ਰਭਾਵਿਤ ਕੀਤਾ, ਜਿਨ੍ਹਾਂ ਵਿੱਚ ਕੈਬਨਿਟ ਮੰਤਰੀ. ਹਰਭਜਨ ਸਿੰਘ ਈ.ਟੀ.ਓ., ਸ਼੍ਰੀ ਹਿਮਾਂਸ਼ੂ ਜੈਨ (ਡਿਪਟੀ ਕਮਿਸ਼ਨਰ), ਸ਼੍ਰੀਮਤੀ ਇੰਦਰਜੀਤ ਕੌਰ (ਮੇਅਰ), ਸ਼੍ਰੀ ਪੱਪੀ ਪ੍ਰਾਸ਼ਰ (ਐਮ.ਐਲ.ਏ.) ਅਤੇ ਸ਼੍ਰੀਮਤੀ ਡਿੰਪਲ ਮਦਾਨ (ਡੀ.ਈ.ਓ.) ਸ਼ਾਮਲ ਸਨ। ਪੇਸ਼ਕਾਰੀ ਦੀ ਸ਼ਰਧਾ ਅਤੇ ਸ਼ਾਨ ਤੋਂ ਮੋਹਿਤ ਹੋ ਕੇ, ਪਤਵੰਤੇ ਭਗਵਾਨ ਗਣੇਸ਼ ਦਾ ਅਸ਼ੀਰਵਾਦ ਲੈਣ ਲਈ ਅੱਗੇ ਆਏ ਅਤੇ ਵਿਦਿਆਰਥੀਆਂ ਦੀ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਦਿਲੋਂ ਪ੍ਰਸ਼ੰਸਾ ਕੀਤੀ। ਇਸ ਸ਼ੁਭ ਮੌਕੇ ਤੇ ਚੇਅਰਪਰਸਨ, ਸ਼੍ਰੀਮਤੀ ਅਵਿਨਾਸ਼ ਕੌਰ ਵਾਲੀਆ, ਨੇ ਉਨ੍ਹਾਂ ਦੇ ਪ੍ਰਦਰਸ਼ਨ ਤੇ ਬਹੁਤ ਮਾਣ ਪ੍ਰਗਟ ਕੀਤਾ ਅਤੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।ਚੇਅਰਪਰਸਨ ਨੇ 77ਵੇਂ ਗਣਤੰਤਰ ਦਿਵਸ ਦੇ ਮੌਕੇ 'ਤੇ ਸਾਰਿਆਂ ਨੂੰ ਨਿੱਘੀਆਂ ਸ਼ੁਭਕਾਮਨਾਵਾਂ ਦਿੱਤੀਆਂ।ਡਾਇਰੈਕਟਰ ਮਨਦੀਪ ਵਾਲੀਆ ਅਤੇ ਸ਼੍ਰੀਮਤੀ ਕਮਲ ਪ੍ਰੀਤ ਅਤੇ ਪ੍ਰਿੰਸੀਪਲ ਅਨਿਲ ਸ਼ਰਮਾ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ।

# ਹਿਊਮਨ ਰਾਈਟਸ ਕੌਂਸਲ ਅਤੇ ਹੋਰਾਂ ਨੇ ਗਣਤੰਤਰ ਦਿਵਸ ਮਨਾਇਆ



ਲੁਧਿਆਣਾ, 27 ਜਨਵਰੀ ਰਵਿੰਦਰ ਸਿੰਘ ਨਿੱਝਰ) : ਹਿਊਮਨ ਰਾਈਟਸ ਕੌਂਸਲ ਇੰਡੀਆ ਅਤੇ ਯਾਰਾਂ ਦਾ ਗਰੁੱਪ ਵੱਲੋਂ ਫਲਾਵਰ ਇਨਕਲੇਵ ਵਿਖੇ 77 ਵਾ ਗਣਤੰਤਰ ਦਿਵਸ ਬੜੀ ਧੂਮ ਧਾਮ ਨਾਲ ਮਨਾਇਆ ਗਿਆ ਝੰਡਾ ਲਹਿਰਾਉਣ ਦੀ ਰਸਮ ਹਿਊਮਨ ਰਾਈਟ ਕੌਂਸਲ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸਤਵਿੰਦਰ ਸਿੰਘ ਮਠਾੜੂ ਨੇ ਅਦਾ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸ ਮਠਾੜੂ ਨੇ ਆਖਿਆ ਕਿ ਆਜ਼ਾਦੀ ਲੈਣ ਲਈ ਸਾਨੂੰ 100 ਸਾਲ ਦੇ ਕਰੀਬ ਲੱਗ ਗਏ। ਇਸ ਦੇ ਦੌਰਾਨ ਅਣਗਿਣਤ ਸ਼ਹੀਦਾਂ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਅਤੇ ਕਈ ਪਰਿਵਾਰਾਂ ਦੇ ਪਰਿਵਾਰ ਉੱਜੜ ਗਏ। ਉਹਨਾਂ ਕਿਹਾ ਕਿ ਅਫਸੋਸ ਹੈ ਕਿ ਸ਼ਹੀਦਾਂ ਦੇ ਸੁਪਨਿਆਂ ਦਾ ਦੇਸ਼ ਅੱਜ ਤੱਕ ਨਹੀਂ ਸਿਰਜਿਆ ਜਾ ਸਕਿਆ ਅਤੇ ਅੱਜ ਦੇ ਨੇਤਾਵਾਂ ਵਿੱਚੋਂ ਬਹੁਤੇ ਸਿਰਫ ਪੈਸੇ ਇਕੱਠੇ ਕਰਨ ਲਈ ਵਿੱਚ ਲੱਗੇ ਹੋਏ ਹਨ । ਇਹੀ ਕਾਰਨ ਹੈ ਕਿ ਵੱਡੇ ਵੱਡੇ ਨੇਤਾ ਅਤੇ ਅਫਸਰ ਦਿਨੋਂ ਦਿਨ ਅਮੀਰ ਹੋ ਰਹੇ ਹਨ ਅਤੇ ਆਮ ਜਨਤਾ ਗਰੀਬ ਹੋ ਰਹੀ ਹੈ। ਉਹਨਾਂ ਕਿਹਾ ਕਿ ਸਾਨੂੰ ਚੋਣਾਂ ਦੌਰਾਨ ਸਹੀ ਉਮੀਦਵਾਰ ਨੂੰ ਵੋਟ ਪਾ ਕੇ ਦੇਸ਼ ਵਿੱਚ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਵਿੱਚ ਆਪਣਾ ਬਣਦਾ ਰੋਲ ਅਦਾ ਕਰਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਸਿਰਜਣ ਲਈ ਸਾਨੂੰ ਮੌਜੂਦਾ ਗੰਧਲੇ ਸਿਸਟਮ ਨੂੰ ਬਦਲਣ ਦੀ ਲੋੜ ਹੈ। ਇਸ ਲਈ ਅਜਿਹੇ ਉਮੀਦਵਾਰਾਂ ਨੂੰ ਹੀ ਅੱਗੇ ਲਿਆਂਦਾ ਜਾਵੇ ਜਿਹੜੇ ਕਿ ਸਿਸਟਮ ਨੂੰ ਬਦਲਣ ਲਈ ਵਚਨਬੱਧ ਹੋਣ। ਇਸ ਮੌਕੇ ਯਾਰਾਂ ਦੇ ਗਰੁੱਪ, ਹਿਊਮਨ ਰਾਈਟ ਕੌਂਸਲ ਅਤੇ ਮਾਨਵਤਾ ਭਲਾਈ ਸੇਵਾ ਸੋਸਾਇਟੀ ਦੇ ਸਮੁੱਚੇ ਮੈਂਬਰ ਸ਼ਾਮਿਲ ਹੋਏ। ਇਸ ਮੌਕੇ ਰੰਗਾ ਰੰਗ ਪ੍ਰੋਗਰਾਮ ਕੀਤਾ ਗਿਆ, ਦੇਸ਼ ਭਗਤੀ ਦੇ ਗੀਤ ਗਾਏ ਗਏ ਅਤੇ ਰਕੇਸ਼ ਗੋਇਲ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ।

## ਮੇਰਠ ਦੇ ਜੋੜੇ ਨੇ ਉਤਰਾਖੰਡ ਦੇ ਮੰਦਰ ਵਿੱਚ ਕੀਤਾ ਵਿਆਹ

# ਭਾਰੀ ਬਰਫ਼ਬਾਰੀ ਵੀ ਨਹੀਂ ਰੋਕ ਸਕੀ ਵਿਆਹ ਦੀਆਂ ਰਸਮਾਂ



**ਵੀਡੀਓ ਵਿੱਚ ਮੰਦਰ ਕੰਪਲੈਕਸ ਪੂਰੀ ਤਰ੍ਹਾਂ ਬਰਫ਼ ਦੀ ਮੋਟੀ ਪਰਤ ਨਾਲ ਢੱਕਿਆ ਹੋਇਆ ਦਿਖਾਇਆ ਗਿਆ ਹੈ। ਲਾਲ ਲਹਿੰਗਾ ਪਹਿਨੀ ਹੋਈ ਲਾੜੀ ਅਤੇ ਰਵਾਇਤੀ ਸ਼ੇਰਵਾਨੀ ਉੱਤੇ ਜੈਕੇਟ ਪਹਿਨੇ ਹੋਏ ਲਾੜੇ ਨੂੰ ਬਰਫ਼ ਵਿੱਚੋਂ ਲੰਘਦੇ ਹੋਏ ਦੇਖਿਆ ਜਾ ਸਕਦਾ ਹੈ। ਇੱਕ ਔਰਤ ਉਨ੍ਹਾਂ ਦੇ ਪਿੱਛੇ ਚੱਲ ਰਹੀ ਹੈ, ਲਾੜੀ ਦੇ ਲਹਿੰਗਾ ਨੂੰ ਗਿੱਲਾ ਹੋਣ ਤੋਂ ਰੋਕਣ ਲਈ ਫੜੀ ਹੋਈ ਹੈ।**

ਮੇਰਠ ਦੇ ਇੱਕ ਜੋੜੇ ਨੇ ਉਤਰਾਖੰਡ ਦੇ ਤ੍ਰਿਯੁਗੀਨਾਰਾਇਣ ਮੰਦਰ ਵਿੱਚ ਇੰਨੇ ਸ਼ਾਨਦਾਰ ਢੰਗ ਨਾਲ ਵਿਆਹ ਕੀਤਾ ਕਿ ਵੀਡੀਓ ਵਾਇਰਲ ਹੋ ਗਿਆ।

ਰੁਦਰਪ੍ਰਯਾਗ ਵਿੱਚ ਸੀਜ਼ਨ ਦੀ ਪਹਿਲੀ ਭਾਰੀ ਬਰਫ਼ਬਾਰੀ ਦੇ ਵਿਚਕਾਰ ਬਸੰਤ ਪੰਚਮੀ 'ਤੇ ਹੋਇਆ ਵਿਆਹ ਇੰਨਾ ਸੁੰਦਰ ਸੀ ਕਿ ਲੋਕ ਵੀਡੀਓ ਨੂੰ ਵਾਰ-ਵਾਰ ਸਾਂਝਾ ਕਰ ਰਹੇ ਹਨ।

ਵੀਡੀਓ ਵਿੱਚ ਮੰਦਰ ਕੰਪਲੈਕਸ ਪੂਰੀ ਤਰ੍ਹਾਂ ਬਰਫ਼ ਦੀ ਮੋਟੀ ਪਰਤ ਨਾਲ ਢੱਕਿਆ ਹੋਇਆ ਦਿਖਾਇਆ ਗਿਆ ਹੈ। ਲਾਲ ਲਹਿੰਗਾ ਪਹਿਨੀ ਹੋਈ ਲਾੜੀ ਅਤੇ ਰਵਾਇਤੀ ਸ਼ੇਰਵਾਨੀ ਉੱਤੇ ਜੈਕੇਟ ਪਹਿਨੇ ਹੋਏ ਲਾੜੇ ਨੂੰ ਬਰਫ਼ ਵਿੱਚੋਂ ਲੰਘਦੇ ਹੋਏ ਦੇਖਿਆ ਜਾ ਸਕਦਾ ਹੈ। ਇੱਕ ਔਰਤ ਉਨ੍ਹਾਂ ਦੇ ਪਿੱਛੇ ਚੱਲ ਰਹੀ ਹੈ, ਲਾੜੀ ਦੇ ਲਹਿੰਗਾ ਨੂੰ ਗਿੱਲਾ ਹੋਣ ਤੋਂ ਰੋਕਣ ਲਈ ਫੜੀ ਹੋਈ ਹੈ। ਉਨ੍ਹਾਂ ਦੋਵਾਂ ਦੇ ਚਿਹਰਿਆਂ 'ਤੇ ਖੁਸ਼ੀ ਸਾਫ਼ ਦਿਖਾਈ ਦੇ ਰਹੀ ਸੀ। ਲਾੜੇ ਨੇ ਕੈਮਰੇ ਵੱਲ ਵੇਖਦੇ ਹੋਏ ਐਲਾਨ ਕੀਤਾ ਕਿ ਉਸਨੂੰ ਭਗਵਾਨ ਦਾ ਆਸ਼ੀਰਵਾਦ ਮਿਲਿਆ ਹੈ। ਵਾਇਰਲ ਵੀਡੀਓ ਵਿੱਚ ਕੀਤੇ ਗਏ ਦਾਅਵਿਆਂ ਦੇ ਅਨੁਸਾਰ, ਵਿਆਹ ਤ੍ਰਿਯੁਗੀਨਾਰਾਇਣ ਮੰਦਰ ਵਿੱਚ ਹੋਇਆ, ਉਹੀ ਜਗ੍ਹਾ ਜਿਸਨੂੰ ਮਿਥਿਹਾਸ ਦੇ ਅਨੁਸਾਰ, ਭਗਵਾਨ ਸ਼ਿਵ ਅਤੇ ਦੇਵੀ ਪਾਰਵਤੀ ਦਾ ਵਿਆਹ ਸਥਾਨ ਮੰਨਿਆ ਜਾਂਦਾ ਹੈ।

ਚਿੱਟੇ ਬਰਫ਼ ਦੀ ਚਾਦਰ ਅਤੇ ਇਸ ਵਿਚਕਾਰ ਹੋ ਰਹੇ ਪਵਿੱਤਰ ਚੱਕਰਾਂ ਦਾ ਦ੍ਰਿਸ਼ ਲੋਕਾਂ ਨੂੰ ਮਨਮੋਹਕ ਕਰ ਰਿਹਾ ਹੈ। ਜਦੋਂ ਵਿਆਹ ਤੋਂ ਬਾਅਦ ਜੋੜੇ ਨੂੰ ਪੁੱਛਿਆ ਗਿਆ ਕਿ ਉਹ ਕਿੱਥੋਂ ਦੇ ਹਨ, ਤਾਂ ਉਨ੍ਹਾਂ ਨੇ ਆਪਣੀ ਪਛਾਣ ਮੇਰਠ ਦੇ ਨਿਵਾਸੀ ਵਜੋਂ ਕਰਵਾਈ। ਸੋਸ਼ਲ ਮੀਡੀਆ 'ਤੇ ਲੋਕ ਟਿੱਪਣੀਆਂ ਕਰਨ ਲੱਗੇ, "ਵਾਹ! ਇਹ ਪਹਿਲੀ ਵਾਰ ਹੈ ਜਦੋਂ ਮੈਂ ਬਰਫ਼ ਵਿੱਚ ਵਿਆਹ ਦੇਖਿਆ ਹੈ।" ਇੱਕ ਹੋਰ ਨੇ ਟਿੱਪਣੀ ਕੀਤੀ, "ਦੁਲਹਨ ਨੂੰ ਟੋਪੀਆਂ... ਇੰਨੀ ਠੰਡ ਵਿੱਚ ਵੀ ਇੰਨੀ ਸੁੰਦਰ।" ਉਤਰਾਖੰਡ ਦੇ ਗੜ੍ਹਵਾਲ ਅਤੇ ਕੁਮਾਊਂ ਦੋਵਾਂ ਡਿਵੀਜ਼ਨਾਂ ਵਿੱਚ ਭਾਰੀ ਬਰਫ਼ਬਾਰੀ ਹੋਈ। ਬਦਰੀਨਾਥ, ਕੇਦਾਰਨਾਥ, ਗੰਗੋਤਰੀ, ਯਮੁਨੋਤਰੀ, ਔਲੀ, ਮਸੂਰੀ, ਚੱਕਰਤਾ, ਧਨੋਲਟੀ ਅਤੇ ਮੁਨਸਯਾਰੀ ਸਮੇਤ ਕਈ ਉੱਚ-ਉਚਾਈ ਵਾਲੇ ਖੇਤਰ ਬਰਫ਼ ਨਾਲ ਢੱਕੇ ਹੋਏ ਸਨ। ਨੈਨੀਤਾਲ ਵਿੱਚ ਚਾਈਨਾ ਪੀਕ ਅਤੇ ਕਿਲਬਰੀ, ਅਲਮੋੜਾ ਵਿੱਚ ਦੁਨਾਗਿਰੀ ਅਤੇ ਪੌੜੀ ਵਿੱਚ ਤਾਰਕੇਸ਼ਵਰ ਵਰਗੇ ਸਥਾਨ ਵੀ ਬਰਫ਼ ਨਾਲ ਚਿੱਟੇ ਦਿਖਾਈ ਦਿੱਤੇ। ਸਥਾਨਕ ਅਤੇ ਸੈਲਾਨੀ ਦੋਵੇਂ ਹੀ ਮੌਸਮ ਤੋਂ ਬਹੁਤ ਖੁਸ਼ ਸਨ। ਉੱਤਰਾਖੰਡ ਭਰ ਤੋਂ ਬਰਫ਼ ਵਾਲੀਆਂ ਫੋਟੋਆਂ ਅਤੇ ਵੀਡੀਓ ਹੁਣ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੇ ਹਨ। ਹਾਲਾਂਕਿ, ਬਰਫ਼ਬਾਰੀ ਨੇ ਕਈ ਥਾਵਾਂ 'ਤੇ ਆਵਾਜਾਈ ਨੂੰ ਪ੍ਰਭਾਵਿਤ ਕੀਤਾ ਹੈ।

## ਸਾਬਕਾ ਏਅਰ ਹੋਸਟੇਸ ਨੇ ਕੀਤਾ ਖੁਲਾਸਾ, "ਜਹਾਜ਼ਾਂ ਵਿੱਚ ਪਾਣੀ ਦੀਆਂ ਟੈਂਕੀਆਂ ਕਦੇ ਨਹੀਂ ਕੀਤੀਆਂ ਜਾਂਦੀਆਂ ਸਾਫ"

# ਉਡਾਣ ਦੌਰਾਨ ਚਾਹ ਅਤੇ ਕੌਫੀ ਤੋਂ ਬਚੋ

**ਇੱਕ ਸਾਬਕਾ ਏਅਰ ਹੋਸਟੇਸ ਨੇ ਖੁਲਾਸਾ ਕੀਤਾ ਹੈ ਕਿ ਜਹਾਜ਼ਾਂ ਦੇ ਪਾਣੀ ਦੀਆਂ ਟੈਂਕੀਆਂ ਬਹੁਤ ਘੱਟ ਸਾਫ਼ ਕੀਤੀਆਂ ਜਾਂਦੀਆਂ ਹਨ, ਜਿਸ ਨਾਲ ਚਾਹ ਅਤੇ ਕੌਫੀ ਪੀਣਾ ਅਸੁਰੱਖਿਅਤ ਹੋ ਜਾਂਦਾ ਹੈ। ਉਸਨੇ ਯਾਤਰੀਆਂ ਨੂੰ ਸਿਰਫ਼ ਬੋਤਲਬੰਦ ਪਾਣੀ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਹੈ**



।ਇੱਕ ਸਾਬਕਾ ਏਅਰ ਹੋਸਟੇਸ ਨੇ ਯਾਤਰੀਆਂ ਨੂੰ ਜਹਾਜ਼ਾਂ ਵਿੱਚ ਪਾਣੀ, ਕੌਫੀ ਜਾਂ ਚਾਹ ਪੀਣ ਵੇਲੇ ਵਾਧੂ ਸਾਵਧਾਨ ਰਹਿਣ ਦੀ ਚੇਤਾਵਨੀ ਦਿੱਤੀ ਹੈ। ਉਸਨੇ ਜੋ ਕਾਰਨ ਦਿੱਤਾ ਹੈ ਉਹ ਕਾਫ਼ੀ ਡਰਾਉਣਾ ਹੈ। ਅਕਸਰ ਹਵਾਈ ਯਾਤਰੀ ਉਸਦੀ ਸਲਾਹ ਤੋਂ ਹੈਰਾਨ ਹੋਣਗੇ।

ਮਿਰਰ ਦੀ ਇੱਕ ਰਿਪੋਰਟ ਦੇ ਅਨੁਸਾਰ, ਲੰਬੀਆਂ ਉਡਾਣਾਂ ਦੌਰਾਨ ਹਾਈਡਰੇਟਿਡ ਰਹਿਣ ਲਈ ਗਰਮ ਚਾਹ ਜਾਂ ਠੰਡਾ ਪਾਣੀ ਪੀਣਾ ਸੁਭਾਵਿਕ ਹੈ। ਹਾਲਾਂਕਿ, ਇੱਕ ਸਾਬਕਾ ਕੈਬਿਨ ਕਰੂ ਮੈਂਬਰ ਨੇ ਚੇਤਾਵਨੀ ਦਿੱਤੀ ਹੈ ਕਿ ਉਡਾਣ ਦੌਰਾਨ ਇਹਨਾਂ ਪੀਣ ਵਾਲੇ ਪਦਾਰਥਾਂ ਦਾ ਸੇਵਨ ਕਰਨਾ ਜੋਖਮ ਭਰਿਆ ਹੋ ਸਕਦਾ ਹੈ। ਇਸ ਲਈ, ਯਾਤਰੀਆਂ ਨੂੰ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਜਾਂਦੀ ਹੈ। ਸਾਬਕਾ ਫਲਾਈਟ ਅਟੈਂਡੈਂਟ ਕੈਟ ਕਮਾਲਾਨੀ ਨੇ TikTok 'ਤੇ ਇੱਕ ਵੀਡੀਓ ਸਾਂਝਾ ਕੀਤਾ, ਜਿਸਨੂੰ 500,000 ਤੋਂ ਵੱਧ ਲੋਕਾਂ ਨੇ ਦੇਖਿਆ ਹੈ। ਵੀਡੀਓ ਵਿੱਚ, ਉਸਨੇ ਉਦਯੋਗ ਵਿੱਚ ਆਪਣੇ ਅਨੁਭਵ ਸਾਂਝੇ ਕਰਦੇ ਹੋਏ ਕਿਹਾ ਕਿ ਹਵਾਈ ਜਹਾਜ਼ਾਂ ਵਿੱਚ ਏਅਰ ਹੋਸਟੇਸ ਦੁਆਰਾ ਪ੍ਰਦਾਨ ਕੀਤੇ ਜਾਣ ਵਾਲੇ ਪੀਣ ਵਾਲੇ ਪਾਣੀ, ਚਾਹ ਅਤੇ ਕੌਫੀ ਦਾ ਸੇਵਨ ਕਦੇ ਵੀ ਨਹੀਂ ਕਰਨਾ ਚਾਹੀਦਾ। ਉਸਨੇ ਕਿਸੇ ਵੀ ਤਰਲ ਪਦਾਰਥ ਦਾ ਸੇਵਨ ਕਰਨ ਦੀ ਸਲਾਹ ਦਿੱਤੀ ਜੋ ਡੱਬੇ ਜਾਂ ਬੋਤਲ ਵਿੱਚ ਸੀਲ ਨਹੀਂ ਹੁੰਦਾ। ਉਸਨੇ ਖੁੱਲ੍ਹੇ ਪਾਣੀ ਜਾਂ ਇਸ ਤੋਂ ਬਣੇ ਚਾਹ ਜਾਂ ਕੌਫੀ ਤੋਂ ਬਚਣ 'ਤੇ ਵੀ ਜ਼ੋਰ ਦਿੱਤਾ।

ਕੈਟ ਨੇ ਸਮਝਾਇਆ ਕਿ ਇਹ ਇਸ ਲਈ ਹੈ ਕਿਉਂਕਿ ਪਾਣੀ ਦੀਆਂ ਟੈਂਕੀਆਂ ਬਹੁਤ ਘੱਟ ਸਾਫ਼ ਕੀਤੀਆਂ ਜਾਂਦੀਆਂ ਹਨ ਅਤੇ ਬਹੁਤ ਗੰਦੀਆਂ ਹੁੰਦੀਆਂ ਹਨ। ਇਸ ਲਈ, ਜਹਾਜ਼ਾਂ 'ਤੇ ਹਮੇਸ਼ਾ ਬੋਤਲਬੰਦ ਪਾਣੀ ਪੀਣਾ ਮਹੱਤਵਪੂਰਨ ਹੈ।

ਕੈਟ ਦੇ ਅਨੁਸਾਰ, ਹਵਾਈ ਜਹਾਜ਼ਾਂ 'ਤੇ ਪਾਣੀ ਦੀਆਂ ਟੈਂਕੀਆਂ ਬਹੁਤ ਘੱਟ ਸਾਫ਼ ਕੀਤੀਆਂ ਜਾਂਦੀਆਂ ਹਨ ਅਤੇ ਅਕਸਰ ਗੰਦੀਆਂ ਹੁੰਦੀਆਂ ਹਨ। ਇਹ ਇੱਕ ਹੈਰਾਨੀ ਵਾਲੀ ਗੱਲ ਹੋ ਸਕਦੀ ਹੈ, ਪਰ ਇਹ ਸੱਚਾਈ ਹੈ। ਉਸਨੇ ਇਹ ਵੀ ਖੁਲਾਸਾ ਕੀਤਾ ਕਿ ਜਾਣਕਾਰ ਕੈਬਿਨ ਕਰੂ ਮੈਂਬਰ ਆਮ ਤੌਰ 'ਤੇ ਜਹਾਜ਼ਾਂ 'ਤੇ ਪਰੋਸੀ ਜਾਣ ਵਾਲੀ ਕੌਫੀ ਜਾਂ ਚਾਹ ਤੋਂ ਪਰਹੇਜ਼ ਕਰਦੇ ਹਨ, ਕਿਉਂਕਿ ਦੋਵੇਂ ਇਨ੍ਹਾਂ ਸ਼ੱਕੀ ਟੈਂਕਾਂ ਦੇ ਪਾਣੀ ਦੀ ਵਰਤੋਂ ਕਰਕੇ ਤਿਆਰ ਕੀਤੇ ਜਾਂਦੇ ਹਨ। ਕੈਟ ਨੇ ਕਿਹਾ, "ਇੱਕ ਫਲਾਈਟ ਅਟੈਂਡੈਂਟ ਨਾਲ ਗੱਲ ਕਰੋ ਅਤੇ ਪੁੱਛੋ, 'ਅਸੀਂ ਬਹੁਤ ਘੱਟ ਹੀ ਕੌਫੀ ਜਾਂ ਚਾਹ ਪੀਂਦੇ ਹਾਂ।'" ਇਸ ਲਈ ਪਾਣੀ ਇੱਕੋ ਪਾਣੀ ਦੀ ਟੈਂਕੀ ਤੋਂ ਆਉਂਦਾ ਹੈ। ਇਸ ਲਈ ਜਦੋਂ ਤੁਸੀਂ ਉਹ ਕੌਫੀ, ਚਾਹ, ਜਾਂ ਖੁੱਲ੍ਹਾ ਪਾਣੀ ਪੀਂਦੇ ਹੋ, ਤਾਂ ਇਹ ਸਭ ਓਨਾ ਹੀ ਗੰਦਾ ਹੁੰਦਾ ਹੈ। ਇਹ ਬਿਲਕੁਲ ਘਿਣਾਉਣਾ ਹੈ। ਕੈਟ ਨੇ ਅੱਗੇ ਦੱਸਿਆ ਕਿ ਇਹ ਪਾਣੀ ਦੀਆਂ ਟੈਂਕੀਆਂ ਆਮ ਤੌਰ 'ਤੇ ਟਾਇਲਟਾਂ ਦੇ ਨੇੜੇ ਸਥਿਤ ਹੁੰਦੀਆਂ ਹਨ, ਜੋ ਕਿ ਸਫਾਈ ਦੇ ਮਿਆਰਾਂ ਦੇ ਮਾਮਲੇ ਵਿੱਚ ਬਿਲਕੁਲ ਵੀ ਭਰੋਸੇਯੋਗ ਨਹੀਂ ਹਨ। ਹਰ ਜਗ੍ਹਾ ਸਫਾਈ ਪ੍ਰਤੀ ਜਾਗਰੂਕ ਲੋਕਾਂ ਨੂੰ ਚੇਤਾਵਨੀ ਦਿੰਦੇ ਹੋਏ, ਉਸਨੇ ਕਿਹਾ ਕਿ ਇਹਨਾਂ ਨੂੰ ਘੱਟ ਹੀ ਸਾਫ਼ ਕੀਤਾ ਜਾਂਦਾ ਹੈ ਜਦੋਂ ਤੱਕ ਇਹ ਟੁੱਟ ਨਾ ਜਾਣ, ਅਤੇ ਇਹ ਟਾਇਲਟਾਂ ਦੇ ਨੇੜੇ ਸਥਿਤ ਨਾ ਹੋਣ। ਯਾਤਰਾ ਕਰਨ ਵਾਲੇ ਮਾਪਿਆਂ ਲਈ, ਕੈਟ ਨੇ ਸਲਾਹ ਦਿੱਤੀ ਕਿ ਖਾਸ ਤੌਰ 'ਤੇ ਬੱਚਿਆਂ ਦੀਆਂ ਬੋਤਲਾਂ ਤਿਆਰ ਕਰਨ ਲਈ ਗਰਮ ਪਾਣੀ ਨਾ ਮੰਗੋ। ਇਸ ਦੀ ਬਜਾਏ, ਉਸਨੇ ਪਾਣੀ ਦੀ ਇੱਕ ਬੋਤਲ ਵੱਖਰੇ ਤੌਰ 'ਤੇ ਗਰਮ ਕਰਨ ਦਾ ਸੁਝਾਅ ਦਿੱਤਾ, ਫਿਰ ਆਪਣੇ ਬੱਚੇ ਲਈ ਇੱਕ ਬੋਤਲ ਤਿਆਰ ਕਰੋ।

## ਦੁਨੀਆ ਨੇ ਵ੍ਹਾਈਟ ਹਾਊਸ ਦੀ ਸੋਸ਼ਲ ਮੀਡੀਆ ਪੋਸਟ ਦਾ ਮਜ਼ਾਕ ਉਡਾਇਆ

# ਟਰੰਪ ਨੂੰ ਪੈਂਗੁਇਨ ਮੀਮ ਟ੍ਰੈਂਡ ਵਿੱਚ ਕੀਤਾ ਗਿਆ ਟ੍ਰੋਲ

**ਵ੍ਹਾਈਟ ਹਾਊਸ ਦੁਆਰਾ ਗ੍ਰੀਨਲੈਂਡ ਸੰਬੰਧੀ ਸਾਂਝੀ ਕੀਤੀ ਗਈ ਡੋਨਾਲਡ ਟਰੰਪ ਦੀ ਇੱਕ ਫੋਟੋ ਸੋਸ਼ਲ ਮੀਡੀਆ 'ਤੇ ਇੱਕ ਮਜ਼ਾਕ ਬਣ ਗਈ। ਫੋਟੋ ਵਿੱਚ ਟਰੰਪ ਨੂੰ ਇੱਕ ਪੈਂਗੁਇਨ ਨਾਲ ਦਿਖਾਇਆ ਗਿਆ ਹੈ, ਭਾਵੇਂ ਕਿ ਪੈਂਗੁਇਨ ਸਿਰਫ ਦੱਖਣੀ ਗੋਲਿਸਫਾਇਰ (ਅੰਟਾਰਕਟਿਕਾ) ਵਿੱਚ ਪਾਏ ਜਾਂਦੇ ਹਨ।**



ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਗ੍ਰੀਨਲੈਂਡ ਸੰਬੰਧੀ ਯੂਰਪ 'ਤੇ ਲਗਾਏ ਗਏ ਟੈਰਿਫ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਹੋ ਸਕਦਾ ਹੈ, ਪਰ ਉਨ੍ਹਾਂ ਦੇ ਆਰਕਟਿਕ ਸੁਪਨੇ ਅਜੇ ਖਤਮ ਨਹੀਂ ਹੋਏ ਹਨ। ਵ੍ਹਾਈਟ ਹਾਊਸ ਨੇ ਸ਼ਨੀਵਾਰ ਨੂੰ ਇਸ ਨੁਕਤੇ ਨੂੰ ਦੁਹਰਾਇਆ ਜਦੋਂ ਇਸਨੇ ਟਰੰਪ ਦੀ ਇੱਕ ਪੈਂਗੁਇਨ ਨਾਲ ਗ੍ਰੀਨਲੈਂਡ ਵੱਲ ਤੁਰਨ ਦੀ ਇੱਕ ਫੋਟੋ ਪੋਸਟ ਕੀਤੀ। ਫੋਟੋ ਦਾ ਕੈਪਸ਼ਨ "ਪੈਂਗੁਇਨ ਨੂੰ ਗਲੇ ਲਗਾਓ" ਸੀ। ਹਾਲਾਂਕਿ, ਪੋਸਟ ਜਲਦੀ ਹੀ ਇੰਟਰਨੈੱਟ 'ਤੇ ਮਜ਼ਾਕ ਦਾ ਵਿਸ਼ਾ ਬਣ ਗਈ, ਕਿਉਂਕਿ ਪੈਂਗੁਇਨ ਗ੍ਰੀਨਲੈਂਡ ਵਿੱਚ ਨਹੀਂ ਮਿਲਦੇ। ਪੈਂਗੁਇਨ ਸਿਰਫ ਦੱਖਣੀ ਗੋਲਿਸਫਾਇਰ ਵਿੱਚ ਰਹਿੰਦੇ ਹਨ, ਜਿਨ੍ਹਾਂ ਦੀ ਸਭ ਤੋਂ ਵੱਡੀ ਆਬਾਦੀ ਅੰਟਾਰਕਟਿਕਾ ਵਿੱਚ ਪਾਈ ਜਾਂਦੀ ਹੈ। ਦੂਜੇ ਪਾਸੇ, ਗ੍ਰੀਨਲੈਂਡ ਉੱਤਰੀ ਗੋਲਿਸਫਾਇਰ ਵਿੱਚ ਸਥਿਤ ਹੈ। ਵ੍ਹਾਈਟ ਹਾਊਸ ਦੀ ਇਸ ਗਲਤੀ ਨੂੰ ਸੋਸ਼ਲ ਮੀਡੀਆ ਉਪਭੋਗਤਾਵਾਂ ਦੁਆਰਾ ਤੁਰੰਤ ਦੇਖਿਆ ਗਿਆ, ਅਤੇ ਟਿੱਪਣੀ ਭਾਗ ਨੇ ਤਿੱਖੀ ਟ੍ਰੋਲਿੰਗ ਸ਼ੁਰੂ ਕਰ ਦਿੱਤੀ। ਬਹੁਤ ਸਾਰੇ ਟਵਿੱਟਰ ਉਪਭੋਗਤਾਵਾਂ ਨੇ ਆਪਣੀਆਂ ਖੁਦ ਦੀਆਂ AI-ਤਿਆਰ ਕੀਤੀਆਂ ਤਸਵੀਰਾਂ ਸਾਂਝੀਆਂ ਕੀਤੀਆਂ, ਜਿਸ ਨਾਲ ਵ੍ਹਾਈਟ ਹਾਊਸ ਨੂੰ "ਅਸਲੀਅਤ ਜਾਂਚ" ਮਿਲੀ, ਅਤੇ ਪੋਸਟ ਦਾ ਮਜ਼ਾਕ ਉਡਾਇਆ ਗਿਆ। ਇਸ ਰਿਪੋਰਟ ਦੇ ਅਨੁਸਾਰ, ਪੋਸਟ ਨੂੰ 10 ਮਿਲੀਅਨ ਤੋਂ ਵੱਧ ਵਿਊਜ਼ ਮਿਲੇ ਸਨ।

ਕੁਝ ਉਪਭੋਗਤਾਵਾਂ ਨੇ ਇਹ ਵੀ ਦੇਖਿਆ ਕਿ ਟਰੰਪ ਦੇ ਪਿੱਛੇ ਦਿਖਾਈ ਦੇਣ ਵਾਲੇ ਪੈਰਾਂ ਦੇ ਨਿਸ਼ਾਨ ਮਨੁੱਖੀ ਪੈਰਾਂ ਦੇ ਨਿਸ਼ਾਨਾਂ ਨਾਲ ਮਿਲਦੇ-ਜੁਲਦੇ ਨਹੀਂ ਸਨ। ਇੱਕ ਵਿਅਕਤੀ ਨੇ ਵਿਅੰਗਮਈ ਟਿੱਪਣੀ ਕੀਤੀ, "ਚੰਗਾ ਕੋਸ਼ਿਸ਼, ਪਰ ਪੈਂਗੁਇਨ ਗ੍ਰੀਨਲੈਂਡ ਵਿੱਚ ਨਹੀਂ ਮਿਲਦੇ।" ਇਸ ਦੌਰਾਨ, ਯੂਕੇ ਕੈਬਨਿਟ ਦਫਤਰ ਦੇ ਚੀਫ਼ ਮਾਊਜ਼ਰ ਦੇ ਅਧਿਕਾਰਤ ਐਕਸ ਖਾਤੇ ਨੇ ਵੀ ਇੱਕ ਹਾਸੋਹੀਣੀ ਟਿੱਪਣੀ ਦੇ ਨਾਲ ਜਵਾਬ ਦਿੱਤਾ, ਲਿਖਿਆ, "ਬਿੱਲੀਆਂ ਦੀ ਜਾਂਚ: ਪੈਂਗੁਇਨ ਸਿਰਫ ਦੱਖਣੀ ਗੋਲਿਸਫਾਇਰ ਵਿੱਚ ਮਿਲਦੇ ਹਨ।" ਟਰੰਪ ਪਿਛਲੇ ਕਈ ਮਹੀਨਿਆਂ ਤੋਂ ਗ੍ਰੀਨਲੈਂਡ ਵਿੱਚ ਇੱਕ ਅਸਾਧਾਰਨ ਪੱਧਰ ਦੀ ਦਿਲਚਸਪੀ ਦਿਖਾ ਰਹੇ ਹਨ। ਉਹ ਕਹਿੰਦੇ ਹਨ ਕਿ ਇਹ ਆਰਕਟਿਕ ਖੇਤਰ ਅਮਰੀਕੀ ਰਾਸ਼ਟਰੀ ਸੁਰੱਖਿਆ ਲਈ ਮਹੱਤਵਪੂਰਨ ਹੈ। ਨਤੀਜੇ ਵਜੋਂ, ਉਸਨੇ ਲੰਬੇ ਸਮੇਂ ਤੋਂ ਡੈਨਮਾਰਕ, ਜੋ ਗ੍ਰੀਨਲੈਂਡ ਨੂੰ ਨਿਯੰਤਰਿਤ ਕਰਦਾ ਹੈ, 'ਤੇ ਦਬਾਅ ਪਾਇਆ ਹੈ ਕਿ ਜੇਕਰ ਕੋਈ ਸਮਝੌਤਾ ਨਹੀਂ ਹੁੰਦਾ ਹੈ ਤਾਂ ਫੌਜੀ ਤਾਕਤ ਦੀ ਵਰਤੋਂ ਕਰਕੇ ਇਸ ਖੇਤਰ ਦਾ ਕੰਟਰੋਲ ਹਾਸਲ ਕੀਤਾ ਜਾਵੇ। ਸੋਸ਼ਲ ਮੀਡੀਆ 'ਤੇ ਘੁੰਮ ਰਹੇ ਪੈਂਗੁਇਨ ਦਾ ਵੀਡੀਓ ਅਸਲ ਵਿੱਚ ਵਰਨਰ ਹਰਜ਼ੋਗ ਦੀ 2007 ਦੀ ਦਸਤਾਵੇਜ਼ੀ "ਐਨਕਾਊਂਟਰਸ ਐਟ ਦ ਐਂਡ ਆਫ਼ ਦ ਵਰਲਡ" ਦਾ ਇੱਕ ਦ੍ਰਿਸ਼ ਹੈ। ਫੁਟੇਜ ਵਿੱਚ ਇੱਕ ਪੈਂਗੁਇਨ ਆਪਣੀ ਕਲੋਨੀ ਤੋਂ ਭਟਕਦਾ ਅਤੇ ਅੰਟਾਰਕਟਿਕਾ ਵੱਲ ਇਕੱਲਾ ਤੁਰਦਾ ਦਿਖਾਇਆ ਗਿਆ ਹੈ। ਵ੍ਹਾਈਟ ਹਾਊਸ ਨੇ ਵੀ ਇੱਕ ਫੋਟੋ ਪੋਸਟ ਕੀਤੀ, ਰੁਝਾਨ ਵਿੱਚ ਸ਼ਾਮਲ ਹੋ ਰਿਹਾ ਹੈ।

## ਦਫ਼ਤਰੀ ਸਬੰਧਾਂ 'ਤੇ ਰਿਅਲਟੀ ਚੈਕ

# ਨੌਜਵਾਨ ਔਰਤ ਨੇ ਆਪਣੇ ਵਿਆਹ ਵਿੱਚ 70 ਸਾਥੀਆਂ ਨੂੰ ਸੱਦਾ ਦਿੱਤਾ, ਪਰ ਆਇਆ ਸਿਰਫ਼ ਇਕ



ਚੀਨ ਦੀ ਇੱਕ ਨੌਜਵਾਨ ਔਰਤ ਦੀ ਕਹਾਣੀ ਦਫ਼ਤਰੀ ਦੋਸਤੀਆਂ ਅਤੇ ਅਸਲ ਜ਼ਿੰਦਗੀ ਦੇ ਰਿਸ਼ਤਿਆਂ ਵਿੱਚ ਫ਼ਰਕ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦੀ ਹੈ। ਉਹ ਆਪਣੇ ਵਿਆਹ ਵਰਗੇ ਖਾਸ ਮੌਕੇ 'ਤੇ ਆਪਣੇ ਸਹਿਕਰਮੀਆਂ ਤੋਂ ਪਿਆਰ ਅਤੇ ਸਮਰਥਨ ਦੀ ਉਮੀਦ ਕਰਦੀ ਸੀ, ਪਰ ਉਹ ਵਿਸ਼ਵਾਸ ਟੁੱਟ ਗਿਆ। ਇਸ ਇੱਕ ਘਟਨਾ ਨੇ ਨਾ ਸਿਰਫ਼ ਉਸਨੂੰ ਭਾਵਨਾਤਮਕ ਤੌਰ 'ਤੇ ਦੁਖੀ ਕੀਤਾ ਸਗੋਂ ਉਸਨੂੰ ਆਪਣੀ ਨੌਕਰੀ ਛੱਡਣ ਲਈ ਮਜਬੂਰ ਕਰ ਦਿੱਤਾ। ਇੱਕ ਚੀਨੀ ਔਰਤ ਦੀ ਕਹਾਣੀ ਸੋਸ਼ਲ ਮੀਡੀਆ 'ਤੇ ਲੋਕਾਂ ਨੂੰ ਪ੍ਰਭਾਵਿਤ ਕਰ ਰਹੀ ਹੈ।

ਉਹ ਪਿਛਲੇ ਪੰਜ ਸਾਲਾਂ ਤੋਂ ਇੱਕੋ ਕੰਪਨੀ ਵਿੱਚ ਕੰਮ ਕਰ ਰਹੀ ਸੀ ਅਤੇ ਉਸਨੂੰ ਮਹਿਸੂਸ ਹੋਇਆ ਕਿ ਉਸਦੇ ਆਪਣੇ ਸਹਿਯੋਗੀਆਂ ਨਾਲ ਚੰਗੇ ਅਤੇ ਸੱਚੇ ਸਬੰਧ ਹਨ। ਵਿਆਹ ਦੀਆਂ ਤਿਆਰੀਆਂ ਦੌਰਾਨ, ਉਹ ਸ਼ੁਰੂ ਵਿੱਚ ਸਿਰਫ਼ ਆਪਣੇ ਨਜ਼ਦੀਕੀ ਦਫ਼ਤਰੀ ਦੋਸਤਾਂ ਨੂੰ ਹੀ ਸੱਦਾ ਦੇਣਾ ਚਾਹੁੰਦੀ ਸੀ। ਹਾਲਾਂਕਿ, ਉਸਨੂੰ ਡਰ ਸੀ ਕਿ ਕੁਝ ਲੋਕਾਂ ਨੂੰ ਸੱਦਾ ਦੇਣ ਨਾਲ ਅਤੇ ਦੂਜਿਆਂ ਨੂੰ ਨਹੀਂ, ਦਫ਼ਤਰ ਦੇ ਅੰਦਰ ਗਲਤਫਹਿਮੀਆਂ ਅਤੇ ਤਣਾਅ ਪੈਦਾ ਹੋ ਸਕਦਾ ਹੈ। ਇਸ ਲਈ, ਉਸਨੇ ਆਪਣੇ ਪੂਰੇ ਵਿਭਾਗ ਦੇ ਲਗਭਗ 70 ਲੋਕਾਂ ਨੂੰ ਵਿਆਹ ਦੇ ਸੱਦੇ ਲਗਭਗ ਦੋ ਮਹੀਨੇ ਪਹਿਲਾਂ ਭੇਜੇ। ਇੰਨਾ ਹੀ ਨਹੀਂ, ਉਸਨੇ ਵਿਆਹ ਤੋਂ ਪਹਿਲਾਂ ਦਫ਼ਤਰ ਵਿੱਚ ਕਈ ਸਾਥੀਆਂ ਨੂੰ ਤੋਹਫ਼ੇ ਵੀ ਦਿੱਤੇ। ਪਰ ਵਿਆਹ ਵਾਲੇ ਦਿਨ ਜੋ ਹੋਇਆ ਉਸ ਨੇ ਉਸਨੂੰ ਬਹੁਤ ਦੁਖੀ ਕਰ ਦਿੱਤਾ। 70 ਸਾਥੀਆਂ ਵਿੱਚੋਂ, ਸਿਰਫ਼ ਇੱਕ ਹੀ ਉਸਦਾ ਜੂਨੀਅਰ ਸੀ ਅਤੇ ਸ਼ਾਇਦ ਉਹ ਜ਼ਿੰਮੇਵਾਰੀ ਤੋਂ ਬਾਹਰ ਆਈ ਸੀ। ਦੁਲਹਨ ਨੇ ਦਫ਼ਤਰ ਦੇ ਸਟਾਫ਼ ਲਈ ਛੇ ਵੱਡੇ ਮੇਜ਼ ਬੁੱਕ ਕੀਤੇ ਸਨ, ਪਰ ਉਹ ਸਾਰੇ ਖਾਲੀ ਹੀ ਰਹੇ। ਬਹੁਤ ਸਾਰਾ ਖਾਣਾ ਖਰਾਬ ਹੋ ਗਿਆ ਸੀ, ਅਤੇ ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਉਹ ਆਪਣੇ ਪਰਿਵਾਰ ਅਤੇ ਸਹੁਰਿਆਂ ਦੇ ਸਾਹਮਣੇ ਬਹੁਤ ਸ਼ਰਮਿੰਦਾ ਮਹਿਸੂਸ ਕਰ ਰਹੀ ਸੀ। ਇਸ ਘਟਨਾ ਨੇ ਉਸਨੂੰ ਬਹੁਤ ਉਦਾਸ ਅਤੇ ਦੁਖੀ ਕਰ ਦਿੱਤਾ। ਉਸਨੂੰ ਮਹਿਸੂਸ ਹੋਇਆ ਕਿ ਜਿਨ੍ਹਾਂ ਲੋਕਾਂ ਨਾਲ ਉਸਨੇ ਪੰਜ ਸਾਲਾਂ ਤੋਂ ਕੰਮ ਕੀਤਾ ਸੀ, ਉਨ੍ਹਾਂ ਨੇ ਉਸਦੀਆਂ ਭਾਵਨਾਵਾਂ 'ਤੇ ਵਿਚਾਰ ਨਹੀਂ ਕੀਤਾ। ਅਗਲੇ ਹੀ ਦਿਨ, ਉਹ ਦਫ਼ਤਰ ਗਈ ਅਤੇ ਤੁਰੰਤ ਅਸਤੀਫਾ ਦੇ ਦਿੱਤਾ।

ਇਹ ਕਹਾਣੀ ਹੁਣ ਇਸ ਬਾਰੇ ਸਵਾਲ ਉਠਾ ਰਹੀ ਹੈ ਕਿ ਕੀ ਦਫ਼ਤਰ ਦੇ ਰਿਸ਼ਤੇ ਸੱਚਮੁੱਚ ਦੋਸਤੀ ਹਨ ਅਤੇ ਕੀ ਵਿਆਹ ਵਰਗੇ ਨਿੱਜੀ ਮੌਕੇ 'ਤੇ ਦਫ਼ਤਰ ਤੋਂ ਇੰਨੀ ਉਮੀਦ ਕਰਨਾ ਸਹੀ ਹੈ। Aajtak.in ਇਸ ਖ਼ਬਰ ਦੀ ਪੁਸ਼ਟੀ ਨਹੀਂ ਕਰਦਾ। ਐਡੀ ਲਿਮ ਡਬਲਯੂਐਮ ਨੇ ਇਹ ਪੋਸਟ ਆਪਣੇ ਲਿੰਕਡਇਨ ਪ੍ਰੋਫਾਈਲ 'ਤੇ ਸਾਂਝੀ ਕੀਤੀ।

## ਕੋਰਟ ਦੀ ਕਮਾਈ ਨਾਲ ਨਹੀਂ ਹੁੰਦਾ ਸੀ ਔਰਤ ਦਾ ਗੁਜ਼ਾਰਾ

# ਵਕਾਲਤ ਛੱਡ ਕਰਨ ਲੱਗੀ ਮਜ਼ਦੂਰੀ

**ਸਟੈਫੋਰਡਸ਼ਾਇਰ, ਯੂਕੇ ਦੀ ਰਹਿਣ ਵਾਲੀ 33 ਸਾਲਾ ਮੌਲੀ ਪੋਲਾਰਡ ਦਾ ਵਿਦਿਆਰਥੀ ਕਰਜ਼ਾ ਲਗਭਗ 45,000 ਪੌਂਡ, ਜਾਂ ਲਗਭਗ 56 ਲੱਖ ਰੁਪਏ ਸੀ। ਸੱਤ ਸਾਲ ਕਾਨੂੰਨੀ ਉਦਯੋਗ ਵਿੱਚ ਕੰਮ ਕਰਨ ਦੇ ਬਾਵਜੂਦ, ਉਸਦੀ ਤਨਖਾਹ ਲਗਭਗ 40 ਲੱਖ ਰੁਪਏ ਤੋਂ ਮੁਸ਼ਕਿਲ ਨਾਲ 53 ਲੱਖ ਰੁਪਏ ਤੱਕ ਵਧੀ। ਇਹ ਪੈਸਾ ਉਸਦੇ ਪਰਿਵਾਰ ਨੂੰ ਪਾਲਣ ਲਈ ਕਾਫ਼ੀ ਨਹੀਂ ਸੀ, ਨਾ ਹੀ ਉਸਦਾ ਭਵਿੱਖ ਸੁਰੱਖਿਅਤ ਜਾਪਦਾ ਸੀ**





।ਇਸ ਦੁਨੀਆ ਵਿੱਚ ਹਰ ਕੋਈ ਕਿਸੇ ਨਾ ਕਿਸੇ ਸਮੇਂ ਬਿਹਤਰ ਚੀਜ਼ ਦੀ ਭਾਲ ਵਿੱਚ ਭਟਕਦਾ ਰਹਿੰਦਾ ਹੈ। ਭਾਵੇਂ ਰਸਤਾ ਡਾਵਾਂਡੋਲ ਲੱਗਦਾ ਹੈ ਜਾਂ ਹਾਲਾਤ ਮੁਸ਼ਕਲ ਹਨ, ਇੱਕ ਵਿਅਕਤੀ ਇੱਕ ਨਵਾਂ ਰਸਤਾ ਲੱਭ ਲੈਂਦਾ ਹੈ। ਸਟੈਫੋਰਡਸ਼ਾਇਰ, ਯੂਕੇ ਦੀ ਰਹਿਣ ਵਾਲੀ 33 ਸਾਲਾ ਮੌਲੀ ਪੋਲਾਰਡ ਦੀ ਕਹਾਣੀ ਇੱਕ ਅਜਿਹੀ ਉਦਾਹਰਣ ਹੈ। ਇਹ ਦਰਸਾਉਂਦੀ ਹੈ ਕਿ ਇੱਕ ਦਲੇਰਾਨਾ ਫੈਸਲਾ ਜੀਵਨ ਭਰ ਬਦਲ ਸਕਦਾ ਹੈ। ਸਾਡੇ ਵਿੱਚੋਂ ਬਹੁਤ ਸਾਰੇ ਹਰ ਰੋਜ਼ ਇੱਕੋ ਜਿਹਾ ਕੰਮ ਕਰਦੇ ਹਨ, ਘੱਟ ਕਮਾਈ ਦਾ ਦਰਦ ਝੱਲਦੇ ਹੋਏ,

ਪਰ ਤਬਦੀਲੀ ਦਾ ਜੋਖਮ ਨਹੀਂ ਲੈਂਦੇ। ਅਸੀਂ ਸ਼ਿਕਾਇਤ ਕਰਦੇ ਹਾਂ, ਪਰ ਕੋਸ਼ਿਸ਼ ਨਹੀਂ ਕਰਦੇ। ਕੁਝ ਅਜਿਹੇ ਵੀ ਹਨ ਜੋ ਮੰਨਦੇ ਹਨ ਕਿ ਜੇਕਰ ਮੌਜੂਦਾ ਰਸਤਾ ਕੰਮ ਨਹੀਂ ਕਰ ਰਿਹਾ ਹੈ, ਤਾਂ ਸਹੀ ਫੈਸਲਾ ਇੱਕ ਵੱਖਰੀ ਦਿਸ਼ਾ ਵਿੱਚ ਜਾਣਾ ਹੈ। ਮੌਲੀ ਉਨ੍ਹਾਂ ਵਿੱਚੋਂ ਇੱਕ ਹੈ। ਦ ਸਨ ਦੇ ਅਨੁਸਾਰ, ਮੌਲੀ ਪੋਲਾਰਡ ਨੇ ਕਦੇ ਸੋਚਿਆ ਵੀ ਨਹੀਂ ਸੀ ਕਿ ਇੱਕ ਦਿਨ ਉਹ ਅਦਾਲਤ ਦੀਆਂ ਫਾਈਲਾਂ ਛੱਡ ਕੇ ਇੱਕ ਸਕੈਫੋਲਡਿੰਗ ਪਲੇਟਫਾਰਮ 'ਤੇ ਖੜ੍ਹੀ ਹੋਵੇਗੀ। ਪਰ ਜਿਸ ਤਰ੍ਹਾਂ ਜ਼ਿੰਦਗੀ ਉਸਨੂੰ ਧੱਕ ਰਹੀ ਸੀ, ਉਸ ਲਈ ਬਦਲਾਅ ਜ਼ਰੂਰੀ ਹੋ ਗਿਆ। ਸਕੈਫੋਲਡਿੰਗ ਇੱਕ ਮਜ਼ਬੂਤ ਅਸਥਾਈ ਢਾਂਚਾ ਹੈ ਜੋ ਉਸਾਰੀ ਵਾਲੀਆਂ ਥਾਵਾਂ 'ਤੇ ਬਣਾਇਆ ਗਿਆ ਹੈ, ਜਿਸ 'ਤੇ ਮਜ਼ਦੂਰ, ਇੰਜੀਨੀਅਰ ਅਤੇ ਪੇਂਟਰ ਉਚਾਈ 'ਤੇ ਕੰਮ ਕਰਨ ਲਈ ਖੜ੍ਹੇ ਹੁੰਦੇ ਹਨ। ਮੌਲੀ ਦਾ ਲਗਭਗ 45,000 ਪੌਂਡ (ਲਗਭਗ 56 ਲੱਖ ਰੁਪਏ) ਦਾ ਵਿਦਿਆਰਥੀ ਕਰਜ਼ਾ ਸੀ। ਸੱਤ ਸਾਲ ਕਾਨੂੰਨੀ ਉਦਯੋਗ ਵਿੱਚ ਕੰਮ ਕਰਨ ਦੇ ਬਾਵਜੂਦ, ਉਸਦੀ ਤਨਖਾਹ 32,000 ਪੌਂਡ (ਲਗਭਗ 40 ਲੱਖ ਰੁਪਏ) ਤੋਂ ਮੁਸ਼ਕਿਲ ਨਾਲ ਵਧ ਕੇ 42,000 ਪੌਂਡ (ਲਗਭਗ 53 ਲੱਖ ਰੁਪਏ) ਹੋ ਗਈ। ਉਹ ਦ ਸਨ ਨੂੰ ਦੱਸਦੀ ਹੈ ਕਿ ਇਹ ਪੈਸਾ ਘਰ ਦਾ ਗੁਜ਼ਾਰਾ ਚਲਾਉਣ ਲਈ ਕਾਫ਼ੀ ਨਹੀਂ ਸੀ, ਨਾ ਹੀ ਉਸਦਾ ਭਵਿੱਖ ਸੁਰੱਖਿਅਤ ਸੀ। ਮੌਲੀ ਕਹਿੰਦੀ ਹੈ, "ਜੇਕਰ ਮੇਰੇ ਪਤੀ ਟੌਮ ਦੀ ਮਦਦ ਨਾ ਹੁੰਦੀ, ਤਾਂ ਮੈਂ ਅੱਜ ਵੀ ਆਪਣੇ ਮਾਪਿਆਂ ਦੇ ਘਰੋਂ ਬਾਹਰ ਨਹੀਂ ਜਾ ਸਕਦੀ ਸੀ। ਮੈਂ ਸਖ਼ਤ ਮਿਹਨਤ ਕੀਤੀ, ਪਰ ਮੈਨੂੰ ਬਦਲੇ ਵਿੱਚ ਕੁਝ ਨਹੀਂ ਮਿਲ ਰਿਹਾ ਸੀ।"

ਜਦੋਂ ਉਸਦੀ ਜ਼ਿੰਦਗੀ ਵਿੱਚ ਕੁਝ ਵੀ ਬਦਲਦਾ ਨਹੀਂ ਸੀ, ਤਾਂ ਮੌਲੀ ਨੇ ਆਪਣੇ ਆਪ ਨੂੰ ਬਦਲਣਾ ਸ਼ੁਰੂ ਕਰ ਦਿੱਤਾ। ਪਿਛਲੇ ਸਾਲ ਜਨਵਰੀ ਵਿੱਚ, ਉਹ ਆਪਣੇ ਪਤੀ ਟੌਮ ਨਾਲ ਇੱਕ ਸਥਾਨਕ ਸਕੈਫੋਲਡਿੰਗ ਕੰਪਨੀ ਵਿੱਚ ਸ਼ਾਮਲ ਹੋ ਗਈ। ਲੋਕਾਂ ਨੇ ਤਾਂ ਪੁੱਛਿਆ ਵੀ, "ਇੱਕ ਵਕੀਲ ਉਸਾਰੀ ਵਾਲੀ ਥਾਂ 'ਤੇ ਕਿਵੇਂ ਕੰਮ ਕਰ ਸਕਦਾ ਹੈ?" ਬਹੁਤ ਸਾਰੇ ਲੋਕਾਂ ਨੇ ਉਸਦਾ ਮਜ਼ਾਕ ਉਡਾਇਆ, ਕੁਝ ਨੇ ਉਸਨੂੰ ਤਾਅਨੇ ਮਾਰੇ, ਪਰ ਮੌਲੀ ਨੇ ਕਿਸੇ ਦੀਆਂ ਟਿੱਪਣੀਆਂ ਨੂੰ ਨਜ਼ਰਅੰਦਾਜ਼ ਕਰ ਦਿੱਤਾ। ਮੌਲੀ ਹੁਣ ਇੱਕ ਸਕੈਫੋਲਡਰ ਹੈ। ਇਸਦਾ ਮਤਲਬ ਹੈ ਕਿ ਉਹ ਉਸਾਰੀ ਵਾਲੀਆਂ ਥਾਵਾਂ 'ਤੇ ਉਚਾਈ 'ਤੇ ਕੰਮ ਕਰਨ ਲਈ ਸਟੀਲ ਪਾਈਪਾਂ ਅਤੇ ਪਲੇਟਫਾਰਮਾਂ ਦੇ ਮਜ਼ਬੂਤ ਢਾਂਚੇ ਬਣਾਉਂਦੀ ਹੈ, ਤਾਂ ਜੋ ਮਜ਼ਦੂਰ ਅਤੇ ਇੰਜੀਨੀਅਰ ਸੁਰੱਖਿਅਤ ਢੰਗ ਨਾਲ ਕੰਮ ਕਰ ਸਕਣ। ਇਹ ਇੱਕ ਨੀਲੀ-ਕਾਲਰ ਨੌਕਰੀ ਹੈ, ਪਰ ਤਨਖਾਹ ਚੰਗੀ ਹੈ ਅਤੇ ਕੰਮ ਸਥਿਰ ਹੈ। ਸਕੈਫੋਲਡਿੰਗ ਨੌਕਰੀ ਸ਼ੁਰੂ ਕਰਨ ਤੋਂ ਬਾਅਦ, ਮੌਲੀ ਦੀ ਆਮਦਨ ਲਗਭਗ ਪੰਝੱਤਰ ਪ੍ਰਤੀਸ਼ਤ ਵਧ ਗਈ। ਜਿੱਥੇ ਉਹ ਕਦੇ ਮੁਸ਼ਕਿਲ ਨਾਲ ਗੁਜ਼ਾਰਾ ਕਰਦੀ ਸੀ,

ਉਸਦੀ ਜ਼ਿੰਦਗੀ ਹੁਣ ਬਹੁਤ ਜ਼ਿਆਦਾ ਆਰਾਮਦਾਇਕ ਹੈ। ਮੌਲੀ ਕਹਿੰਦੀ ਹੈ, "ਮੈਂ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਖੁਸ਼ ਹਾਂ। ਮੇਰੀ ਆਮਦਨ ਵਧੀ ਹੈ, ਮੇਰਾ ਕੰਮ ਲਚਕਦਾਰ ਹੈ, ਅਤੇ ਮੇਰੇ ਕੋਲ ਆਪਣੇ ਲਈ ਸਮਾਂ ਹੈ। ਸਕੈਫੋਲਡਿੰਗ ਨੇ ਮੇਰੀ ਜ਼ਿੰਦਗੀ ਨੂੰ ਇੱਕ ਨਵੀਂ ਦਿਸ਼ਾ ਦਿੱਤੀ ਹੈ।" ਅੱਜ, ਮੌਲੀ ਦੀ ਕਹਾਣੀ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਲੋਕ ਉਸਦੀ ਹਿੰਮਤ ਦੀ ਪ੍ਰਸ਼ੰਸਾ ਕਰ ਰਹੇ ਹਨ, ਕਿਉਂਕਿ ਸਮਾਜ ਅਕਸਰ ਚਿੱਟੇ-ਕਾਲਰ ਨੌਕਰੀਆਂ ਨੂੰ ਜ਼ਿਆਦਾ ਸਮਝਦਾ ਹੈ, ਪਰ ਸੱਚੀ ਖੁਸ਼ੀ ਹਮੇਸ਼ਾ ਉਸ ਕੰਮ ਵਿੱਚ ਮਿਲਦੀ ਹੈ ਜੋ ਸਤਿਕਾਰ, ਸੰਤੁਲਨ ਅਤੇ ਸਥਿਰਤਾ ਪ੍ਰਦਾਨ ਕਰਦਾ ਹੈ। ਮੌਲੀ ਦਾ ਸੰਦੇਸ਼ ਸਪੱਸ਼ਟ ਹੈ: ਕਰੀਅਰ ਬਦਲਣ ਤੋਂ ਨਾ ਡਰੋ। ਤੁਹਾਡੀ ਖੁਸ਼ੀ ਕਿਸੇ ਵੀ ਨੌਕਰੀ ਦੇ ਸਿਰਲੇਖ ਨਾਲੋਂ ਵੱਡੀ ਹੈ।

## ਏ.ਆਈ. ਦੀ ਮਦਦ ਨਾਲ ਤਿਆਰ ਕੀਤੀ ਜਾਵੇਗੀ 'ਬਾਲ ਤਾਨ੍ਹਾਜੀ'

ਬੌਲੀਵੁੱਡ ਅਦਾਕਾਰ ਅਜੈ ਦੇਵਗਨ ਅਤੇ ਨਿਰਮਾਤਾ ਦਾਨਿਸ਼ ਦੇਵਗਨ ਨੇ ਆਪਣੇ ਲੈਂਜ਼ ਵਾਲਟ ਸਟੂਡੀਓਜ਼ ਵੱਲੋਂ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਨਾਲ ਬਣਾਈ ਜਾਣ ਵਾਲੀ ਫਿਲਮ 'ਬਾਲ ਤਾਨ੍ਹਾਜੀ' ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਸਾਲ 2020 ਵਿੱਚ ਰਿਲੀਜ਼ ਹੋਈ ਫਿਲਮ 'ਤਾਨ੍ਹਾਜੀ: ਦਿ ਅਨਸੰਗ ਵਾਰੀਅਰ' ਲੜੀ ਦੇ ਰੂਪ ਵਿੱਚ ਇਹ ਨਵੀਂ ਫਿਲਮ ਦਰਸ਼ਕਾਂ ਨੂੰ ਅਣਛੋਹੇ ਪਹਿਲੂਆਂ ਤੋਂ ਜਾਣੂ ਕਰਵਾਏਗੀ। ਉਨ੍ਹਾਂ ਕਿਹਾ ਕਿ ਲੈਂਜ਼ ਵਾਲਟ ਸਟੂਡੀਓਜ਼ ਦਾ ਮਕਸਦ ਅਜਿਹੀਆਂ ਕਹਾਣੀਆਂ 'ਤੇ ਫਿਲਮਾਂ ਬਣਾਉਣਾ ਹੈ ਜਿਨ੍ਹਾਂ ਨੂੰ ਵੱਖ ਵੱਖ ਮੰਚਾਂ ਅਤੇ ਤਕਨੀਕਾਂ ਨਾਲ ਦੇਖਿਆ ਜਾ ਸਕੇ। ਇਸ ਸਬੰਧੀ ਅਜੈ ਦੇਵਗਨ ਨੇ ਕਿਹਾ ਕਿ ਇਹ ਫਿਲਮ ਲੈਂਜ਼ ਵਾਲਟ ਸਟੂਡੀਓਜ਼ ਦੇ ਭਵਿੱਖ ਲਈ ਕੰਟੈਂਟ ਤਿਆਰ ਕਰਨ ਦੀ ਸ਼ੁਰੂਆਤ ਹੈ। ਉਨ੍ਹਾਂ ਕਿਹਾ ਕਿ ਲੈਂਜ਼ ਵਾਲਟ ਸਟੂਡੀਓਜ਼ ਦੀ ਸਥਾਪਨਾ ਕਹਾਣੀ ਦਰਸ਼ਕਾਂ ਤੱਕ ਲਿਜਾਣ ਦੇ ਰਵਾਇਤੀ ਤਰੀਕਿਆਂ ਨਾਲੋਂ ਅੱਗੇ ਲੰਘਣ ਲਈ ਕੀਤੀ ਗਈ ਸੀ।

**ਪੰਜਾਬ ਐਂਡ ਸਿਧ ਬੈਂਕ**
(ਭਾਰਤ ਸਰਕਾਰ ਦਾ ਅਦਾਰਾ)
ਸ਼ਾਖਾ: ਮੋਤੀ ਨਗਰ, ਲੁਧਿਆਣਾ

**[ਨਿਯਮ (8-1)] ਸੰਕੇਤਕ ਕਬਜ਼ੇ ਦਾ ਨੋਟਿਸ (ਅਚੱਲ ਜਾਇਦਾਦ ਲਈ)**

ਜਦੋਂ ਕਿ, ਹੇਠ ਹਸਤਾਖਰ ਕਰਨ ਵਾਲਾ **ਪੰਜਾਬ ਐਂਡ ਸਿੰਧ ਬੈਂਕ, ਮੋਤੀ ਨਗਰ ਲੁਧਿਆਣਾ** ਦਾ ਅਧਿਕਾਰਤ ਅਧਿਕਾਰੀ ਹੈ। ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਹਿੱਤ ਐਕਟ ਨੂੰ ਲਾਗੂ ਕਰਨ ਦੇ ਤਹਿਤ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮ 2002 ਦੇ ਨਿਯਮ 8 ਅਤੇ 9 ਦੇ ਨਾਲ ਪੜ੍ਹੇ ਗਏ ਧਾਰਾ 13(2) ਅਤੇ 13(12) ਦੇ ਅਧੀਨ ਪ੍ਰਾਪਤ ਸ਼ਕਤੀ ਦੀ ਵਰਤੋਂ ਕਰਦੇ ਹੋਏ, 31.10.2025 ਨੂੰ ਇੱਕ ਮੰਗ ਨੋਟਿਸ ਜਾਰੀ ਕੀਤਾ ਗਿਆ ਜਿਸ ਵਿੱਚ ਕਰਜ਼ਦਾਰ(ਆਂ)/ਗਾਰੰਟਰਾਂ ਨੂੰ ਬੁਲਾਇਆ ਗਿਆ।

1) **ਸ਼੍ਰੀ ਭੁਪੇਸ਼ ਚਾਵਲਾ ਪੁੱਤਰ ਸ਼੍ਰੀ ਜੋਗਿੰਦਰ ਚਾਵਲਾ** ਨਿਵਾਸੀ ਮਕਾਨ ਨੰਬਰ 181, ਸੈਕਟਰ 39-ਏ, ਚੰਡੀਗੜ੍ਹ ਰੋਡ, ਲੁਧਿਆਣਾ-141010, ਪਤਾ 2: ਮਕਾਨ ਨੰਬਰ 5467, ਗਲੀ ਨੰਬਰ। 4, ਨਿਊ ਸ਼ਿਵਾਜੀ ਨਗਰ, ਗਣੇਸ਼ ਨਗਰ, ਕੇਂਦਰੀ ਡਾਕਘਰ ਲੁਧਿਆਣਾ 141008, ਪਤਾ 3: ਪਲਾਟ ਨੰਬਰ 148/1, ਕੈਲਾਸ਼ ਨਗਰ ਜੀ.ਟੀ. ਰੋਡ ਲੁਧਿਆਣਾ,
2) **ਸ਼੍ਰੀਮਤੀ ਮੋਨਿਕਾ ਚਾਵਲਾ ਪਤਨੀ ਸ਼੍ਰੀ ਭੁਪੇਸ਼ ਚਾਵਲਾ** ਨਿਵਾਸੀ ਮਕਾਨ ਨੰਬਰ 181 ਸੈਕਟਰ 39-ਏ, ਚੰਡੀਗੜ੍ਹ ਰੋਡ ਲੁਧਿਆਣਾ, ਪਤਾ 2: ਮਕਾਨ ਨੰਬਰ 5467, ਗਲੀ ਨੰਬਰ 4 ਨਿਊ ਸ਼ਿਵਾਜੀ ਨਗਰ ਗਣੇਸ਼ ਨਗਰ ਕੇਂਦਰੀ ਡਾਕਘਰ ਲੁਧਿਆਣਾ 141008, ਪਤਾ 3: ਪਲਾਟ ਨੰਬਰ 148/1, ਕੈਲਾਸ਼ ਨਗਰ ਜੀ.ਟੀ. ਰੋਡ ਲੁਧਿਆਣਾ;
3) **ਮਨੀਸ਼ ਕੁਮਾਰ ਪੁੱਤਰ ਸ਼੍ਰੀ ਵਿਜੇ ਕੁਮਾਰ** ਨਿਵਾਸੀ ਮਕਾਨ ਨੰਬਰ 535, ਜੀ.ਕੇ. ਅਸਟੇਟ, ਚੰਡੀਗੜ੍ਹ ਰੋਡ ਲੁਧਿਆਣਾ ਪਤਾ 2: ਪਲਾਟ ਨੰਬਰ 148/1, ਕੈਲਾਸ਼ ਨਗਰ ਜੀ.ਟੀ. ਰੋਡ ਲੁਧਿਆਣਾ

ਨੋਟਿਸ ਵਿੱਚ ਦੱਸੀ ਗਈ ਰਕਮ ਰੁਪਏ ਵਾਪਸ ਕਰਨ ਲਈ 31.12.2025 ਤੱਕ ਵਿਆਜ ਸਮੇਤ, ਉਕਤ ਨੋਟਿਸ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ, 6,82,982.95 (**ਛੇ ਲੱਖ ਬਿਆਸੀ ਹਜ਼ਾਰ ਨੌਂ ਸੌ ਬਿਆਸੀ ਅਤੇ ਪਚਾਨਵੇਂ ਪੈਸੇ ਸਿਰਫ਼** )।

ਕਰਜ਼ਦਾਰ ਅਤੇ ਜ਼ਾਮਨ ਰਕਮ ਦੀ ਅਦਾਇਗੀ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰ ਅਤੇ ਜ਼ਾਮਨ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀਆਂ ਗਈਆਂ ਜਾਇਦਾਦਾਂ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ। ਅੱਜ **21 ਜਨਵਰੀ** 2026 ਨੂੰ ਉਕਤ ਨਿਯਮਾਂ ਦੇ ਨਿਯਮ 8 ਅਤੇ 9 ਨਾਲ ਪੜ੍ਹੋ। ਜਾਇਦਾਦ ਦੇ ਮਾਲਕਾਂ/ਜ਼ਾਮਨਾਂ/ਕਬਜ਼ਾਦਾਰਾਂ ਨੂੰ ਐਕਟ ਦੀ ਧਾਰਾ 14 ਦੇ ਤਹਿਤ ਜ਼ਿਲ੍ਹਾ ਮੈਜਿਸਟ੍ਰੇਟ ਦੀ ਸਹਾਇਤਾ ਨਾਲ ਬਲ ਜਾਂ ਹੋਰ ਉਪਾਵਾਂ ਦੀ ਵਰਤੋਂ ਤੋਂ ਬਚਣ ਲਈ ਇਸ ਨੋਟਿਸ ਦੇ 30 ਦਿਨਾਂ ਦੇ ਅੰਦਰ ਖਾਲੀ ਕਬਜ਼ਾ ਸੌਂਪਣ ਦੇ ਨਿਰਦੇਸ਼ ਦਿੱਤੇ ਜਾਂਦੇ ਹਨ। ਮਾਲਕਾਂ/ਕਬਜ਼ਾਦਾਰਾਂ ਨੂੰ ਕਿਰਪਾ ਕਰਕੇ ਧਿਆਨ ਦੇਣਾ ਚਾਹੀਦਾ ਹੈ ਕਿ ਇਸ ਨੋਟਿਸ ਦੀ ਮਿਤੀ ਤੋਂ 30 ਦਿਨਾਂ ਬਾਅਦ, ਜਾਇਦਾਦਾਂ ਦੀ ਨਿਲਾਮੀ ਕੀਤੀ ਜਾਵੇਗੀ। ਖਾਸ ਕਰਕੇ ਕਰਜ਼ਾ ਲੈਣ ਵਾਲੇ ਅਤੇ ਆਮ ਜਨਤਾ ਨੂੰ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ ਅਤੇ ਜਾਇਦਾਦਾਂ ਨਾਲ ਕੋਈ ਵੀ ਲੈਣ-ਦੇਣ ਕਰਨ 'ਤੇ ਪੰਜਾਬ ਐਂਡ ਸਿੰਧ ਬੈਂਕ, ਮੋਤੀ ਨਗਰ ਲੁਧਿਆਣਾ ਦੇ ਚਾਰਜ ਦੇ ਅਧੀਨ ਰੁਪਏ ਦੀ ਰਕਮ ਹੋਵੇਗੀ। **ਰੁ.6,82,982.95 (ਰੁ. ਛੇ ਲੱਖ ਬਿਆਸੀ ਹਜ਼ਾਰ ਨੌਂ ਸੌ ਬਿਆਸੀ ਰੁਪਏ ਅਤੇ ਸਿਰਫ਼ ਪਚਾਨਵੇਂ ਪੈਸੇ) ਜਿਸ ਵਿੱਚ 31.12.2025 ਤੱਕ ਦਾ ਵਿਆਜ ਅਤੇ ਉਸ 'ਤੇ ਹੋਰ ਵਿਆਜ/ਹੋਰ ਖਰਚੇ ਸ਼ਾਮਲ ਹਨ।**

**ਅਚੱਲ ਜਾਇਦਾਦ ਦਾ ਵੇਰਵਾ**
**(ਪੰਜਾਬ ਅਤੇ ਸਿੰਧ ਬੈਂਕ ਸ਼ਾਖਾ: ਮੋਤੀ ਨਗਰ ਜ਼ੋਨ: ਲੁਧਿਆਣਾ)**

ਵਪਾਰਕ ਜਾਇਦਾਦ ਦਾ ਮਾਪ 43.60 ਵਰਗ ਗਜ਼ ਪੂਰਬ ਵੱਲ: ਸੜਕ 33' ਚੌੜਾਈ 10'02" ਪੱਛਮ: ਗੁਆਂਢ 10'02" ਉੱਤਰ: ਗੁਆਂਢ 38'07" ਦੱਖਣ: ਸੜਕ 15' ਚੌੜਾਈ 38' 04" ਖਸਰਾ ਨੰਬਰ 299/1, ਖਾਤਾ ਨੰਬਰ 701/755 ਵਿੱਚ ਸ਼ਾਮਲ ਹੈ ਜੋ ਸਾਲ 2011-12 ਲਈ ਜਮ੍ਹਾਂਬੰਦੀ ਅਨੁਸਾਰ ਵਾਕੀਆ ਜਮਾਲਪੁਰ ਅਵਾਨਾ ਹਦਬਸਤ ਨੰਬਰ 177 ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਸਬ ਰਜਿਸਟਰਾਰ ਲੁਧਿਆਣਾ ਕੋਲ ਵਸਿਕਾ ਨੰਬਰ 14701 ਮਿਤੀ 03.11.2017 ਦੁਆਰਾ ਭੁਪੇਸ਼ ਚਾਵਲਾ ਪੁੱਤਰ ਸ਼੍ਰੀ ਜੋਗਿੰਦਰ ਪਾਲ ਚਾਵਲਾ ਅਤੇ ਮੋਨਿਕਾ ਚਾਵਲਾ ਪਤਨੀ ਸ਼੍ਰੀ ਭੁਪੇਸ਼ ਚਾਵਲਾ ਦੇ ਨਾਮ 'ਤੇ ਰਜਿਸਟਰਡ ਹੈ।

ਮਿਤੀ: 21-01-2026
ਸਥਾਨ: ਲੁਧਿਆਣਾ

(ਅਧਿਕਾਰਤ ਅਧਿਕਾਰੀ)
ਪੰਜਾਬ ਐਂਡ ਸਿੰਧ ਬੈਂਕ

# "ਬੇਟੀ ਬਚਾਓ, ਬੇਟੀ ਪੜ੍ਹਾਓ" ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਹੀ ਸਾਡਾ ਮਕਸਦ: ਰਾਕੇਸ਼ ਨਾਗਪਾਲ



ਫਾਜ਼ਿਲਕਾ, 27 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ) : ਫਾਜ਼ਿਲਕਾ ਵਿੱਚ ਐਤਵਾਰ ਨੂੰ ਇਕ ਗੰਭੀਰ, ਭਾਵੁਕ ਅਤੇ ਪ੍ਰੇਰਣਾਦਾਇਕ ਕੰਨਿਆ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਆਪਣੀ ਧਰਮਪਤਨੀ ਸ਼੍ਰੀਮਤੀ ਅਨੀਤਾ ਕਟਾਰੀਆ (ਫਰਸਟ ਲੇਡੀ, ਪੰਜਾਬ) ਸਮੇਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਸਮਾਰੋਹ ਰਾਹੀਂ ਧੀਆਂ ਦੇ ਸਨਮਾਨ, ਸੁਰੱਖਿਆ ਅਤੇ ਸਸ਼ਕਤੀਕਰਨ ਦਾ ਮਜ਼ਬੂਤ ਸੰਦੇਸ਼ ਦਿੱਤਾ ਗਿਆ। ਇਹ ਆਯੋਜਨ ਸਰਹੱਦ ਸੋਸ਼ਲ ਵੈਲਫੇਅਰ ਸੋਸਾਇਟੀ ਅਤੇ ਕਰਨ ਗਿੱਲਹੋਤਰਾ ਫਾਊਂਡੇਸ਼ਨ ਵੱਲੋਂ ਸਾਂਝੇ ਤੌਰ 'ਤੇ ਅਬੋਹਰ ਰੋਡ ਸਥਿਤ ਸਿਟੀ ਗਾਰਡਨ ਪੈਲੇਸ ਵਿੱਚ ਕਰਵਾਇਆ ਗਿਆ। ਕਾਰਜਕ੍ਰਮ ਦੌਰਾਨ 251 ਨਵਜਨਮੀ ਧੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ।

ਸਨਮਾਨ ਦੇ ਤੌਰ 'ਤੇ ਬੱਚੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਸਾਈਕਲਾਂ, ਕੰਬਲ, ਬੇਬੀ ਸੂਟ, ਬੇਬੀ ਕੇਅਰ ਕਿੱਟ, ਮਦਰ ਕੇਅਰ ਕਿੱਟ, ਗਿਫਟ ਹੈਂਪਰ ਸਮੇਤ ਹੋਰ ਲਾਭਕਾਰੀ ਸਮੱਗਰੀ ਭੇਟ ਕੀਤੀ ਗਈ। ਇਸਦੇ ਨਾਲ ਹੀ ਇਕ ਖਾਸ ਡ੍ਰਾ ਵੀ ਕੱਢਿਆ ਗਿਆ, ਜਿਸ ਵਿੱਚ 21 ਖੁਸ਼ਕਿਸਮਤ ਪਰਿਵਾਰਾਂ ਨੂੰ ਅਲਮੀਰਾ ਉਪਹਾਰ ਵਜੋਂ ਦਿੱਤੇ ਗਏ। ਸਮਾਰੋਹ ਵਿੱਚ ਪੰਜਾਬ ਗਵਰਨਰ ਦੇ ਪ੍ਰਮੁੱਖ ਸਕੱਤਰ ਆਈ.ਐੱਸ. ਵਿਵੇਕ ਪ੍ਰਤਾਪ ਅਤੇ ਜ਼ਿਲ੍ਹੇ ਦੇ ਤਿੰਨੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ, ਜਗਦੀਪ ਕੰਬੋਜ ਗੋਲਡੀ ਅਤੇ ਅਮਨਦੀਪ ਸਿੰਘ ਗੋਲਡੀ ਮੁਸਾਫ਼ਿਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਕਾਰਜਕ੍ਰਮ ਦੀ ਸ਼ੁਰੂਆਤ ਮੁੱਖ ਮਹਿਮਾਨਾਂ ਵੱਲੋਂ ਦੀਪ ਪ੍ਰਜਵਲਿਤ ਕਰਕੇ ਕੀਤੀ ਗਈ।-ਕਰਨ ਗਿੱਲਹੋਤਰਾ ਫਾਊਂਡੇਸ਼ਨ ਦੇ ਸੰਸਥਾਪਕ ਕਰਨ ਗਿੱਲਹੋਤਰਾ ਨੇ ਸਾਰੇ ਮਹਿਮਾਨਾਂ ਅਤੇ ਹਾਜ਼ਰ ਭੀੜ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਧੀਆਂ ਕਿਸੇ ਤੋਂ ਘੱਟ ਨਹੀਂ ਹਨ। ਜੇ ਉਨ੍ਹਾਂ ਨੂੰ ਬਰਾਬਰ ਮੌਕੇ, ਸਿੱਖਿਆ ਤੇ ਸਨਮਾਨ ਮਿਲੇ ਤਾਂ ਉਹ ਸਮਾਜ ਤੇ ਦੇਸ਼ ਦਾ ਨਾਂ ਰੌਸ਼ਨ ਕਰਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਫਾਊਂਡੇਸ਼ਨ ਭਵਿੱਖ ਵਿੱਚ ਵੀ ਧੀਆਂ, ਲੋੜਵੰਦ ਪਰਿਵਾਰਾਂ ਅਤੇ ਸਮਾਜਿਕ ਭਲਾਈ ਦੇ ਕੰਮਾਂ ਨੂੰ ਤਰਜੀਹ ਦਿੰਦੀ ਰਹੇਗੀ। ਆਪਣੇ ਸੰਬੋਧਨ ਵਿੱਚ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਇਸ ਆਯੋਜਨ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਬੇਹੱਦ ਖੁਸ਼ੀ ਹੈ ਕਿ ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਫਾਜ਼ਿਲਕਾ ਵਰਗੇ ਛੋਟੇ ਸ਼ਹਿਰ ਵਿੱਚ ਇੰਨਾ ਵੱਡਾ ਅਤੇ ਪ੍ਰੇਰਣਾਦਾਇਕ ਸਮਾਜਿਕ ਕਾਰਜਕ੍ਰਮ ਆਯੋਜਿਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਧੀਆਂ ਸਮਾਜ ਦੀ ਨੀਂਹ ਹਨ ਤੇ ਜਦੋਂ ਅਸੀਂ ਧੀਆਂ ਦਾ ਸਨਮਾਨ ਕਰਦੇ ਹਾਂ ਤਾਂ ਪੂਰਾ ਸਮਾਜ ਮਜ਼ਬੂਤ ਹੁੰਦਾ ਹੈ। ਐਸੇ ਆਯੋਜਨਾਂ ਨਾਲ ਲੋਕਾਂ ਦੀ ਸੋਚ ਬਦਲਦੀ ਹੈ ਤੇ ਸਕਾਰਾਤਮਕ ਸਮਾਜਿਕ ਬਦਲਾਅ ਦੀ ਸ਼ੁਰੂਆਤ ਹੁੰਦੀ ਹੈ।

ਰਾਜਪਾਲ ਨੇ ਕਿਹਾ ਕਿ ਕੰਨਿਆ ਭ੍ਰੂਣ ਹੱਤਿਆ ਵਰਗੀਆਂ ਸਮਾਜਿਕ ਬੁਰਾਈਆਂ ਨੂੰ ਖਤਮ ਕਰਨ ਅਤੇ ਧੀਆਂ ਨੂੰ ਬਰਾਬਰੀ ਦਾ ਦਰਜਾ ਦਿਵਾਉਣ ਲਈ ਸਰਕਾਰੀ ਯਤਨਾਂ ਦੇ ਨਾਲ-ਨਾਲ ਸਮਾਜ ਦੀ ਭਾਗੀਦਾਰੀ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਆਯੋਜਕ ਸੰਸਥਾਵਾਂ ਨੂੰ ਇਸ ਨੇਕ ਪਹਿਲ ਲਈ ਵਧਾਈ ਦਿੱਤੀ ਅਤੇ ਇਸਨੂੰ ਹੋਰ ਜ਼ਿਲ੍ਹਿਆਂ ਲਈ ਪ੍ਰੇਰਣਾਸਰੋਤ ਕਰਾਰ ਦਿੱਤਾ।

ਇਸ ਮੌਕੇ 'ਤੇ ਸਰਹੱਦ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਰਾਕੇਸ਼ ਨਾਗਪਾਲ ਨੇ ਕਿਹਾ ਕਿ ਸੋਸਾਇਟੀ ਦਾ ਮੁੱਖ ਉਦੇਸ਼ "ਬੇਟੀ ਬਚਾਓ, ਬੇਟੀ ਪੜ੍ਹਾਓ" ਮੁਹਿੰਮ ਨੂੰ ਸਿਰਫ਼ ਨਾਅਰਿਆਂ ਤੱਕ ਸੀਮਿਤ ਨਾ ਰੱਖ ਕੇ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਹੈ। ਉਨ੍ਹਾਂ ਦੁਹਰਾਇਆ ਕਿ ਧੀਆਂ ਕਿਸੇ ਤੋਂ ਘੱਟ ਨਹੀਂ ਹਨ।

ਸਮਾਰੋਹ ਦੇ ਅੰਤ ਵਿੱਚ ਰਾਕੇਸ਼ ਨਾਗਪਾਲ ਵੱਲੋਂ ਸਾਰਿਆਂ ਦਾ ਧੰਨਵਾਦ ਪ੍ਰਗਟ ਕੀਤਾ ਗਿਆ। ਮੰਚ ਸੰਚਾਲਨ ਪੰਕਜ ਧਮੀਜਾ ਤੇ ਰਵੀ ਖੁਰਾਨਾ ਨੇ ਬਖ਼ੂਬੀ ਕੀਤਾ।

## ਮਹਾਂਰਾਸ਼ਟਰਾ ਦੇ ਸਕੂਲੀ ਸਿਲੇਬਸ ਵਿੱਚ ਵੀ ਸਿੱਖ ਗੁਰੂ ਸਾਹਿਬਾਨ ਦਾ ਇਤਿਹਾਸ ਸ਼ਾਮਲ ਕਰਾਂਗੇ : ਦੇਵੇਂਦਰ ਫੜਨਵੀਸ

ਨਾਂਦੇੜ ਸਾਹਿਬ, 27 ਜਨਵਰੀ (ਬਲਰਾਜ ਸਿੰਘ ਰਾਜਾ, ਬਲਜਿੰਦਰ ਸਿੰਘ ਰੰਧਾਵਾ): ਸ੍ਰੀ ਗੁਰੂ ਤੇਗ ਬਹਾਦੁਰ ਜੀ ਦੇ 350ਵੇਂ ਸ਼ਹੀਦੀ ਸਮਾਗਮ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਮਹਾਂਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਗੁਰੂ ਤੇਗ ਬਹਾਦੁਰ ਸਾਹਿਬ ਦੀ ਸ਼ਹਾਦਤ ਨੂੰ ਸਿਜਦਾ ਕਰਦਿਆਂ ਕਿਹਾ ਕਿ ਇਹ ਗੱਲ ਬਿਲਕੁਲ ਸਹੀ ਹੈ ਕਿ ਜੇਕਰ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਕੁਰਬਾਨੀ ਨਾ ਦਿੱਤੀ ਹੁੰਦੀ ਤਾਂ ਅੱਜ ਅਸੀਂ ਇਸ ਮੰਚ 'ਤੇ ਨਹੀਂ ਹੋਣਾ ਸੀ।

ਉਨ੍ਹਾਂ ਨੇ ਇਸ ਦੌਰਾਨ ਗੁਰੂ ਸਾਹਿਬਾਨ ਦੇ ਨਾਲ ਸ਼ਹੀਦ ਹੋਣ ਵਾਲੇ ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦਾ ਵੀ ਜ਼ਿਕਰ ਕੀਤਾ ਤੇ ਨਾਲ ਹੀ ਭਾਈ ਲੱਖੀ ਸ਼ਾਹ ਵਣਜਾਰਾ ਜੀ ਦੀ ਹਿੰਮਤ ਅਤੇ ਦਲੇਰੀ ਨੂੰ ਵੀ ਨਮਨ ਕੀਤਾ।

ਇਸ ਮੌਕੇ ਉਨ੍ਹਾਂ ਜਾਣਕਾਰੀ ਦਿੱਤੀ ਕਿ ਇਸ ਸਮਾਗਮ ਰਾਹੀਂ ਨਾਨਕ ਨਾਮ ਲੇਵਾ 9 ਭਾਈਚਾਰਿਆਂ ਦਾ ਵੀ ਅਸੀਂ ਧੰਨਵਾਦ ਕਰਦੇ ਹਾਂ ਕਿਉਂਕਿ ਇਹ ਸਾਰੇ ਸਮਾਜ ਹਿੰਦੂਆਂ ਤੇ ਸਿੱਖਾਂ ਵਿੱਚ ਏਕਤਾ ਦਾ ਪ੍ਰਤੀਕ ਨੇ, ਉਨ੍ਹਾਂ ਜਾਣਕਾਰੀ ਦੇਂਦੇ ਹੋਏ ਕਿਹਾ ਕਿ ਮਹਾਂਰਾਸ਼ਟਰ ਸਰਕਾਰ ਆਪਣੇ ਸਕੂਲੀ ਸਿਲੈਬਸ ਵਿੱਚ ਵੀ ਸਿੱਖ ਗੁਰੂ ਸਾਹਿਬਾਨ ਦਾ ਇਤਿਹਾਸ ਸ਼ਾਮਿਲ ਕਰ ਰਹੀ ਹੈ ਤੇ ਅੱਗੇ ਵੀ ਗੁਰੂ ਸਾਹਿਬਾਨ ਨੂੰ ਸਮਰਪਿਤ ਇਸ ਤਰ੍ਹਾਂ ਦੀਆਂ ਕੋਸ਼ਿਸ਼ਾਂ ਜਾਰੀ ਰਹਿਣਗੀਆਂ।

# ਕੈਨਰਾ ਬੈਂਕ 'ਚ ਭਾਰਤ ਦਾ 77ਵਾਂ ਗਣਤੰਤਰ ਦਿਵਸ ਮਨਾਇਆ



ਬੰਗਲੁਰੂ, 27 ਜਨਵਰੀ (ਚ.ਨ.ਸ.): ਭਾਰਤ ਦੇ 77ਵੇਂ ਗਣਤੰਤਰ ਦਿਵਸ 'ਤੇ, ਕੈਨਰਾ ਬੈਂਕ ਦੇ ਐਮਡੀ ਤੇ ਸੀਈਓ ਹਰਦੀਪ ਸਿੰਘ ਆਹਲੂਵਾਲੀਆ ਨੇ ਭਾਰਤ ਦੇ ਸਾਰੇ ਨਾਗਰਿਕਾਂ ਨੂੰ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੱਤੀਆਂ। ਕੈਨਰਾ ਬੈਂਕ ਨੇ ਆਪਣੇ ਸਾਰੇ ਦਫਤਰਾਂ ਤੇ ਸ਼ਾਖਾਵਾਂ ਵਿੱਚ ਭਾਰਤ ਦਾ 77ਵਾਂ ਗਣਤੰਤਰ ਦਿਵਸ ਬੜੇ ਮਾਣ ਅਤੇ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ। ਇਸ ਮੌਕੇ 'ਤੇ, ਐਮਡੀ ਤੇ ਸੀਈਓ ਹਰਦੀਪ ਸਿੰਘ ਆਹਲੂਵਾਲੀਆ ਨੇ ਬੈਂਕ ਦੇ ਕਰਮਚਾਰੀਆਂ ਨੂੰ ਸੰਬੋਧਨ ਕੀਤਾ, ਭਾਰਤ ਦੇ ਸੰਵਿਧਾਨ ਵਿੱਚ ਦਰਜ ਕਦਰਾਂ-ਕੀਮਤਾਂ ਪ੍ਰਤੀ ਸੰਸਥਾ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਕਾਰਜਕਾਰੀ ਨਿਰਦੇਸ਼ਕ, ਭਵੇਂਦਰ ਕੁਮਾਰ ਤੇ ਸੁਨੀਲ ਕੁਮਾਰ ਚੁੱਘ ਨੇ ਵੀ ਇਸ ਮੌਕੇ 'ਤੇ ਸ਼ਿਰਕਤ ਕੀਤੀ। ਆਪਣੇ ਸੰਬੋਧਨ ਵਿੱਚ, ਐਮਡੀ ਅਤੇ ਸੀਈਓ ਹਰਦੀਪ ਸਿੰਘ ਆਹਲੂਵਾਲੀਆ ਨੇ ਸੰਵਿਧਾਨ ਦੇ ਆਰਕੀਟੈਕਟ ਤੇ ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਿਨ੍ਹਾਂ ਦੀਆਂ ਕੁਰਬਾਨੀਆਂ ਨੇ ਦੇਸ਼ ਦੀ ਨੀਂਹ ਰੱਖੀ। ਉਨ੍ਹਾਂ ਅੱਗੇ ਕਿਹਾ ਕਿ ਕੇਨਰਾ ਬੈਂਕ 'ਵਿਕਸਤ ਭਾਰਤ' ਦੇ ਦ੍ਰਿਸ਼ਟੀਕੋਣ ਪ੍ਰਤੀ ਆਪਣੀ ਅਟੱਟ ਵਚਨਬੱਧਤਾ ਦੀ ਪਸ਼ਟੀ ਕਰਦਾ ਹੈ। ਜਿਵੇਂ ਕਿ ਅਸੀਂ ਆਪਣੇ ਦੇਸ਼ ਦੀ ਆਜ਼ਾਦੀ ਦੇ 77 ਸਾਲ ਮਨਾ ਰਹੇ ਹਾਂ, ਅਸੀਂ ਸਾਰੇ ਹਰ ਭਾਰਤੀ ਲਈ ਆਰਥਿਕ ਲਚਕੀਲਾਪਣ, ਵਿੱਤੀ ਸਮਾਵੇਸ਼ ਅਤੇ ਟਿਕਾਊ ਤਰੱਕੀ ਨੂੰ ਉਤਸ਼ਾਹਿਤ ਕਰਨ ਲਈ ਇੱਕਜੁੱਟ ਹੋਵਾਂਗੇ। ਉਨ੍ਹਾਂ ਇਹ ਵੀ ਕਿਹਾ ਕਿ ਕੇਨਰਾ ਬੈਂਕ ਮਜ਼ਬੂਤੀ ਨਾਲ ਪ੍ਰਦਰਸ਼ਨ ਕਰਨਾ ਜਾਰੀ ਰੱਖਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਗਾਹਕ ਸੰਤੁਸ਼ਟੀ ਕੈਨਰਾ ਬੈਂਕ ਦੇ ਕਾਰਜਾਂ ਦਾ ਅਧਾਰ ਬਣੀ ਹੋਈ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗਾਹਕਾਂ ਨਾਲ ਵਿਸ਼ਵਾਸ ਬਣਾਉਣ ਤੇ ਲੰਬੇ ਸਮੇਂ ਦੇ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਤੁਰੰਤ, ਪਾਰਦਰਸ਼ੀ ਤੇ ਸ਼ਿਸ਼ਟਾਚਾਰ ਸੇਵਾਵਾਂ ਪ੍ਰਦਾਨ ਕਰਨਾ ਜ਼ਰੂਰੀ ਹੈ। ਜਸ਼ਨਾਂ ਦੇ ਹਿੱਸੇ ਵਜੋਂ, ਕਰਮਚਾਰੀਆਂ ਦੁਆਰਾ ਭਾਰਤ ਦੀ ਅਮੀਰ ਤੇ ਵਿਭਿੰਨ ਵਿਰਾਸਤ ਨੂੰ ਪ੍ਰਦਰਸ਼ਿਤ ਕਰਦੇ ਹੋਏ ਸੱਭਿਆਚਾਰਕ ਪ੍ਰੋਗਰਾਮ ਆਯੋਜਿਤ ਕੀਤੇ ਗਏ। ਸਮਾਗਮਾਂ ਵਿੱਚ ਦੇਸ਼ ਭਗਤੀ ਦੇ ਗੀਤ ਤੇ ਡਾਂਸ ਪ੍ਰਦਰਸ਼ਨ ਸ਼ਾਮਲ ਸਨ ਜੋ ਸਟਾਫ ਦੇ ਬੱਚਿਆਂ ਦੁਆਰਾ ਵਿਭਿੰਨਤਾ ਵਿੱਚ ਏਕਤਾ ਦੀ ਭਾਵਨਾ ਨੂੰ ਦਰਸਾਉਂਦੇ ਸਨ। ਸੱਭਿਆਚਾਰਕ ਪ੍ਰਦਰਸ਼ਨਾਂ ਦਾ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ ਤੇ ਇਸ ਮੌਕੇ ਨੂੰ ਜੀਵੰਤ ਬਣਾਇਆ ਗਿਆ।

## ਗੁ: ਬੰਗਲਾ ਸਾਹਿਬ ਵਿੱਚ 41ਵਾਂ ਸਾਲਾਨਾ ਗੁਰਮਤਿ ਸਮਾਗਮ : ਕਾਲਕਾ



ਨਵੀ ਦਿੱਲੀ, 27 ਜਨਵਰੀ (ਚ.ਨ.ਸ.) ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਨੇ ਦੱਸਿਆ ਹੈ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਾਵਨ ਪ੍ਰਕਾਸ਼ ਪੁਰਬ ਅਤੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 41ਵਾਂ ਸਲਾਨਾ ਗੁਰਮਤਿ ਸਮਾਗਮ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਬੜੀ ਸ਼ਰਧਾ, ਆਤਮਿਕ ਉਤਸ਼ਾਹ ਅਤੇ ਗੁਰਮਤਿ ਮਰਿਆਦਾ ਅਨੁਸਾਰ ਕਰਵਾਇਆ ਗਿਆ।

ਇਸ ਗੁਰਮਤਿ ਸਮਾਗਮ ਦੌਰਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨਾਂ ਦੇ ਨਾਲ-ਨਾਲ ਦੂਰ-ਦੂਰ ਤੋਂ ਆਈਆਂ ਹਜ਼ਾਰਾਂ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰਬਾਣੀ ਵਿਚਾਰ, ਕੀਰਤਨ ਤੇ ਗੁਰਸਿੱਖ ਰਿਵਾਇਤਾਂ ਨਾਲ ਆਤਮਿਕ ਲਾਭ ਪ੍ਰਾਪਤ ਕੀਤਾ।

ਸਰਦਾਰ ਕਾਲਕਾ ਨੇ ਕਿਹਾ ਕਿ ਅਜਿਹੇ ਗੁਰਮਤਿ ਸਮਾਗਮ ਸਿੱਖ ਕੌਮ ਨੂੰ ਆਪਣੇ ਮਹਾਨ ਇਤਿਹਾਸ, ਗੁਰੂ ਸਾਹਿਬਾਨ ਦੀ ਅਟੱਲ ਬਾਣੀ ਤੇ ਸ਼ਹੀਦੀ ਵਿਰਾਸਤ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਨੌਜਵਾਨ ਪੀੜ੍ਹੀ ਵਿੱਚ ਸਿੱਖੀ ਦੇ ਮੂਲ ਸਿਧਾਂਤਾਂ ਪ੍ਰਤੀ ਦ੍ਰਿੜਤਾ ਅਤੇ ਚੇਤਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

## ਟਾਂਡਾ 'ਚ ਸਜਾਇਆ ਗਿਆ ਭਗਤ ਰਵਿਦਾਸ ਜੀ ਦੇ ਜਨਮ ਦਿਨ ਨੂੰ ਸਮਰਪਿਤ ਮਹਾਨ ਨਗਰ ਕੀਰਤਨ



ਟਾਂਡਾ ਉੜਮੁੜ, 27 ਜਨਵਰੀ (ਅਰਜੁਨ ਜੈਨ): ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649 ਪ੍ਰਕਾਸ਼ ਉਤਸਵ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਧਰਮਸ਼ਾਲਾ ਨੇੜੇ ਟਾਂਡਾ ਪੁਲੀ ਤੋ ਮਹਾਨ ਨਗਰ ਕੀਰਤਨ ਸ਼ਰਧਾ ਸਤਿਕਾਰ ਤੇ ਧੂਮ ਧਾਮ ਨਾਲ ਸਜਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋ ਨਗਰ ਦੀਆਂ ਵੱਖ-ਵੱਖ ਸ੍ਰੀ ਗੁਰੂ ਰਵਿਦਾਸ ਸੇਵਾਵਾਂ ਸੇਵਾ ਸੋਸਾਇਟੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਸਜਾਏ ਗਏ ਮਹਾਨ ਨਗਰ ਕੀਰਤਨ ਦੀ ਆਰੰਭਤਾ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਹੋਈ।ਖ਼ਰਾਬ ਮੌਸਮ ਦੇ ਬਾਵਜੂਦ ਸੰਗਤ ਨੇ ਠੰਡ ਤੇ ਮੌਸਮ ਦੀ ਪਰਵਾਹ ਨਾ ਕਰਦੇ ਹੋਏ ਵੱਡੀ ਗਿਣਤੀ ਵਿੱਚ ਭਾਗ ਲੈ ਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਨਤਮਸਤਕ ਹੁੰਦੇ ਹੋਏ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ। ਵਿਸ਼ਾਲ ਨਗਰ ਕੀਰਤਨ ਦੇ ਵੱਖ-ਵੱਖ ਚੌਕਾਂ ਅਤੇ ਪੜਾਵਾਂ ਵਿੱਚ ਪਹੁੰਚਣ ਤੇ ਸੰਸਥਾ ਵੱਲੋ ਫੁੱਲਾਂ ਦੀ ਵਰਖਾ ਕਰਦੇ ਹੋਏ ਸਵਾਗਤ ਕੀਤਾ ਗਿਆ ਤੇ ਨਗਰ ਕੀਰਤਨ ਵਿੱਚ ਸ਼ਾਮਿਲ ਸੰਗਤ ਦੀ ਸੇਵਾ ਵਾਸਤੇ ਜਗ੍ਹਾ ਜਗ੍ਹਾ ਚਾਹ ਪਕੌੜੇ ਮਿਠਾਈਆਂ ਫਲ ਫਰੂਟ ਅਤੇ ਗੁਰੂ ਦੇ ਲੰਗਰ ਲਗਾ ਕੇ ਸੇਵਾ ਕੀਤੀ ਗਈ। ਵਿਸ਼ਾਲ ਨਗਰ ਕੀਰਤਨ ਸਮੁੱਚੇ ਨਗਰ ਦੀ ਪਰਿਕਰਮਾ ਕਰਨ ਉਪਰੰਤ ਸੰਪੰਨ ਹੋਇਆ। ਨਗਰ ਕੀਰਤਨ ਦੌਰਾਨ ਸੇਵਾਦਾਰ ਪ੍ਰਧਾਨ ਕੀਮਤੀ ਲਾਲ, ਪ੍ਰਧਾਨ ਜਗਦੀਸ਼ ਕੁਮਾਰ ਰਿੰਕਾ, ਪ੍ਰਧਾਨ ਦਿਲਬਾਗ ਕਾਜਲ, ਪ੍ਰਧਾਨ ਗੁਰਸੇਵਕ ਮਾਰਸ਼ਲ, ਸੇਵਾਦਾਰ ਡਾ। ਕੇਵਲ ਸਿੰਘ, ਵਿਧਾਇਕ ਜਸਵੀਰ ਸਿੰਘ ਰਾਜਾ, ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ, ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ, ਜਿਲਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ, ਚੇਅਰਮੈਨ ਹਰਮੀਤ ਸਿੰਘ ਔਲਖ, ਅਕਾਲੀ ਆਗੂ ਮਨਜੀਤ ਸਿੰਘ ਦਸੂਹਾ,ਯੂਥ ਆਗੂ ਕਮਲਜੀਤ ਸਿੰਘ ਕੁਲਾਰ,ਯੂਥ ਆਗੂ ਸਰਬਜੀਤ ਸਿੰਘ ਮੋਮੀ, ਮਾਸਟਰ ਸੰਜੀਵ ਕੁਮਾਰ, ਨੰਬਰਦਾਰ ਜਗ ਜੀਵਨ ਜੱਗੀ ਨੇ ਸਮੂਹ ਸੰਗਤ ਨੂੰ ਮੁਬਾਰਕਬਾਦ ਦਿੰਦੇ ਹੋਏ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਸੜਕਾਂ ਦਾ ਨਵੀਨੀਕਰਨ ਸਰਕਾਰ ਲਈ "ਦੂਰ ਦੀ ਗੋਟੀ": ਰਾਜੀਵ ਸ਼ਰਮਾ

ਤਲਵਾੜਾ, 27 ਜਨਵਰੀ (ਜਗਮੋਹਨ ਸ਼ਰਮਾ): ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ (ਆਪ) ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਸੀਨੀਅਰ ਕਾਂਗਰਸ ਨੇਤਾ ਰਾਜੀਵ ਸ਼ਰਮਾ ਨੇ ਕਿਹਾ ਕਿ ਸਾਬਕਾ ਕੈਬਨਿਟ ਮੰਤਰੀ ਸਵਰਗਵਾਸੀ ਰਮੇਸ਼ ਚੰਦਰ ਡੋਗਰਾ ਦੇ ਕਾਰਜਕਾਲ ਦੌਰਾਨ ਬਣਾਈਆਂ ਗਈਆਂ ਸੜਕਾਂ ਦਾ ਅੱਜ ਤੱਕ ਨਵੀਨੀਕਰਨ ਨਾ ਹੋਣਾ ਆਪ ਸਰਕਾਰ ਦੀ ਨਾਕਾਮੀ ਦਾ ਸਪਸ਼ਟ ਸਬੂਤ ਹੈ। ਉਨ੍ਹਾਂ ਆਖਿਆ ਕਿ ਪੰਜਾਬ ਦੇ ਹਿੱਤਾਂ ਦੀ ਰੱਖਿਆ ਕਰਨ ਦੇ ਵਾਅਦੇ ਕਰਕੇ ਆਪ ਸਰਕਾਰ ਨੇ ਪੰਜਾਬ ਦੀ ਭੋਲੀ-ਭਾਲੀ ਜਨਤਾ ਨੂੰ ਜੀ ਭਰ ਕੇ ਠੱਗਿਆ ਹੈ। ਸੱਤਾ ਵਿੱਚ ਆਉਣ ਤੋਂ ਬਾਅਦ ਸਰਕਾਰ ਹਰ ਮੋਰਚੇ 'ਤੇ ਫੇਲ੍ਹ ਸਾਬਤ ਹੋਈ ਹੈ। ਕਾਂਗਰਸ ਨੇਤਾ ਨੇ ਕਿਹਾ ਕਿ ਕ਼ਰਜ਼ਾ ਖ਼ਤਮ ਕਰਨ ਦੇ ਦਾਅਵੇ ਕਰਨ ਵਾਲੀ ਆਪ ਸਰਕਾਰ ਨੇ ਪੰਜਾਬ ਨੂੰ ਹੋਰ ਵੱਧ ਕਰਜ਼ੇ ਦੀ ਦਲਦਲ ਵਿੱਚ ਧੱਕ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਕੇਂਦਰ ਸਰਕਾਰ ਪਹਿਲਾਂ ਹੀ ਪੰਜਾਬ ਨਾਲ ਸੌਤੇਲਾ ਵਿਹਾਰ ਕਰ ਰਹੀ ਹੈ ਤੇ ਦੂਜੇ ਪਾਸੇ ਆਪ ਸਰਕਾਰ ਨੇ ਵੀ ਕੋਈ ਕਸਰ ਨਹੀਂ ਛੱਡੀ। ਉਨ੍ਹਾਂ ਦੋਸ਼ ਲਗਾਇਆ ਕਿ ਵਿਕਾਸ ਦੇ ਨਾਮ 'ਤੇ ਸਿਰਫ਼ ਝੂਠੇ ਵਾਅਦੇ ਤੇ ਇਸ਼ਤਿਹਾਰਬਾਜ਼ੀ ਕੀਤੀ ਜਾ ਰਹੀ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੀ ਜਨਤਾ ਆਪਣੀ ਇਸ ਗਲਤੀ ਨੂੰ ਸੁਧਾਰੇਗੀ ਤੇ ਸੂਬੇ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾ ਕੇ ਪੰਜਾਬ ਨੂੰ ਮੁੜ ਵਿਕਾਸ ਦੀ ਪਟੜੀ 'ਤੇ ਲਿਆਏਗੀ।

## ਗਣਤੰਤਰ ਦਿਵਸ ਜੋਸ਼ ਤੇ ਉਤਸ਼ਾਹ ਨਾਲ ਮਨਾਇਆ



ਪਟਿਆਲਾ, 27 ਜਨਵਰੀ (ਚ.ਨ.ਸ.): ਏਰੀਆ ਡਵੈਲਮੇਂਟ ਵੈਲਫੇਅਰ ਐਸੋਸੀਏਸ਼ਨ ਟੈਂਕੀ ਵਾਲਾ ਪਾਰਕ ਗੁਰਬਖਸ਼ ਕਲੋਨੀ ਨੇ 77ਵਾਂ ਗਣਤੰਤਰ ਦਿਵਸ ਬੜੇ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ। ਇਸ ਮੌਕੇ ਸੰਵਿਧਾਨ ਨਿਰਮਾਤਾਵਾਂ ਨੂੰ ਯਾਦ ਕੀਤਾ ਗਿਆ ਅਤੇ ਦੇਸ਼ ਦੀ ਅਜ਼ਾਦੀ ਲਈ ਬਲਿਦਾਨ ਦੇਣ ਵਾਲੀ ਸ਼ਖਸ਼ੀਅਤਾਂ ਨੂੰ ਸ਼ਰਧਾਜਲੀ ਦਿੱਤੀ ਗਈ।

ਐਸੋਸੀਏਸ਼ਨ ਨੇ ਵੀ ਦੇਸ਼ ਦੇ ਸਪਨੇ ਸਾਕਾਰ ਕਰਨ ਲਈ ਵੱਧ ਤੋਂ ਵੱਧ ਯੋਗਦਾਨ ਦੇਣ ਦਾ ਪ੍ਰਣ ਕੀਤਾ ਇਸ ਮੌਕੇ 'ਤੇ ਲਗਭਗ 120 ਵਿਅਕਤੀ ਮੌਜੂਦੇ ਰਹੇ, ਅਤੇ ਐਸਸੀਏਸ਼ਨ ਦੇ ਸਾਰੇ ਮੈਬਰ ਮੌਜੂਦ ਸਨ ਕਰੀਬ 25 ਬੱਚਿਆ ਨੇ ਅਜ਼ਾਦੀ ਅਧਾਰਿਤ ਕਲਚਰਲ ਪ੍ਰੋਗਰਾਮ ਪੇਸ਼ ਕੀਤਾ ਅਤੇ ਲੋਕਾਂ ਦਾ ਧਿਆਨ ਖਿੱਚਿਆ ਅਤੇ ਐਸੋਸੀਏਸ਼ਨ ਵੱਲੋ ਬੱਚਿਆ ਨੂੰ ਉਤਸ਼ਾਹਤ ਕਰਨ ਲਈ ਦੋ ਕਾਪੀਆਂ ਅਤੇ ਇਕ ਪੈਨ ਇਨਾਮ ਵਜੋ ਵੰਡੇ ਗਏ ਮੌਜੂਦ ਸਾਰੇ ਲੋਕਾਂ ਨੇ ਪ੍ਰੋਗਰਾਮ ਦਾ ਆਨੰਦ ਮਾਣਿਆ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਸ਼ਾਮ ਲਾਲ ਮਿੱਤਲ ਨੇ ਮੌਜੂਦ ਸਾਰੇ ਲੋਕਾਂ ਦਾ ਧੰਨਵਾਦ ਕੀਤਾ ਅਤੇ ਤਿਰੰਗਾ ਫਿਰਾਇਆ।

ਸਾਰੇ ਲੋਕਾਂ ਨੇ ਬੜੇ ਜੋਸ਼ ਨਾਲ ਜੈ ਹਿੰਦ ਦੇ ਨਾਅਰੇ ਲਗਾਏ ਅਤੇ ਰਾਸ਼ਟਰ ਗਾਣ ਕੀਤਾ ਅੰਤ ਵਿਚ ਸਾਰਿਆਂ ਨੂੰ ਲੱਡੂ ਵੀ ਵੰਡੇ ਗਏ। ਇਸ ਪ੍ਰੋਗਰਾਮ ਦੀ ਕਵਰੇਜ ਮੀਡੀਆ ਅਡਵਾਈਜ਼ਰ ਸ੍ਰੀ ਨਰੇਸ਼ ਕੁਮਾਰ ਨੇ ਕੀਤੀ।

# ਐਸ.ਬੀ.ਐਸ. ਕਲੱਬ ਅਤੇ ਵੈਲਫ਼ੇਅਰ ਕਲੱਬ ਦਾ ਹੋਇਆ ਏਕੀਕਰਨ: ਸੁਰਿੰਦਰ ਤ੍ਰਿਪਾਠੀ ਪ੍ਰਧਾਨ ਨਿਯੁਕਤ



ਨਵਾਂਸ਼ਹਿਰ, 27 ਜਨਵਰੀ (ਸੁਖਦੇਵ ਸਿੰਘ ਉੜਾਪੜ): ਨਵਾਂਸ਼ਹਿਰ ਵਿੱਚ ਪੱਤਰਕਾਰਾਂ ਦੇ ਹਿੱਤਾਂ ਨੂੰ ਮਜ਼ਬੂਤ ਕਰਨ ਅਤੇ ਆਪਸੀ ਏਕਤਾ ਨੂੰ ਹੁਲਾਰਾ ਦੇਣ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਿਆ ਗਿਆ ਹੈ। ਐਸ.ਬੀ.ਐਸ ਕਲੱਬ ਨਵਾਂਸ਼ਹਿਰ ਅਤੇ ਵੈਲਫੇਅਰ ਕਲੱਬ ਨਵਾਂਸ਼ਹਿਰ ਦਾ ਰਸਮੀ ਤੌਰ 'ਤੇ ਏਕੀਕਰਨ ਕਰ ਦਿੱਤਾ ਗਿਆ ਹੈ। ਇਸ ਇਤਿਹਾਸਕ ਫੈਸਲੇ ਤਹਿਤ ਦੋਵਾਂ ਕਲੱਬਾਂ ਨੇ ਸਰਬਸੰਮਤੀ ਨਾਲ ਇੱਕ ਮੰਚ 'ਤੇ ਆ ਕੇ ਕੰਮ ਕਰਨ ਦਾ ਅਹਿਦ ਲਿਆ। ਏਕੀਕਰਨ ਤੋ ਬਾਅਦ ਹੋਈ ਮੀਟਿੰਗ ਵਿੱਚ ਸੁਰਿੰਦਰ ਤ੍ਰਿਪਾਠੀ ਨੂੰ ਨਵੇਂ ਬਣੇ ਸੰਯੁਕਤ ਕਲੱਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਮੀਟਿੰਗ ਵਿੱਚ ਦੋਵਾਂ ਕਲੱਬਾਂ ਦੇ ਅਹੁਦੇਦਾਰਾਂ ਅਤੇ ਮੈਬਰਾਂ ਦੀ ਮੌਜੂਦਗੀ ਵਿੱਚ ਇਹ ਫੈਸਲਾ ਲਿਆ ਗਿਆ ਕਿ ਪੱਤਰਕਾਰਾਂ ਨੂੰ ਪੇਸ਼ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਦਾ ਮਿਲ-ਜੁਲ ਕੇ ਹੱਲ ਕੀਤਾ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸੁਰਿੰਦਰ ਤ੍ਰਿਪਾਠੀ, ਸੁਖਜਿੰਦਰ ਭੰਗਲ ਅਤੇ ਸੁਖਦੇਵ ਸਿੰਘ ਨੇ ਕਿਹਾ ਕਿ ਮੌਜੂਦਾ ਸਮੇ ਵਿੱਚ ਪੱਤਰਕਾਰ ਕਈ ਤਰ੍ਹਾਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ, ਜਿਨ੍ਹਾਂ ਵਿੱਚ ਕੰਮ ਵਾਲੀ ਥਾਂ ਦੀ ਸੁਰੱਖਿਆ, ਮਾਣ-ਸਤਿਕਾਰ, ਆਰਥਿਕ ਮੁਸ਼ਕਲਾਂ ਅਤੇ ਪ੍ਰਸ਼ਾਸਨਿਕ ਪੱਧਰ 'ਤੇ ਸਹਿਯੋਗ ਦੀ ਕਮੀ ਪ੍ਰਮੁੱਖ ਹਨ। ਅਜਿਹੇ ਵਿੱਚ ਇੱਕ ਮਜ਼ਬੂਤ ਅਤੇ ਸੰਗਠਿਤ ਮੰਚ ਦੀ ਲੋੜ ਸੀ, ਜਿਸ ਨੂੰ ਇਹ ਏਕੀਕਰਨ ਪੂਰਾ ਕਰੇਗਾ। ਨਵ-ਨਿਯੁਕਤ ਪ੍ਰਧਾਨ ਸੁਰਿੰਦਰ ਤ੍ਰਿਪਾਠੀ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜ਼ਿੰਮੇਵਾਰੀ ਉਨ੍ਹਾਂ ਲਈ ਮਾਣ ਦੇ ਨਾਲ-ਨਾਲ ਵੱਡੀ ਜਵਾਬਦੇਹੀ ਵੀ ਹੈ।

ਉਨ੍ਹਾਂ ਕਿਹਾ ਕਿ ਕਲੱਬ ਦਾ ਮੁੱਖ ਉਦੇਸ਼ ਪੱਤਰਕਾਰਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਬੰਧਤ ਵਿਭਾਗਾਂ ਅਤੇ ਪ੍ਰਸ਼ਾਸਨ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਦੇ ਹੱਲ ਲਈ ਠੋਸ ਯਤਨ ਕਰਨਾ ਹੋਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਕਿਸੇ ਵੀ ਪੱਤਰਕਾਰ ਨਾਲ ਬੇਇਨਸਾਫ਼ੀ ਨਹੀ ਹੋਣ ਦਿੱਤੀ ਜਾਵੇਗੀ ਅਤੇ ਸਾਰੇ ਮੁੱਦਿਆਂ ਨੂੰ ਇੱਕਜੁੱਟ ਹੋ ਕੇ ਉਠਾਇਆ ਜਾਵੇਗਾ। ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਸਮੇਂ-ਸਮੇਂ 'ਤੇ ਪੱਤਰਕਾਰਾਂ ਲਈ ਵਰਕਸ਼ਾਪਾਂ, ਸਿਖਲਾਈ ਪ੍ਰੋਗਰਾਮ ਅਤੇ ਆਪਸੀ ਸੰਵਾਦ ਮੀਟਿੰਗਾਂ ਕਰਵਾਈਆਂ ਜਾਣਗੀਆਂ ਤਾਂ ਜੋ ਪੱਤਰਕਾਰੀ ਦੀ ਗੁਣਵੱਤਾ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਸਮਾਜਿਕ ਅਤੇ ਜਨਹਿਤ ਨਾਲ ਜੁੜੇ ਪ੍ਰੋਗਰਾਮਾਂ 'ਚ ਵੀ ਕਲੱਬ ਸਰਗਰਮ ਭੂਮਿਕਾ ਨਿਭਾਏਗਾ। ਬੁਲਾਰਿਆਂ ਨੇ ਕਿਹਾ ਕਿ ਪੱਤਰਕਾਰ ਸਮਾਜ ਦਾ ਸ਼ੀਸ਼ਾ ਹੁੰਦੇ ਹਨ ਤੇ ਉਨ੍ਹਾਂ ਦੀ ਮਜ਼ਬੂਤੀ ਨਾਲ ਹੀ ਲੋਕਤੰਤਰ ਮਜ਼ਬੂਤ ਹੁੰਦਾ ਹੈ। ਏਕੀਕਰਨ ਮੀਟਿੰਗ ਵਿੱਚ ਸੀਨੀਅਰ ਪੱਤਰਕਾਰਾਂ ਨੇ ਇਸ ਕਦਮ ਨੂੰ ਇਤਿਹਾਸਕ ਦੱਸਦਿਆਂ ਕਿਹਾ ਕਿ ਆਪਸੀ ਮਤਭੇਦਾਂ ਨੂੰ ਭੁਲਾ ਕੇ ਇੱਕ ਮੰਚ 'ਤੇ ਆਉਣਾ ਸਮੇਂ ਦੀ ਮੰਗ ਸੀ।

ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸੰਯੁਕਤ ਕਲੱਬ ਰਾਹੀ ਪੱਤਰਕਾਰਾਂ ਦੀ ਆਵਾਜ਼ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਸੁਣੀ ਜਾਵੇਗੀ। ਅੰਤ 'ਚ ਸਾਰੇ ਮੈਬਰਾਂ ਨੇ ਇੱਕ-ਦੂਜੇ ਨੂੰ ਵਧਾਈ ਦਿੱਤੀ ਅਤੇ ਸੰਗਠਨ ਦੀ ਮਜ਼ਬੂਤੀ, ਏਕਤਾ ਅਤੇ ਪੱਤਰਕਾਰ ਹਿੱਤਾਂ ਦੀ ਰੱਖਿਆ ਲਈ ਮਿਲ ਕੇ ਕੰਮ ਕਰਨ ਦਾ ਪ੍ਰਣ ਲਿਆ। ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਸੁਰਿੰਦਰ ਤ੍ਰਿਪਾਠੀ, ਸੁਖਜਿੰਦਰ ਭੰਗਲ ਅਤੇ ਸੁਖਦੇਵ ਸਿੰਘ ਨੇ ਹੋਰਨਾਂ ਪੱਤਰਕਾਰਾਂ ਨੂੰ ਅਪੀਲ ਕੀਤੀ ਕਿ ਆਪਣੀ ਆਵਾਜ਼ ਬੁਲੰਦ ਕਰਨ ਅਤੇ ਆਪਸੀ ਸਹਿਯੋਗ ਦੇ ਮੱਦੇਨਜ਼ਰ ਸਾਰੇ ਇੱਕਜੁੱਟ ਹੋ ਕੇ ਅੱਗੇ ਆਉਣ ਅਤੇ ਕਲੱਬ ਦੀ ਮੈਂਬਰਸ਼ਿਪ ਗ੍ਰਹਿਣ ਕਰਨ। ਕਲੱਬ 'ਚ ਪੱਤਰਕਾਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਦੇ ਹੱਲ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਉਣ।

# ਆਜ਼ਾਦੀ ਕੋਈ ਤੋਹਫ਼ਾ ਨਹੀਂ ਸਗੋਂ ਲਹੂ ਨਾਲ ਲਿਖੀ ਇਤਿਹਾਸਕ ਇਬਾਰਤ ਹੈ



ਬੰਗਾ, 27 ਜਨਵਰੀ (ਪ੍ਰਭਜੋਤ ਸਿੰਘ): ਰੋਟਰੀ ਕਲੱਬ ਬੰਗਾ ਗ੍ਰੀਨ ਵਲੋਂ 26 ਜਨਵਰੀ ਗਣਤੰਤਰ ਦਿਵਸ ਦੇ ਪਾਵਨ ਮੌਕੇ 'ਤੇ ਸਮੂਹ ਦੇਸ ਵਾਸੀਆਂ ਨੂੰ ਦਿਲੋਂ ਮੁਬਾਰਕਾਂ ਦਿੰਦਿਆਂ ਦੇਸ਼ ਦੀ ਪਵਿੱਤਰ ਸਰਜ਼ਮੀਨ ਲਈ ਹੱਸਦੇ-ਹੱਸਦੇ ਆਪਣੀ ਜ਼ਿੰਦਗੀ ਨਿਛਾਵਰ ਕਰਨ ਵਾਲੇ ਅਮਰ ਸ਼ਹੀਦਾਂ ਨੂੰ ਕੋਟਿ-ਕੋਟਿ ਪ੍ਰਣਾਮ ਕੀਤਾ ਗਿਆ। ਇਸ ਮੌਕੇ ਕਲੱਬ ਦੇ ਪ੍ਰਧਾਨ ਰੋਟ ਦਿਲਬਾਗ ਸਿੰਘ ਬਾਗੀ ਤੇ ਵਾਇਸ ਪ੍ਰਧਾਨ ਰੋਟ ਸ਼ਮਿੰਦਰ ਸਿੰਘ ਗਰਚਾ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਇਹ ਆਜ਼ਾਦੀ ਕੋਈ ਤੋਹਫ਼ਾ ਨਹੀ, ਸਗੋਂ ਲਹੂ ਨਾਲ ਲਿਖੀ ਇਤਿਹਾਸਕ ਇਬਾਰਤ ਹੈ, ਜਿਸ ਦੀ ਰੱਖਿਆ ਕਰਨਾ ਹਰ ਨਾਗਰਿਕ ਦਾ ਪਵਿੱਤਰ ਫਰਜ਼ ਹੈ। ਸੱਚੀ ਦੇਸ਼ ਸੇਵਾ ਤਾਂ ਉਦੋਂ ਹੁੰਦੀ ਹੈ ਜਦੋਂ ਅਸੀ ਸਫਾਈ, ਇਮਾਨਦਾਰੀ ਅਤੇ ਅਨੁਸ਼ਾਸਨ ਨੂੰ ਆਪਣੀ ਜ਼ਿੰਦਗੀ ਦਾ ਹਿਸਾਂ ਬਣਾਈਏ, ਭ੍ਰਿਸ਼ਟਾਚਾਰ ਅਤੇ ਸਮਾਜਕ ਕੁਰੀਤੀਆਂ ਖ਼ਿਲਾਫ਼ ਨਿਡਰ ਹੋ ਕੇ ਖੜੇ ਹੋਈਏ ਅਤੇ ਹਰ ਦੁੱਖੀ ਦੀ ਢਾਲ ਬਣੀਏ। ਉਨ੍ਹਾਂ ਨੇ ਤਿੱਖੇ ਸ਼ਬਦਾਂ ਵਿੱਚ ਕਿਹਾ ਕਿ ਇਨਸਾਨੀਅਤ ਸਭ ਤੋਂ ਵੱਡਾ ਧਰਮ ਹੈ, ਤੇ ਜੋ ਇਸ ਰਾਹ 'ਤੇ ਤੁਰਦਾ ਹੈ ਉਹੀ ਆਪਣੀ ਸਰਜ਼ਮੀਨ ਦਾ ਸੱਚਾ ਸੁਪੁੱਤਰ ਮਾਣ ਪ੍ਰਾਪਤ ਕਰੇਗਾ। ਇਸ ਮੌਕੇ ਰੋਟਰੀ ਕਲੱਬ ਬੰਗਾ ਗ੍ਰੀਨ ਦੇ ਸਰਗਰਮ ਅਤੇ ਸਮਰਪਿਤ ਮੈਂਬਰ ਰੋਟ ਜੀਵਨ ਦਾਸ ਕੌਸ਼ਲ, ਰੋਟ ਰਣਜੀਤ ਸਿੰਘ ਕੰਦੋਲਾ, ਰੋਟ ਡਾ. ਧਰਮਜੀਤ ਸਿੰਘ (ਵਾਇਸ ਚਾਂਸਲਰ, ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ), ਰੋਟ ਸ਼ਰਬਜੀਤ ਸਿੰਘ ਬੇਦੀ, ਰੋਟ ਸੁੱਖਵਿੰਦਰ ਸਿੰਘ ਧਾਮੀ, ਰੋਟ ਗੁਰਬਕਸ਼ ਰਾਮ (ਐਸ.ਡੀ.ਓ. ਸਬ ਅਰਬਨ, ਬੰਗਾ), ਰੋਟ ਰਾਮ ਤੀਰਥ (ਮੈਨੇਜਿੰਗ ਡਾਇਰੈਕਟਰ, ਡੇ ਡ੍ਰੀਮ ਐਮੀਗ੍ਰੇਸ਼ਨ ਵਰਲਡ), ਰੋਟ ਹਰਪ੍ਰੀਤ ਸਿੰਘ (ਫਾਇਨੈਂਸ ਸਕੱਤਰ), ਰੋਟ ਭੁਪੇਸ਼ ਕੁਮਾਰ, ਰੋਟ ਡਾ. ਪਰਮਜੀਤ ਸਿੰਘ (ਬਾਗਬਾਨੀ ਵਿਭਾਗ, ਸ਼ਹੀਦ ਭਗਤ ਸਿੰਘ ਨਗਰ), ਰੋਟ ਹਰਮਨਪ੍ਰੀਤ ਸਿੰਘ ਰਾਣਾ (ਏ.ਐਸ. ਫਰੋਜ਼ਨ ਫੂਡਜ਼, ਨਾਗਰਾ), ਰੋਟ ਰਣਵੀਰ ਸਿੰਘ ਰਾਣਾ (ਸੈਕਟਰੀ), ਰੋਟ ਬਲਵਿੰਦਰ ਸਿੰਘ ਪਾਂਧੀ ਰੋਟ ਸ਼ਮਸ਼ੇਰ ਸਿੰਘ ਝਿੱਕਾ ਪਾਸਟ ਪ੍ਰਧਾਨ ਤੇ ਸੀਨੀਅਰ ਐਡਵੋਕੇਟ ਬਾਰ ਐਸੋਸਸ਼ਨ ਨਵਾਂਸ਼ਹਿਰ ਆਦਿ ਨੇ ਵੀ ਇਕਸੁਰ ਵਿੱਚ ਇਹ ਸੰਕਲਪ ਦੁਹਰਾਇਆ ਕਿ ਰੋਟਰੀ ਕਲੱਬ ਬੰਗਾ ਗ੍ਰੀਨ ਦੇ ਮੈਬਰ ਹਮੇਸ਼ਾ ਦੇਸ਼, ਸਮਾਜ ਤੇ ਮਨੁੱਖਤਾ ਦੀ ਸੇਵਾ ਲਈ ਅੱਗੇ ਰਹਿਣਗੇ।

## ਕਮਲੇਸ਼ ਭਾਰਦਵਾਜ ਦੀ ਅਗਵਾਈ ਹੇਠ ਵਿਸ਼ੇਸ਼ ਮੀਟਿੰਗ ਹੋਈ



ਤਲਵਾੜਾ, 27 ਜਨਵਰੀ (ਜਗਮੋਹਨ ਸ਼ਰਮਾ): ਅੱਜ ਸ਼ਿਵਸੇਨਾ ਸਮਾਜਵਾਦੀ ਵੱਲੋ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਕਮਲੇਸ਼ ਭਾਰਦਵਾਜ ਅਤੇ ਰਾਸ਼ਟਰੀ ਚੇਅਰਮੈਨ ਹਨੀ ਭਾਰਦਵਾਜ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੀਟਿੰਗ ਦੌਰਾਨ ਪਾਰਟੀ ਤੋ ਕੁਝ ਸਮੇਂ ਤੋ ਨਾਰਾਜ਼ ਚੱਲ ਰਹੇ ਮੁਕੇਰੀਆਂ ਤੋ ਬੰਟੀ ਜੋਗੀ, ਹੋਸ਼ਿਆਰਪੁਰ ਤੋ ਜਾਵੇਦ ਖ਼ਾਨ ਅਤੇ ਤਲਵਾੜਾ ਤੋ ਹਰਜਿੰਦਰਪਾਲ ਸਿੰਘ ਹੈਪੀ ਨੇ ਆਪਣੀ ਟੀਮ ਸਮੇਤ ਸ਼ਿਵਸੇਨਾ ਸਮਾਜਵਾਦੀ ਵਿੱਚ ਮੁੜ ਘਰ ਵਾਪਸੀ ਕੀਤੀ।ਮੀਟਿੰਗ ਦੌਰਾਨ ਇਨ੍ਹਾਂ ਆਗੂਆਂ ਨੇ ਆਪਣੇ ਸਾਹਮਣੇ ਆ ਰਹੀਆਂ ਸਮੱਸਿਆਵਾਂ ਬਾਰੇ ਪਾਰਟੀ ਨੇਤ੍ਰਿਤਵ ਨੂੰ ਜਾਣੂ ਕਰਵਾਇਆ, ਜਿਸ 'ਤੇ ਪਾਰਟੀ ਵੱਲੋ ਉਨ੍ਹਾਂ ਨੂੰ ਪੂਰਾ ਭਰੋਸਾ ਦਿਵਾਇਆ ਗਿਆ ਕਿ ਪਿਛਲੇ ਸਮੇਂ ਦੌਰਾਨ ਜੋ ਕੰਮ ਰਹਿ ਗਏ ਸਨ, ਉਨ੍ਹਾਂ ਨੂੰ ਆਉਣ ਵਾਲੇ ਸਮੇਂ ਵਿੱਚ ਪੂਰਾ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।ਇਸ ਮੌਕੇ ਰਾਸ਼ਟਰੀ ਪ੍ਰਧਾਨ ਕਮਲੇਸ਼ ਭਾਰਦਵਾਜ ਨੇ ਬਿਆਨ ਦਿੰਦਿਆਂ ਕਿਹਾ ਕਿ ਅੱਜ ਤੋ ਬਾਅਦ ਕਿਸੇ ਵੀ ਪਦਾਧਿਕਾਰੀ ਨੂੰ ਨਾਰਾਜ਼ ਹੋਣ ਦਾ ਮੌਕਾ ਨਹੀ ਮਿਲੇਗਾ।

ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਅਤੇ ਡੀਜੀਪੀ ਪੰਜਾਬ ਵੱਲੋ ਚਲਾਏ ਗਏ "ਓਪਰੇਸ਼ਨ ਪ੍ਰਹਾਰ" ਦੀ ਸ਼ਲਾਘਾ ਕਰਦੇ ਹੋਏ ਇਸ ਨੂੰ ਸਰਾਹਣਯੋਗ ਕਦਮ ਦੱਸਿਆ ਅਤੇ ਕਿਹਾ ਕਿ ਸ਼ਿਵਸੇਨਾ ਸਮਾਜਵਾਦੀ ਇਸ ਦਾ ਪੂਰਾ ਸਮਰਥਨ ਕਰਦੀ ਹੈ। ਨਾਲ ਹੀ ਉਨ੍ਹਾਂ ਨੇ ਗੈਂਗਸਟਰਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਪੁਲਿਸ ਦਾ ਸਹਿਯੋਗ ਕਰਨ ਅਤੇ ਸਰੈਂਡਰ ਕਰਨ।-ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਮਲੇਸ਼ ਭਾਰਦਵਾਜ ਨੇ ਦੱਸਿਆ ਕਿ ਸ਼ਿਵਸੇਨਾ ਸਮਾਜਵਾਦੀ ਵੱਲੋ ਸਭ ਤੋ ਪਹਿਲਾ ਕਦਮ ਚੁੱਕਦਿਆਂ ਜਲਦ ਹੀ ਪਾਰਟੀ ਵਿੱਚ ਮੁਸਲਿਮ ਵਿੰਗ ਦਾ ਗਠਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਵੇਂ ਹਿੰਦੂ ਅਤੇ ਸਿੱਖ ਭਾਈਚਾਰਾ ਨੂਹ-ਮਾਸ ਦੇ ਰਿਸ਼ਤੇ ਵਾਂਗ ਇਕ-ਦੂਜੇ ਨਾਲ ਜੁੜਿਆ ਹੋਇਆ ਹੈ, ਉਸੇ ਤਰ੍ਹਾਂ ਮੁਸਲਿਮ ਭਰਾ ਵੀ ਸਾਡੇ ਆਪਣੇ ਹਨ। ਉਹ ਵੀ ਪੰਜਾਬ ਦੇ ਮੂਲ ਨਿਵਾਸੀ ਹਨ। ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸ਼ਿਵਸੇਨਾ ਸਮਾਜਵਾਦੀ ਵੱਲੋਂ ਮੁਸਲਿਮ ਵਿੰਗ ਸੰਬੰਧੀ ਕਾਰਜਕ੍ਰਮ ਕਰਵਾਏ ਜਾਣਗੇ।

## ਮੁਲਾਜ਼ਮ ਆਗੂਆਂ ਨੂੰ ਨਜ਼ਰਬੰਦ ਕਰਨ ਦੇ ਬਾਵਜੂਦ ਐਨ.ਪੀ.ਐਸ. ਮੁਲਾਜ਼ਮਾਂ ਨੇ ਕਾਲੀਆਂ ਝੰਡੀਆਂ ਦਿਖਾਈਆਂ : ਪ੍ਰਿੰਸ ਪਲਿਆਲ ਗੜ੍ਹਦੀਵਾਲਾ



ਗੜ੍ਹਦੀਵਾਲਾ, 27 ਜਨਵਰੀ (ਗੌਰਵ): ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਵਾਇਸ ਪ੍ਰਧਾਨ ਪ੍ਰਿੰਸ ਪਲਿਆਲ ਗੜ੍ਹਦੀਵਾਲਾ ਨੂੰ 26 ਜਨਵਰੀ ਤੜਕਸਾਰ 4:30 ਘਰੋ ਚੁੱਕ ਲਿਆ ਅਤੇ ਗੜ੍ਹਦੀਵਾਲਾ ਥਾਣੇ ਦੇ ਵਿੱਚ ਰੱਖਿਆ। ਉਹਨਾਂ ਨੇ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਦੇ ਲਈ ਹਾਅ ਦਾ ਨਾਰਾ ਮਾਰਿਆ ਉਹ ਜਿੰਨਾ ਚਿਰ ਵੀ ਥਾਣੇ ਦੇ ਵਿੱਚ ਨਜ਼ਰ ਬੰਦ ਰਹੇ ਉਨ੍ਹਾਂ ਚਿਰ ਭੁੱਖ ਹੜਤਾਲ ਤੇ ਵੀ ਰਹੇ। ਐਨ.ਪੀ.ਐਸ ਮੁਲਾਜ਼ਮ ਸਾਥੀਆਂ ਨੇ ਇਕੱਠੇ ਹੋ ਕੇ ਗੜ੍ਹਦੀਵਾਲਾ ਥਾਣੇ ਦੇ ਵਿੱਚ ਨਾਰੇਬਾਜ਼ੀ ਕੀਤੀ ਜਿਸ ਤੋਂ ਬਾਅਦ ਪ੍ਰਿੰਸ ਪਲਿਆਲ ਗੜ੍ਹਦੀਵਾਲਾ ਨੂੰ ਥਾਣੇ 'ਚੋ ਰਿਹਾਅ ਕਰਵਾਇਆ ਗਿਆ। ਉਹਨਾਂ ਕਿਹਾ ਕਿ ਸਰਕਾਰ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਦਿੱਤੇ ਹੋਏ ਅਖਬਾਰਾਂ ਵਿੱਚ ਬਿਆਨਾਂ ਤੋਂ ਇਨੀ ਡਰ ਗਈ ਕਿ 77ਵੇਂ ਗਣਤੰਤਰ ਦਿਵਸ ਵਿੱਚ ਸ਼ਾਮਿਲ ਹੋਣ ਜਾ ਰਹੇ ਮੁਲਾਜ਼ਮਾਂ ਦੀਆਂ ਅੰਦਰ ਜਾਣ ਤੋਂ ਪਹਿਲਾਂ ਕਾਲੀਆਂ ਚੁੰਨੀਆਂ ਅਤੇ ਕਾਲੀਆਂ ਜੈਕਟਾਂ ਵੀ ਉਤਰਵਾਈਆਂ ਗਈਆਂ ਜੋ ਕਿ ਇੱਕ ਨਿੰਦਣਯੋਗ ਗੱਲ ਹੈ। ਉਹਨਾਂ ਕਿਹਾ ਕਿ ਸਰਕਾਰ ਬੁਖਲਾ ਗਈ ਹੈ ਜਿਸ ਕਰਕੇ ਇਹੋ ਜਿਹੇ ਕੰਮ ਕਰਨ ਲੱਗ ਪਈ ਹੈ ਮੁਲਾਜ਼ਮਾਂ ਦੇ ਨਾਲ ਮੀਟਿੰਗ ਕਰਨ ਤੋਂ ਭੱਜ ਰਹੀ। ਉਹਨਾਂ ਕਿਹਾ ਕਿ ਸੰਘਰਸ਼ ਕਰਨ ਤੋਂ ਜੇਲਾਂ ਠਾਣੇ ਅਤੇ ਨਜ਼ਰਬੰਦੀ ਮੁਲਾਜ਼ਮਾਂ ਨੂੰ ਸੰਘਰਸ਼ ਕਰਨ ਤੋਂ ਨਹੀ ਰੋਕ ਸਕਦੀ ਜਦ ਵੀ ਮੁੱਖ ਮੰਤਰੀ ਪੰਜਾਬ ਹੁਸ਼ਿਆਰਪੁਰ ਜ਼ਿਲ੍ਹੇ ਦੇ ਵਿੱਚ ਆਉਣਗੇ ਉਹਨਾਂ ਦਾ ਕਾਲੀਆਂ ਝੰਡੀਆਂ ਦੇ ਨਾਲ ਵਿਰੋਧ ਕੀਤਾ ਜਾਵੇਗਾ। ਇਸ ਮੌਕੇ ਤੇ ਉਹਨਾਂ ਨੂੰ ਰਿਹਾ ਕਰਵਾਉਣ ਦੇ ਲਈ ਬਹੁਤ ਗਿਣਤੀ ਵਿੱਚ ਮੁਲਾਜ਼ਮ ਸਾਥੀ ਸ਼ਾਮਿਲ ਹੋਏ ਜਿਸ ਵਿੱਚ ਸੰਜੀਵ ਧੂਤ ਪ੍ਰਧਾਨ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਹੁਸ਼ਿਆਰਪੁਰ, ਰਜਤ ਮਹਾਜਨ ਪ੍ਰਧਾਨ ਬਲਾਕ ਮੁਕੇਰੀਆਂ, ਸਤੀਸ਼ ਕੁਮਾਰ, ਸ਼ਸ਼ੀਕਾਂਤ ਜਗਵਿੰਦਰ ਸਿੰਘ ਮਾਛੀਆਂ, ਦੀਪਕ ਕੌਂਡਲ, ਰਮਨਦੀਪ ਕੁਮਾਰ, ਬਰਿੰਦਰ ਵਿੱਕੀ,ਸੱਤ ਪ੍ਰਕਾਸ਼,ਗੁਰਮੁੱਖ ਸਿੰਘ ਬਲਾਲਾ, ਜਗਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਅਨਿਲ ਕੁਮਾਰ, ਭੁਪਿੰਦਰ ਸਿੰਘ, ਜਗਿੰਦਰ ਸਿੰਘ ਰਮਨ ਕੁਮਾਰ ਸ਼ਰਮਾ ,ਸਰਤਾਜ ਸਿੰਘ, ਸਚਿਨ ਕੁਮਾਰ, ਸਰਬਜੀਤ ਸਿੰਘ, ਸੰਜੀਵ ਕੁਮਾਰ, ਨਵਤੇਜ ਸਿੰਘ, ਲਖਬੀਰ ਸਿੰਘ ,ਅਨਿਲ ਕੁਮਾਰ, ਦੀਪਕ ਕੋਂਡਲ, ਮਹਿੰਦਰ ਸਿੰਘ, ਬਚਿੱਤਰ ਸਿੰਘ, ਸੁਖਵਿੰਦਰ ਸਿੰਘ, ਮਲਕੀਤ ਸਿੰਘ, ਚਰਨਜੀਤ ਸਿੰਘ, ਮਨੋਜ ਕੁਮਾਰ ਸ਼ਰਮਾ ਸ਼ਸ਼ੀਕਾਂਤ, ਹਰਜਿੰਦਰ ਸਿੰਘ ਟੋਨੀ, ਹਾਜ਼ਰ ਸਨ।

# ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕੋਟ ਈਸੇ ਖਾਂ ਵਿਸ਼ੇਸ਼ ਸਪਲੀਮੈਂਟ (ਭਾਗ-8)

## ਪੱਤਰਕਾਰ ਗੁਰਦੇਵ ਸਿੰਘ ਖੁਰਾਣਾ ਅਤੇ ਹਰਜੀਤ ਸਿੰਘ ਛਾਬੜਾ ਨੂੰ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਪਲੀਮੈਂਟ ਕੱਢਣ ਤੇ ਬਹੁਤ ਬਹੁਤ ਵਧਾਈਆਂ









































ਮੋਗਾ ਤੋਂ ਜ਼ਿਲ੍ਹਾ ਇੰਚਾਰਜ ਗੁਰਦੇਵ ਸਿੰਘ ਖੁਰਾਣਾ ਅਤੇ ਉਹਨਾਂ ਦੀ ਸਮੂਹ ਟੀਮ ਦਾ ਚੜਦੀਕਲਾ ਟਾਈਮ ਟੀ.ਵੀ. ਦੇ ਦਫ਼ਤਰ ਤੇ ਪਹੁੰਚਣ ਤੇ ਪਦਮ ਸ਼੍ਰੀ ਸ. ਜਗਜੀਤ ਸਿੰਘ ਦਰਦੀ ਜੀ ਸਨਮਾਨਿਤ ਕਰਦੇ ਹੋਏ ਅਤੇ ਨਾਲ ਹਨ ਜਨਰਲ ਮੈਨੇਜਰ ਪਰਮਜੀਤ ਸਿੰਘ, ਸਜਲ ਮਹਿਤਾ, ਅਜੈ ਸ਼ਰਮਾ

















# ਮਾਝਾ-ਦੁਆਬਾ
ਆਸ ਪਾਸ



## ਬੀਬੀ ਕੌਲਾਂ ਜੀ ਭਲਾਈ ਕੇਂਦਰ ਦਾ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਸਨਮਾਨ



ਅੰਮਿਤਸਰ, 27 ਜਨਵਰੀ (ਬਬਲੂ ਮਹਾਜਨ):ਦੇਸ਼ ਦੇ 77ਵੇਂ ਗਣਤੰਤਰ ਦਿਵਸ ਮੌਕੇ ਗੁਰੂ ਨਾਨਕ ਸਟੇਡੀਅਮ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਰਵਾਏ ਗਏ ਸਰਕਾਰੀ ਸਮਾਗਮ ਦੌਰਾਨ ਹੜਾਂ ਸਮੇਂ ਸ਼ਲਾਘਾਯੋਗ ਸੇਵਾਵਾਂ ਨਿਭਾਉਣ ਵਾਲੀ ਸਮਾਜ ਸੇਵੀ ਸੰਸਥਾ ਬੀਬੀ ਕੌਲਾਂ ਜੀ ਭਲਾਈ ਕੇਂਦਰ ਅੰਮ੍ਰਿਤਸਰ ਨੂੰ ਕੈਬਨਿਟ ਮੰਤਰੀ ਸ੍ਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਵਿਸ਼ੇਸ਼ ਤੌਰ ’ਤੇ ਪ੍ਰਸ਼ੰਸ਼ਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਸ ਸੰਸਥਾ ਭਾਈ ਗੁਰਇਕਬਾਲ ਸਿੰਘ ਜੀ ਯੋਗ ਅਗਵਾਈ ਹੇਠ ਦੇਸ਼ਾਂ ਵਿਦੇਸ਼ਾਂ ਵਿੱਚ ਮਾਨਵਤਾ ਦੀ ਭਲਾਈ ਲਈ ਕੰਮ ਕਰ ਰਹੀ ਹੈ। ਅੱਜ ਬੀਬੀ ਕੌਲਾਂ ਜੀ ਭਲਾਈ ਕੇਂਦਰ ਵਲੋਂ ਭਾਈ ਮਨਦੀਪ ਸਿੰਘ ਭੋਲੂ ਅਤੇ ਭਾਈ ਗੁਰਪ੍ਰੀਤ ਸਿੰਘ ਢੱਲ ਨੇ ਪ੍ਰਸ਼ੰਸਾ ਪੱਤਰ ਪ੍ਰਾਪਤ ਕੀਤਾ।ਇਹ ਇਸ ਮੌਕੇ ਕੈਬਨਟ ਮੰਤਰੀ ਨੇ ਸੰਸਥਾ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਦੇ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ।ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਹੜਾਂ ਵਰਗੀਆਂ ਕੁਦਰਤੀ ਆਫ਼ਤਾਂ ਦੌਰਾਨ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਪ੍ਰਭਾਵਿਤ ਲੋਕਾਂ ਲਈ ਖਾਣ-ਪੀਣ,ਦਵਾਈਆਂ,ਰਹਾਇਸ਼ ਅਤੇ ਹੋਰ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਨਿਰਲੋਭ ਸੇਵਾ ਕੀਤੀ ਗਈ,ਜੋ ਕਾਬਲੇ-ਤਾਰੀਫ਼ ਹੈ। ਉਨ੍ਹਾਂ ਕਿਹਾ ਕਿ ਸਿੱਖੀ ਦੇ ਪ੍ਰਚਾਰ ਦੇ ਨਾਲ ਨਾਲ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਇਹ ਉਪਰਾਲੇ ਸਮਾਜ ਲਈ ਪ੍ਰੇਰਨਾਸਰੂਪ ਹਨ।ਉਨ੍ਹਾਂ ਆਖਿਆ ਕਿ ਸਰਕਾਰ ਐਸੀ ਸਮਾਜ ਸੇਵੀ ਸੰਸਥਾਵਾਂ ਨੂੰ ਹਮੇਸ਼ਾ ਸਨਮਾਨ ਅਤੇ ਸਹਿਯੋਗ ਦੇਣ ਲਈ ਤਿਆਰ ਹੈ ਕਿਉਂਕਿ ਇਹ ਸੰਸਥਾਵਾਂ ਸੰਕਟ ਦੀ ਘੜੀ ਵਿੱਚ ਸਰਕਾਰ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਦੀਆਂ ਹਨ।ਇਸ ਮੌਕੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਦੇ ਪ੍ਰਤੀਨਿਧੀਆਂ ਨੇ ਕੈਬਨਿਟ ਮੰਤਰੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਗਰੀਬ, ਲੋੜਵੰਦ ਅਤੇ ਆਫ਼ਤ ਪ੍ਰਭਾਵਿਤ ਲੋਕਾਂ ਦੀ ਸੇਵਾ ਨਿਸ਼ਕਾਮ ਭਾਵ ਨਾਲ ਜਾਰੀ ਰੱਖਣਗੇ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਅਧਿਕਾਰੀ, ਸਮਾਜ ਸੇਵੀ ਅਤੇ ਸ਼ਹਿਰ ਵਾਸੀ ਮੌਜੂਦ ਰਹੇ।

## ਛੀਨਾ ਵੱਲੋਂ ਸਰਹੱਦੀ ਵਾੜ ਦੇ ਹੱਲ ਲਈ ਮੋਦੀ ਸਰਕਾਰ ਦੀ ਸ਼ਲਾਘਾ

### ਕਿਹਾ : ਮੋਦੀ ਅਤੇ ਅਮਿਤ ਸ਼ਾਹ ਵੱਲੋਂ ਵਾੜ ਦੇ ਮੁੱਦੇ ਨੂੰ ਹੱਲ ਕਰਨਾ ਕਿਸਾਨਾਂ ਹਿੱਤ



ਅੰਮ੍ਰਿਤਸਰ, 27 ਜਨਵਰੀ (ਬਬਲੂ ਮਹਾਜਨ) :ਭਾਰਤ-ਪਾਕਿ ਸਰਹੱਦ ’ਤੇ ਪੰਜਾਬ ਦੇ ਕਈ ਜ਼ਿਲ੍ਹਿਆਂ ’ਚ ਸਾਲ 1990 ਦੇ ਦਹਾਕੇ ਦੌਰਾਨ ਸਥਾਪਿਤ ਕੰਡਿਆਲੀ ਤਾਰ ਦੇ ਨਤੀਜੇ ਵਜੋਂ ਹਜ਼ਾਰਾਂ ਏਕੜ ਵਾਹੀਯੋਗ ਜ਼ਮੀਨ ਖੁਸਣ ਕਾਰਨ ਕਿਸਾਨਾਂ ਦੇ ਚਿਰਾਂ ਤੋਂ ਲਟਕ ਰਹੇ ਮਸਲੇ ਨੂੰ ਮੋਦੀ ਸਰਕਾਰ ਵੱਲੋਂ ਹੱਲ ਕਰਨ ਦੇ ਸ਼ਲਾਘਾਯੋਗ ਫੈਸਲੇ ਦਾ ਅੱਜ ਭਾਜਪਾ ਦੇ ਸੀਨੀਅਰ ਆਗੂ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਪੁਰਜ਼ੋਰ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੇ ਨੁਖੀਲੀ ਤਾਰ ਨੂੰ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਤਬਦੀਲ ਕਰਕੇ ਕਿਸਾਨ ਹਿੱਤ ਵੱਡਾ ਫੈਸਲਾ ਲਿਆ ਹੈ।ਸ: ਛੀਨਾ ਨੇ ਸ੍ਰੀ ਮੋਦੀ ਅਤੇ ਸ੍ਰੀ ਸ਼ਾਹ ਨੂੰ 6 ਦਸੰਬਰ 2025 ਨੂੰ ਲਿਖੇ ਆਪਣੇ ਪੱਤਰ ਸਬੰਧੀ ਜਾਣਕਾਰੀ ਪੱਤਰਕਾਰਾਂ ਨਾਲ ਸਾਂਝੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਇਸ ਕੰਡਿਆਲੀ ਤਾਰ ਨੂੰ ਅੰਤਰਰਾਸ਼ਟਰੀ ਸਰਹੱਦ ਦੇ ਨਜ਼ਦੀਕ ਮੁੜ ਸਥਾਪਿਤ ਕਰਕੇ ਹਜ਼ਾਰਾਂ ਏਕੜ ਵਾਹੀਯੋਗ ਜ਼ਮੀਨ ਕਿਸਾਨਾਂ ਨੂੰ ਬਚਾ ਕੇ ਦੇਣ ਲਈ ਉਚਿੱਤ ਫ਼ੈਸਲਾ ਲਿਆ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਾਰਨ ਸਰਹੱਦੀ ਸੁਰੱਖਿਆ ਨੂੰ ਮਜ਼ਬੂਤ ਕਰਨ ਸਬੰਧੀ ਉਕਤ ਫੈਸਲੇ ਲਈ ਠੋਸ ਕਦਮ ਚੁੱਕੇ ਹਨ।ਉਨ੍ਹਾਂ ਕਿਹਾ ਕਿ ਉਕਤ ਮੁੱਦਾ ਦਹਾਕਿਆਂ ਤੋਂ ਹਜ਼ਾਰਾਂ ਕਿਸਾਨਾਂ ਲਈ ਕੰਡਿਆਲੀ ਵਾੜ ਤੋਂ ਬਾਹਰ ਜਾ ਕੇ ਖੇਤੀ ਨੂੰ ਵਾਹਣ ਸਬੰਧੀ ਸਮੱਸਿਆ ਦਾ ਕਾਰਨ ਬਣਿਆ ਹੋਇਆ ਸੀ। ਉਨ੍ਹਾਂ ਕਿਹਾ ਕਿ ਸਾਲ 1990 ਨੂੰ ਸੁਰੱਖਿਆ ਚੁਣੌਤੀਆਂ ਕਾਰਨ ਭਾਰਤੀ ਖੇਤਰ ਦੇ ਅੰਦਰ ਬਣਾਈ ਗਈ ਵਾੜ ਸਦਕਾ ਖੇਤੀਯੋਗ ਜ਼ਮੀਨ ਦੇ ਵੱਡੇ ਹਿੱਸੇ ਕਿਸਾਨਾਂ ਦੀ ਪਹੁੰਚ ਤੋਂ ਬਾਹਰ ਸਨ। ਉਨ੍ਹਾਂ ਕਿਹਾ ਕਿ ਇਸ ਤਹਿਤ ਕਿਸਾਨਾਂ ਨੂੰ ਨਿਯਮਿਤ ਸਮਾਂ ਸੀਮਾ ਤਹਿਤ ਅਤੇ ਸਖ਼ਤ ਸੁਰੱਖਿਆ ਪ੍ਰੋਟੋਕੋਲ ਹੇਠ ਕੰਮ ਕਰਨ ਲਈ ਮਜ਼ਬੂਰ ਰਹਿ ਕੇ ਰੋਜ਼ੀ-ਰੋਟੀ ਕਮਾਉਣਾ ਬਹੁਤ ਔਖਾ ਲੱਗਦਾ ਸੀ।ਉਨ੍ਹਾਂ ਵਾੜ ਦੀ ਤਬਦੀਲੀ ਰਾਹੀਂ ਸਮੱਸਿਆ ਨੂੰ ਹੱਲ ਕਰਨ ਦੇ ਫ਼ੈਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਜਿੱਥੇ ਬੀ. ਐੱਸ. ਐੱਫ. ਕੰਟਰੋਲ ਵਧੇਗਾ, ਉੱਥੇ ਇਹ ਨਾ ਸਿਰਫ਼ ਖੇਤੀਬਾੜੀ ਜ਼ਮੀਨ ਦੀ ਉਤਪਾਦਕ ਵਰਤੋਂ ਨੂੰ ਬਹਾਲ ਕਰੇਗਾ, ਬਲਕਿ ਸਰਹੱਦ ਪਾਰ ਤਸਕਰੀ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਵੀ ਕਾਫ਼ੀ ਹੱਦ ਤੱਕ ਰੋਕੇਗਾ।ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਵਾੜ ਦੇ ਨਵੀਂ ਅੰਤਰਰਾਸ਼ਟਰੀ ਸਰਹੱਦ ਵਿਚਕਾਰਲੀ ਜ਼ਮੀਨ ਨੂੰ ਸਰਕਾਰ ਵੱਲੋਂ ਐਕਵਾਇਰ ਕਰਕੇ ਬੀ. ਐੱਸ. ਐੱਫ. ਦੇ ਸਿੱਧੇ ਨਿਯੰਤਰਣ ਹੇਠ ਰੱਖਿਆ ਜਾਵੇ। ਬੀ. ਐੱਸ. ਐੱਫ. ਜ਼ਮੀਨ ਦੀ ਵਰਤੋਂ ਦਾਲਾਂ ਦੀ ਕਾਸ਼ਤ ਲਈ ਕਰ ਸਕਦੀ ਹੈ ਅਤੇ ਜਿੱਥੇ ਟਿਊਬਵੈੱਲ ਉਪਲੱਬਧ ਹਨ, ਉੱਥੇ ਉਹ ਆਪਣੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਸਬਜ਼ੀਆਂ ਦੀ ਪੈਦਾਵਾਰ ਕਰ ਸਕਦੇ ਹਨ ਅਤੇ ਵਾਧੂ ਉਤਪਾਦ ਖੁੱਲ੍ਹੇ ਬਾਜ਼ਾਰ ’ਚ ਵੀ ਵੇਚੇ ਜਾ ਸਕਦੇ ਹਨ।ਸ: ਛੀਨਾ ਨੇ ਕਿਹਾ ਕਿ ਮੋਦੀ ਸਰਕਾਰ ਨੇ ਇਕ ਵਾਰ ਫ਼ਿਰ ਦਰਸਾਇਆ ਹੈ ਕਿ ਰਾਸ਼ਟਰੀ ਸੁਰੱਖਿਆ ਅਤੇ ਕਿਸਾਨ ਭਲਾਈ ਪੂਰਕ ਤਰਜੀਹਾਂ ਹਨ। ਉਨ੍ਹਾਂ ਕਿਹਾ ਕਿ ਉਕਤ ਫ਼ੈਸਲੇ ਸਬੰਧੀ ਜਨਤਕ ਚਿੰਤਾਵਾਂ ਨੂੰ ਸੁਣਨ, ਵਿਹਾਰਕ ਅਤੇ ਲੰਬੇ ਸਮੇਂ ਤੋਂ ਲਟਕ ਰਹੀ ਮੰਗ ਨੂੰ ਹੱਲ ਲਈ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਉਮੀਦ ਜਾਹਿਰ ਕਰਦਿਆਂ ਕਿਹਾ ਕਿ ਇਹ ਕਦਮ ਪੰਜਾਬ ਦੇ ਸਰਹੱਦੀ ਖੇਤਰਾਂ ’ਚ ਸੁਰੱਖਿਆ ਅਤੇ ਖੁਸ਼ਹਾਲੀ ਦੇ ਇਕ ਨਵੇਂ ਯੁੱਗ ਦੀ ਸ਼ੁਰੂਆਤ ਕਰੇਗਾ।

## ਡੀ.ਸੀ. ਅਤੇ ਐੱਸ.ਐੱਸ.ਪੀ. ਨੇ ਬੀ.ਐੱਸ.ਐੱਫ ਅਤੇ ਪੁਲਿਸ ਦੇ ਜਵਾਨਾਂ ਨੂੰ ਵਧਾਈ ਦਿੱਤੀ

### ਪੂਰੇ ਦੇਸ਼ ਨੂੰ ਆਪਣੇ ਬਹਾਦਰ ਜਵਾਨਾਂ ਉੱਪਰ ਮਾਣ : ਡਿਪਟੀ ਕਮਿਸ਼ਨਰ

ਖਾਲੜਾ/ਤਰਨ ਤਾਰਨ, 27 ਜਨਵਰੀ (ਗੁਰਦਿਆਲ ਸਿੰਘ ) : ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ, ਆਈ.ਏ.ਐੱਸ. ਅਤੇ ਐੱਸ.ਐੱਸ.ਪੀ. ਤਰਨ ਤਾਰਨ ਸ੍ਰੀ ਸੁਰੇਂਦਰ ਲਾਂਬਾ ਵੱਲੋਂ ਗਣਤੰਤਰ ਦਿਵਸ ਦੇ ਸ਼ੁਭ ਦਿਹਾੜੇ ਮੌਕੇ ਬੀ.ਓ.ਪੀ. ਖਾਲੜਾ ਅਤੇ ਪੁਲਿਸ ਸਟੇਸ਼ਨ ਖਾਲੜਾ ਦਾ ਦੌਰਾ ਕਰਕੇ ਬੀ.ਐੱਸ.ਐੱਫ. ਅਤੇ ਪੰਜਾਬ ਪੁਲਿਸ ਦੇ ਜਵਾਨਾਂ ਨੂੰ ਗਣਤੰਤਰ ਦਿਵਸ ਦੀ ਵਧਾਈ ਦੇਣ ਦੇ ਨਾਲ ਆਪਣੀ ਡਿਊਟੀ ਨੂੰ ਤਨਦੇਹੀ ਨਾਲ ਨਿਭਾਉਣ ਲਈ ਸ਼ਾਬਾਸ਼ੀ ਦਿੱਤੀ ਹੈ। ਬੀ.ਓ.ਪੀ. ਖਾਲੜਾ ਵਿਖੇ ਬੀ.ਐੱਸ.ਐੱਫ. ਦੇ ਅਧਿਕਾਰੀਆਂ ਅਤੇ ਜਵਾਨਾਂ ਨੂੰ ਗਣਤੰਤਰ ਦਿਵਸ ਦੀ ਮੁਬਾਰਕਬਾਦ ਅਤੇ ਸ਼ਾਬਾਸ਼ੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਕਿਹਾ ਕਿ ਪੂਰੇ ਦੇਸ਼ ਵਾਸੀਆਂ ਨੂੰ ਆਪਣੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਵਾਲੇ ਬੀ.ਐੱਸ.ਐੱਫ਼ ਜਵਾਨਾਂ ਉੱਪਰ ਮਾਣ ਹੈ। ਉਨ੍ਹਾਂ ਕਿਹਾ ਕਿ ਬੀ.ਐੱਸ.ਐੱਫ਼ ਦੇ ਜਵਾਨ ਹਰ ਚੁਣੌਤੀ ਦਾ ਸਾਹਮਣਾ ਕਰਕੇ ਸਰਹੱਦਾਂ ਦੀ ਪਹਿਰੇਦਾਰੀ ਕਰਦੇ ਹਨ ਅਤੇ ਇਨ੍ਹਾਂ ਜਵਾਨਾਂ ਦੀ ਬਹਾਦਰੀ ਕਾਰਨ ਹੀ ਅਸੀਂ ਦੇਸ਼ ਵਾਸੀ ਚੈਨ ਦੀ ਨੀਂਦ ਸੌਂਦੇ ਹਾਂ।ਇਸ ਉਪਰੰਤ ਡਿਪਟੀ ਕਮਿਸ਼ਨਰ ਅਤੇ ਐੱਸ.ਐੱਸ.ਪੀ. ਤਰਨ ਤਾਰਨ ਵੱਲੋਂ ਪੁਲਿਸ ਸਟੇਸ਼ਨ ਖਾਲੜਾ ਦਾ ਦੌਰਾ ਕਰਕੇ ਐੱਸ.ਐੱਚ.ਓ. ਸਮੇਤ ਥਾਣੇ ਦੇ ਸਮੂਹ ਕਰਮਚਾਰੀਆਂ ਨੂੰ ਗਣਤੰਤਰ ਦਿਵਸ ਦੀ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਦੇਸ਼ ਦੀ ਸਰਹੱਦ ਦੇ ਨਾਲ ਸੈਕੰਡ ਡਿਫੈਂਸ ਲਾਈਨ ਵੱਲੋਂ ਆਪਣੇ ਰੋਲ ਨੂੰ ਬਹੁਤ ਵੀ ਵਧੀਆ ਢੰਗ ਨਾਲ ਨਿਭਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਤੇ ਦੇਸ਼ ਵਾਸੀਆਂ ਨੂੰ ਆਪਣੇ ਇਨ੍ਹਾਂ ਬਹਾਦਰ ਜਵਾਨਾਂ ਉੱਪਰ ਹਮੇਸ਼ਾਂ ਮਾਣ ਰਹੇਗਾ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਦੇਸ਼ ਦੀ ਸਰਹੱਦ ਦੇ ਨਾਲ ਸੈਕੰਡ ਡਿਫੈਂਸ ਲਾਈਨ ਵੱਲੋਂ ਆਪਣੇ ਰੋਲ ਨੂੰ ਬਹੁਤ ਵੀ ਵਧੀਆ ਢੰਗ ਨਾਲ ਨਿਭਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਤੇ ਦੇਸ਼ ਵਾਸੀਆਂ ਨੂੰ ਆਪਣੇ ਇਨ੍ਹਾਂ ਬਹਾਦਰ ਜਵਾਨਾਂ ਉੱਪਰ ਹਮੇਸ਼ਾਂ ਮਾਣ ਰਹੇਗਾ।

## ਗਣਤੰਤਰ ਦਿਵਸ ’ਤੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਵੱਲੋਂ ਸਵੱਛਤਾ ਦਾ ਸੁਨੇਹਾ

### ਸਵੱਛਤਾ ਪਖਵਾੜੇ ਤਹਿਤ ਅੰਮ੍ਰਿਤਸਰ ਚ ਵਿੱਢੀ ਗਈ ਸਵੱਛਤਾ ਮੁਹਿੰਮ



* ਅੰਮ੍ਰਿਤਸਰ, 27ਜਨਵਰੀ : (ਗੁਰਦਿਆਲ ਸਿੰਘ):ਗਣਤੰਤਰ ਦਿਵਸ ਮੌਕੇ ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਅਧੀਨ ਕੇਂਦਰੀ ਸੰਚਾਰ ਬਿਊਰੋ ਅੰਮ੍ਰਿਤਸਰ ਵੱਲੋਂ ਸ਼ਹਿਰ ਵਿੱਚ ਇੱਕ ਵਿਸ਼ਾਲ ਸਵੱਛਤਾ ਮੁਹਿੰਮ ਚਲਾਈ ਗਈ। ਇਹ ਮੁਹਿੰਮ ਸਵੱਛਤਾ ਪਖਵਾੜੇ ਦੇ ਤਹਿਤ ਆਯੋਜਿਤ ਕੀਤੀ ਗਈ, ਜਿਸ ਦਾ ਟੀਚਾ ਲੋਕਾਂ ਵਿੱਚ ਸਫਾਈ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਸਾਫ਼-ਸੁਥਰੇ ਭਾਰਤ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨਾ ਸੀ।ਇਸ ਸਵੱਛਤਾ ਮੁਹਿੰਮ ਵਿੱਚ ਵੱਡੀ ਗਿਣਤੀ ਵਿੱਚ ਸਫਾਈ ਮੁਲਾਜ਼ਮਾਂ, ਕੇਂਦਰੀ ਸੰਚਾਰ ਬਿਊਰੋ ਦੇ ਅਧਿਕਾਰੀਆਂ, ਮੁਲਾਜ਼ਮਾਂ ਤੇ ਸਥਾਨਕ ਵਾਸੀਆਂ ਵੱਲੋਂ ਸ਼ਿਰਕਤ ਕੀਤੀ ਗਈ। ਮੁਹਿੰਮ ਦੌਰਾਨ ਅੰਮ੍ਰਿਤਸਰ ਦੇ ਬਸੰਤ ਅਵੈਨਿਊ, ਗ੍ਰੀਨ ਅਵੈਨਿਊ, ਵ੍ਹਾਈਟ ਅਵੈਨਿਊ, ਨਿਰੰਕਾਰੀ ਕਲੋਨੀ ਸਮੇਤ ਵੱਖ-ਵੱਖ ਇਲਾਕਿਆਂ ਵਿੱਚ ਸੜਕਾਂ, ਜਨਤਕ ਸਥਾਨਾਂ ਤੇ ਆਲੇ-ਦੁਆਲੇ ਦੇ ਇਲਾਕਿਆਂ ਦੀ ਸਫਾਈ ਕੀਤੀ ਗਈ।ਇਸ ਮੌਕੇ ਕੇਂਦਰੀ ਸੰਚਾਰ ਬਿਊਰੋ ਅੰਮ੍ਰਿਤਸਰ ਦੇ ਮੁਖੀ ਗੁਰਮੀਤ ਸਿੰਘ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸ਼ੁਰੂ ਕੀਤੀ ਗਈ ਸਵੱਛ ਭਾਰਤ ਮੁਹਿੰਮ ਨੇ ਦੇਸ਼ ਭਰ ਵਿੱਚ ਸਫਾਈ ਨੂੰ ਇੱਕ ਅੰਦੋਲਨ ਵਿੱਚ ਤਬਦੀਲ ਕਰ ਦਿੱਤਾ ਹੈ। ਉਨ੍ਹਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਸਿਰਫ਼ ਸਰਕਾਰ ਹੀ ਨਹੀਂ, ਸਗੋਂ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖੇ ਅਤੇ ਸਵੱਛਤਾ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਏ।ਸਵੱਛਤਾ ਮੁਹਿੰਮ ਦੌਰਾਨ ਲੋਕਾਂ ਨੂੰ ਕੂੜਾ ਕੂੜੇਦਾਨ ਵਿੱਚ ਪਾਉਣ, ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਸਫਾਈ ਸਬੰਧੀ ਆਦਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਸਥਾਨਕ ਵਾਸੀਆਂ ਨੇ ਵੀ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਮੁਹਿੰਮਾਂ ਨਾਲ ਸਮਾਜ ਵਿੱਚ ਹਾਂ ਪੱਖੀ ਸੋਚ ਪੈਦਾ ਹੁੰਦੀ ਹੈ।ਗਣਤੰਤਰ ਦਿਵਸ ਮੌਕੇ ਆਯੋਜਿਤ ਇਸ ਸਵੱਛਤਾ ਮੁਹਿੰਮ ਰਾਹੀਂ ਇਹ ਸੁਨੇਹਾ ਦਿੱਤਾ ਗਿਆ ਕਿ ਸਵੱਛਤਾ ਹੀ ਸਿਹਤਮੰਦ, ਸੁੰਦਰ ਅਤੇ ਵਿਕਸਿਤ ਭਾਰਤ ਦੀ ਨੀਂਹ ਹੈ ਅਤੇ ਇਸ ਵਿੱਚ ਹਰ ਨਾਗਰਿਕ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ।

## ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ 77ਵਾਂ ਗਣਤੰਤਰ ਦਿਵਸ ਧੂਮ-ਧਾਮ ਨਾਲ ਮਨਾਇਆ



ਅੰਮ੍ਰਿਤਸਰ, 27 ਜਨਵਰੀ (ਗੁਰਦਿਆਲ ਸਿੰਘ ) : ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਅੱਜ 77ਵਾਂ ਗਣਤੰਤਰ ਦਿਵਸ ਬਹੁਤ ਹੀ ਉਤਸ਼ਾਹ ਅਤੇ ਧੂਮ-ਧਾਮ ਨਾਲ ਮਨਾਇਆ ਗਿਆ। ਵਾਈਸ ਚਾਂਸਲਰ ਪ੍ਰੋਫੈਸਰ ਡਾ. ਕਰਮਜੀਤ ਸਿੰਘ ਨੇ ਰਾਸ਼ਟਰੀ ਤਿਰੰਗਾ ਝੰਡਾ ਫਹਿਰਾਇਆ ਅਤੇ ਪਰੇਡ ਨੂੰ ਸਲਾਮੀ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਡੀਨ ਅਕਾਦਮਿਕ ਮਾਮਲੇ ਪ੍ਰੋਫੈਸਰ ਐਚ.ਐੱਸ. ਸੈਣੀ, ਰਜਿਸਟਰਾਰ ਪ੍ਰੋਫੈਸਰ ਡਾ. ਕੇ ਐਸ ਚਾਹਲ , ਸੁਰੱਖਿਆ ਅਫਸਰ ਸ. ਹਰਵਿੰਦਰ ਸਿੰਘ ਸਮੇਤ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀ, ਅਧਿਆਪਕ, ਕਰਮਚਾਰੀ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਯੂਨੀਵਰਸਿਟੀ ਦੇ ਸੁਰੱਖਿਆ ਕਰਮਚਾਰੀਆਂ ਨੇ ਵਿਸ਼ੇਸ਼ ਪਰੇਡ ਵਿੱਚ ਸ਼ਿਰਕਤ ਕਰਕੇ ਤਿਰੰਗੇ ਝੰਡੇ ਪ੍ਰਤੀ ਆਪਣਾ ਸਨਮਾਨ ਪ੍ਰਗਟ ਕੀਤਾ। ਪਰੇਡ ਦੌਰਾਨ ਰਾਸ਼ਟਰੀ ਗੀਤ ਗਾਇਆ ਗਿਆ ।ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗਣਤੰਤਰ ਦਿਵਸ ਸਾਡੇ ਲਈ ਗਰਵ ਅਤੇ ਜ਼ਿੰਮੇਵਾਰੀ ਦਾ ਪ੍ਰਤੀਕ ਹੈ। ਇਸ ਮੌਕੇ ਉਨ੍ਹਾਂ ਨੇ ਯੂਨੀਵਰਸਿਟੀ ਪਰਿਵਾਰ ਨੂੰ ਰਾਸ਼ਟਰ ਨਿਰਮਾਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਵੀ ਕੀਤੀ। ਪਰੇਡ ਅਤੇ ਸਮਾਰੋਹ ਵਿੱਚ ਸ਼ਾਮਲ ਸਾਰੇ ਵਿਦਿਆਰਥੀਆਂ, ਅਧਿਆਪਕਾਂ ਅਤੇ ਕਰਮਚਾਰੀਆਂ ਨੇ ਰਾਸ਼ਟਰੀ ਏਕਤਾ ਅਤੇ ਅਖੰਡਤਾ ਪ੍ਰਤੀ ਵਚਨਬੱਧਤਾ ਜ਼ਾਹਰ ਕੀਤੀ।ਇਸ ਸਮਾਰੋਹ ਨੇ ਯੂਨੀਵਰਸਿਟੀ ਕੈਂਪਸ ਵਿੱਚ ਰਾਸ਼ਟਰਭਗਤੀ ਦਾ ਜੋਸ਼ ਭਰ ਦਿੱਤਾ ਅਤੇ ਸਾਰਿਆਂ ਨੂੰ ਇੱਕਜੁਟ ਹੋ ਕੇ ਦੇਸ਼ ਦੀ ਸੇਵਾ ਕਰਨ ਦਾ ਸੰਦੇਸ਼ ਦਿੱਤੀ।

## ਸ੍ਰੀ ਗਾਂਧੀ ਆਸ਼ਰਮ ਵਿਖੇ ਗਣਤੰਤਰ ਦਿਵਸ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ



ਅੰਮ੍ਰਿਤਸਰ, 27 ਜਨਵਰੀ(ਬਬਲੂ ਮਹਾਜਨ): ਸ੍ਰੀ ਗਾਂਧੀ ਆਸ਼ਰਮ, ਕਵੀਜਨ ਰੋਡ ਵਿਖੇ 77ਵੇਂ ਗਣਤੰਤਰ ਦਿਵਸ ਦੇ ਪਾਵਨ ਅਵਸਰ ’ਤੇ ਇਕ ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਆਸ਼ਰਮ ਦੇ ਟ੍ਰਸਟੀ ਡਾਕਟਰ ਇੰਦਰ ਪਾਲ ਵੱਲੋਂ ਰਾਸ਼ਟਰੀ ਝੰਡਾ ਲਹਿਰਾਇਆ ਗਿਆ। ਝੰਡਾ ਲਹਿਰਾਉਣ ਦੀ ਰਸਮ ਉਪਰਾਂਤ ਰਾਸ਼ਟਰੀ ਗੀਤ ਗਾਇਆ ਗਿਆ, ਜਿਸ ਨਾਲ ਸਮੂਹ ਵਾਤਾਵਰਨ ਦੇਸ਼ਭਗਤੀ ਦੇ ਰੰਗ ਵਿੱਚ ਰੰਗਿਆ ਗਿਆ।ਡਾਕਟਰ ਇੰਦਰ ਪਾਲ ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਗਣਤੰਤਰ ਦਿਵਸ ਸਾਨੂੰ ਸੰਵਿਧਾਨ ਵਿੱਚ ਦਰਜ ਹੱਕਾਂ ਅਤੇ ਕਰਤੱਬਾਂ ਦੀ ਯਾਦ ਦਿਵਾਉਂਦਾ ਹੈ। ਉਨ੍ਹਾਂ ਨੇ ਕਿਹਾ ਕਿ ਦੇਸ਼ ਦੀ ਤਰੱਕੀ ਲਈ ਹਰ ਨਾਗਰਿਕ ਨੂੰ ਇਮਾਨਦਾਰੀ, ਸੇਵਾ ਭਾਵਨਾ ਅਤੇ ਭਾਈਚਾਰੇ ਦੀ ਮਜ਼ਬੂਤੀ ਨਾਲ ਆਪਣਾ ਫਰਜ਼ ਨਿਭਾਉਣਾ ਚਾਹੀਦਾ ਹੈ। ਉਨ੍ਹਾਂ ਨੇ ਆਸ਼ਰਮ ਦੇ ਟ੍ਰਸਟੀਆਂ, ਮੈਂਬਰਾਂ ਅਤੇ ਸੇਵਾਦਾਰਾਂ ਦੀ ਸਰਾਹਣਾ ਕਰਦਿਆਂ ਸਮਾਜ ਸੇਵਾ ਦੇ ਕੰਮਾਂ ਨੂੰ ਹੋਰ ਤੀਬਰ ਕਰਨ ਦੀ ਅਪੀਲ ਕੀਤੀ।ਇਸ ਸਮਾਗਮ ਦੌਰਾਨ ਡਾਕਟਰ ਇੰਦਰ ਪਾਲ ਅਤੇ ਆਸ਼ਰਮ ਪ੍ਰਬੰਧਕਾਂ ਵੱਲੋਂ ਸਮੂਹ ਦੇਸ਼ਵਾਸੀਆਂ ਨੂੰ ਗਣਤੰਤਰ ਦਿਵਸ ਦੀਆਂ ਦਿਲੋਂ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਬਲਵਿੰਦਰ ਸਿੰਘ, ਸਾਧੂ ਯਾਦਵ, ਸਤਪਾਲ ਸਿੰਘ, ਬੀਬਤ ਰਾਮ ਸਮੇਤ ਆਸ਼ਰਮ ਦੇ ਵਰਕਰ ਅਤੇ ਸੇਵਾਦਾਰ ਹਾਜ਼ਰ ਸਨ।

## ਸਾਂਝੇ ਤੌਰ ’ਤੇ ਮਨਾਇਆ ਗਿਆ ਗਣਤੰਤਰ ਦਿਵਸ

ਅੰਮ੍ਰਿਤਸਰ, 27 ਜਨਵਰੀ (ਗੁਰਦਿਆਲ ਸਿੰਘ) :ਅੱਜ 77ਵਾਂ ਗਣਤੰਤਰ ਦਿਵਸ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਅਤੇ ਪਿੰਗਲਵਾੜਾ ਸੁਸਾਇਟੀ ਆਫ ਓਨਟਾਰੀਓ (ਕੈਨੇਡਾ) ਦੇ ਸਾਂਝੇ ਸਹਿਯੋਗ ਨਾਲ ਚੱਲ ਰਹੇ ਭਗਤ ਪੂਰਨ ਸਿੰਘ ਆਦਰਸ਼ ਸੀ: ਸੈ: ਸਕੂਲ, ਭਗਤ ਪੂਰਨ ਸਿੰਘ ਸਕੂਲ ਫ਼ਾਰ ਦਿ ਡੈੱਫ, ਭਗਤ ਪੂਰਨ ਸਿੰਘ ਸਪੈਸ਼ਲ ਸਕੂਲ ਅਤੇ ਭਗਤ ਪੂਰਨ ਸਿੰਘ ਇੰਸਟੀਚਿਊਟ ਫਾਰ ਸਪੈਸ਼ਲ ਨੀਡਜ਼ ਮਾਨਾਂਵਾਲਾ ਦੇ ਵਿਦਿਆਰਥੀਆਂ ਵੱਲੋਂ ਮਾਨਾਂਵਾਲਾ ਬ੍ਰਾਂਚ ਵਿਖੇ ਰਲ ਮਿਲ ਕੇ ਮਨਾਇਆ ਗਿਆ।ਇਸ ਮੌਕੇ ਡਾ. ਕਰਨਜੀਤ ਸਿੰਘ ਡਾਇਰੈਕਟਰ ਹੈਲਥ ਸਰਵਿਸ (ਰਿਟਾ.) ਪੰਜਾਬ ਨੇ ਮੁੱਖ ਮਹਿਮਾਨ ਵਜੋਂ ਪੁੱਜ ਕੇ ਅਸਮਾਨ ਵਿੱਚ ਰੰਗ ਬਿਰੰਗੇ ਗੁਬਾਰੇ ਛੱਡਣ ਉਪਰੰਤ ਝੰਡਾ ਲਹਿਰਾ ਕੇ ਉਸ ਤੋਂ ਬਾਅਦ ਮਾਰਚ ਪਾਸਟ ਕਰ ਰਹੇ ਵਿਦਿਆਰਥੀਆਂ ਤੋਂ ਸਲਾਮੀ ਲਈ।ਇਸ ਮੌਕੇ ਡਾ. ਇੰਦਰਜੀਤ ਕੌਰ (ਰੇਨੂ) ਅੱਖਾਂ ਦੇ ਮਾਹਿਰ ਬਤੌਰ ਗੈਸਟ ਆਫ਼ ਆਨਰ ਪ੍ਰੋਗਰਾਮ ਵਿੱਚ ਪੁੱਜੇ। ਇਸ ਉਪਰੰਤ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਭਾਵਾਂ ਨਾਲ ਭਰਿਆ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਆਏ ਹੋਏ ਮਹਿਮਾਨਾਂ ਅਤੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਮੌਕੇ ਮੁੱਖ ਮਹਿਮਾਨ ਡਾ. ਕਰਨਜੀਤ ਸਿਮਗ ਨੇ ਗਣਤੰਤਰ ਦਿਵਸ ’ਤੇ ਸੰਬੋਧਨ ਕਰਦੇ ਹੋਏ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਦੇਸ਼ ਦੇ ਜਿੰਮੇਵਾਰ ਨਾਗਰਿਕ ਬਣਨ। ਡਾ. ਇੰਦਰਜੀਤ ਕੌਰ, ਗੈਸਟ ਆਫ ਆਨਰ ਵੱਲੋਂ ਵੀ ਸੰਬੋਧਨ ਕਰਕੇ ਪਿੰਗਲਵਾੜਾ ਪਰਿਵਾਰ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ ਗਈ।ਇਸ ਮੌਕੇ ਡਾ. ਇੰਦਰਜੀਤ ਕੌਰ, ਪ੍ਰਧਾਨ ਪਿੰਗਲਵਾੜਾ ਸੰਸਥਾ ਨੇ ਦੁਨੀਆਂ ਤੇ ਆ ਰਹੀਆਂ ਕੁਰੋਪੀਆਂ ’ਤੇ ਡੂੰਘੀ ਚਿੰਤਾ ਪ੍ਰਗਟਾਈ ਅਤੇ ਪ੍ਰਲੀਤ ਹੋ ਰਹੇ ਵਾਤਾਵਰਣ ਨੂੰ ਬਚਾਉਣ ਲਈ ਸਰਕਾਰ ਨੂੰ ਝਿੰਜੋੜਿਆ ਗਿਆ।ਅਖੀਰ ਸੁਸਾਇਟੀ ਦੇ ਮੈਂਬਰ ਰਾਜਬੀਰ ਸਿੰਘ ਵਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਉਹਨਾਂ ਵਲੋਂ ਪਿੰਗਲਵਾੜਾ ਸੰਸਥਾ ਦੀਆਂ ਗਤੀਵਿਧੀਆਂ ਤੋਂ ਦਰਸ਼ਕਾਂ ਨੂੰ ਜਾਣੂੰ ਕਰਾਇਆ। ਇਸ ਮੌਕੇ ਵੱਖ-ਵੱਖ ਖੇਡਾਂ ਅਤੇ ਹੋਰ ਅਕਾਦਮਿਕ ਗਤੀਵਿਧੀਆਂ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੱਚਿਆਂ ਵੱਲੋਂ ਯੋਗਾ ਕਰਤੱਬ ਵੀ ਕਰਕੇ ਦਿਖਾਏ ਗਏ।ਇਸ ਮੌਕੇ ਸ੍ਰ. ਮੁਖਤਾਰ ਸਿੰਘ ਗੁਰਾਇਆ (ਆਨਰੇਰੀ ਸਕੱਤਰ), ਡਾ. ਜਗਦੀਪਕ ਸਿੰਘ, ਮਾਸਟਰ ਰਾਜਬੀਰ ਸਿੰਘ, ਡਾ. ਨਿਰਮਲ ਸਿੰਘ, ਯੋਗੇਸ਼ ਸੂਰੀ, ਗੁਰਨਾਇਬ ਸਿੰਘ, ਸ੍ਰ. ਰਜਿੰਦਰਪਾਲ ਸਿੰਘ, ਤਿਲਕ ਰਾਜ, ਸ੍ਰ. ਕੁਲਦੀਪ ਸਿੰਘ ਸੰਧੂ, ਸ੍ਰ. ਤਜਿੰਦਰ ਸਿੰਘ ਰਾਜਾ, ਸ੍ਰ. ਰਜਿੰਦਰ ਸਿੰਘ, ਗੁਲਸ਼ਨ ਰੰਜਨ, ਸ੍ਰ. ਕੁਲਦੀਪ ਸਿੰਘ, ਡਾ. ਪ੍ਰਭਜੀਤ ਕੌਰ, ਪ੍ਰਿੰ. ਨਰੇਸ਼ ਕਾਲੀਆ, ਪ੍ਰਿੰ. ਦਲਜੀਤ ਕੌਰ, ਕੁਆਡੀਨੇਟਰ ਪ੍ਰਵੀਨ ਕੁਮਾਰ, ਪ੍ਰਿੰ. ਅਨੀਤਾ ਬੱਤਰਾ, ਸ੍ਰ. ਬਖਸ਼ੀਸ਼ ਸਿੰਘ, ਸ੍ਰ. ਕੁਲਦੀਪ ਸਿੰਘ, ਮੈਡਮ ਮਨਪ੍ਰੀਤ ਕੌਰ, ਮੈਡਮ ਹਰਮਿੰਦਰ ਕੌਰ, ਮੈਡਮ ਰੇਨੂੰ ਸੂਰੀ, ਵੱਖ -ਵੱਖ ਵਾਰਡਾਂ ਅਤੇ ਵਿਭਾਗਾਂ ਦੇ ਇੰਚਾਰਜ ਸਹਿਬਾਨ ਅਤੇ ਵਿਦਿਆਰਥੀ ਹਾਜ਼ਰ ਸਨ।ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਨਡਾਲਾ ਦੇ ਮੈਨਜ਼ਿੰਗ ਡਾਇਰੈਕਟਰ, ਸਟਾਫ ਮੈਂਬਰ ਅਤੇ ਭਾਰੀ ਗਿਣਤੀ ਵਿੱਚ ਵਿੱਦਿਆਰਥੀ ਵੀ ਇਸ ਮੌਕੇ ਸ਼ਾਮਿਲ ਹੋਏ। ਇਸ ਮੌਕੇ ਬੱਚਿਆਂ ਨੂੰ ਲੱਡੂ ਅਤੇ ਫਰੂਟ ਵੀ ਵੰਡਿਆ ਗਇਆ।ਇਸ ਮੌਕੇ ਆਏ ਹੋਏ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ।

## ਸਰਹੱਦ ਪਾਰੋਂ ਨਾਰਕੋ-ਆਰਮਜ਼ ਤਸਕਰੀ ਮਾਡਿਊਲ ਨਾਲ ਜੁੜੇ ਚਾਰ ਮੁਲਜ਼ਮ ਕਾਬੂ

### 1.5 ਕਿੱਲੋ ਹੈਰੋਇਨ, 1.98 ਲੱਖ ਰੁਪਏ ਦੀ ਡਰੱਗ ਮਨੀ, ਦੋ ਪਿਸਤੌਲਾਂ ਬਰਾਮਦ



ਅੰਮ੍ਰਿਤਸਰ, 27 ਜਨਵਰੀ (ਬਬਲੂ ਮਹਾਜਨ) :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ (ਸੀਪੀ) ਨੇ ਸਰਹੱਦ ਪਾਰੋਂ ਨਾਰਕੋ-ਆਰਮਜ਼ ਤਸਕਰੀ ਮਾਡਿਊਲ ਦੇ ਚਾਰ ਕਾਰਕੁੰਨਾਂ ਨੂੰ 1.5 ਕਿੱਲੋ ਹੈਰੋਇਨ ਅਤੇ 1.98 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਜਸਕਿੰਦਰ ਸਿੰਘ ਉਰਫ਼ ਸਿਕੰਦਰ, ਹਰਪਾਲ ਸਿੰਘ, ਗੁਰਮੁਖ ਸਿੰਘ ਅਤੇ ਸੁਖਦੀਪ ਸਿੰਘ ਵਜੋਂ ਹੋਈ ਹੈ। ਇਹ ਸਾਰੇ ਦੋਸ਼ੀ ਪਿੰਡ ਰਣੀਆਂ, ਅੰਮ੍ਰਿਤਸਰ ਦੇ ਰਹਿਣ ਵਾਲੇ ਹਨ। ਹੈਰੋਇਨ ਅਤੇ ਡਰੱਗ ਮਨੀ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਆਧੁਨਿਕ ਪਿਸਤੌਲਾਂ ਜਿਨ੍ਹਾਂ ਵਿੱਚ ਇੱਕ 9 ਐਮਐਮ ਪਿਸਤੌਲ ਅਤੇ ਇੱਕ .30 ਬੋਰ ਪਿਸਤੌਲ ਸ਼ਾਮਲ ਹੈ, ਸਮੇਤ ਪਾਕਿਸਤਾਨ ਆਰਡੀਨੈਂਸ ਫੈਕਟਰੀ (ਪੀਓਐਫ) ਵਿੱਚ ਬਣੇ 34 ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ, ਆਪਣੇ ਵਿਦੇਸ਼ੀ ਹੈਂਡਲਰਾਂ ਦੀ ਮਿਲੀਭੁਗਤ ਨਾਲ, ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪਾਕਿਸਤਾਨ ਸਥਿਤ ਤਸਕਰਾਂ ਦੇ ਸੰਪਰਕ ਵਿੱਚ ਸਨ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ ਤੇ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀਆਂ ਜਾ ਰਹੀਆਂ ਗੈਰ-ਕਾਨੂੰਨੀ ਹਥਿਆਰਾਂ ਅਤੇ ਹੈਰੋਇਨ ਦੀਆਂ ਖੇਪਾਂ ਨੂੰ ਪ੍ਰਾਪਤ ਕਰਕੇ ਪੰਜਾਬ ਦੀਆਂ ਵੱਖ-ਵੱਖ ਥਾਵਾਂ ਤੇ ਸਪਲਾਈ ਕਰ ਰਹੇ ਸਨ।ਡੀਜੀਪੀ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ ਕਮਿਸ਼ਨਰ ਆਫ ਪੁਲਿਸ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖਾਸ ਅਤੇ ਭਰੋਸੇਯੋਗ ਸੂਚਨਾ ’ਤੇ ਕਾਰਵਾਈ ਕਰਦਿਆਂ, ਸੀਪੀ ਅੰਮ੍ਰਿਤਸਰ ਦੀਆਂ ਟੀਮਾਂ ਨੇ ਯੋਜਨਾਬੱਧ ਕਾਰਵਾਈ ਸ਼ੁਰੂ ਕੀਤੀ ਅਤੇ ਸਰਹੱਦ ਪਾਰੋਂ ਤਸਕਰੀ ਵਿੱਚ ਸ਼ਾਮਲ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਡਰੱਗ ਮਨੀ ਅਤੇ 34 ਜ਼ਿੰਦਾ ਕਾਰਤੂਸ ਬਰਾਮਦ ਕੀਤੇ। ਉਨ੍ਹਾਂ ਅੱਗੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਗੁਰਮੁਖ ਸਿੰਘ ਅਤੇ ਸੁਖਦੀਪ ਸਿੰਘ ਦੇ ਖੁਲਾਸੇ ਦੇ ਅਧਾਰ ਤੇ ਪੁਲਿਸ ਟੀਮਾਂ ਨੇ ਦੋ ਪਿਸਤੌਲ ਬਰਾਮਦ ਕੀਤੇ ਜਦੋਂ ਕਿ ਮੁਲਜ਼ਮ ਜਸਕਿੰਦਰ ਸਿੰਘ ਅਤੇ ਹਰਪਾਲ ਸਿੰਘ ਦੇ ਖੁਲਾਸੇ ’ਤੇ 1.5 ਕਿੱਲੋ ਹੈਰੋਇਨ ਦੀ ਖੇਪ ਬਰਾਮਦ ਕੀਤੀ ਗਈ।ਸੀਪੀ ਨੇ ਦੱਸਿਆ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਸਾਰੇ ਦੋਸ਼ੀ ਇੱਕ ਦੂਜੇ ਦੇ ਨਜ਼ਦੀਕੀ ਹਨ ਅਤੇ ਇੱਕੋ ਪਰਿਵਾਰ ਨਾਲ ਸਬੰਧਤ ਹਨ।

## ਆਮਦਨ ਕਰ ਭਵਨ, ਅੰਮ੍ਰਿਤਸਰ ਵਿਖੇ ਮਨਾਇਆ ਗਿਆ 77ਵਾਂ ਗਣਤੰਤਰ ਦਿਵਸ



*ਅੰਮ੍ਰਿਤਸਰ, 27 ਜਨਵਰੀ (ਗੁਰਦਿਆਲ ਸਿੰਘ) :ਆਮਦਨ ਕਰ ਵਿਭਾਗ, ਅੰਮ੍ਰਿਤਸਰ ਵੱਲੋਂ 77ਵੇਂ ਗਣਤੰਤਰ ਦਿਵਸ ਸਮਾਗਮ ਦਾ ਆਯੋਜਨ ਉਤਸ਼ਾਹ ਤੇ ਦੇਸ਼ਭਕਤੀ ਭਰੇ ਮਾਹੌਲ ਵਿੱਚ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਡਾ. ਜੀ. ਐਸ. ਫਣੀ ਕਿਸ਼ੋਰ, ਮੁੱਖ ਆਮਦਨ ਕਰ ਕਮਿਸ਼ਨਰ, ਅੰਮ੍ਰਿਤਸਰ ਅਤੇ ਵਿਸ਼ੇਸ਼ ਮਹਿਮਾਨ ਸ਼੍ਰੀਮਤੀ ਕੋਮਲ ਜੋਪਾਲ, ਮੁੱਖ ਆਮਦਨ ਕਰ ਕਮਿਸ਼ਨਰ ਰਹੇ। ਮੁੱਖ ਮਹਿਮਾਨ ਨੂੰ ਗਾਰਡ ਆਫ਼ ਆਨਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਤੋਂ ਬਾਅਦ ਸਵੇਰੇ 9 ਵਜੇ ਮੁੱਖ ਮਹਿਮਾਨ ਨੇ ਵਿਸ਼ੇਸ਼ ਮਹਿਮਾਨ ਦੀ ਗੌਰਵਮਈ ਹਾਜ਼ਰੀ ਵਿੱਚ ਕੌਮੀ ਝੰਡਾ ਲਹਿਰਾਇਆ।ਗਣਤੰਤਰ ਦਿਵਸ ਦੇ ਮੌਕੇ ‘ਤੇ ਆਪਣੇ ਸੰਬੋਧਨ ਦੌਰਾਨ ਡਾ. ਜੀ. ਐਸ. ਫਣੀ ਕਿਸ਼ੋਰ ਨੇ ਦੇਸ਼ਵਾਸੀਆਂ ਨੂੰ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੰਦਿਆਂ ਆਜ਼ਾਦੀ ਘੁਲਾਟੀਆਂ ਦੇ ਤਿਆਗ ਤੇ ਬਲਿਦਾਨ ਨੂੰ ਨਮਨ ਕੀਤਾ। ਉਨ੍ਹਾਂ ਨੇ ਦੇਸ਼ ਦੀ ਅਖੰਡਤਾ ਅਤੇ ਸੰਪ੍ਰਭੁਤਾ ਨੂੰ ਕਾਇਮ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਭਾਰਤ ਇੱਕ ਸੰਪ੍ਰਭੂ, ਸਮਾਜਵਾਦੀ, ਧਰਮ ਨਿਰਪੱਖ ਤੇ ਲੋਕਤੰਤਰਕ ਰਾਸ਼ਟਰ ਹੈ। ਭਾਰਤ ਦੀ ਸੱਭਿਆਚਾਰਕ ਅਤੇ ਧਾਰਮਿਕ ਵਿਭਿੰਨਤਾ ਨੂੰ ਦੇਸ਼ ਦੀ ਸਭ ਤੋਂ ਵੱਡੀ ਤਾਕਤ ਦੱਸਦਿਆਂ ਉਨ੍ਹਾਂ ਇਸਨੂੰ ਸੰਭਾਲ ਕੇ ਰੱਖਣ ‘ਤੇ ਜ਼ੋਰ ਦਿੱਤਾ।ਮੁੱਖ ਮਹਿਮਾਨ ਨੇ ਕਿਹਾ ਕਿ ਆਮਦਨ ਕਰ ਵਿਭਾਗ ਸਿਰਫ ਕਰ ਇਕੱਠਾ ਕਰਨ ਵਾਲਾ ਵਿਭਾਗ ਨਹੀਂ ਹੈ, ਸਗੋਂ ਦੇਸ਼ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਆਮਦਨ ਕਰ ਰਾਹੀਂ ਇਕੱਠੇ ਕੀਤੇ ਗਏ ਧਨ ਦਾ ਇਸਤੇਮਾਲ ਸਿੱਖਿਆ, ਮੂਲ ਢਾਂਚੇ, ਰੱਖਿਆ ਅਤੇ ਸਮਾਜਿਕ ਕਲਿਆਣ ਦੇ ਕੰਮਾਂ ਲਈ ਕੀਤਾ ਜਾਂਦਾ ਹੈ। ਵਿਭਾਗ ਵੱਲੋਂ ਤਕਨਾਲੋਜੀ ਦੀ ਵਰਤੋਂ ਕਰਕੇ ਕਰਦਾਤਿਆਂ ਨੂੰ ਪਾਰਦਰਸ਼ੀ ਅਤੇ ਸੁਵਿਧਾਜਨਕ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਿਸ ਨਾਲ ਉਹ ਘਰ ਬੈਠੇ ਆਮਦਨ ਕਰ ਰਿਟਰਨ ਭਰ ਸਕਦੇ ਹਨ ਅਤੇ ਆਮਦਨ ਕਰ ਨਾਲ ਸੰਬੰਧਤ ਸਮੱਸਿਆਵਾਂ ਦਾ ਹੱਲ ਕਰ ਸਕਦੇ ਹਨ।ਇਸ ਮੌਕੇ ‘ਤੇ ਸੱਭਿਆਚਾਰਕ ਪੇਸ਼ਕਾਰੀਆਂ ਨੇ ਵੀ ਸਮਾਂ ਬੰਨ੍ਹਿਆ, ਜਿਸ ਵਿੱਚ ਆਮਦਨ ਕਰ ਵਿਭਾਗ ਦੇ ਅਧਿਕਾਰੀਆਂ, ਮੁਲਾਜ਼ਮਾਂ ਅਤੇ ਉਨ੍ਹਾਂ ਦੇ ਬੱਚਿਆਂ ਨੇ ਹਿੱਸਾ ਲਿਆ। ਪ੍ਰੋਗਰਾਮ ਦੇ ਅਖੀਰ ਵਿੱਚ ਸਾਰੇ ਭਾਗੀਦਾਰਾਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਸ਼੍ਰੀ ਕੰਵਲਜੀਤ ਸਿੰਘ, ਪ੍ਰਧਾਨ ਆਮਦਨ ਕਰ ਕਮਿਸ਼ਨਰ-1, ਅੰਮ੍ਰਿਤਸਰ, ਸ਼੍ਰੀਮਤੀ ਰਤਿੰਦਰ ਕੌਰ, ਵਿਭਾਗ ਦੇ ਅਧਿਕਾਰੀ, ਮੁਲਜ਼ਮ ਤੇ ਸੇਵਾਮੁਕਤ ਮੁਲਜ਼ਮ ਹਾਜ਼ਰ ਰਹੇ।

## ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵੱਡੀ ਗਿਣਤੀ ’ਚ ਸੰਗਤਾਂ ਹੋਈਆਂ ਨਤਮਸਤਕ



ਅੰਮ੍ਰਿਤਸਰ, 27 ਜਨਵਰੀ ( ਗੁਰਦਿਆਲ ਸਿੰਘ) : ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਨਤਮਸਤਕ ਹੋ ਕੇ ਬਾਬਾ ਜੀ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੇ ਵੀ ਹਾਜ਼ਰੀ ਭਰੀ।ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅੰਮ੍ਰਿਤ ਵੇਲੇ ਆਏ ਹੁਕਮਨਾਮੇ ਦੀ ਕਥਾ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸਰਵਨ ਕਰਵਾਇਆ ਅਤੇ ਸੰਗਤ ਨਾਲ ਸ਼ਹੀਦ ਬਾਬਾ ਦੀਪ ਸਿੰਘ ਦੇ ਜੀਵਨ ਇਤਿਹਾਸ ਬਾਰੇ ਵਿਚਾਰਾਂ ਕੀਤੀਆਂ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਬਾਬਾ ਜੀ ਦਾ ਜੀਵਨ ਗੁਰੂ ਭਰੋਸੇ ਦੀ ਮਿਸਾਲ ਹੈ। ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਆਪਣੇ ਹੱਥ ਨਾਲ ਲਿੱਖ ਕੇ ਤਖ਼ਤ ਸਾਹਿਬਾਨ ’ਤੇ ਪ੍ਰਕਾਸ਼ ਕਰਵਾਉਣ ਦੀ ਸੇਵਾ ਕੀਤੀ। ਬਾਬਾ ਦੀਪ ਸਿੰਘ ਜੀ ਨੂੰ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਹੋਣ ਦਾ ਵੀ ਮਾਣ ਪ੍ਰਾਪਤ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬਾਬਾ ਜੀ ਨੇ ਗੁਰੂ ਆਸ਼ੇ ਅਨੁਸਾਰ ਜੀਵਨ ਬਤੀਤ ਕਰਦਿਆਂ ਗੁਰੂਧਾਮਾਂ ਦੀ ਹੋ ਰਹੀ ਬੇਹੁਰਮਤੀ ਨੂੰ ਰੋਕਣ ਲਈ ਆਪਣੀ ਸ਼ਹਾਦਤ ਦਿੱਤੀ। ਉਨ੍ਹਾਂ ਸੰਗਤ ਨੂੰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਅਪੀਲ ਕਰਦਿਆਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਅਤੇ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਲਈ ਪ੍ਰੇਰਿਆ। ਇਸੇ ਦੌਰਾਨ ਸਜੇ ਧਾਰਮਿਕ ਦੀਵਾਨਾਂ ਮੌਕੇ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ। ਵੱਡੀ ਗਿਣਤੀ ਵਿਚ ਸੰਗਤ ਨੇ ਹਾਜ਼ਰੀ ਭਰ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ, ਜਿਸ ਵਿਚ 181 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਸਮਾਗਮਾਂ ਮੌਕੇ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਸ. ਚਰਨਜੀਤ ਸਿੰਘ ਕਾਲੇਵਾਲ, ਭਾਈ ਅਜਾਇਬ ਸਿੰਘ ਅਭਿਆਸੀ, ਓਐਸਡੀ ਸ ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਸ. ਜਤਿੰਦਰਪਾਲ ਸਿੰਘ, ਮੁੱਖ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ, ਸ. ਅਮਰਬੀਰ ਸਿੰਘ ਢੋਟ, ਮੈਨੇਜਰ ਸ. ਨਰਿੰਦਰ ਸਿੰਘ, ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ ਨੇ ਵੀ ਹਾਜ਼ਰੀ ਭਰੀ।

## ਦਸਮੇਸ਼ ਵਿੱਦਿਅਕ ਸੰਸਥਾਵਾਂ ਵਿੱਚ ਬੜੀ ਧੂਮ -ਧਾਮ ਨਾਲ ਮਨਾਇਆ ਗਿਆ ਬਸੰਤ ਪੰਚਮੀ ਦਾ ਤਿਉਹਾਰ



ਬਾਬਾ ਬਕਾਲਾ, 27 ਜਨਵਰੀ (ਬਲਰਾਜ ਸਿੰਘ ਰਾਜਾ ):ਦਸਮੇਸ਼ ਵਿੱਦਿਅਕ ਸੰਸਥਾਵਾਂ ਅਧੀਨ ਚੱਲ ਰਹੇ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਦੇ ਸਾਂਝੇ ਉਪਰਾਲੇ ਨਾਲ ਬਸੰਤ ਪੰਚਮੀ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਸਕੂਲ ਵਿੱਚ ਇੱਕ ਰੰਗਾ-ਰੰਗ ਕਾਰਨੀਵਲ ਦਾ ਆਯੋਜਨ ਕੀਤਾ ਗਿਆ। ਇਸ ਕਾਰਨੀਵਲ ਵਿੱਚ ਮਾਪਿਆਂ ਅਤੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਕਾਰਨੀਵਲ ਦੌਰਾਨ ਮਿੱਕੀ ਮਾਊਸ , ਡਰੈਗਨ ਰਾਈਡ, ਟਰੈਪੋਲੀਨ ਪਾਰਕ ਉੱਪਰ ਰਾਈਡਸ ਲੈ ਕੇ ਬੱਚਿਆਂ ਨੇ ਖੂਬ ਆਨੰਦ ਮਾਣਿਆ, ਜਿਸ ਨੂੰ ਦੇਖ ਕੇ ਬੱਚਿਆਂ ਦੇ ਮਾਪਿਆਂ ਦੇ ਚਿਹਰੇ ’ਤੇ ਖੁਸ਼ੀ ਦੀ ਲਹਿਰ ਨਜ਼ਰ ਆਈ। ਇਸ ਤੋਂ ਇਲਾਵਾ ਖਾਣ -ਪੀਣ ਦੇ ਫੂਡ ਸਟਾਲ ਬੱਚਿਆਂ ਤੇ ਮਾਪਿਆਂ ਲਈ ਖਿੱਚ ਦਾ ਕੇਂਦਰ ਬਣੇ। ਸਕੂਲ ਮੈਨੇਜਮੈਂਟ ਨੇ ਇਸ ਮੌਕੇ ’ਤੇ ਕਿਹਾ ਕਿ ਇਸ ਤਰ੍ਹਾਂ ਦੇ ਆਯੋਜਨ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ। ਸਾਰੇ ਮਾਪਿਆਂ ਨੇ ਇਸ ਸਫਲ ਆਯੋਜਨ ਲਈ ਸਕੂਲ ਮੈਨੇਜਮੈਂਟ ਅਤੇ ਅਧਿਆਪਕਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਇਸ ਮੌਕੇ ’ਤੇ ਸੰਸਥਾ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਨੇ ਮਾਪਿਆਂ ਨੂੰ ਸਕੂਲ ਪਹੁੰਚਣ ’ਤੇ ਜੀ ਆਇਆ ਆਖਿਆ ਤੇ ਉਹਨਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ।ਇਸ ਮੌਕੇ ’ਤੇ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਸ਼੍ਰੀ ਲਕਸ਼ਮਣ ਸਿੰਘ ਰਾਵਤ ਡਾਇਰੈਕਟਰ ਦਸ਼ਮੇਸ਼ ਵਿੱਦਿਅਕ ਸੰਸਥਾਵਾਂ , ਮੈ.ਹਰਪ੍ਰੀਤ ਕੌਰ, ਮੈਡਮ ਰਵਿੰਦਰ ਕੌਰ , ਸਰ ਅੰਮ੍ਰਿਤਪਾਲ ਸਿੰਘ ਅਤੇ ਮੈ.ਸੁਧਾ ਸ਼ਰਮਾ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਧੂਮ ਧਾਮ ਤੇ ਉਤਸ਼ਾਹ ਨਾਲ ਮਨਾਇਆ 77ਵਾਂ ਗਣਤੰਤਰ ਦਿਵਸ, ਉਪ ਮੰਡਲ ਮੈਜਿਸਟਰੇਟ ਨੇ ਲਹਿਰਾਇਆ ਝੰਡਾ

ਸਰਦੂਲਗੜ੍ਹ, 27 ਜਨਵਰੀ (ਲਛਮਣ ਸਿੱਧੂ): ਸਰਦੂਲਗੜ੍ਹ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਦੇ ਗਰਾਊਂਡ ਵਿੱਚ 77ਵਾਂ ਗਣਤੰਤਰ ਦਿਵਸ ਧੂਮ ਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਸਰਦਾਰ ਹਰਜਿੰਦਰ ਸਿੰਘ ਜੱਸਲ ਉਪ ਮੰਡਲ ਮੈਜਿਸਟਰੇਟ ਸਰਦੂਲਗੜ੍ਹ ਵੱਲੋਂ ਨਿਭਾਈ ਗਈ ਉਹਨਾਂ ਦੇ ਨਾਲ ਹਲਕਾ ਵਿਧਾਇਕ ਗੁਰਪ੍ਰੀਤ ਸਿੰਘ ਬਨਾਵਾਲੀ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਰਹੇ ਇਸ ਮੌਕੇ ਐਸਡੀਐਮ ਹਰਜਿੰਦਰ ਸਿੰਘ ਜੱਸਲ ਨੇ ਆਪਣੇ ਸੰਬੋਧਨ ਵਿੱਚ ਸਮੂਹ ਦੇਸ਼ ਵਾਸੀਆਂ ਨੂੰ 77ਵੇਂ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਅਸੀਂ ਨਮਨ ਕਰਦੇ ਹਾਂ ਉਹਨਾਂ ਸ਼ਹੀਦਾਂ ਨੂੰ ਜਿੰਨਾ ਦੀਆਂ ਕੁਰਬਾਨੀਆਂ ਦੇ ਸਦਕਾ ਅੱਜ ਆਪਾਂ ਅਜ਼ਾਦੀ ਦਾ ਆਨੰਦ ਮਾਣ ਰਹੇ ਹਾਂ। ਮੈਂ ਦੇਸ਼ ਦੀਆਂ ਤਿੰਨ ਫੌਜਾਂ ਜਲ, ਥਲ ਅਤੇ ਹਵਾਈ ਫੌਜ ਦੇ ਜਵਾਨਾਂ ਅਤੇ ਲੋਕਾਂ ਦੀ ਸੁਰੱਖਿਆ ਵਿੱਚ ਲੱਗੇ ਪੁਲਿਸ ਦੇ ਜਵਾਨਾਂ ਨੂੰ ਸਲਾਮ ਕਰਦਾ ਹਾਂ। ਅੱਜ ਦੇ ਦਿਨ ਸਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੂੰ ਵੀ ਨਮਨ ਕਰਦਾ ਹਾਂ ਜਿਨਾਂ ਦੀ ਬਦੌਲਤ ਅੱਜ ਦੇ ਦਿਨ 1950 ਵਿੱਚ ਸਾਡੇ ਦੇਸ਼ ਨੂੰ ਨਵਾਂ ਸਵਿਧਾਨ ਮਿਲਿਆ। ਸਾਡਾ ਸਵਿਧਾਨ ਸਾਨੂੰ ਬਰਾਬਰੀ ਦਾ ਹੱਕ ਦਿੰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬੇ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ੇ ਦੇ ਸੌਦਾਗਰਾਂ ਨੂੰ ਫੜ ਕੇ ਜੇਲ੍ਹਾਂ ਵਿੱਚ



ਭੇਜਿਆ ਉੱਥੇ ਹੀ ਨਸ਼ਾ ਕਰਨ ਵਾਲਿਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਭੇਜ ਕੇ ਇਸ ਅਲਾਮਤ ਤੋਂ ਛੁਟਕਾਰਾ ਦਵਾਉਣ ਦੀ ਕੋਸ਼ਿਸ਼ ਵੀ ਕੀਤੀ ਜਾ ਰਹੀ ਹੈ ਉਹਨਾਂ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਦੀਆਂ ਸਕੀਮਾਂ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ। ਹਲਕਾ ਵਿਧਾਇਕ ਗੁਰਪ੍ਰੀਤ ਸਿੰਘ ਬਣਾਵਾਲੀ ਨੇ ਵੀ 77ਵੇਂ ਗਣਤੰਤਰ ਦੇ ਉਸ ਦੀਆਂ ਸਮੂਹ ਦੇਸ਼ ਵਾਸੀਆਂ ਖਾਸ ਕਰ ਪੰਜਾਬੀਆਂ ਨੂੰ ਵਧਾਈਆਂ ਦਿੰਦਿਆਂ ਕਿਹਾ ਕਿ ਸਾਨੂੰ ਉਨਾਂ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਰ ਸਮੇਂ ਯਾਦ ਰੱਖਣਾ ਚਾਹੀਦਾ ਜਿਨਾਂ ਦੀ ਬਦੌਲਤ ਅੱਜ ਅਸੀਂ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ ਸੂਬਾ ਸਰਕਾਰ ਸ਼ਹੀਦਾਂ ਦੇ ਸੁਪਨਿਆਂ ਨੂੰ ਸਕਾਰ ਕਰਨ ਵੱਲ ਲੱਗੀ ਹੋਈ ਹੈ ਬਿਨਾਂ ਕਿਸੇ ਭੇਦਭਾਵ ਦੇ ਵੱਧ ਤੋਂ ਵੱਧ ਲੋਕਾਂ ਨੂੰ ਸੁਵਿਧਾਵਾਂ ਦੇ ਕੇ ਸ਼ਹੀਦਾਂ ਦੇ ਸੁਪਨਿਆਂ ਤੇ ਪਹਿਰਾ ਦਿੱਤਾ ਜਾ ਸਕਦਾ ਹੈ ਜਿਸ ਲਈ ਅਸੀਂ ਯਤਨਸ਼ੀਲ ਹਾਂ। ਵੱਖ ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਪੇਸ਼ ਕੀਤੇ ਦੇਸ਼ ਭਗਤੀ ਦੇ ਗੀਤ ਗਿੱਧੇ ਭੰਗੜੇ ਦੀ ਪੇਸ਼ਕਾਰੀ ਨੂੰ ਲੈ ਕੇ ਵੀ ਉਨ੍ਹਾਂ ਸਕੂਲ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਵੱਖ-ਵੱਖ ਖੇਤਰਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਸਕੂਲੀ ਬੱਚਿਆਂ, ਸ਼ਹੀਦਾਂ ਦੇ ਪਰਿਵਾਰਾਂ ਵੱਖ ਵੱਖ ਵਿਭਾਗਾਂ ਵਿੱਚ ਵਧੀਆ ਸੇਵਾਵਾਂ ਦੇਣ ਵਾਲੇ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਗਿਆ ਸਮਾਗਮ ਦੌਰਾਨ ਨਗਰ ਪੰਚਾਇਤ ਪ੍ਰਧਾਨ ਵੀਨਾ ਰਾਣੀ ਦੇ ਪਤੀ ਪ੍ਰੇਮ ਗਰਗ, ਸਮੂਹ ਕੌਂਸਲਰ, ਪੰਕਜ ਗਰਗ, ਉਪ ਕਪਤਾਨ ਪੁਲਿਸ ਮਨਜੀਤ ਸਿੰਘ, ਥਾਣਾ ਮੁਖੀ ਸਰਦੂਲਗੜ੍ਹ ਗਨੇਸ਼ਵਰ ਕੁਮਾਰ, ਚੇਅਰਮੈਨ ਮਾਰਕੀਟ ਕਮੇਟੀ ਰਾਏ ਸਿੰਘ, ਐਡਵੋਕੇਟ ਭੁਪਿੰਦਰ ਸਿੰਘ ਸਰਾਂ, ਯੂਥ ਆਗੂ ਦੀਪ ਸੰਧੂ, ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਪੰਚ ਸਰਪੰਚ ਹਾਜ਼ਰ ਸਨ।

# ਕੰਗਨਾ ਰਣੌਤ ਮਾਣਹਾਨੀ ਮਾਮਲੇ 'ਚ ਦੋ ਹੋਰ ਗਵਾਹਾਂ ਦੀ ਹੋਈ ਗਵਾਹੀ

ਤਲਵੰਡੀ ਸਾਬੋ, 27 ਜਨਵਰੀ (ਸੰਦੀਪ ਕੁਮਾਰ ਜੋਸ਼ੀ): ਕਿਸਾਨ ਅੰਦੋਲਨ ਦੌਰਾਨ ਮਾਤਾ ਮਹਿੰਦਰ ਕੌਰ ਬਹਾਦਰਗੜ੍ਹ ਜੰਡੀਆਂ ਜ਼ਿਲ੍ਹਾ ਬਠਿੰਡਾ ਦੀ ਤਸਵੀਰ ਲਗਾ ਕੇ ਟਵੀਟ ਕਰਨ ਤੇ ਮਾਮਲੇ ਵਿੱਚ ਮਾਣਹਾਨੀ ਦੇ ਕੇਸ ਦਾ ਸਾਹਮਣਾ ਕਰ ਰਹੀ ਕੰਗਨਾ ਰਣੌਤ ਅੱਜ ਬਠਿੰਡਾ ਅਦਾਲਤ ਵਿੱਚ ਵੀਡੀਓ ਕਾਨਫਰੰਸਿੰਗ ਰਾਹੀਂ ਹਾਜ਼ਰ ਹੋਈ, ਇਸ ਮੌਕੇ ਅਦਾਲਤ ਵਿੱਚ ਮਾਤਾ ਮਹਿੰਦਰ ਕੌਰ ਵੱਲੋਂ ਦੋ ਹੋਰ ਗਵਾਹ ਸਰਜੀਤ ਸਿੰਘ ਫੂਲ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਤੇ ਜਸਵੀਰ ਸਿੰਘ ਬਹਾਦਰਗੜ੍ਹ ਜੰਡੀਆਂ ਪੇਸ਼ ਹੋਏ ਕਿਉਂਕਿ ਕੰਗਣਾ ਰਨੌਤ ਦੇ ਵਕੀਲਾਂ ਵੱਲੋਂ ਅਦਾਲਤ ਵਿੱਚ ਦਲੀਲ ਦਿੱਤੀ ਗਈ ਸੀ ਕਿ ਮਾਤਾ ਕਿਸਾਨ ਅੰਦੋਲਨ 'ਚ ਸ਼ਾਮਲ ਨਹੀਂ ਸੀ ਪਰ ਅਦਾਲਤ ਵਿੱਚ ਆਪਣੀ ਗਵਾਹੀ ਦਰਜ ਕਰਵਾਉਂਦੇ ਹੋਏ ਕਿਸਾਨ ਆਗੂ ਸੁਰਜੀਤ ਸਿੰਘ ਫੂਲ ਨੇ ਦੱਸਿਆ ਕਿ ਮਾਤਾ ਮਹਿੰਦਰ ਕੌਰ ਕਿਸਾਨ ਅੰਦੋਲਨ ਵਿੱਚ ਸ਼ਾਮਿਲ ਸੀ ਤੇ ਇਹਨਾਂ ਦੀ ਹੀ ਤਸਵੀਰ ਲਗਾ ਕੇ ਕੰਗਨਾ ਰਣੌਤ ਵੱਲੋਂ ਗਲਤ ਟਵੀਟ ਕੀਤਾ ਗਿਆ ਸੀ ਇਸ ਮੌਕੇ ਮਾਤਾ ਮਹਿੰਦਰ ਕੌਰ ਦੇ ਵਕੀਲ ਰਘਵੀਰ ਸਿੰਘ ਬਹਿਣੀਵਾਲ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਕੰਗਣਾ ਰਨੌਤ ਦੇ ਪਾਸਪੋਰਟ ਸਰੰਡਰ ਕਰਨ ਮਾਮਲੇ ਵਿੱਚ ਅਦਾਲਤ ਵਿੱਚ ਗਲਤ ਤੱਥ ਪੇਸ਼ ਕੀਤੇ ਗਏ



ਹਨ ਜਿੰਨਾ ਸਬੰਧੀ ਉਹਨਾਂ ਵੱਲੋਂ ਪਟੀਸ਼ਨ ਦਾਇਰ ਕੀਤੀ ਜਾਵੇਗੀ ਇਸ ਤੋਂ ਇਲਾਵਾ ਇਸ ਕੇਸ ਦੀ ਸੁਣਵਾਈ 10 ਫਰਵਰੀ 2026 ਨੂੰ ਮੁੜ ਹੋਵੇਗੀ ਅਦਾਲਤ ਵਿੱਚ ਦੋ ਹੋਰ ਗਵਾਹ ਭੁਗਤਾਏ ਗਏ ਹਨ ਉਹਨਾਂ ਕਿਹਾ ਕਿ ਮਾਤਾ ਮਹਿੰਦਰ ਕੌਰ ਖਿਲਾਫ ਕਰੀਮੀਨਲ ਕੇਸ ਦਰਜ ਕਰਵਾਇਆ ਗਿਆ ਹੈ ਕਿਸਾਨ ਆਗੂ ਸੁਰਜੀਤ ਸਿੰਘ ਫੂਲ ਨੇ ਕਿਹਾ ਕਿ ਕੰਗਨਾ ਰਣੌਤ ਵੱਲੋਂ ਮਾਤਾ ਮਹਿੰਦਰ ਕੌਰ ਤੋਂ ਕਿਸੇ ਤਰ੍ਹਾਂ ਦੀ ਕੋਈ ਮਾਫੀ ਨਹੀਂ ਮੰਗੀ ਗਈ ਆਪਣੇ ਹਉਮੈ ਤੇ ਹੰਕਾਰ ਦੇ ਚਲਦਿਆਂ ਹੀ ਉਸ ਨੂੰ ਬਠਿੰਡਾ ਅਦਾਲਤ ਵਿੱਚ ਪੇਸ਼ ਹੋਣਾ ਪੈ ਰਿਹਾ ਹੈ ਉਹਨਾਂ ਕਿਹਾ ਕਿ ਇਹ ਲੜਾਈ ਆਖਰੀ ਦਮ ਤੱਕ ਲੜੀ ਜਾਵੇਗੀ ਤੇ ਕੰਗਣਾ ਰਨੌਤ ਨੂੰ ਮਾਣਹਾਨੀ ਦੇ ਕੇਸ ਦੀ ਸਜ਼ਾ ਭੁਗਤਨੀ ਪਵੇਗੀ।

# ਨਗਰ ਨਿਗਮ ਦੇ ਬੂਹੇ 'ਤੇ ਗਰਜੇ ਸੀਵਰੇਜ ਵਰਕਰ; 200 ਨਵੀਂਆਂ ਭਰਤੀਆਂ ਤੇ ਬਕਾਏ ਤੁਰੰਤ ਜਾਰੀ ਕਰਨ ਦੀ ਮੰਗ

ਬਠਿੰਡਾ, 27 ਜਨਵਰੀ (ਦੀਪਕ ਸ਼ਰਮਾ): ਸੀਵਰੇਜ ਵਰਕਰ ਯੂਨੀਅਨ ਬਠਿੰਡਾ ਵੱਲੋਂ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਅੱਜ ਨਗਰ ਨਿਗਮ ਦਫ਼ਤਰ ਦੇ ਬਾਹਰ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਯੂਨੀਅਨ ਦੇ ਨੁਮਾਇੰਦਿਆਂ ਨੇ ਨਿਗਮ ਦੇ ਉੱਚ ਅਧਿਕਾਰੀਆਂ ਨੂੰ ਦੋ-ਟੁੱਕ ਚੇਤਾਵਨੀ ਦਿੱਤੀ ਕਿ ਜੇਕਰ ਉਹਨਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਨਾ ਕੱਢਿਆ ਗਿਆ, ਤਾਂ ਆਉਣ ਵਾਲੇ ਦਿਨਾਂ ਵਿੱਚ ਅੰਦੋਲਨ ਨੂੰ ਹੋਰ ਤੇਜ਼ ਕੀਤਾ ਜਾਵੇਗਾ।

ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਆਗੂਆਂ ਨੇ ਕਿਹਾ ਕਿ ਸੀਵਰੇਜ ਕਰਮਚਾਰੀਆਂ ਦੀਆਂ ਅਹਿਮ ਮੰਗਾਂ ਵੱਲ ਪ੍ਰਸ਼ਾਸਨ ਲਗਾਤਾਰ ਅਣਦੇਖੀ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਦੀ ਆਬਾਦੀ ਵਿੱਚ ਭਾਰੀ ਵਾਧਾ ਹੋ ਚੁੱਕਾ ਹੈ, ਪਰ ਉਸ ਮੁਕਾਬਲੇ ਸੀਵਰੇਜ ਕਰਮਚਾਰੀਆਂ ਦੀ ਗਿਣਤੀ ਬੇਹੱਦ ਘੱਟ ਹੈ। ਇਸ ਕਾਰਨ ਮੌਜੂਦਾ ਮੁਲਾਜ਼ਮਾਂ 'ਤੇ ਕੰਮ ਦਾ ਬੋਝ ਵਧ ਰਿਹਾ ਹੈ ਅਤੇ ਸ਼ਹਿਰ ਦੀ ਸਫ਼ਾਈ ਵਿਵਸਥਾ ਵੀ ਡਗਮਗਾ ਰਹੀ ਹੈ। ਯੂਨੀਅਨ ਨੇ ਮੰਗ ਕੀਤੀ ਕਿ ਵਧਦੀ ਆਬਾਦੀ ਦੇ ਮੱਦੇਨਜ਼ਰ ਤੁਰੰਤ ਘੱਟੋ-ਘੱਟ 200 ਨਵੇਂ ਕਰਮਚਾਰੀਆਂ ਦੀ ਭਰਤੀ ਕੀਤੀ ਜਾਵੇ।

ਆਗੂਆਂ ਨੇ ਸੇਵਾ-ਮੁਕਤ ਹੋ ਚੁੱਕੇ ਕਰਮਚਾਰੀਆਂ ਦਾ ਮੁੱਦਾ ਚੁੱਕਦਿਆਂ ਕਿਹਾ ਕਿ ਕਈ ਮੁਲਾਜ਼ਮਾਂ ਨੂੰ ਰਿਟਾਇਰ ਹੋਇਆਂ ਲੰਮਾ ਸਮਾਂ ਬੀਤ ਚੁੱਕਾ ਹੈ, ਪਰ ਅਜੇ ਤੱਕ ਉਨ੍ਹਾਂ ਦੀ ਪੈਨਸ਼ਨ ਅਤੇ ਹੋਰ ਬਕਾਏ ਜਾਰੀ ਨਹੀਂ ਕੀਤੇ ਗਏ, ਜਿਸ ਕਾਰਨ ਉਹ ਆਰਥਿਕ ਤੰਗੀ ਦਾ ਸਾਹਮਣਾ ਕਰ ਰਹੇ ਹਨ। ਇਸ ਤੋਂ ਇਲਾਵਾ ਕਰਮਚਾਰੀਆਂ ਨੂੰ ਐਕਟਿੰਗ ਮੇਟ ਬਣਾਉਣ, ਕੱਚੇ ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਵਾਧਾ ਕਰਨ ਅਤੇ ਹਾਜ਼ਰੀ ਲਗਾਉਣ ਲਈ ਉਚਿਤ 'ਹਾਜ਼ਰੀ ਪੁਆਇੰਟ' ਬਣਾਉਣ ਦੀ ਮੰਗ ਵੀ ਜ਼ੋਰ-ਸ਼ੋਰ ਨਾਲ ਚੁੱਕੀ ਗਈ। ਯੂਨੀਅਨ ਮੁਤਾਬਕ ਖੁੱਲ੍ਹੇ ਆਸਮਾਨ ਹੇਠ ਹਾਜ਼ਰੀ ਲਗਾਉਣ ਕਾਰਨ ਕਰਮਚਾਰੀਆਂ ਨੂੰ ਗਰਮੀ-ਸਰਦੀ ਵਿੱਚ ਭਾਰੀ ਦਿੱਕਤ ਹੁੰਦੀ



ਹੈ।

ਯੂਨੀਅਨ ਨੇ ਸਪੱਸ਼ਟ ਕੀਤਾ ਕਿ ਜੇਕਰ ਕੱਚੇ ਮੁਲਾਜ਼ਮਾਂ ਨੂੰ ਜਲਦ ਵਰਦੀਆਂ ਨਾ ਦਿੱਤੀਆਂ ਗਈਆਂ ਅਤੇ ਖਾਲੀ ਪਏ ਅਹੁਦੇ ਨਾ ਭਰੇ ਗਏ, ਤਾਂ ਉਹ ਗੇਟ ਰੈਲੀਆਂ ਅਤੇ ਹੜਤਾਲ ਕਰਨ ਲਈ ਮਜਬੂਰ ਹੋਣਗੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਫਿਰ ਵੀ ਸੁਣਵਾਈ ਨਾ ਹੋਈ ਤਾਂ ਸ਼ਹਿਰ ਦੀਆਂ ਮੋਟਰਾਂ ਬੰਦ ਕਰ ਦਿੱਤੀਆਂ ਜਾਣਗੀਆਂ, ਜਿਸ ਦੀ ਪੂਰੀ ਜ਼ਿੰਮੇਵਾਰੀ ਨਗਰ ਨਿਗਮ, ਸੀਵਰੇਜ ਬੋਰਡ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ।

# ਮੋਦੀ ਸਰਕਾਰ ਵੱਲੋਂ ਮਨਰੇਗਾ ਨੂੰ ਖ਼ਤਮ ਕਰਕੇ ਬਣਾਏ ਨਵੇਂ ਕਾਨੂੰਨ ਵਿਰੁੱਧ ਰੋਸ ਪ੍ਰਦਰਸ਼

ਸੁਨਾਮ ਉਧਮ ਸਿੰਘ ਵਾਲਾ, 27 ਜਨਵਰੀ (ਮੋਹਣ ਸ਼ਰਮਾ /ਰਾਊਵਰਿੰਦਰ ਮਠਾੜੂ): ਕੇਂਦਰ ਦੀ ਮੋਦੀ ਹਕੂਮਤ ਵੱਲੋਂ ਗਰੀਬ ਮਜ਼ਦੂਰਾਂ ਦੇ ਰੁਜਗਾਰ ਮਨਰੇਗਾ ਨੂੰ ਖਤਮ ਕਰਕੇ ਬਣਾਏ ਗਏ ਨਵੇਂ ਵਿਕਸਿਤ ਭਾਰਤ ਜੀ ਰਾਮ ਜੀ ਕਾਨੂੰਨ ਖਿਲਾਫ ਅੱਜ ਸਥਾਨਕ ਬਖਸ਼ੀਵਾਲਾ ਵਾਲਾ ਰੋਡ ਤੇ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲਾ ਮੀਤ ਪ੍ਰਧਾਨ ਦਰਸ਼ਨ ਸਿੰਘ ਮੱਟੂ, ਕਾਮਰੇਡ ਵਰਿੰਦਰ ਕੌਸ਼ਿਕ ਜ਼ਿਲ੍ਹਾ ਆਗੂ ਪ੍ਰਧਾਨ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ,ਸਕੱਤਰ ਸੀਪੀਆਈ ਐਮ ਕਾਮਰੇਡ ਹੰਗੀ ਖਾਨ ਦੀ ਅਗਵਾਈ ਹੇਠ ਕੇਂਦਰ ਦੀ ਮੋਦੀ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਇਕੱਠੇ ਹੋਏ ਸਾਥੀਆਂ ਨੂੰ ਵੱਖੋ ਵੱਖ ਆਗੂਆਂ ਵੱਲੋਂ ਸੰਬੋਧਨ ਕਰਦੇ ਹੋਏ ਕਿਹਾ ਕਿ ਪੇਂਡੂ ਗਰੀਬ ਮਨਰੇਗਾ ਮਜ਼ਦੂਰਾਂ ਨੂੰ 100 ਦਿਨ ਕੰਮ ਦੇਣ ਦੀ ਗਰੰਟੀ ਵਾਲਾ ਕਾਨੂੰਨ ਖਤਮ ਕਰਕੇ ਉਸਦੀ ਜਗ੍ਹਾ ਸਵੈ ਇੱਛਾ ਅਨੁਸਾਰ ਕੰਮ ਦੇਣ ਵਾਲੀ ਇੱਕ ਸਕੀਮ ਵਾਲਾ ਬੀਵੀ ਜੀ ਰਾਮ ਜੀ ਕਨੂੰਨ ਬਣਾ ਦਿੱਤਾ ਹੈ ਜੋ ਪੇਂਡੂ ਗਰੀਬ ਮਜ਼ਦੂਰਾਂ ਨਾਲ ਬੇਇਨਸਾਫੀ ਹੈ ।ਆਗੂਆਂ ਨੇ ਕਿਹਾ ਕਿ ਪੂਰੇ ਦੇਸ਼ ਵਿੱਚ ਅਵਾਮੀ ਜਥੇਬੰਦੀਆਂ ਨਾਲ ਮਿਲ ਕੇ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਫੈਸਲਾਕੁੰਨ ਸੰਘਰਸ਼ ਕਰਕੇ ਕੇਂਦਰ ਦੀ ਮੋਦੀ ਹਕੂਮਤ ਨੂੰ ਇਹ ਸਕੀਮ ਰੱਦ ਕਰਨ ਦੇ ਲਈ ਮਜਬੂਰ ਕੀਤਾ ਜਾਵੇਗਾ ਅਤੇ ਪਹਿਲਾਂ ਵਾਲਾ ਮਨਰੇਗਾ ਕਾਨੂੰਨ ਦੁਆਰਾ ਲਾਗੂ ਕਰਵਾਇਆ ਜਾਵੇਗਾ। ਆਗੂਆਂ ਨੇ ਖੇਤ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਜਿਵੇਂ ਕਿ ਹਰ ਪੇਂਡੂ ਗਰੀਬ ਲਈ ਪੰਜ ਲੱਖ ਰੁਪਏ, ਤਿੱਖੇ ਜਮੀਨੀ ਸੁਧਾਰ ਕਰਨੇ, ਵਾਧੂ ਜਮੀਨ ਬੇਜਮੀਨੇ ਪੇਂਡੂ ਗਰੀਬ ਖੇਤ ਮਜ਼ਦੂਰਾਂ ਵਿੱਚ ਵੰਡੀ ਜਾਵੇ, ਪੇਂਡੂ ਪੰਚਾਇਤੀ ਜਮੀਨਾਂ ਵਿੱਚੋਂ 33 ਫੀਸਦੀ ਹਿੱਸਾ ਗਰੀਬ ਦਲਿਤ ਮਜ਼ਦੂਰਾਂ ਨੂੰ ਦਿੱਤਾ ਜਾਵੇ, ਹਰ ਖੇਤ ਮਜ਼ਦੂਰ ਵਿਧਵਾ ਆਸ਼ਰਿਤਾਂ ਤੇ ਬੁਢਾਪਾ ਪੈਨਸ਼ਨ 5000 ਰੁਪਏ ਦਿੱਤਾ ਜਾਵੇ ਪੇਂਡੂ ਖੇਤ ਮਜ਼ਦੂਰ ਨੂੰ ਘੱਟੋ ਘੱਟ 700 ਰੁਪਏ ਦਿਹਾੜੀ ਦਿੱਤੀ ਜਾਵੇ ਆਦਿ। ਇਸ ਮੌਕੇ ਕਾਮਰੇਡ ਰਾਮ ਸਿੰਘ, ਦਲਵਾਰਾ ਸਿੰਘ, ਕਾਕਾ ਕਾਲਾ ਕੁਮਾਰ ਪ੍ਰੇਮ ਸਿੰਘ ਆਦੀ ਹਾਜ਼ਰ ਸਨ।

# ਰੋਟਰੀ ਕਲੱਬ ਦੇ ਸਾਬਕਾ ਪ੍ਰਧਾਨ ਦਵਿੰਦਰ ਪਾਲ ਸਿੰਘ ਰਿੰਪੀ ਦਾ ਸਨਮਾਨ

ਸੁਨਾਮ ਊਧਮ ਸਿੰਘ ਵਾਲਾ, 27 ਜਨਵਰੀ (ਮੋਹਣ ਸ਼ਰਮਾ /ਰਾਊਵਰਿੰਦਰ ਮਠਾੜੂ): ਰੋਟਰੀ ਕਲੱਬ ਦੇ ਸਾਬਕਾ ਪ੍ਰਧਾਨ ਅਤੇ ਪ੍ਰਸਿੱਧ ਸਮਾਜ ਸੇਵੀ ਕਾਨੂੰਗੋ ਦਵਿੰਦਰ ਪਾਲ ਸਿੰਘ ਰਿੰਪੀ ਨੂੰ ਉਨ੍ਹਾਂ ਵੱਲੋਂ ਸਮਾਜ ਸੇਵਾ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਉੱਤਮ ਸੇਵਾਵਾਂ ਦੇ ਮੱਦੇਨਜ਼ਰ ਸਬ-ਡਵੀਜ਼ਨ ਪ੍ਰਸ਼ਾਸ਼ਨ ਵੱਲੋਂ ਸਨਮਾਨਿਤ ਕੀਤਾ ਗਿਆ।



ਇਹ ਸਨਮਾਨ SDM ਰਾਜੇਸ਼ ਕੁਮਾਰ ਸ਼ਰਮਾ ਤੇ ਤਪਿੰਦਰ ਸਿੰਘ ਸੋਹੀ (OSD to ਵਿੱਤ ਮੰਤਰੀ, ਪੰਜਾਬ ਸਰਕਾਰ) ਵੱਲੋਂ ਪ੍ਰਦਾਨ ਕੀਤਾ ਗਿਆ।ਗੌਰਤਲਬ ਹੈ ਕਿ ਦਵਿੰਦਰ ਪਾਲ ਸਿੰਘ ਰਿੰਪੀ ਇਸ ਤੋਂ ਪਹਿਲਾਂ ਵੀ ਜ਼ਿਲ੍ਹਾ ਪੱਧਰ ਤੇ ਹੋਰ ਕਈ ਮੌਕਿਆਂ 'ਤੇ ਆਪਣੀਆਂ ਨਿਸ਼ਕਾਮ ਤੇ ਸਰਾਹਣਯੋਗ ਸੇਵਾਵਾਂ ਲਈ ਸਨਮਾਨਿਤ ਹੋ ਚੁੱਕੇ ਹਨ।

ਉਹ ਆਪਣੀ ਦਫ਼ਤਰੀ ਡਿਊਟੀ ਨੂੰ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਉਂਦੇ ਹੋਏ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਮੋਹਰੀ ਭੂਮਿਕਾ ਅਦਾ ਕਰ ਰਹੇ ਹਨ, ਜੋ ਸਮਾਜ ਲਈ ਪ੍ਰੇਰਣਾਦਾਇਕ ਹੈ।

# ਪਰਮਜੀਤ ਪੰਮਾ ਐਸ.ਸੀ. ਵਿੰਗ ਦੇ ਕੋਆਰਡੀਨੇਟਰ ਨਿਯੁਕਤ

ਰਾਮਪੁਰਾ ਫੂਲ, 27 ਜਨਵਰੀ (ਮਨਪ੍ਰੀਤ ਮਿੱਟੂ): ਆਮ ਆਦਮੀ ਪਾਰਟੀ ਵੱਲੋਂ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ। ਇਸੇ ਕੜੀ ਤਹਿਤ ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਪਰਮਜੀਤ ਸਿੰਘ ਪੰਮਾ ਨੂੰ ਹਲਕਾ ਰਾਮਪੁਰਾ ਫੂਲ ਦੇ ਐਸ.ਸੀ. ਵਿੰਗ ਦਾ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ। ਇਸ ਮੌਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਪਰਮਜੀਤ ਸਿੰਘ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਉਨ੍ਹਾਂ ਤੋਂ ਪੂਰੀ ਉਮੀਦ ਰੱਖਦੀ ਹੈ ਕਿ ਉਹ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜ ਕੇ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ।



ਪਰਮਜੀਤ ਸਿੰਘ ਨੇ ਨਿਯੁਕਤੀ ਲਈ ਪਾਰਟੀ ਦੇ ਸੀਨੀਅਰ ਆਗੂਆਂ ਤੇ ਵਿਧਾਇਕ ਬਲਕਾਰ ਸਿੰਘ ਸਿੱਧੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਅਤੇ ਵਰਕਰ ਵੀ ਹਾਜ਼ਰ ਰਹੇ।

# ਖ਼ਾਲਸਾ ਕਾਲਜ ਤੇ ਡਾ. ਬਲਵੀਰ ਸਿੰਘ ਇੰਸਟੀਟਿਊਟ ਆਫ਼ ਨਰਸਿੰਗ ਵਿਚਕਾਰ ਸਮਝੌਤਾ

ਭਗਤਾ ਭਾਈ ਕਾ, 27 ਜਨਵਰੀ (ਸਵਰਨ ਸਿੰਘ ਭਗਤਾ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਅਤੇ ਸਿਕੰਦਰ ਸਿੰਘ ਮਲੂਕਾ (ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਆਨਰੇਰੀ ਸਕੱਤਰ ਕਾਲਜ) ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈਕਾ ਦੇ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਦੀ ਸੁਯੋਗ ਅਗਵਾਈ ਵਿੱਚ ਸਾਇੰਸ ਵਿਭਾਗ ਤੇ ਡਾ. ਬਲਵੀਰ ਸਿੰਘ ਇੰਸਟੀਟਿਊਟ ਆਫ ਨਰਸਿੰਗ ਭਗਤਾ ਭਾਈ ਕਾ ਦੇ ਵਿਚਕਾਰ ਸਾਂਝੇਦਾਰੀ ਦੇ ਖੇਤਰ 'ਚ ਇੱਕ ਮਹੱਤਵਪੂਰਨ ਸਮਝੌਤਾ ਸਾਈਨ ਕਰਦੇ ਹੋਏ ਵਿਦਿਆਰਥੀਆਂ ਲਈ ਅਕਾਦਮਿਕ ਸਰੋਤਾਂ ਨੂੰ ਮਜਬੂਤ ਬਣਾਉਣ ਲਈ ਅਹਿਮ ਕਦਮ ਚੁੱਕਿਆ ਗਿਆ। ਸਾਇੰਸ ਵਿਭਾਗ ਦੇ ਮੁਖੀ ਪ੍ਰੋ.ਹਰਪਿੰਦਰ ਕੌਰ ਨੇ ਦੱਸਿਆ ਕਿ ਇਸ ਐਮ.ਓ.ਯੂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਖੋਜ ਸਮੱਗਰੀ ਤੇ ਸਰੋਤਾਂ ਦੀ ਪਰਸਪਰ ਪਹੁੰਚ ਦੇਣਾ ਹੈ। ਇਸ ਸਮਝੌਤੇ ਅਧੀਨ ਦੋਵੇਂ ਸੰਸਥਾਵਾਂ ਅਕਾਦਮਿਕ ਅਤੇ ਰਿਸਰਚ ਆਧਾਰਿਤ ਗਤੀਵਿਧੀਆਂ ਨੂੰ ਸਾਂਝੇ ਤੌਰ ਤੇ ਆਯੋਜਿਤ ਕਰ ਸਕਦੀਆਂ ਹਨ। ਇਸ ਮੌਕੇ ਪ੍ਰਿੰਸੀਪਲ ਨਵਕਿਰਨ ਕੌਰ, ਪ੍ਰੋ.ਹਰਦੀਪ ਕੌਰ ਤੇ ਪ੍ਰੋ. ਅਮਨਦੀਪ ਕੌਰ ਹਾਜ਼ਰ ਸਨ।



# ਪੂਰੀ ਹੋ ਚੁੱਕੀ ਭਰਤੀ ਰੱਦ, ਹੁਣ ਕੰਪਨੀਆਂ ਰਾਹੀਂ ਰੱਖੇ ਜਾਣਗੇ ਮਨੋਵਿਗਿਆਨੀ; ਉਮੀਦਵਾਰਾਂ 'ਚ ਭਾਰੀ ਰੋਸ

ਬਠਿੰਡਾ, 27 ਜਨਵਰੀ (ਦੀਪਕ ਸ਼ਰਮਾ): ਪੰਜਾਬ ਦੇ ਸਿਹਤ ਵਿਭਾਗ ਅਧੀਨ ਚੁਣੇ ਗਏ 180 ਮਨੋਵਿਗਿਆਨੀਆਂ ਵੱਲੋਂ ਮੰਗਲਵਾਰ ਨੂੰ ਬਠਿੰਡਾ ਵਿਖੇ ਇੱਕ ਅਹਿਮ ਪ੍ਰੈੱਸ ਕਾਨਫਰੰਸ ਕੀਤੀ ਗਈ।ਇਸ ਦੌਰਾਨ ਉਮੀਦਵਾਰਾਂ ਨੇ ਸੂਬਾ ਸਰਕਾਰ ਵੱਲੋਂ ਪੂਰੀ ਹੋ ਚੁੱਕੀ ਭਰਤੀ ਪ੍ਰਕਿਰਿਆ ਨੂੰ ਅਚਾਨਕ ਰੱਦ ਕਰਕੇ ਆਊਟਸੋਰਸਿੰਗ (ਨਿੱਜੀ ਕੰਪਨੀਆਂ) ਰਾਹੀਂ ਨਿਯੁਕਤੀਆਂ ਕਰਨ ਦੇ ਫੈਸਲੇ ਦਾ ਸਖ਼ਤ ਵਿਰੋਧ ਕੀਤਾ। ਚੁਣੇ ਹੋਏ ਉਮੀਦਵਾਰਾਂ ਨੇ ਇਸ ਕਦਮ ਨੂੰ ਨਾ ਸਿਰਫ਼ ਬੇਇਨਸਾਫ਼ੀ ਦੱਸਿਆ, ਸਗੋਂ ਇਸ ਨੂੰ ਜਨਹਿੱਤ ਅਤੇ ਸੰਵਿਧਾਨਕ ਪ੍ਰਕਿਰਿਆ ਦੇ ਉਲਟ ਕਰਾਰ ਦਿੱਤਾ।ਮਨੋਵਿਗਿਆਨੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਕੋਈ ਨਿੱਜੀ ਸੰਸਥਾ ਨਹੀਂ ਹੈ, ਜੋ ਸੰਵੇਦਨਸ਼ੀਲ ਅਤੇ ਜ਼ਿੰਮੇਵਾਰ ਸਰਕਾਰੀ ਅਹੁਦਿਆਂ ਨੂੰ ਨਿੱਜੀ ਏਜੰਸੀਆਂ ਦੇ ਹਵਾਲੇ ਕਰ ਦੇਵੇ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰੀ ਭਰਤੀਆਂ ਹਮੇਸ਼ਾ ਮੈਰਿਟ, ਪਾਰਦਰਸ਼ਤਾ ਤੇ ਸੰਵਿਧਾਨਕ ਨਿਯਮਾਂ ਤਹਿਤ ਹੀ ਹੋਣੀਆਂ ਚਾਹੀਦੀਆਂ ਹਨ।

ਮੀਡੀਆ ਸਾਹਮਣੇ ਭਰਤੀ ਪ੍ਰਕਿਰਿਆ ਦਾ ਪੂਰਾ ਵੇਰਵਾ ਰੱਖਦਿਆਂ ਉਮੀਦਵਾਰਾਂ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ 24



ਅਪ੍ਰੈਲ 2025 ਨੂੰ ਮਨੋਵਿਗਿਆਨੀਆਂ ਦੀਆਂ 343 ਅਸਾਮੀਆਂ ਲਈ ਇਸ਼ਤਿਹਾਰ ਜਾਰੀ ਕੀਤਾ ਗਿਆ ਸੀ। ਇਸ ਭਰਤੀ ਲਈ 26 ਮਈ 2025 ਨੂੰ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼, ਫਰੀਦਕੋਟ ਵੱਲੋਂ ਲਿਖਤੀ ਪ੍ਰੀਖਿਆ ਲਈ ਗਈ ਸੀ। ਹੈਰਾਨੀ ਦੀ ਗੱਲ ਇਹ ਰਹੀ ਕਿ 18 ਦਸੰਬਰ 2025 ਨੂੰ ਸਰਕਾਰ ਨੇ ਅਚਾਨਕ ਪ੍ਰਸ਼ਾਸਨਿਕ ਕਾਰਨਾਂ ਦਾ ਹਵਾਲਾ ਦੇ ਕੇ ਸਾਰੀਆਂ 343 ਅਸਾਮੀਆਂ ਰੱਦ ਕਰ ਦਿੱਤੀਆਂ ਅਤੇ ਉਸੇ ਦਿਨ ਸਿਵਲ ਸਰਜਨਾਂ ਨੂੰ ਤਿੰਨ ਹਫ਼ਤਿਆਂ ਦੇ ਅੰਦਰ-ਅੰਦਰ ਆਊਟਸੋਰਸਿੰਗ ਰਾਹੀਂ 200 ਮਨੋਵਿਗਿਆਨੀ ਭਰਤੀ ਕਰਨ ਦੇ ਨਿਰਦੇਸ਼ ਦੇ ਦਿੱਤੇ। ਇਸ ਫੈਸਲੇ ਕਾਰਨ ਉਮੀਦਵਾਰਾਂ ਨੂੰ ਹਾਈਕੋਰਟ ਦਾ ਦਰਵਾਜ਼ਾ ਖੜਕਾਉਣਾ ਪਿਆ, ਜਿਸ ਨੇ 23 ਦਸੰਬਰ 2025 ਨੂੰ ਆਊਟਸੋਰਸਿੰਗ ਭਰਤੀ 'ਤੇ ਰੋਕ ਲਗਾ ਦਿੱਤੀ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 29 ਜਨਵਰੀ 2026 ਨੂੰ ਹੋਣੀ ਹੈ।

ਉਮੀਦਵਾਰਾਂ ਨੇ ਕਿਹਾ ਕਿ ਪੰਜਾਬ ਇਸ ਵੇਲੇ ਨਸ਼ਿਆਂ ਅਤੇ ਮਾਨਸਿਕ ਸਿਹਤ ਦੇ ਗੰਭੀਰ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ। ਸਰਕਾਰ 'ਨਸ਼ਿਆਂ ਵਿਰੁੱਧ ਜੰਗ' ਦਾ ਦਾਅਵਾ ਕਰ ਰਹੀ ਹੈ, ਪਰ ਮਾਹਰ ਮਨੋਵਿਗਿਆਨੀਆਂ ਦੀ ਪੱਕੀ ਨਿਯੁਕਤੀ ਤੋਂ ਬਿਨਾਂ ਇਹ ਮੁਹਿੰਮ ਕਾਮਯਾਬ ਨਹੀਂ ਹੋ ਸਕਦੀ। ਉਨ੍ਹਾਂ ਮੰਗ ਕੀਤੀ ਕਿ ਮੂਲ ਇਸ਼ਤਿਹਾਰ ਅਨੁਸਾਰ ਭਰਤੀ ਪ੍ਰਕਿਰਿਆ ਬਹਾਲ ਕੀਤੀ ਜਾਵੇ, 180 ਚੁਣੇ ਹੋਏ ਉਮੀਦਵਾਰਾਂ ਨੂੰ ਤੁਰੰਤ ਨਿਯੁਕਤੀ ਪੱਤਰ ਦਿੱਤੇ ਜਾਣ ਅਤੇ ਆਊਟਸੋਰਸਿੰਗ ਪ੍ਰਣਾਲੀ ਨੂੰ ਤੁਰੰਤ ਰੋਕਿਆ ਜਾਵੇ।

# ਸਰਕਾਰੀ ਰਜਿੰਦਰਾ ਕਾਲਜ ਵਿਖੇ ਮਨਾਇਆ 16ਵਾਂ ਰਾਸ਼ਟਰੀ ਵੋਟਰ ਦਿਵਸ

ਬਠਿੰਡਾ, 27 ਜਨਵਰੀ (ਸਵਰਨ ਸਿੰਘ ਭਗਤਾ): ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਥਾਨਕ ਸਰਕਾਰੀ ਰਜਿੰਦਰਾ ਕਾਲਜ ਵਿਖੇ 16ਵਾਂ ਰਾਸ਼ਟਰੀ ਵੋਟਰ ਦਿਵਸ (ਮੇਰਾ ਭਾਰਤ, ਮੇਰੀ ਵੋਟ) ਮਨਾਇਆ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਐਸਡੀਐਮ ਬਠਿੰਡਾ ਬਲਕਰਨ ਸਿੰਘ ਮਾਹਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੂਨਮ ਸਿੰਘ ਨੇ ਕਿਹਾ ਕਿ ਵੋਟਰ ਦਿਵਸ ਮਨਾਉਣ ਦਾ ਮੁੱਖ ਮੰਤਵ ਨੌਜਵਾਨਾਂ ਨੂੰ ਲੋਕਤੰਤਰ ਦੀ ਰੀੜ੍ਹ ਦੀ ਹੱਡੀ ਬਣਾਉਣਾ ਹੈ, ਤਾਂ ਜੋ ਉਹ ਵੱਧ ਤੋਂ ਵੱਧ ਮਾਤਰਾ ਵਿੱਚ ਲੋਕਤੰਤਰ ਪ੍ਰਕਿਰਿਆ ਵਿੱਚ ਹਿੱਸਾ ਲੈ ਕੇ ਦੇਸ਼ ਦੇ ਭਵਿੱਖ ਨੂੰ ਸਹੀ ਦਿਸ਼ਾ ਦੇ ਸਕਣ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵੋਟ ਦੇ ਅਧਿਕਾਰ ਨੂੰ ਸਮਝਦਾਰੀ ਤੇ ਜ਼ਿੰਮੇਵਾਰੀ ਨਾਲ ਵਰਤਣ।

ਇਸ ਤੋਂ ਪਹਿਲਾ ਸਮਾਗਮ ਦੌਰਾਨ ਮਿਊਜ਼ਿਕ ਟੀਚਰ ਬਲਕਰਨ ਸਿੰਘ ਵੱਲੋਂ ਵੋਟਰ ਦਿਵਸ ਨੂੰ ਲੈ ਕੇ ਗੀਤ ਪੇਸ਼ ਕੀਤਾ। ਇਸ ਤੋਂ ਇਲਾਵਾ ਸਰਕਾਰੀ ਹਾਈ ਸਕੂਲ ਚੰਦਸਰ ਬਸਤੀ ਦੇ ਵਿਦਿਆਰਥੀਆਂ



ਵਲੋਂ ਸਮਾਜਿਕ ਸੰਦੇਸ਼ ਦੇਣ ਵਾਲਾ ਨਾਟਕ ਪੇਸ਼ ਕੀਤਾ ਗਿਆ, ਜਿਸ ਨੇ ਲੋਕਾਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਇਸ ਮੌਕੇ ਸਰਕਾਰੀ ਰਾਜਿੰਦਰਾ ਕਾਲਜ ਦੇ ਵਿਦਿਆਰਥੀਆਂ ਵੱਲੋਂ ਵੋਟਰ ਦਿਵਸ ਨੂੰ ਸਮਰਪਿਤ ਨੁੱਕੜ ਨਾਟਕ ਪੇਸ਼ ਕੀਤਾ ਗਿਆ, ਜਿਸ ਰਾਹੀਂ ਲੋਕਤੰਤਰ, ਵੋਟ ਦੇ ਅਧਿਕਾਰ ਅਤੇ ਨਾਗਰਿਕ ਫ਼ਰਜ਼ਾਂ ਬਾਰੇ ਪ੍ਰਭਾਵਸ਼ਾਲੀ ਢੰਗ ਨਾਲ ਸੁਨੇਹਾ ਦਿੱਤਾ ਗਿਆ। ਇਸ ਮੌਕੇ ਨਵੇਂ ਵੋਟਰਾਂ ਨੂੰ ਵੋਟਰ ਆਈ.ਡੀ. ਕਾਰਡ ਸੌਂਪ ਕੇ ਉਨ੍ਹਾਂ ਨੂੰ ਲੋਕਤੰਤਰ ਦੇ ਮਜ਼ਬੂਤ ਸਤੰਭ ਵਜੋਂ ਆਪਣੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਤੋਂ ਇਲਾਵਾ ਵੋਟਾਂ ਦੇ ਕਾਰਜ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੀਆਂ ਸਖਸ਼ੀਅਤਾਂ ਨੂੰ ਸਨਮਾਨ ਪੱਤਰ ਦੇ ਕੇ ਨਿਵਾਜਿਆ ਗਿਆ।

ਸਮਾਗਮ ਦੇ ਅਖੀਰ 'ਚ ਵੋਟਰ ਜਾਗਰੂਕਤਾ ਸਬੰਧੀ ਸੰਕਲਪ ਲਿਆ ਗਿਆ ਤੇ ਸਾਰਿਆਂ ਨੇ ਵੱਧ ਤੋਂ ਵੱਧ ਮਾਤਰਾ ਵਿੱਚ ਵੋਟਿੰਗ ਕਰਨ ਦਾ ਵਚਨ ਦਿੱਤਾ।ਇਸ ਤੋਂ ਇਲਾਵਾ ਸਥਾਨਕ ਐੱਸ.ਐੱਸ.ਡੀ. ਗਰਲਜ਼ ਕਾਲਜ ਵਿਖੇ ਪ੍ਰਿੰਸੀਪਲ ਡਾ. ਨੀਰੂ ਗਰਗ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਨੂੰ ਬਿਹਤਰ ਲੋਕਤੰਤਰੀ ਭਵਿੱਖ ਲਈ ਜ਼ਿੰਮੇਵਾਰ ਵੋਟਰਾਂ ਵਜੋਂ ਹਿੱਸਾ ਲੈਣ ਲਈ ਪ੍ਰੇਰਿਤ ਕਰਨ ਲਈ ਰਾਸ਼ਟਰੀ ਵੋਟਰ ਦਿਵਸ (ਮੇਰਾ ਭਾਰਤ, ਮੇਰੀ ਵੋਟ) ਮਨਾਇਆ ਗਿਆ।ਇਸ ਮੌਕੇ ਤਹਿਸੀਲਦਾਰ ਚੋਣਾਂ ਤੇ ਉਨ੍ਹਾਂ ਦਾ ਸਮੂਹ ਸਟਾਫ ਤੇ ਵਿਦਿਆਰਥੀ ਆਦਿ ਹਾਜ਼ਰ ਸਨ।

# ਡਾ. ਭੀਮ ਰਾਓ ਅੰਬੇਡਕਰ ਮਿਸ਼ਨ ਦੀਆਂ ਸਮੂਹ ਜਥੇਬੰਦੀਆਂ ਵੱਲੋਂ ਅਕਾਲ ਕਾਲਜ ਕੌਂਸਲ ਦੇ ਸਕੱਤਰ ਦਾ ਸਨਮਾਨ

ਸੰਗਰੂਰ, 27 ਜਨਵਰੀ (ਹਰਕੰਵਲ ਸਿੰਘ ਹੈਪੀ): ਅਕਾਲ ਕਾਲਜ ਕੌਂਸਲ



ਗੁਰਸਾਗਰ ਮਸਤੂਆਣਾ ਸਾਹਿਬ ਵਿਖੇ ਜਸਵੰਤ ਸਿੰਘ ਖਹਿਰਾ ਦੀ ਰਹਿਨੁਮਾਈ ਹੇਠ ਗਣਤੰਤਰ ਦਿਵਸ ਨੂੰ ਮੁੱਖ ਰੱਖਦਿਆਂ ਸੰਵਿਧਾਨ ਨਿਰਮਾਤਾ ਡਾ ਭੀਮ ਰਾਓ ਅੰਬੇਦਕਰ ਜੀ ਦੇ ਸਰੂਪ ਮਸਤੂਆਣਾ ਸਾਹਿਬ ਦੀਆਂ ਲਾਇਬਰੇਰੀਆਂ, ਕਾਲਜਾਂ ਅਤੇ ਦਫਤਰਾਂ ਵਿਚ ਸੁਸ਼ੋਭਿਤ ਕੀਤੇ ਗਏ। ਜਿਸਦੇ ਸਬੰਧ ਵਿੱਚ ਜਸਵੰਤ ਸਿੰਘ ਖਹਿਰਾ ਦੇ ਮਾਣ ਸਨਮਾਨ ਲਈ ਡਾ ਭੀਮ ਰਾਓ ਅੰਬੇਦਕਰ ਮਿਸ਼ਨ ਨਾਲ ਸਬੰਧਤ ਸਾਰੀਆਂ ਜਥੇਬੰਦੀਆਂ ਤੇ ਉਹਨਾਂ ਦੇ ਮੁਖੀ ਉਚੇਚੇ ਤੌਰ 'ਤੇ ਅਕਾਲ ਕਾਲਜ਼ ਮਸਤੂਆਣਾ ਸਾਹਿਬ ਪਹੁੰਚੇ। ਇਸ ਮੌਕੇ ਮੁੱਖ ਮਹਿਮਾਨ ਵਿਸ਼ਵ ਪ੍ਰਸਿੱਧ ਸ਼ਾਇਰ ਕਵਿੰਦਰ ਚਾਂਦ ਜੀ ਆਪਣੇ ਬੇਟੇ ਗੌਰਵ ਪਾਲ (ਕਨੇਡਾ) ਤੇ ਉਹਨਾਂ ਨਾਲ ਮਾਲੇਰਕੋਟਲਾ ਸ਼ਹਿਰ ਤੋਂ ਸਾਹਿਤਕਾਰ ਡਾ ਰਾਕੇਸ਼ ਕੁਮਾਰ ਜੋ ਕਿ ਅਧਿਆਤਮਕ ਨਾਲ ਸੰਬੰਧਿਤ ਸੈਮੀਨਾਰ ਤੇ ਮੈਡੀਟੇਸ਼ਨ ਸੈਂਟਰ ਚਲਾ ਰਹੇ ਹਨ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਅਕਾਲ ਕਾਲਜ ਪਹੁੰਚਣ ਤੇ ਇਹਨਾਂ ਸ਼ਖ਼ਸੀਅਤਾਂ ਦਾ ਫੁੱਲਾਂ ਦੇ ਗੁਲਦਸਤੇ ਸਹਿਤ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਮੁੱਖ ਮਹਿਮਾਨ ਸ਼ਾਇਰ ਕਵਿੰਦਰ ਚਾਂਦ ਜੀ ਨੇ ਆਪਣੇ ਸ਼ਬਦਾ ਵਿੱਚ ਬੋਲਦਿਆਂ ਕਿਹਾ ਕਿ ਉਹਨਾਂ ਦਾ ਮਸਤੂਆਣਾ ਸਾਹਿਬ ਦੀ ਧਰਤੀ ਨਾਲ ਚਾਲੀ ਕੁ ਸਾਲ ਪਹਿਲਾਂ ਦਾ ਰੂਹਾਨੀਅਤ ਭਰਪੂਰ ਰਿਸ਼ਤਾ ਰਿਹਾ ਹੈ। ਉਹ ਬਹੁਤ ਖੁਸ਼ੀ ਮਹਿਸੂਸ ਕਰ ਰਹੇ ਹਨ ਕਿ ਇਕ ਵਾਰ ਫਿਰ ਇਸ ਪਵਿੱਤਰ ਅਸਥਾਨ ਤੇ ਆਉਣ ਦਾ ਉਹਨਾਂ ਨੂੰ ਮੌਕਾ ਮਿਲਿਆ ਹੈ। ਉਹਨਾਂ ਨੇ ਸ ਜਸਵੰਤ ਸਿੰਘ ਖਹਿਰਾ ਤੇ ਪ੍ਰੀਤ ਹੀਰ ਦਾ ਧੰਨਵਾਦ ਕੀਤਾ ਕਿ ਇੱਥੇ ਉਹਨਾਂ ਨੂੰ ਪ੍ਰੋਗਰਾਮ ਵਿਚ ਸ਼ਾਮਲ ਹੋਣ ਲਈ ਸੱਦਾ ਭੇਜਿਆ ਗਿਆ। ਪ੍ਰੋਗਰਾਮ ਦੇ ਆਖੀਰ ਵਿੱਚ ਸ ਜਸਵੰਤ ਸਿੰਘ ਖਹਿਰਾ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਹਰ ਸਾਲ ਬਾਬਾ ਸਾਹਿਬ ਜੀ ਦਾ ਜਨਮ ਦਿਵਸ ਮਨਾਉਣ ਤੇ ਉਹਨਾਂ ਦੀ ਵਿਚਾਰਧਾਰਾ ਤੇ ਸੈਮੀਨਾਰ ਕਰਵਾਉਣ ਲਈ ਕਿਹਾ।ਪ੍ਰੋਗਰਾਮ ਦੇ ਅੰਤ ਵਿਚ ਗੁਰਸਾਗਰ ਮਸਤੂਆਣਾ ਸਾਹਿਬ ਵਿਖੇ ਸ਼ਾਇਰ ਕਵਿੰਦਰ ਚਾਂਦ, ਉਹਨਾਂ ਦੇ ਬੇਟੇ ਤੇ ਸਾਹਿਤਕਾਰ ਡਾ ਰਾਕੇਸ਼ ਸ਼ਰਮਾ ਜੀ ਦਾ ਸੰਤ ਅਤਰ ਸਿੰਘ ਜੀ ਦੇ ਸਰੂਪ, ਸਿਰਪਾਉ ਤੇ ਲੋਈ ਸਹਿਤ ਹੈੱਡ ਗ੍ਰੰਥੀ ਭਾਈ ਸੁਖਦੇਵ ਸਿੰਘ ਜੀ ਵੱਲੋਂ ਮਾਣ ਸਨਮਾਨ ਕੀਤਾ ਗਿਆ।

ਇਸ ਮੌਕੇ ਸੀਨੀਅਰ ਕੌਂਸਲ ਮੈਂਬਰ ਗੁਰਜੰਟ ਸਿੰਘ ਦੁੱਗਾਂ, ਗੁਰਜੰਟ ਸਿੰਘ ਬਹਾਦਰਪੁਰ, ਹਰਵਿੰਦਰ ਸਿੰਘ ਕਾਕਾ ਫਤਿਹਗੜ੍ਹ, ਪ੍ਰਿੰਸੀਪਲ ਡਾ ਵਿਜੇ ਪਲਾਹਾ ਅਕਾਲ ਅਕੈਡਮੀ, ਪ੍ਰਿੰਸੀਪਲ ਡਾ ਰਜਿੰਦਰ ਸਿੰਘ (ਬਹਾਦਰਪੁਰ), ਪ੍ਰਿੰਸੀਪਲ ਡਾ ਗੀਤਾ ਠਾਕੁਰ ਫਿਜ਼ੀਕਲ ਕਾਲਜ, ਪ੍ਰਿੰਸੀਪਲ ਡਾ ਸੁਖਦੀਪ ਕੌਰ ਬੀ ਐਡ ਕਾਲਜ, ਪ੍ਰਿੰਸੀਪਲ ਡਾ ਅਮਨਦੀਪ ਕੌਰ ਬੀ ਫਾਰਮੇਸੀ,ਪ੍ਰੋ ਗੁਰਪ੍ਰੀਤ ਸਿੰਘ ਲਾਇਬ੍ਰੇਰੀ ਇੰਚਾਰਜ, ਜਗਸੀਰ ਸਿੰਘ ਖੇੜੀ ਚੰਦਵਾ, ਦਰਸ਼ਨ ਸਿੰਘ ਕਾਂਗੜਾ, ਸੀਨੀਅਰ ਆਗੂ ਵਿਜੇ ਕੁਮਾਰ ਸਾਹਨੀ, ਸੀਨੀਅਰ ਮੀਤ ਪ੍ਰਧਾਨ ਨਿਰਭੈ ਸਿੰਘ ਛੰਨਾ ਸਮੇਤ ਸਮੂਹ ਕਾਲਜ ਸਟਾਫ਼ ਤੇ ਅਕਾਲ ਕਾਲਜ ਕੌਂਸਲ ਦੇ ਅਹੁਦੇਦਾਰ ਮੌਜੂਦ ਸਨ।

# ਅਕੇਡੀਆ ਵਰਲਡ ਸਕੂਲ ਵਿਖੇ ਮਨਾਇਆ ਗਣਤੰਤਰਤਾ ਦਿਵਸ

ਸੁਨਾਮ, 27 ਜਨਵਰੀ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਇਲਾਕੇ ਦੀ ਉੱਚ ਵਿੱਦਿਅਕ ਸੰਸਥਾ ਅਕੇਡੀਆ ਵਰਲਡ ਸਕੂਲ ਵਿੱਚ ਗਣਤੰਤਰਤਾ ਦਿਵਸ ਬਹੁਤ ਹੀ ਉਤਸ਼ਾਹ, ਗੌਰਵ ਤੇ ਦੇਸ਼ਭਗਤੀ ਦੇ ਜਜ਼ਬੇ ਨਾਲ ਮਨਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਤੇ ਸਕੂਲ ਦੇ ਪ੍ਰਿੰਸੀਪਲ ਰਣਜੀਤ ਕੌਰ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਨਾਲ ਹੋਈ। ਜਿਸ ਤੋਂ ਬਾਅਦ ਰਾਸ਼ਟਰੀ ਗਾਨ ਗਾਇਆ ਗਿਆ। ਇਹ ਸਮਾਰੋਹ ਸਕੂਲ ਦੇ ਪ੍ਰਿੰਸੀਪਲ ਰਣਜੀਤ ਕੌਰ ਦੀ ਅਗਵਾਈ ਹੇਠ ਤੇ ਵਾਈਸ ਪ੍ਰਿੰਸੀਪਲ ਵਿਕਾਸ ਗਰਗ ਦੀ ਸਹਾਇਤਾ ਨਾਲ ਆਯੋਜਿਤ ਕੀਤਾ ਗਿਆ।

ਇਸ ਮੌਕੇ ਤੇ ਚੌਥੀ ਜਮਾਤ ਐਸਟਰ ਤੇ ਲਾਇਲੈਕ ਦੇ ਵਿਦਿਆਰਥੀਆਂ ਵੱਲੋਂ ਗਣਤੰਤਰਤਾ ਦਿਵਸ ਸਬੰਧੀ ਪੇਸ਼ਕਾਰੀ ਕੀਤੀ ਗਈ। ਇਸ ਪ੍ਰੋਗਰਾਮ ਦਾ ਮੰਚ ਸੰਚਾਲਨ ਨੈਮਿਸ਼ ਤੇ ਪਰਮਰਾਜ ਸਿੰਘ ਵੱਲੋਂ ਕੀਤਾ ਗਿਆ। ਸਭ ਤੋਂ ਪਹਿਲਾਂ ਚੌਥੀ ਐਸਟਰ ਤੇ ਲਾਇਲੈਕ ਦੇ ਵਿਦਿਆਰਥੀਆਂ ਵੱਲੋ ਦੇਸ਼ਭਗਤੀ ਗੀਤ ਗਾਇਆ ਗਿਆ, ਜਿਸ ਵਿੱਚ ਕੁਦਰਤ, ਹਸਨ, ਅਨਮੋਲ, ਫ਼ਤਹਿ, ਲਕਸ਼ਪ੍ਰਤਾਪ, ਲਕਸ਼ਦੀਪ, ਖਾਮਿਸ਼ ਤੇ ਸਾਰੀਕਾ ਨੇ ਭਾਗ ਲਿਆ।ਪਾਣੀ ਦੀ ਮਹੱਤਤਾ ਨੂੰ ਸਮਝਾਉਂਦੇ ਹੋਏ ਇੱਕ ਪਲੇਅ ਰਾਹੀਂ ਜਸ਼ਨੂਰ, ਅਗਮਪ੍ਰੀਤ, ਅਗਮਜੋਤ ਕੌਰ, ਆਹਿਲ, ਵਾਹਿਨ ਅਤੇ ਨਵਰਾਜ ਨੇ ਬੜੇ ਪ੍ਰਭਾਵਸ਼ਾਲੀ ਢੰਗ ਨਾਲ ਇਸ ਨੂੰ ਪੇਸ਼ ਕੀਤਾ।ਉਦਯਵੀਰ, ਦੀਪਕ , ਹਰਗੁਨ, ਸ਼ਿਵਾਇ, ਰਹਾਨੀ, ਹਾਰੀਦੈ, ਸਨਾਇਜੋਤ, ਸਮਰ ਤੇ ਗ੍ਰਿਤਿਕ ਦੇਸ਼ ਭਗਤੀ ਸਬੰਧੀ



ਗੀਤ ਤੇ ਡਾਂਸ ਕੀਤਾ।ਇਸ ਉਪਰੰਤ ਲਕਸ਼ਦੀਪ ਕੌਰ ਵੱਲੋਂ ਭਾਸ਼ਣ ਰਾਹੀਂ 26 ਜਨਵਰੀ ਦੀ ਮਹੱਤਤਾ ਬਾਰੇ ਦੱਸਿਆ ਗਿਆ। ਇਸ ਪ੍ਰੋਗਰਾਮ ਦੀ ਤਿਆਰੀ ਅਮਨਦੀਪ ਕੀਰਾਰ (ਡਾਂਸ ਟੀਚਰ) ਕੌਸ਼ਲ ਕੁਮਾਰ (ਮਿਊਜਿਕ ਟੀਚਰ), ਨਿਸ਼ਾ ਤੇ ਗੀਤੂ ਵੱਲੋਂ ਕਰਵਾਈ ਗਈ। ਇਸ ਸਮਾਰੋਹ ਦੌਰਾਨ ਪ੍ਰਿੰਸੀਪਲ ਰਣਜੀਤ ਕੌਰ ਵੱਲੋਂ ਵਿਦਿਆਰਥੀਆਂ ਦੇ ਅਭਿਨੈਅ ਦੀ ਖੂਬ ਸ਼ਲਾਘਾ ਕੀਤੀ ਅਤੇ ਆਪਣੇ ਪ੍ਰੇਰਕ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਸਿਖਾਇਆ ਕਿ ਅਜਿਹੇ ਪ੍ਰੋਗਰਾਮ ਨਾ ਸਿਰਫ਼ ਦੇਸ਼ਭਗਤੀ ਦੇ ਅਹਿਸਾਸ ਨੂੰ ਮਜ਼ਬੂਤ ਕਰਦੇ ਹਨ, ਸਗੋਂ ਬੱਚਿਆਂ ਨੂੰ ਸਹਿਯੋਗ, ਅਨੁਸ਼ਾਸਨ ਅਤੇ ਪ੍ਰਤਿਭਾ ਦੇ ਵਿਕਾਸ ਬਾਰੇ ਵੀ ਸਿੱਖਣ ਦਾ ਮੌਕਾ ਦਿੰਦੇ ਹਨ। ਇਸ ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸਿੰਘ ਨੇ ਸਾਰਿਆਂ ਨੂੰ ਗਣਤੰਤਰਤਾ ਦਿਵਸ ਦੀਆਂ ਸ਼ੁਭਕਾਮਨਾਵਾਂ ਤੇ ਵਧਾਈਆਂ ਦਿੱਤੀਆਂ ਤੇ ਕਿਹਾ ਕਿ ਅੱਜ ਦਾ ਦਿਨ ਹਰ ਭਾਰਤੀ ਲਈ ਮਾਣ ਨਾਲ ਭਰਿਆ ਦਿਨ ਹੈ, ਕਿਉਂਕਿ ਇਸ ਦਿਨ ਸਾਨੂੰ ਆਪਣਾ ਲਿਖਤੀ ਸੰਵਿਧਾਨ ਮਿਲਿਆ, ਜੋ ਕਿ ਲੋਕਾਂ ਨੂੰ ਅਧਿਕਾਰ ਪ੍ਰਦਾਨ ਕਰਦਾ ਹੈ। ਆਪਣੇ ਫਰਜ਼ ਨਿਭਾਉਂਦੇ ਹੋਏ ਬਰਾਬਰੀ ਦੇ ਰੂਪ ਵਿੱਚ ਇਕੱਠੇ ਰਹਿਣ ਲਈ ਪ੍ਰੇਰਿਤ ਕਰਦਾ ਹੈ। ਇਸ ਮੌਕੇ ਤੇ ਸਕੂਲ ਦੇ ਸਾਰੇ ਅਧਿਆਪਕ ਵੀ ਮੌਜੂਦ ਸਨ।

# ਸ੍ਰੀ ਰਾਮ ਪ੍ਰਾਣ ਪ੍ਰਤਿਸ਼ਠਾ ਦੀ ਦੂਜੀ ਵਰ੍ਹੇਗੰਢ ਮਨਾਈ



ਸੁਨਾਮ 27 ਜਨਵਰੀ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) (ਸਥਾਨਕ ਮਾਇਆ ਗਾਰਡਨ ਵਿੱਖੇ ਸ੍ਰੀ ਸ਼ਿਵ ਮੰਦਰ ਕਮੇਟੀ ਵੱਲੋਂ ਕਲੌਨੀ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਰਾਮ ਦੀ ਪ੍ਰਾਣ ਪ੍ਰਤਿਸ਼ਠਾ ਦੀ ਦੂਜੀ ਵਰ੍ਹੇਗੰਢ ਬੜੀ ਧੂਮ ਧਾਮ ਨਾਲ ਮਨਾਈ ਗਈ ਇਸ ਲਈ ਸ੍ਰੀ ਰਾਮਾਇਣ ਜੀ ਦੇ ਪਾਠ ਦੇ ਭੋਗ ਪਾਏ ਗਏ ਤੇ ਅਮਰੀਕਾ ਤੋ ਆਏ ਸੰਤ ਬਾਬਾ ਅਨੱਲ ਜੀ ਤੇ ਸੁਨਾਮ ਦੇ ਉਘੇ ਸੰਤ ਮਹਾਤਮਾ ਸ੍ਰੀ ਸ੍ਰੀ 1008 ਦਮੋਦਰ ਸ਼ਰਨ ਜੀ ਨੇ ਅਸੀਰਵਾਦ ਦਿੱਤਾ ਤੇ ਸ੍ਰੀ ਰਾਮ ਜੀ ਨਾਲ ਜੁੜਣ ਦੀ ਅਪੀਲ ਕੀਤੀ,ਬੀਬੀਆਂ ਦੀ ਭਜਨ ਮੰਡਲੀ ਨੇ ਭਜਨ ਕੀਰਤਨ ਕੀਤਾ ਤੇ ਸ੍ਰੀ ਰਾਮ ਜੀ ਦਾ ਗੁਣਗਾਨ ਕੀਤਾ। ਇਸ ਮੌਕੇ ਤੇ ਮੰਦਰ ਕਮੇਟੀ ਦੇ ਪ੍ਰਧਾਨ ਮਦਨ ਲਾਲ ਕਾਂਸਲ, ਰਾਕੇਸ਼ ਜਿੰਦਲ, ਪ੍ਰਭਾਤ ਜਿੰਦਲ, ਪਵਨ ਕੈਪਟੀ, ਅਸ਼ਵਨੀ ਬਾਂਸਲ, ਗੋਪਾਲ ਸ਼ਰਮਾ, ਗੁਰਦੀਪ ਸਿੰਘ, ਡਾ, ਵਿਜੈ ਅਗਰਵਾਲ, ਕ੍ਰਿਸ਼ਨ ਸੰਦੋਹਾ, ਪ੍ਰਦੀਪ ਮੈਨਨ, ਕਸ਼ਮੀਰੀ ਲਾਲ ਬਤਰਾ, ਜਗਦੀਪ ਭਾਰਦਵਾਜ, ਕੁਲਵੀਰ ਸਿੰਘ, ਪਿੰਟੂ ਗਰਗ, ਮੁਨੀਸ਼ ਜਿੰਦਲ, ਡਾ, ਰਾਕੇਸ਼, ਮਹੇਸ਼ ਸਿੰਗਲਾ, ਪੰਡਤ ਰਾਮ ਜੁਆਰੀ, ਪ੍ਰਵੀਨ ਜੈਨ ਐਡਵੋਕੇਟ, ਨਵੀਨ ਐਡਵੋਕੇਟ, ਕਰਨ ਬਾਂਸਲ ਕੰਨੂ, ਛੱਜੂ ਰਾਮ, ਜਤਿੰਦਰ ਸ਼ਰਮਾ, ਮੋਹਿਤ ਗਰਗ, ਯਸਪਾਲ ਗਰਗ, ਅਮਿਤ ਕਪੂਰ, ਸੁਸੀਲ ਕੁਮਾਰ ਐਡਵੋਕੇਟ ਸਮੇਤ ਭਾਰੀ ਗਿਣਤੀ ਵਿੱਚ ਕਲੌਨੀ ਨਿਵਾਸੀ ਭੈਂਣ ਭਰਾ ਹਾਜ਼ਰ ਸਨ।

# ਮਾਨ ਸਰਕਾਰ ਨੇ ਯੋਗਤਾ ਦੇ ਅਧਾਰ 'ਤੇ ਪੰਜਾਬੀਆਂ ਨੂੰ ਵੱਡੀ ਪੱਧਰ 'ਤੇ ਨੌਕਰੀਆਂ ਦਿੱਤੀਆਂ : ਸੁਖਵੀਰ ਸਿੰਘ



ਧੂਰੀ, 27 ਜਨਵਰੀ (ਰਾਜੇਸ਼ਵਰ ਪਿੰਟੂ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਸੂਬਾ ਸਰਕਾਰ ਪੰਜਾਬ ਦੇ ਚੌਤਰਫ਼ੇ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਨੌਜਵਾਨਾਂ ਨੂੰ ਯੋਗਤਾ ਦੇ ਅਧਾਰ 'ਤੇ ਵੱਡੀ ਪੱਧਰ 'ਤੇ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਸਿਹਤ ਸਹੂਲਤਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਲੋਕਾਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦੇ ਕੇ ਸਿਹਤ ਖੇਤਰ ਵਿੱਚ ਇਨਕਲਾਬੀ ਕਦਮ ਚੁੱਕੇ ਗਏ ਹਨ। ਉਹ ਇਥੇ ਸਮਾਜ ਸੇਵੀ ਸਖ਼ਸ਼ੀਅਤ ਅਤੇ ਗੁਰਸੰਤ ਫਾਇਨਾਂਸ ਦੇ ਮੈਨੇਜਿੰਗ ਡਾਇਰੈਕਟਰ ਜਗਦੇਵ ਸਿੰਘ ਜੈਨਪੁਰ ਦੇ ਗ੍ਰਹਿ ਵਿਖੇ ਇੱਕ ਧਾਰਮਿਕ ਸਮਾਗਮ 'ਚ ਸ਼ਿਰਕਤ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਇਲਾਕਾ ਨਿਵਾਸੀਆਂ ਤੇ ਵੱਖ-ਵੱਖ ਸਖ਼ਸ਼ੀਅਤਾਂ ਨਾਲ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ।

ਇਸ ਮੌਕੇ ਜਗਦੇਵ ਸਿੰਘ ਜੈਨਪੁਰ ਨੇ 'ਬੱਬਨਪੁਰ ਤੋਂ ਮਾਹੋਰਾਣਾ' ਨਹਿਰੀ ਪਟੜੀ ਵਾਲੀ ਸੜਕ ਦੇ ਨਿਰਮਾਣ ਦਾ ਮੁੱਦਾ ਓ.ਐਸ. ਡੀ. ਦੇ ਧਿਆਨ ਵਿੱਚ ਲਿਆਂਦਾ ਗਿਆ। ਇਸ 'ਤੇ ਪ੍ਰਤੀਕਿਰਿਆ ਦਿੰਦਿਆਂ ਸ. ਸੁਖਬੀਰ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਇਸ ਸੜਕੀ ਨਿਰਮਾਣ ਦੇ ਕਾਰਜ ਨੂੰ ਪਹਿਲ ਦੇ ਅਧਾਰ 'ਤੇ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਤਾਂ ਜੋ ਰਾਹਗੀਰਾਂ ਨੂੰ ਆਵਾਜਾਈ ਵਿੱਚ ਸਹੂਲਤ ਮਿਲ ਸਕੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ਼ਿਆਮ ਸੁੰਦਰ ਸਿੰਗਲਾ, ਜਗਜੀਤ ਸਿੰਘ ਸਰਪੰਚ ਕੱਕੜਵਾਲ, ਕਾਂਗਰਸੀ ਆਗੂ ਸਰਬਜੀਤ ਸਿੰਘ ਭੈਣੀ, ਕੇਂਦਰੀ ਲੇਖਕ ਸਭਾ ਦੇ ਪ੍ਰਧਾਨ ਪਵਨ ਹਰਚੰਦਪੁਰੀ, ਗੁਲਜ਼ਾਰ ਸਿੰਘ ਸ਼ੌਂਕੀ, ਗੁਰਦੀਪ ਸਿੰਘ, ਸਾਬਕਾ ਚੇਅਰਮੈਨ ਕੁਲਵੀਰ ਸਿੰਘ ਤੇ ਅਕਾਲੀ ਆਗੂ ਰਵੀ ਇੰਦਰ ਸਿੰਘ ਈਸੜਾ ਆਦਿ ਵੀ ਹਾਜ਼ਰ ਸਨ।

# ਯੂਥ ਕਾਂਗਰਸ ਦੇ ਹਲਕਾ ਪ੍ਰਧਾਨ ਦੀ ਚੋਣ ਲਈ ਹੈਵਨਪ੍ਰੀਤ ਦੌਲਤਪੁਰ ਚੋਣ ਮੈਦਾਨ 'ਚ ਨਿਤਰੇ

ਧੂਰੀ, 27 ਜਨਵਰੀ (ਰਾਜੇਸ਼ਵਰ ਪਿੰਟੂ): ਯੂਥ ਕਾਂਗਰਸ ਦੀਆਂ ਜਥੇਬੰਦਕ ਚੋਣਾਂ ਨੂੰ ਲੈ ਕੇ ਹਲਕਾ ਧੂਰੀ ਵਿੱਚ ਸਿਆਸੀ ਮਾਹੌਲ ਪੂਰੀ ਤਰ੍ਹਾਂ ਭਖ ਗਿਆ ਹੈ। ਇਸ ਚੋਣ ਦੰਗਲ ਵਿੱਚ ਨੌਜਵਾਨ ਆਗੂ ਹੈਵਨਪ੍ਰੀਤ ਸਿੰਘ ਦੌਲਤਪੁਰ ਨੇ ਹਲਕਾ ਪ੍ਰਧਾਨਗੀ ਲਈ ਆਪਣੀ ਦਾਅਵੇਦਾਰੀ ਪੇਸ਼ ਕਰਕੇ ਮੁਕਾਬਲੇ ਨੂੰ ਦਿਲਚਸਪ ਬਣਾ ਦਿੱਤਾ ਹੈ। ਅੱਜ ਧੂਰੀ ਵਿਖੇ ਆਪਣੇ ਸੈਂਕੜੇ ਸਾਥੀਆਂ ਦੇ ਵੱਡੇ ਇਕੱਠ ਦੌਰਾਨ ਉਨ੍ਹਾਂ ਰਸਮੀ ਤੌਰ 'ਤੇ ਚੋਣ ਮੈਦਾਨ ਵਿੱਚ ਨਿੱਤਰਣ ਦਾ ਐਲਾਨ ਕੀਤਾ।



ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੈਵਨਪ੍ਰੀਤ ਸਿੰਘ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਨੌਜਵਾਨ ਵਰਗ ਕਈ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਦਾ ਮੁੱਖ ਉਦੇਸ਼ ਯੂਥ ਕਾਂਗਰਸ ਨੂੰ ਹੇਠਲੇ ਪੱਧਰ 'ਤੇ ਮਜ਼ਬੂਤ ਕਰਨਾ ਅਤੇ ਪੜ੍ਹੇ-ਲਿਖੇ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਸਰਗਰਮ ਕਰਨਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਉਹ ਨੌਜਵਾਨਾਂ ਦੇ ਹੱਕਾਂ ਲਈ ਹਮੇਸ਼ਾ ਮੂਹਰਲੀ ਕਤਾਰ ਵਿੱਚ ਖੜ੍ਹਨਗੇ।

ਹੈਵਨਪ੍ਰੀਤ ਨੇ ਦੱਸਿਆ ਕਿ ਉਹ ਕਾਂਗਰਸ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਰਾਹੁਲ ਗਾਂਧੀ ਦੀ ਸੋਚ ਨੂੰ ਘਰ-ਘਰ ਪਹੁੰਚਾਉਣ ਲਈ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਪਾਰਟੀ ਦੀ ਰੀੜ੍ਹ ਦੀ ਹੱਡੀ ਹੈ ਅਤੇ ਉਹ ਹਲਕੇ ਦੇ ਪਿੰਡ-ਪਿੰਡ ਜਾ ਕੇ ਨੌਜਵਾਨਾਂ ਨੂੰ ਲਾਮਬੰਦ ਕਰਨਗੇ। ਉਨ੍ਹਾਂ ਦੀ ਦਾਅਵੇਦਾਰੀ ਨੂੰ ਕਈ ਸੀਨੀਅਰ ਕਾਂਗਰਸੀ ਆਗੂਆਂ ਤੇ ਪੁਰਾਣੇ ਵਰਕਰਾਂ ਦਾ ਸਮਰਥਨ ਮਿਲਦਾ ਦਿਖਾਈ ਦੇ ਰਿਹਾ ਹੈ।

ਆਪਣੇ ਏਜੰਡੇ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕਾ ਧੂਰੀ ਦੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਗਲਤ ਰਸਤਿਆਂ ਤੋਂ ਮੋੜ ਕੇ ਖੇਡਾਂ ਅਤੇ ਸਮਾਜ ਸੇਵਾ ਵਾਲੇ ਪਾਸੇ ਲਗਾਉਣਾ ਉਨ੍ਹਾਂ ਦੀ ਪਹਿਲ ਹੋਵੇਗੀ। ਉਨ੍ਹਾਂ ਕਿਹਾ ਕਿ ਜੇਕਰ ਨੌਜਵਾਨਾਂ ਨੂੰ ਸਹੀ ਸੇਧ ਮਿਲੇ ਤਾਂ ਉਹ ਦੇਸ਼ ਦੀ ਤਕਦੀਰ ਬਦਲ ਸਕਦੇ ਹਨ।

# ਆਕਸਫੋਰਡ ਸੰਸਥਾ ਨੇ ਧੂਮ-ਧਾਮ ਨਾਲ ਮਨਾਇਆ ਗਣਤੰਤਰਤਾ ਦਿਵਸ



ਭਗਤਾ ਭਾਈ ਕਾ, 27 ਜਨਵਰੀ (ਸਵਰਨ ਸਿੰਘ ਭਗਤਾ): 'ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ' ਇੱਕ ਅਜਿਹੀ ਮਾਣਮੱਤੀ ਵਿੱਦਿਅਕ ਸੰਸਥਾ ਹੈ ਜੋ ਹਰ ਵਿਸ਼ੇਸ਼ ਦਿਵਸ ਨੂੰ ਵਿਸ਼ੇਸ਼ ਤੌਰ ਤੇ ਮਨਾਉਂਦੀ ਹੈ।ਇਸ ਸਕੂਲ ਵਿੱਚ ਦੇਸ਼ ਦੀ ਪ੍ਰਭੂਸੱਤਾ ਤੇ ਅਖੰਡਤਾ ਦਾ ਪ੍ਰਤੀਕ 'ਗਣਤੰਤਰਤਾ ਦਿਵਸ' ਬੜੀ ਧੂਮ-ਧਾਮ ਨਾਲ ਮਨਾਇਆ ਗਿਆ।ਪ੍ਰੋਗਰਾਮ ਦਾ ਆਗਾਜ਼ ਸ਼ਬਦ 'ਦੇਹਿ ਸ਼ਿਵਾ......' ਸ਼ਬਦ ਨਾਲ ਹੋਇਆ।ਇਸ ਤੋਂ ਬਾਅਦ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਦੇਸ਼ ਭਗਤੀ ਨਾਲ ਸਬੰਧਤ ਇੱਕ ਗਰੁੱਪ ਡਾਂਸ ਪੇਸ਼ ਕੀਤਾ ਗਿਆ। ਪ੍ਰੀ-ਨਰਸਰੀ ਤੇ ਐੱਲ.ਕੇ.ਜੀ. ਦੇ ਨੰਨ੍ਹੇ ਵਿਦਿਆਰਥੀਆਂ ਵੱਲੋਂ ਵੀ ਇੱਕ ਸਮੂਹਿਕ ਡਾਂਸ ਪੇਸ਼ ਕੀਤਾ ਗਿਆ।ਯੂ.ਕੇ.ਜੀ. ਤੇ ਪਹਿਲੀ ਕਲਾਸ ਦੇ ਵਿਦਿਆਰਥੀਆਂ ਨੇ ਇੱਕ ਕੋਰੀਓਗ੍ਰਾਫ਼ੀ ਪੇਸ਼ ਕਰਕੇ ਨੰਨ੍ਹੇ ਅਦਾਕਾਰ ਹੋਣ ਦਾ ਸਬੂਤ ਦਿੱਤਾ।ਦੂਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ 'ਇੰਡੀਅਨ ਬੀਟ' ਵਿੱਚ ਸਭ ਨੂੰ ਮਸਤ ਕਰ ਦਿੱਤਾ।ਛੇਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੋਰੀਓਗ੍ਰਾਫ਼ੀ ਨਾਲ ਪ੍ਰੋਗਰਾਮ ਆਪਣੇ ਅੰਤਿਮ ਪੜਾਅ ਵੱਲ ਵਧਿਆ।ਵਿਦਿਆਰਥੀਆਂ ਨੇ 'ਨਸ਼ੇ ਵਿੱਚ ਨਾ ਹੋਵੋ ਗਲਤਾਨ, ਬਣ ਜਾਣੋ ਦੇਸ਼ ਦਾ ਮਾਣ' ਕੋਰੀਓਗ੍ਰਾਫ਼ੀ ਪੇਸ਼ ਕਰਕੇ ਸਭ ਨੂੰ ਸੋਚਣ ਲਈ ਮਜ਼ਬੂਰ ਕਰ ਦਿੱਤਾ ਕਿ ਦੇਸ਼ ਸਾਡੇ ਲਈ ਕੀ ਹੈ, ਅਸੀਂ ਦੇਸ਼ ਲਈ ਕੀ ਕਰ ਸਕਦੇ ਅਤੇ ਅਸੀਂ ਕਰ ਕੀ ਰਹੇ ਹਾਂ?ਜ਼ਿਕਰਯੋਗ ਹੈ ਕਿ ਇਸ ਦਿਨ ਇੰਟਰ ਹਾਊਸ ਡਿਸਪਲੇਅ ਬੋਰਡ ਕੰਪੀਟੀਸ਼ਨ ਵੀ ਕਰਵਾਇਆ ਗਿਆ।

# ਗਣਤੰਤਰ ਦਿਵਸ ਸਮਾਰੋਹ ਮੌਕੇ ਸਵੀਟ ਬਲੌਸਮਜ਼ ਸਕੂਲ ਦੇ ਵਿਦਿਆਰਥੀ ਹਰਮਨਜੋਤ ਸਿੰਘ ਦਾ ਸਨਮਾਨ

ਸਰਦੂਲਗੜ੍ਹ, 27 ਜਨਵਰੀ (ਲਛਮਣ ਸਿੱਧੂ): ਸਵੀਟ ਬਲੌਸਮਜ਼ ਸਕੂਲ ਸਰਦੂਲਗੜ੍ਹ ਦੇ ਕਲਾਸ 12ਵੀਂ (ਨਾਨ-ਮੈਡੀਕਲ) ਦੇ ਵਿਦਿਆਰਥੀ ਹਰਮਨਜੋਤ ਸਿੰਘ ਨੇ ਫੈਂਸਿੰਗ ਖੇਡ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੀ ਬੀ ਐਸ ਈ ਨੈਸ਼ਨਲ ਗੇਮਜ਼ ਦੇ ਅੰਡਰ-19 ਲੜਕੇ ਵਰਗ ਵਿੱਚ ਸੂਬੇ ਦੀ ਨੁਮਾਇੰਦਗੀ ਕਰਦੇ ਹੋਏ ਰਾਜ ਪੱਧਰ 'ਤੇ ਸੋਨ ਤਮਗਾ ਜਿੱਤਿਆ ਹੈ। ਇਸ ਉਪਲਬਧੀ ਨਾਲ ਉਸਨੇ ਨੈਸ਼ਨਲ ਖਿਡਾਰੀ ਵਜੋਂ ਯੋਗਤਾ ਵੀ ਹਾਸਲ ਕਰ ਲਈ ਹੈ।ਇਸ ਸਫਲਤਾ 'ਤੇ ਗਣਤੰਤਰ ਦਿਵਸ (26 ਜਨਵਰੀ) ਨੂੰ ਸਰਦੂਲਗੜ੍ਹ ਵਿਖੇ ਆਯੋਜਿਤ ਸਮਾਰੋਹ ਦੌਰਾਨ ਸਬ ਡਿਵੀਜ਼ਨਲ ਮੈਜਿਸਟਰੇਟ ਸਰਦੂਲਗੜ੍ਹ ਵੱਲੋਂ ਹਰਮਨਜੋਤ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਐਸ.ਡੀ. ਐਮ. ਸਾਹਿਬ ਨੇ ਵਿਦਿਆਰਥੀ ਦੀ ਮਿਹਨਤ, ਅਨੁਸ਼ਾਸਨ ਅਤੇ ਲਗਨ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਉਸਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



ਉਨ੍ਹਾਂ ਇਸ ਉਪਲਬਧੀ ਲਈ ਸਵੀਟ ਬਲੌਸਮਜ਼ ਸਕੂਲ ਦੇ ਪ੍ਰਬੰਧਨ ਤੇ ਸਟਾਫ਼ ਨੂੰ ਵੀ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਵੱਲੋਂ ਦਿੱਤਾ ਗਿਆ ਉਤਸ਼ਾਹ ਅਤੇ ਮਾਰਗਦਰਸ਼ਨ ਹੀ ਵਿਦਿਆਰਥੀਆਂ ਦੀ ਕਾਮਯਾਬੀ ਦੀ ਨੀਂਹ ਬਣਦਾ ਹੈ। ਇਸ ਮੌਕੇ ਮੌਜੂਦ ਸਭ ਨੇ ਵਿਦਿਆਰਥੀ ਦੇ ਕੋਚ ਸੰਦੀਪ ਕੁਮਾਰ ਦੀ ਵੀ ਖਾਸ ਤੌਰ 'ਤੇ ਸਰਾਹਣਾ ਕੀਤੀ ਤੇ ਕਿਹਾ ਕਿ ਉਨ੍ਹਾਂ ਦੀ ਮਿਹਨਤੀ ਕੋਚਿੰਗ ਤੇ ਦਿਸ਼ਾ-ਨਿਰਦੇਸ਼ ਨਾਲ ਹੀ ਇਹ ਸ਼ਾਨਦਾਰ ਸਫਲਤਾ ਸੰਭਵ ਹੋ ਸਕੀ ਹੈ।

ਸਕੂਲ ਪ੍ਰਬੰਧਨ ਵੱਲੋਂ ਹਰਮਨਜੋਤ ਸਿੰਘ ਦੀ ਇਸ ਉਪਲਬਧੀ 'ਤੇ ਖੁਸ਼ੀ ਜ਼ਾਹਿਰ ਕਰਦਿਆਂ ਉਸਦੇ ਉਜਲੇ ਭਵਿੱਖ ਤੇ ਆਉਣ ਵਾਲੀਆਂ ਮੁਕਾਬਲਿਆਂ ਲਈ ਕਾਮਯਾਬੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਬਰਨਾਲਾ ਵਿਖੇ ਵੱਖ ਵੱਖ ਥਾਵਾਂ ’ਤੇ ਮਨਾਇਆ 77ਵਾਂ ਗਣਤੰਤਰ ਦਿਵਸ

## ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਲਹਿਰਾਇਆ ਕੌਮੀ ਝੰਡਾ



ਬਰਨਾਲਾ, 27 ਜਨਵਰੀ (ਬਘੇਲ ਸਿੰਘ ਧਾਲੀਵਾਲ) : ਭਾਰਤ ਦਾ 77ਵਾਂ ਗਣਤੰਤਰ ਦਿਵਸ ਸਮਾਗਮ ਅੱਜ ਇੱਥੇ ਬਾਬਾ ਕਾਲਾ ਮਹਿਰ ਬਹੁਮੰਤਵੀ ਖੇਡ ਸਟੇਡੀਅਮ ਵਿਖੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਸ੍ਰੀ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਝੰਡਾ ਲਹਿਰਾਉਣ ਉਪਰੰਤ ਮੁੱਖ ਮਹਿਮਾਨ ਨੇ ਪਰੇਡ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਅਤੇ ਐੱਸ.ਐੱਸ.ਪੀ. ਬਰਨਾਲਾ ਸ੍ਰੀ ਮੁਹੰਮਦ ਸਰਫਰਾਜ਼ ਆਲਮ ਵੀ ਮੌਜੂਦ ਸਨ। ਬਰਨਾਲਾ ਵਾਸੀਆਂ ਦੇ ਨਾਂ ਆਪਣੇ ਸੰਦੇਸ਼ ਵਿੱਚ ਡਿਪਟੀ ਸਪੀਕਰ ਸ੍ਰੀ ਰੌੜੀ ਨੇ ਸਮੂਹ ਪੰਜਾਬੀਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ ਅਤੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਤੇ ਆਜ਼ਾਦੀ ਦੇ ਮਹਾਨ ਸ਼ਹੀਦਾਂ ਨੂੰ ਸਿਜਦਾ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸ਼ਹੀਦਾਂ ਦੇ ਸੁਪਨਿਆਂ ਦਾ ਪੰਜਾਬ ਸਿਰਜਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਸਿਹਤ ਦੇ ਖੇਤਰ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਦਿੱਤਾ ਜਾਵੇਗਾ ਜਿਸ ਤਹਿਤ ਸਾਰੇ ਪੰਜਾਬ ਵਾਸੀ ਆਪਣਾ ਇਲਾਜ ਕਰਵਾ ਸਕਣਗੇ । ਸਿੱਖਿਆ ਦੇ ਖੇਤਰ ਵਿੱਚ ਸਕੂਲ ਆਫ਼ ਐਮੀਨੈਂਸ ਬਣਾਏ ਜਾ ਰਹੇ ਹਨ ਅਤੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਸਮਰੱਥ ਬਣਾਉਣ ਲਈ ਆਈ.ਟੀ.ਆਈਜ਼ ਵਿੱਚ ਸੀਟਾਂ ਵਧਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 300 ਯੂਨਿਟ ਮੁਫ਼ਤ ਬਿਜਲੀ ਸਦਕਾ 90 ਫੀਸਦੀ ਘਰਾਂ ਦਾ ਬਿੱਲ ਜ਼ੀਰੋ ਆ ਰਿਹਾ ਹੈ। ਬਰਨਾਲਾ ਜ਼ਿਲ੍ਹੇ ਦੇ ਵਿਕਾਸ ਬਾਰੇ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਸੜਕਾਂ ਨੂੰ ਚੌੜਾ ਕਰਨ ਅਤੇ ਪੱਕਾ ਕਰਨ ਦਾ ਕੰਮ ਜੰਗੀ ਪੱਧਰ ਤੇ ਜਾਰੀ ਹੈ ਅਤੇ ਸਿਹਤ ਸਹੂਲਤਾਂ ਲਈ 14 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ। ਇਸ ਮੌਕੇ ਸ਼ਾਨਦਾਰ ਮਾਰਚ ਪਾਸਟ ਕੀਤਾ ਗਿਆ, ਜਿਸ ਦੀ ਅਗਵਾਈ ਪਰੇਡ ਕਮਾਂਡਰ ਡੀ.ਐੱਸ.ਪੀ. ਸ੍ਰੀ ਸਤਵੀਰ ਸਿੰਘ ਬੈਂਸ ਨੇ ਕੀਤੀ। ਪਰੇਡ ਵਿੱਚ ਪੰਜਾਬ ਪੁਲਿਸ (ਪੁਰਸ਼ ਤੇ ਮਹਿਲਾ), ਪੰਜਾਬ ਹੋਮ ਗਾਰਡਜ਼, ਐਨ.ਸੀ.ਸੀ. (ਐੱਸ.ਡੀ. ਕਾਲਜ, ਐੱਲ.ਬੀ.ਐੱਸ. ਕਾਲਜ, ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ), ਸੇਕਰਡ ਹਾਰਟ ਸਕੂਲ ਅਤੇ ਪੁਲਿਸ ਬੈਂਡ ਦੀਆਂ ਟੁਕੜੀਆਂ ਸ਼ਾਮਲ ਹੋਈਆਂ। ਵੱਖ-ਵੱਖ ਵਿਭਾਗਾਂ ਵੱਲੋਂ ਵਿਕਾਸ ਨੂੰ ਦਰਸਾਉਂਦੀਆਂ ਝਾਕੀਆਂ ਵੀ ਪੇਸ਼ ਕੀਤੀਆਂ ਗਈਆਂ। ਸਮਾਗਮ ਦੌਰਾਨ ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਪੀ.ਟੀ. ਸ਼ੋਅ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਬਾਬਾ ਗਾਂਧਾ ਸਿੰਘ ਸਕੂਲ, ਮਦਰ ਟੀਚਰ ਸਕੂਲ, ਟੰਡਨ ਇੰਟਰਨੈਸ਼ਨਲ ਸਕੂਲ ਅਤੇ ਪਵਨ ਸੇਵਾ ਸਮਿਤੀ ਸਕੂਲ ਦੇ ਬੱਚਿਆਂ ਨੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਦਿੱਤੀਆਂ। ਅਖੀਰ ਵਿੱਚ ਭੰਗੜਾ ਅਤੇ ਗਿੱਧੇ ਨੇ ਮਾਹੌਲ ਨੂੰ ਰੰਗਲਾ ਬਣਾ ਦਿੱਤਾ। ਮੁੱਖ ਮਹਿਮਾਨ ਵੱਲੋਂ ਲੋੜਵੰਦਾਂ ਨੂੰ ਟਰਾਈਸਾਈਕਲ ਅਤੇ ਸਿਲਾਈ ਮਸ਼ੀਨਾਂ ਵੰਡੀਆਂ ਗਈਆਂ ਅਤੇ ਪਰੇਡ ਕਮਾਂਡਰਾਂ, ਸਕੂਲੀ ਬੱਚਿਆਂ ਤੇ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੀਆਂ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ। ਰਾਸ਼ਟਰੀ ਗਾਣ ਨਾਲ ਸਮਾਗਮ ਦੀ ਸਮਾਪਤੀ ਹੋਈ।

## ਨਗਰ ਕੌਂਸਲ ਭਦੌੜ



ਭਦੌੜ, 27 ਜਨਵਰੀ (ਸੁਖਵਿੰਦਰ ਪਲਾਹਾ) : ਭਾਰਤ ਦੇ 77ਵੇਂ ਗਣਤੰਤਰਤਾ ਦਿਵਸ ਮੌਕੇ ਨਗਰ ਕੌਂਸਲ ਭਦੌੜ ਦੇ ਪ੍ਰਧਾਨ ਮੁਨੀਸ਼ ਕੁਮਾਰ ਗਰਗ ਵੱਲੋਂ ਤਿਰੰਗਾ ਝੰਡਾ ਲਹਿਰਾ ਕੇ ਸਲਾਮੀ ਦਿੱਤੀ ਗਈ ।ਇਸ ਮੌਕੇ ਪ੍ਰਧਾਨ ਮਨੀਸ਼ ਕੁਮਾਰ ਗਰਗ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੇ ਦਿਨ ਭਾਰਤ ਦਾ ਸੰਵਿਧਾਨ ਲਾਗੂ ਹੋਇਆ ਸੀ ਅਤੇ ਇਹ ਸਵਿਧਾਨ ਭਾਰਤ ਦੇ ਮਹਾਨ ਨਾਇਕ ਡਾਕਟਰ ਡਾਕਟਰ ਭੀਮ ਰਾਓ ਅੰਬੇਡਕਰ ਵੱਲੋਂ ਲਿਖਿਆ ਗਿਆ ਸੀ।ਉਹਨਾਂ ਕਿਹਾ ਅੱਜ ਵੀ ਭਾਰਤ ਵਿੱਚ ਇਸ ਸੰਵਿਧਾਨ ਦੀ ਬਹੁਤ ਮਹੱਤਤਾ ਹੈ ਅਤੇ ਭਾਰਤ ਹਰ ਇੱਕ ਨਾਗਰਿਕ ਆਪਣੇ ਸੰਵਿਧਾਨ ਦਾ ਸਨਮਾਨ ਕਰਦਾ ਹੈ। ਉਹਨਾਂ ਕਿਹਾ ਕਿ ਭਾਰਤ ਦੇ ਹਰ ਇੱਕ ਨਾਗਰਿਕ ਨੂੰ ਭਾਰਤ ਦੇ ਸੰਵਿਧਾਨ ਦਾ ਸਨਮਾਨ ਕਰਨਾ ਚਾਹੀਦਾ ਹੈ ਅਤੇ ਸਮਾਜਿਕ ਕੁਰੀਤੀਆਂ ਤੋਂ ਦੂਰ ਰਹਿ ਕੇ ਭਾਰਤ ਦੇ ਸੰਵਿਧਾਨ ਦੀ ਪਾਲਣਾ ਕਰਨੀ ਚਾਹੀਦੀ ਹੈ ।ਇਸ ਮੌਕੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਜਸਵੀਰ ਸਿੰਘ ਧੰਮੀ, ਨਾਹਰ ਸਿੰਘ ਔਲਖ ਐਮ ਸੀ, ਅਸ਼ੋਕ ਰਾਮ ਮੀਤ ਪ੍ਰਧਾਨ, ਸੁਖਚਰਨ ਸਿੰਘ ਪੰਮਾ ਐਮ ਸੀ, ਵਕੀਲ ਸਿੰਘ ਐਮ ਸੀ ,ਗੁਰਪਾਲ ਸਿੰਘ ਐਮ ਸੀ ,ਬਲਵੀਰ ਸਿੰਘ ਠੰਡੂ ਐਮ ਸੀ, ਸਾਧੂ ਰਾਮ ਜਰਗਰ ਆਦਿ ਤੋਂ ਇਲਾਵਾ ਨਗਰ ਕੌਂਸਲ ਭਦੌੜ ਦਾ ਸਮੂਹ ਸਟਾਫ ਅਤੇ ਸਮੂਹ ਸਫਾਈ ਕਰਮਚਾਰੀ ਹਾਜ਼ਰ ਸਨ।

## ਨਗਰ ਕੌਂਸਲ ਧਨੌਲਾ



ਧਨੌਲਾ, 27 ਜਨਵਰੀ (ਚਮਕੌਰ ਸਿੰਘ ਗੱਗੀ) : ਨਗਰ ਕੌਂਸਲ ਧਨੌਲਾ ਵਿੱਚ 77ਵੇਂ ਗਣਤੰਤਰ ਦਿਵਸ ਦਾ ਸਮਾਰੋਹ ਪੂਰੀ ਸ਼ਾਨੋ-ਸ਼ੌਕਤ ਅਤੇ ਦੇਸ਼ਭਗਤੀ ਦੇ ਮਾਹੌਲ ਵਿੱਚ ਮਨਾਇਆ ਗਿਆ। ਇਸ ਮੌਕੇ ਨਗਰ ਕੌਂਸਲ ਦੀ ਪ੍ਰਧਾਨ ਸ੍ਰੀਮਤੀ ਰਣਜੀਤ ਕੌਰ ਸੋਢੀ ਨੇ ਰਾਸ਼ਟਰੀ ਝੰਡਾ ਤਿਰੰਗਾ ਲਹਿਰਾਇਆ। ਝੰਡਾ ਲਹਿਰਾਉਣ ਉਪਰੰਤ ਪੁਲਿਸ ਪਾਰਟੀ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਭੱਠਲ , ਹੌਲਦਾਰ ਸੰਦੀਪ ਸਿੰਘ, ਸਿਪਾਹੀ ਪ੍ਰਗਟ ਸਿੰਘ, ਸਿਪਾਹੀ ਅਨਮੋਲ ਸਿੰਘ , ਵੱਲੋਂ ਉਨ੍ਹਾਂ ਨੂੰ ਗਾਰਡ ਆਫ ਆਨਰ ਅਤੇ ਸਲਾਮੀ ਦਿੱਤੀ ਗਈ। ਸਮਾਰੋਹ ਦੌਰਾਨ ਸਕੂਲਾਂ ਦੇ ਬੱਚਿਆਂ ਵੱਲੋਂ ਰਾਸ਼ਟਰੀ ਗੀਤ 'ਜਨ ਗਨ ਮਨ ਗਾਇਆ ਗਿਆ, ਜਿਸ ਨਾਲ ਪੂਰਾ ਮਾਹੌਲ ਦੇਸ਼ਭਗਤੀ ਨਾਲ ਗੂੰਜ ਉਠਿਆ। ਇਸ ਦ੍ਰਿਸ਼ ਨੇ ਹਾਜ਼ਰ ਲੋਕਾਂ ਦੇ ਦਿਲਾਂ ਵਿੱਚ ਦੇਸ਼ ਪ੍ਰਤੀ ਸਤਿਕਾਰ ਅਤੇ ਗੌਰਵ ਦੀ ਭਾਵਨਾ ਜਗਾਈ।ਪ੍ਰਧਾਨ ਰਣਜੀਤ ਕੌਰ ਸੋਢੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗਣਤੰਤਰ ਦਿਵਸ ਸਾਨੂੰ ਸੰਵਿਧਾਨ ਦੀ ਮਹੱਤਤਾ, ਅਧਿਕਾਰਾਂ ਅਤੇ ਫਰਜ਼ਾਂ ਦੀ ਯਾਦ ਦਿਵਾਉਂਦਾ ਹੈ। ਉਨ੍ਹਾਂ ਨੇ ਨੌਜਵਾਨ ਪੀੜ੍ਹੀ ਨੂੰ ਦੇਸ਼ ਦੀ ਤਰੱਕੀ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ। ਇਸ ਮੌਕੇ ਨਗਰ ਕੌਂਸਲ ਦੇ ਮੈਂਬਰ, ਅਧਿਕਾਰੀ, ਕਰਮਚਾਰੀ, ਪੁਲਿਸ ਅਧਿਕਾਰੀ, ਸਕੂਲੀ ਬੱਚੇ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਨਾਗਰਿਕ ਹਾਜ਼ਰ ਰਹੇ। ਸਮਾਰੋਹ ਦੇ ਅੰਤ ਵਿੱਚ ਦੇਸ਼ਭਗਤੀ ਦੇ ਨਾਅਰੇ ਲਗਾਏ ਗਏ ਅਤੇ ਰਾਸ਼ਟਰ ਦੀ ਤਰੱਕੀ ਤੇ ਖੁਸ਼ਹਾਲੀ ਲਈ ਦੁਆ ਕੀਤੀ ਗਈ।

## ਐੱਸ.ਬੀ.ਐੱਸ. ਪਬਲਿਕ ਸਕੂਲ



ਬਰਨਾਲਾ, 27 ਜਨਵਰੀ (ਇਸ਼ੇਨ ਕੰਗ) : 26 ਜਨਵਰੀ ਗਣਤੰਤਰ ਦਿਵਸ ਪੂਰੇ ਭਾਰਤ ਵਿੱਚ ਪੂਰੀ ਧੂਮ-ਧਾਮ ਨਾਲ ਮਨਾਇਆ ਜਾਂਦਾ ਹੈ। ਸਭ ਅਦਾਰਿਆ ਵਿੱਚ ਗਣਤੰਤਰ ਦਿਵਸ ਦਾ ਰੰਗ ਵੇਖਣ ਨੂੰ ਮਿਲਦਾ ਹੈ। ਇਸੇ ਰੰਗ ਨੂੰ ਵਿਖਾਉਂਦੇ ਹੋਏ ਐੱਸ ਬੀ ਐੱਸ ਪਬਲਿਕ ਸਕੂਲ ਸੁਰਜੀਤਪੁਰਾ ਵਿਖੇ ਗਣਤੰਤਰ ਦਿਵਸ ਦੇ ਸੰਬੰਧ ’ਚ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ ਅਤੇ ਸਮੂਹ ਸਟਾਫ ਦੇ ਰਾਸ਼ਟਰੀ ਝੰਡਾ ਲਹਿਰਾਇਆ, ਜਿਸ ਵਿੱਚ ਨਰਸਰੀ ਕਲਾਸ ਤੋਂ ਬਾਰਵੀਂ ਕਲਾਸ ਤੱਕ ਦੇ ਬੱਚਿਆਂ ਨੇ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਅਧਿਆਪਕ ਗੁਰਮੇਲ ਸਿੰਘ ਨੇ ਬੱਚਿਆਂ ਨੂੰ ਗਣਤੰਤਰ ਦਿਵਸ ਬਾਰੇ ਜਾਣਕਾਰੀ ਦਿੰਦੇ ਹੋਏ ਕੀਤੀ। ਉਨ੍ਹਾਂ ਕਿਹਾ ਕਿ 26 ਜਨਵਰੀ 1950 ਨੂੰ ਅਜਾਦ ਭਾਰਤ ਦਾ ਸਵਿਧਾਨ ਲਾਗੂ ਹੋਣ ਤੇ ਹਰ ਸਾਲ 26 ਜਨਵਰੀ ਨੂੰ ਪੂਰੇ ਦੇਸ਼ ਵਿੱਚ ਗਣਤੰਤਰ ਦਿਵਸ ਮਨਾਇਆ ਜਾਂਦਾ ਹੈ। ਸਮਾਰੋਹ ਦੌਰਾਨ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਭਰੇ ਗੀਤ, ਕਵਿਤਾਵਾਂ, ਭਾਸ਼ਣ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ, ਜਿਨ੍ਹਾਂ ਰਾਹੀਂ ਆਜ਼ਾਦੀ ਸੰਗਰਾਮੀਆਂ ਦੀ ਕੁਰਬਾਨੀ ਅਤੇ ਭਾਰਤੀ ਸੰਵਿਧਾਨ ਦੀ ਮਹੱਤਤਾ ਨੂੰ ਉਜਾਗਰ ਕੀਤਾ ... ਵਿਦਿਆਰਥੀਆਂ ਦੀਆਂ ਪੇਸ਼ ... ਰਾਸ਼ਟਰ ਪ੍ਰਤੀ ਮਾਣ ਦੀ ਭਾਵ... ਮਜ਼ਬੂਤ ਕੀਤਾ। ਪੰਜਵੀਂ ਤੋਂ ... ਕਲਾਸ ਦੇ ਬੱਚਿਆਂ ਦੇ ਡ... ਪੇਂਟਿੰਗ ਮੁਕਾਬਲੇ ਕਰਵਾਏ ... ਜੇਤੂ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ। ਅਧਿਆਪਿਕਾ ਰਮਿੰਦਰ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ 26 ਜਨਵਰੀ ਸਾਨੂੰ ਸੰਵਿਧਾਨ ਦੁਆਰਾ ਦਿੱਤੇ ਅਧਿਕਾਰਾਂ ਅਤੇ ਕਰਤੱਵਾਂ ਦੀ ਯਾਦ ਦਿਵਾਉਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਚੰਗੀ ਸਿੱਖਿਆ, ਨੈਤਿਕ ਮੁੱਲ ਅਤੇ ਅਨੁਸ਼ਾਸਨ ਨਾਲ ਹੀ ਇੱਕ ਮਜ਼ਬੂਤ ਅਤੇ ਵਿਕਸਿਤ ਭਾਰਤ ਦੀ ਨਿਰਮਾਣ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸਦਾ ਸੱਚਾਈ, ਇਮਾਨਦਾਰੀ ਅਤੇ ਮਿਹਨਤ ਨੂੰ ਆਪਣੀ ਜੀਵਨਸ਼ੈਲੀ ਬਣਾਉਣਾ ਚਾਹੀਦਾ ਹੈ। ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਭਾਰਤੀ ਸੰਵਿਧਾਨ ਦੁਨੀਆ ਦੇ ਸਭ ਤੋਂ ਵੱਡੇ ਅਤੇ ਲੋਕਤਾਂਤ੍ਰਿਕ ਸੰਵਿਧਾਨਾਂ ਵਿੱਚੋਂ ਇੱਕ ਹੈ, ਜੋ ਸਾਨੂੰ ਸਮਾਨਤਾ, ਆਜ਼ਾਦੀ, ਨਿਆਂ ਅਤੇ ਭਾਈਚਾਰੇ ਦੀ ਭਾਵਨਾ ਸਿਖਾਉਂਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਉੱਤੇ ਦੇਸ਼ ਨੂੰ ਤਰੱਕੀ ਦੇ ਰਾਹ ‘ਤੇ ਲੈ ਜਾਣ ਦੀ ਵੱਡੀ ਜ਼ਿੰਮੇਵਾਰੀ ਹੈ। ਪ੍ਰਿੰਸੀਪਲ ਮੈਡਮ ਕਮਲਜੀਤ ਕੌਰ ਨੇ ਕਿਹਾ ਕਿ ਦੇਸ਼ ਲਈ ਗਣਤੰਤਰ ਦਿਵਸ ਦਾ ਬਹੁਤ ਮਹੱਤਵ ਹੈ ਕਿ ਇਸ ਦਿਨ ਡਾ. ਬੀ. ਆਰ ਅੰਬੇਦਕਰ ਵੱਲੋ ਬਣਾਏ ਗਏ ਸਵਿਧਾਨ ਨੂੰ ਲਾਗੂ ਕੀਤਾ ਗਿਆ ਸੀ ਅਤੇ ਬੱਚਿਆਂ ਨੂੰ ਝੰਡੇ ਦੇ ਤਿੰਨੋ ਰੰਗਾਂ ਦੇ ਸੰਕੇਤ ਬਾਰੇ ਵੀ ਦੱਸਿਆਂ। ਉਨ੍ਹਾਂ ਵਿਦਿਆਰਥੀਆਂ ਨੂੰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ, ਦੇਸ਼ ਪ੍ਰਤੀ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਰਾਸ਼ਟਰ ਦੀ ਸੇਵਾ ਲਈ ਸਦਾ ਤਿਆਰ ਰਹਿਣ ਦੀ ਅਪੀਲ ਕੀਤੀ। ਉਨ੍ਹਾਂ ਵੱਲੋਂ ਅਧਿਆਪਕਾਂ ਦੀ ਭੂਮਿਕਾ ਉੱਤੇ ਵੀ ਰੌਸ਼ਨੀ ਪਾਈ ਗਈ ਅਤੇ ਕਿਹਾ ਕਿ ਅਧਿਆਪਕ ਹੀ ਉਹ ਮਾਰਗਦਰਸ਼ਕ ਹੁੰਦੇ ਹਨ ਜੋ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਦਿੰਦੇ ਹਨ ਅਤੇ ਉਨ੍ਹਾਂ ਵਿੱਚ ਦੇਸ਼ਭਗਤੀ ਅਤੇ ਨੈਤਿਕ ਮੁੱਲਾਂ ਦੀ ਭਾਵਨਾ ਭਰਦੇ ਹਨ।

## ਗੋਬਿੰਦ ਸਕੂਲ ਭਦੌੜ




ਭਦੌੜ, 27 ਜਨਵਰੀ (ਸੁਖਵਿੰਦਰ ਪਲਾਹਾ) : ਗੋਬਿੰਦ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ 26 ਜਨਵਰੀ ਦੇਸ਼ ਦਾ 77 ਵਾਂ ਗਣਤੰਤਰ ਦਿਵਸ ਬੜੇ ਉਤਸ਼ਾਹ, ਦੇਸ਼ਭਗਤੀ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਰਾਸ਼ਟਰੀ ਝੰਡਾ ਫਰਹਾਉਣ ਨਾਲ ਹੋਈ।ਇਹ ਰਸਮ ਸਕੂਲ ਦੇ ਸਰਪ੍ਰਸਤ ਡਾ. ਦਰਸ਼ਨ ਸਿੰਘ ਗਿੱਲ ਦੁਆਰਾ ਨਿਭਾਈ ਗਈ । ਇਸ ਉਪਰੰਤ ਰਾਸ਼ਟਰੀ ਗਾਣ ਦੀ ਗੂੰਜ ਨਾਲ ਸਾਰਾ ਵਾਤਾਵਰਣ ਦੇਸ਼ ਭਗਤੀ ਦੇ ਰੰਗ ਵਿੱਚ ਰੰਗਿਆ ਗਿਆ। ਇਸ ਮੌਕੇ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਗੀਤ, ਕਵਿਤਾਵਾਂ ਅਤੇ ਮਨਮੋਹਕ ਸੱਭਿਆਚਾਰਕ ਪ੍ਰਸਤੁਤੀਆਂ ਪੇਸ਼ ਕੀਤੀਆਂ ਗਈਆਂ। ਬੱਚਿਆਂ ਨੇ ਆਪਣੇ ਪ੍ਰੋਗਰਾਮਾਂ ਰਾਹੀਂ ਦੇਸ਼ ਦੀ ਆਜ਼ਾਦੀ, ਸੰਵਿਧਾਨ ਦੀ ਮਹੱਤਤਾ ਅਤੇ ਗਣਤੰਤਰ ਦੇ ਮੁੱਲਾਂ ਨੂੰ ਦਰਸਾਇਆ। ਸਕੂਲ ਦੇ ਚੇਅਰਮੈਨ ਡਾ.ਦਰਸ਼ਨ ਸਿੰਘ ਗਿੱਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਗਣਤੰਤਰ ਦਿਵਸ ਦੀ ਇਤਿਹਾਸਕ ਮਹੱਤਤਾ ਤੇ ਰੌਸ਼ਨੀ ਪਾਈ ਅਤੇ ਉਨ੍ਹਾਂ ਨੂੰ ਦੇਸ਼ ਦਾ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਗਿੱਲ, ਐੱਮ ਡੀ ਰਿਚਾ ਪਨੇਸਰ ਗਿੱਲ ਨੇ ਸਾਰਿਆਂ ਨੂੰ ਇਸ ਦਿਨ ਦੀਆਂ ਵਧਾਈਆਂ ਦਿੱਤੀਆਂ। ਸਕੂਲ ਦੇ ਪ੍ਰਿੰਸੀਪਲ ਪੀ ਕੇ ਠਾਕੁਰ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸੰਵਿਧਾਨ ਅਧਿਕਾਰਾਂ ਦੇ ਨਾਲ-ਨਾਲ ਸਾਨੂੰ ਫ਼ਰਜ਼ਾਂ ਦੀ ਵੀ ਯਾਦ ਦਿਵਾਉਂਦਾ ਹੈ। ਅੰਤ ਵਿੱਚ ਸਮਾਗਮ ਦੇਸ਼ਭਗਤੀ ਦੇ ਨਾਅਰਿਆਂ ਨਾਲ ਸੰਪੰਨ ਹੋਇਆ। ਇਸ ਮੌਕੇ ਸਕੂਲ ਸਟਾਫ਼, ਅਧਿਆਪਕ ਅਤੇ ਵਿਦਿਆਰਥੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ।

## ਵਾਈ.ਐਸ. ਪਬਲਿਕ ਸਕੂਲ




ਬਰਨਾਲਾ, 27 ਜਨਵਰੀ (ਇਸ਼ੇਨ ਕੰਗ) : ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਵਾਈਐਸ ਪਬਲਿਕ ਸਕੂਲ ਵਿੱਚ ਗਣਤੰਤਰ ਦਿਵਸ ਬਹੁਤ ਹੀ ਉਤਸ਼ਾਹ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਸਮਾਰੋਹ ਵਿੱਚ ਪ੍ਰੀ-ਨਰਸਰੀ ਤੋਂ ਕਲਾਸ 2 ਤੱਕ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਭਾਗ ਲਿਆ, ਜਿਸ ਨਾਲ ਸਮਾਗਮ ਖੁਸ਼ੀ ਅਤੇ ਅਰਥਪੂਰਨ ਬਣ ਗਿਆ। ਸਮਾਗਮ ਦੀ ਸ਼ੁਰੂਆਤ ਗਰਮਜੋਸ਼ੀ ਭਰੇ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਰੰਗਾ-ਰੰਗ ਡਾਂਸ ਪੇਸ਼ਕਾਰੀਆਂ ਅਤੇ ਦੇਸ਼ਭਗਤੀ ਦੇ ਗੀਤ ਪੇਸ਼ ਕੀਤੇ ਗਏ। ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਨੇ ਦੇਸ਼ ਪ੍ਰਤੀ ਪਿਆਰ ਨੂੰ ਦਰਸਾਇਆ ਅਤੇ ਅਧਿਆਪਕਾਂ ਤੇ ਮਾਪਿਆਂ ਵੱਲੋਂ ਖੂਬ ਸਰਾਹੀਆਂ ਗਈਆਂ। ਸਮਾਰੋਹ ਦੌਰਾਨ ਵਿਦਿਆਰਥੀਆਂ ਨੂੰ ਗਣਤੰਤਰ ਦਿਵਸ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ, ਤਾਂ ਜੋ ਉਹ ਸੰਵਿਧਾਨ ਦੀ ਮਹੱਤਤਾ ਅਤੇ ਏਕਤਾ, ਆਜ਼ਾਦੀ ਤੇ ਲੋਕਤੰਤਰ ਵਰਗੇ ਮੁੱਲਾਂ ਨੂੰ ਛੋਟੀ ਉਮਰ ਤੋਂ ਹੀ ਸਮਝ ਸਕਣ। ਇਸ ਮੌਕੇ ’ਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਮੋਹਿਤ ਜਿੰਦਲ ਨੇ ਕਿਹਾ,'ਸਾਡਾ ਮਕਸਦ ਕੇਵਲ ਅਕਾਦਮਿਕ ਉੱਤਮਤਾ ਉਤਕ੍ਰਿਸ਼ਟਤਾ ਹੀ ਨਹੀਂ, ਸਗੋਂ ਵਿਦਿਆਰਥੀਆਂ ਵਿੱਚ ਨੈਤਿਕ ਮੁੱਲਾਂ ਅਤੇ ਦੇਸ਼ਭਗਤੀ ਦੀ ਭਾਵਨਾ ਪੈਦਾ ਕਰਨੀ ਵੀ ਹੈ। ਇਸ ਤਰ੍ਹਾਂ ਦੇ ਸਮਾਗਮ ਵਿਦਿਆਰਥੀਆਂ ਨੂੰ ਦੇਸ਼ ਨਾਲ ਜੋੜਦੇ ਹਨ ਅਤੇ ਉਨ੍ਹਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕਰਦੇ ਹਨ।' ਸਮਾਗਮ ਦਾ ਅੰਤ ਸਾਰੇ ਹਾਜ਼ਰ ਲੋਕਾਂ ਵੱਲੋਂ ਰਾਸ਼ਟਰੀ ਗੀਤ ਦੇ ਸਾਂਝੇ ਗਾਇਨ ਨਾਲ ਹੋਇਆ, ਜਿਸ ਨਾਲ ਸਾਰਾ ਮਾਹੌਲ ਮਾਣ ਅਤੇ ਦੇਸ਼ਭਗਤੀ ਨਾਲ ਭਰ ਗਿਆ। ਵਾਈਐਸ ਪਬਲਿਕ ਸਕੂਲ ਵਿੱਚ ਮਨਾਇਆ ਗਿਆ ਗਣਤੰਤਰ ਦਿਵਸ ਸਕੂਲ ਦੀ ਸਮਪੂਰਨ ਸਿੱਖਿਆ ਅਤੇ ਰਾਸ਼ਟਰੀ ਮੁੱਲਾਂ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

## ਬੀ.ਵੀ.ਐਮ. ਇੰਟਰਨੈਸ਼ਨਲ ਸਕੂਲ



ਬਰਨਾਲਾ, 27 ਜਨਵਰੀ (ਇਸ਼ੇਨ ਕੰਗ) : ਬੀਵੀਐਮ ਇੰਟਰਨੈਸ਼ਨਲ ਸਕੂਲ ਨੇ 77ਵਾਂ ਗਣਤੰਤਰ ਦਿਵਸ ਬਹੁਤ ਹੀ ਸ਼ਾਨ, ਉਤਸ਼ਾਹ ਅਤੇ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ। ਇਸ ਮੌਕੇ ਤੇ ਸਕੂਲ ਵਿੱਚ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ, ਜਿਸਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਪੂਰੇ ਸਕੂਲ ਪਰਿਵਾਰ ਦੇ ਦਿਲਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਪੂਰੇ ਸਕੂਲ ਕੈਂਪਸ ਨੂੰ ਤਿਰੰਗੇ ਦੇ ਰੰਗਾਂ ਨਾਲ ਸਜਾਇਆ ਗਿਆ ਸੀ, ਜੋ ਭਾਰਤ ਦੀ ਏਕਤਾ, ਅਖੰਡਤਾ ਅਤੇ ਸ਼ਾਨਦਾਰ ਇਤਿਹਾਸ ਦਾ ਪ੍ਰਤੀਕ ਸੀ ਅਤੇ ਸਾਰਿਆਂ ਨੂੰ ਪ੍ਰੇਰਿਤ ਕਰਦਾ ਸੀ। ਤਿਰੰਗੇ ਨੂੰ ਸਲਾਮੀ ਦੇ ਕੇ, ਸਾਰੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੇ ਰਾਸ਼ਟਰ ਪ੍ਰਤੀ ਆਪਣੀ ਵਫ਼ਾਦਾਰੀ ਅਤੇ ਸਮਰਪਣ ਦਾ ਪ੍ਰਗਟਾਵਾ ਕੀਤਾ। ਸਕੂਲ ਦੇ ਚੇਅਰਮੈਨ ਸ਼੍ਰੀ ਪ੍ਰਮੋਦ ਅਰੋੜਾ, ਡਾਇਰੈਕਟਰ ਸ਼੍ਰੀਮਤੀ ਗੀਤਾ ਅਰੋੜਾ, ਸ਼੍ਰੀ ਨਿਖਿਲ ਅਰੋੜਾ ਅਤੇ ਸ਼੍ਰੀਮਤੀ ਨੇਹੁਲ ਅਰੋੜਾ ਨੇ ਵੀ ਇਸ ਸ਼ੁਭ ਮੌਕੇ ਤੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਦੇਸ਼ ਭਗਤੀ, ਏਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਮਨਿੰਦਰਜੀਤ ਕੌਰ ਧਾਲੀਵਾਲ ਨੇ ਕਿਹਾ, ਗਣਤੰਤਰ ਦਿਵਸ ਸਾਨੂੰ ਸਾਡੇ ਸੰਵਿਧਾਨ ਦੀਆਂ ਕਦਰਾਂ-ਕੀਮਤਾਂ - ਨਿਆਂ, ਸਮਾਨਤਾ, ਆਜ਼ਾਦੀ ਅਤੇ ਭਾਈਚਾਰੇ ਦੀ ਯਾਦ ਦਿਵਾਉਂਦਾ ਹੈ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਵਿਚਾਰ, ਭਾਸ਼ਣ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਇਹ ਦਰਸਾਉਂਦੀਆਂ ਸਨ ਕਿ ਆਉਣ ਵਾਲੀ ਪੀੜ੍ਹੀ ਦੇਸ਼ ਪ੍ਰਤੀ ਸੁਚੇਤ, ਸੰਵੇਦਨਸ਼ੀਲ ਅਤੇ ਜਾਗਰੂਕ ਹੈ।

## ਭਦੌੜ ਦੇ ਅਕਾਲ ਅਕੈਡਮੀ ਸਕੂਲ ਨੇ ਸਰਕਾਰੀ ਹੁਕਮਾਂ ਦੀਆਂ ਫ਼ਿਰ ਉਡਾਈਆਂ ਧੱਜੀਆਂ




ਭਦੌੜ, 27 ਜਨਵਰੀ (ਸੁਖਵਿੰਦਰ ਪਲਾਹਾ) : ਭਦੌੜ ਵਿੱਚ ਸਥਿਤ ਅਕਾਲ ਅਕੈਡਮੀ ਸਕੂਲ ਇੱਕ ਵਾਰ ਫਿਰ ਸਰਕਾਰੀ ਹੁਕਮਾਂ ਦੀ ਉਲੰਘਣਾ ਕਰਦਾ ਹੋਇਆ ਵਿਵਾਦਾਂ ਵਿੱਚ ਆ ਗਿਆ ਹੈ। ਕੁਝ ਦਿਨ ਪਹਿਲਾਂ ਡਿਪਟੀ ਕਮਿਸ਼ਨਰ ਬਰਨਾਲਾ ਦੇ ਹੁਕਮਾਂ ਦੀ ਉਲੰਘਣਾ ਕਰਨ ਤੋਂ ਬਾਅਦ ਹੁਣ ਸਕੂਲ ਪ੍ਰਬੰਧਕਾਂ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਵੱਲੋਂ ਜਾਰੀ ਹੁਕਮਾਂ ਨੂੰ ਵੀ ਛਿੱਕੇ ਟੰਗ ਸਿੱਧਾ ਤੌਰ ’ਤੇ ਉਲੰਘਣਾ ਕੀਤੀ ਗਈ ਹੈ। ਗੌਰਤਲਬ ਹੈ ਕਿ ਬਰਨਾਲਾ ਜ਼ਿਲ੍ਹੇ ਵਿੱਚ ਕੁਝ ਦਿਨ ਪਹਿਲਾਂ ਸਰਦਾਰ ਸੇਵਾ ਸਿੰਘ ਠੀਕਰੀਵਾਲ ਵਾਲੇ ਦੀ ਬਰਸੀ ਦੇ ਮੌਕੇ ਡਿਪਟੀ ਕਮਿਸ਼ਨਰ ਬਰਨਾਲਾ ਵੱਲੋਂ ਪੂਰੇ ਜ਼ਿਲ੍ਹੇ ਅੰਦਰ ਛੁੱਟੀ ਦਾ ਐਲਾਨ ਕੀਤਾ ਗਿਆ ਸੀ। ਇਸ ਦੇ ਬਾਵਜੂਦ ਭਦੌੜ ਦੇ ਅਕਾਲ ਅਕੈਡਮੀ ਸਕੂਲ ਨੂੰ ਪ੍ਰਬੰਧਕਾਂ ਵੱਲੋਂ ਖੋਲ੍ਹ ਦਿੱਤਾ ਗਿਆ ਸੀ। ਪੱਤਰਕਾਰਾਂ ਦੇ ਦਖ਼ਲ ਤੋਂ ਬਾਅਦ ਸਕੂਲ ਨੂੰ ਤੁਰੰਤ ਬੰਦ ਕਰਨਾ ਪਿਆ ਸੀ ਅਤੇ ਇਸ ਮਾਮਲੇ ਸੰਬੰਧੀ ਵੱਖ ਵੱਖ ਅਖ਼ਬਾਰਾਂ ਵਿੱਚ ਖ਼ਬਰਾਂ ਵੀ ਪ੍ਰਕਾਸ਼ਿਤ ਹੋਈਆਂ ਸਨ। ਪ੍ਰੰਤੂ ਹੈਰਾਨੀ ਦੀ ਗੱਲ ਇਹ ਹੈ ਕਿ ਕੁਝ ਦਿਨ ਬੀਤਣ ਤੋਂ ਬਾਅਦ ਵੀ ਸਕੂਲ ਪ੍ਰਬੰਧਕਾਂ ਨੇ ਕੋਈ ਸਬਕ ਨਹੀਂ ਸਿੱਖਿਆ। 26 ਜਨਵਰੀ ਨੂੰ ਭਾਰਤ ਦੇ 77ਵੇਂ ਗਣਤੰਤਰਤਾ ਦਿਵਸ ਦੇ ਮੱਦੇਨਜ਼ਰ 27 ਜਨਵਰੀ ਨੂੰ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਛੁੱਟੀ ਦਾ ਐਲਾਨ ਕੀਤਾ ਗਿਆ ਸੀ। ਹੁਣ ਇਸ ਘਟਨਾ ਤੋਂ ਬਾਅਦ ਵੱਡਾ ਸਵਾਲ ਇਹ ਖੜ੍ਹਾ ਹੁੰਦਾ ਹੈ ਕਿ ਜਦੋਂ ਪੜ੍ਹੇ-ਲਿਖੇ ਅਤੇ ਸਿੱਖਿਆ ਦੇਣ ਵਾਲੇ ਅਦਾਰੇ ਹੀ ਸਰਕਾਰੀ ਹੁਕਮਾਂ ਨੂੰ ਟਿੱਚ ਜਾਣਦੇ ਹਨ, ਤਾਂ ਆਮ ਲੋਕਾਂ ਤੋਂ ਕਾਨੂੰਨ ਅਤੇ ਨਿਯਮਾਂ ਦੀ ਪਾਲਣਾ ਦੀ ਉਮੀਦ ਕਿਵੇਂ ਕੀਤੀ ਜਾ ਸਕਦੀ ਹੈ ? ਕੀ ਕਹਿਣਾ ਹੈ ਅਕਾਲ ਅਕੈਡਮੀ ਦੀ ਪ੍ਰਿੰਸੀਪਲ ਮੈਡਮ ਦਾ: ਜਦੋਂ ਇਸ ਸਬੰਧੀ ਭਦੌੜ ਦੇ ਪ੍ਰਾਈਵੇਟ ਸਕੂਲ ਅਕਾਲ ਅਕੈਡਮੀ ਦੀ ਪ੍ਰਿੰਸੀਪਲ ਮੈਡਮ ਪ੍ਰੀਤੀ ਗਰੋਵਰ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਉਹਨਾਂ ਨੂੰ ਕੱਲ ਦੇਰ ਸ਼ਾਮ ਤੱਕ ਵਿਭਾਗ ਵੱਲੋਂ ਕੋਈ ਵੀ ਨੋਟੀਫਿਕੇਸ਼ਨ ਨਹੀਂ ਸੀ ਆਇਆ ਅਤੇ ਜੋ ਨੋਟੀਫਿਕੇਸ਼ਨ ਆਇਆ ਸੀ ਉਹ ਸਾਡੇ ਵੱਲੋਂ ਸਾਡੇ ਹੈਡ ਕੁਆਰਟਰ ਭੇਜ ਦਿੱਤਾ ਗਿਆ ਸੀ ਅਤੇ ਜੋ ਵੀ ਉਹਨਾਂ ਨੇ ਆਦੇਸ਼ ਦਿੱਤਾ ਸਕੂਲ ਦੁਆਰਾ ਉਹਨਾਂ ਨੂੰ ਮੰਨਿਆ ਗਿਆ ਅਤੇ ਸਕੂਲ ਖੋਲ੍ਹਿਆ ਗਿਆ।ਉਹਨਾਂ ਕਿਹਾ ਕਿ ਹੁਣ ਪੱਤਰਕਾਰ ਅਤੇ ਸਿੱਖਿਆ ਵਿਭਾਗ ਦੇ ਦਖਲ ਦੇਣ ’ਤੇ ਸਕੂਲ ਨੂੰ ਤੁਰੰਤ ਬੰਦ ਕਰਕੇ ਬੱਚਿਆਂ ਨੂੰ ਛੁੱਟੀ ਕਰ ਦਿੱਤੀ ਗਈ ਹੈ। ਕੀ ਕਹਿਣਾ ਹੈ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਦਾ: ਇਸ ਸਬੰਧ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਇੰਦੂ ਸਿਮਕ ਨੇ ਕਿਹਾ ਕਿ ਵਿਭਾਗ ਵੱਲੋਂ ਸਖ਼ਤ ਰੁਖ ਅਪਣਾਉਂਦੇ ਹੋਏ ਉਲੰਘਣਾ ਕਰਨ ਵਾਲੇ ਸਕੂਲਾਂ ਖ਼ਿਲਾਫ਼ ਵਿਭਾਗੀ ਕਾਰਵਾਈ ਕਰਨ ਦੇ ਆਦੇਸ਼ ਜਾਰੀ ਕੀਤੇ ਹਨ।

## ਗ਼ਰੀਬਾਂ ਦੇ ਮਸੀਹਾ ਬਣਕੇ ਵਿਚਰੇ ਸਨ ਡੀ.ਸੀ ਟੀ.ਬੈਨਿਥ : ਭਾਨ ਸਿੰਘ ਜੱਸੀ



ਬਰਨਾਲਾ, 27 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਬਰਨਾਲਾ ਜ਼ਿਲ੍ਹੇ ਦੇ ਸਾਬਕਾ ਡਿਪਟੀ ਕਮਿਸ਼ਨਰ ਅਤੇ ਹੁਣ ਮਾਲ ਵਿਭਾਗ ਵਿੱਚ ਉੱਚੇ ਅਹੁਦੇ ’ਤੇ ਤਾਇਨਾਤ ਹੋ ਚੁੱਕੇ ਨੌਜਵਾਨ ਆਈ.ਏ.ਐਸ ਅਧਿਕਾਰੀ ਟੀ.ਬੈਨਿਥ ਬਰਨਾਲਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਹੋਣ ਸਮੇਂ ਗਰੀਬਾਂ ਦੇ ਮਸੀਹਾ ਵਜੋਂ ਜਾਣੇ ਜਾਂਦੇ ਸਨ । ਉਪਰੋਕਤ ਬਿਆਨ ਜਾਰੀ ਕਰਦਿਆਂ ਸਟੇਟ ਐਵਾਰਡੀ , ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੱਸਿਆ ਕਿ ਬੀਤੇ ਕੁਝ ਮਹੀਨੇ ਪਹਿਲਾਂ ਸਥਾਨਕ ਬਰਨਾਲਾ ਦੀ ਦਾਣਾ ਮੰਡੀ ਵਿੱਚ ਗਰੀਬਾਂ ਦੀਆਂ 35 ਝੁੱਗੀਆਂ ਸੜਕੇ ਸਵਾਹ ਹੋ ਗਈਆਂ ਸਨ। ਇਹ ਗਰੀਬ ਲੋਕ ਗੁਰੂ ਗੋਬਿੰਦ ਸਿੰਘ ਪਾਤਸ਼ਾਹ ਜੀ ਦੇ ਜਨਮ ਸਥਾਨ ਪਟਨਾ ਸਾਹਿਬ ਦੇ ਵਾਸੀ ਸਨ। ਮੈਂਬਰ ਪਾਰਲੀਮੈਂਟ ਮੀਤ ਹੇਅਰ ਦੀ ਸਿਫਾਰਸ ਤੇ ਤੁਰੰਤ ਅਮਲ ਕਰਦਿਆਂ ਡਿਪਟੀ ਕਮਿਸ਼ਨਰ ਟੀ.ਬੈਨਿਥ ਨੇ ਆਧਾਰ ਕਾਰਡ ਵਾਲੇ ਇਹਨਾਂ ਪੀੜ੍ਹਤ ਲੋਕਾਂ ਨੂੰ ਦੁਬਾਰਾ ਤੋਂ ਝੁੱਗੀਆਂ ਬਣਾਉਣ ਲਈ ਪ੍ਰਤੀ ਝੁੱਗੀ 10 ਹਜਾਰ ਰੁਪਏ ਦੀ ਸਹਾਇਤਾ ਦਿੱਤੀ । ਸਮਾਜ ਸੇਵੀ , ਭਾਨ ਸਿੰਘ ਜੱਸੀ ਨੇ ਦੱਸਿਆ ਕਿ ਹੁਣ ਕੁਝ ਦਿਨ ਪਹਿਲਾਂ ਹੀ ਅੰਤਾਂ ਦੀ ਪੈ ਰਹੀ ਠੰਡ ਵਿੱਚ ਝੁੱਗੀਆਂ ਵਿੱਚ ਰਹਿਣ ਵਾਲੇ ਬੱਚਿਆਂ ਦੀ ਠੰਡ ਕਾਰਨ ਬਣੀ ਤਰਸਯੋਗ ਹਾਲਤ ਨੂੰ ਦੇਖਦੇ ਹੋਏ ਰੈਡ ਕਰਾਸ ਵੱਲੋਂ 100 ਗਰਮ ਕੰਬਲ ਆਈ.ਏ.ਐਸ , ਟੀ. ਬੈਨਿਥ ਦੇ ਹੁਕਮਾਂ ਤੇ ਇਨਾ ਬੱਚਿਆਂ ਨੂੰ ਭੇਟ ਕੀਤੇ ਗਏ ।ਅੰਤ ਵਿੱਚ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਕਿਹਾ ਕਿ ਜੇਕਰ ਚੰਗੀ ਸੋਚ ਰੱਖਣ ਵਾਲੇ ਆਈ.ਏ.ਐਸ ਅਧਿਕਾਰੀ , ਟੀ .ਬੈਨਿਥ ਦੀ ਤਰ੍ਹਾਂ ਦੂਸਰੇ ਅਫ਼ਸਰ ਵੀ ਗਰੀਬਾਂ ਪ੍ਰਤੀ ਦਿਆਲੂ ਅਤੇ ਇਨਸਾਨੀਅਤ ਪ੍ਰਤੀ ਦਰਦ ਦੀ ਭਾਵਨਾ ਰੱਖਣ ਵਾਲਾ ਰਵੱਈਆ ਰੱਖਣ , ਤਾਂ ਦੇਸ਼ ਵਿੱਚ ਗ਼ਰੀਬਾਂ ਦੀ ਹਾਲਤ ਵਿੱਚ ਕਾਫ਼ੀ ਸੁਧਾਰ ਹੋ ਸਕਦਾ ਹੈ।

## ਪੰਜਾਬ ਸਰਕਾਰ ਵੱਲੋਂ ਪੰਜ ਸਾਲ ਦਾ ਹਰਗੁਣ ਸਿੰਘ ਸਨਮਾਨਿਤ ਹੜ੍ਹ ਪੀੜਤਾਂ ਨੂੰ ਆਪਣੀ ਗੋਲਕ ਦੇਕੇ ਕੀਤੀ ਸੀ ਮਦਦ



ਬਰਨਾਲਾ, 27 ਜਨਵਰੀ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਵੱਲੋਂ ਅੱਜ 26 ਜਨਵਰੀ ਗਣਤੰਤਰ ਦਿਵਸ ਸਮਾਰੋਹ ਬਰਨਾਲਾ ਦੇ ਕਾਲਾ ਮਹਿਰ ਖੇਡ ਸਟੇਡੀਅਮ ਵਿੱਚ ਕਰਵਾਇਆ ਗਿਆ। ਜਿੱਥੇ ਵਿਸ਼ੇਸ਼ ਤੌਰ ਤੇ ਪਹੁੰਚੇ ਪੰਜਾਬ ਦੇ ਪੰਜਾਬ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਰੋੜੀ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਨੂੰ ਅਦਾ ਕੀਤਾ ਗਿਆ ਉੱਥੇ ਬਰਨਾਲਾ ਅੰਦਰ ਵੱਖੋ ਵੱਖਰੀਆਂ ਸਮਾਜ ਸੇਵੀ ਸੰਸਥਾਵਾਂ ਅਤੇ ਸਮਾਜ ਸੇਵੀ ਵਿਅਕਤੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸੇ ਸਨਮਾਨ ਸਮਾਰੋਹ ਵਿੱਚ ਪੰਜਾਬ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਰੋੜੀ ਵੱਲੋ ਸਨਮਾਨਿਤ ਸ਼ਖਸੀਅਤਾਂ ਵਿੱਚ ਸਭ ਤੋਂ ਛੋਟੀ ਉਮਰ ਵਾਲੇ ਪੰਜ ਸਾਲ ਦੇ ਹਰਗੁਣ ਸਿੰਘ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕਰਕੇ ਉਸਦਾ ਹੌਸਲਾ ਅਫਜ਼ਾਈ ਕੀਤੀ ਗਈ। ਜ਼ਿਕਰ ਯੋਗ ਹੈ ਕਿ ਪੰਜਾਬ ਅੰਦਰ ਆਏ ਹੜਾਂ ਦੌਰਾਨ ਹੜ ਪੀੜਤਾਂ ਦੀ ਮਦਦ ਲਈ ਬਾਈਅਰ ਸਕੂਲ ਹੰਡਿਆਇਆ ਦੇ ਐਲਕੇਜੀ ਵਿੱਚ ਪੜ੍ਹਨ ਵਾਲੇ ਹਰਗੁਨ ਸਿੰਘ ਪੁੱਤਰ ਧਰਮਿੰਦਰ ਸਿੰਘ ਧਾਲੀਵਾਲ,ਵਾਸੀ ਬਰਨਾਲਾ ਨੇ ਹੜ ਪੀੜਤਾਂ ਲਈ ਮਦਦ ਲਈ ਆਪਣੀ ਦੋ ਸਾਲ ਇਕੱਠੀ ਕੀਤੀ ਹੋਈ (ਗੋਲਕ) ਬੁਗਨ੍ਹੀ ਨੂੰ ਪੰਜਾਬ ਸਰਕਾਰ ਨੂੰ ਹੜ ਪੀੜਤਾਂ ਦੀ ਮਦਦ ਲਈ ਸੌਂਪਿਆ ਸੀ। ਪੰਜਾਬ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਰੋੜੀ ਵੱਲੋਂ ਹਰਗੁਣ ਸਿੰਘ ਨੂੰ ਆਪਣੀ ਗੋਦੀ ਵਿੱਚ ਚੁੱਕ ਕੇ ਸਨਮਾਨ ਕੀਤਾ ਅਤੇ ਸ਼ਲਾਘਾ ਕੀਤੀ। ਇਸ ਮੌਕੇ ਜ਼ਿਲ੍ਹਾ ਬਰਨਾਲਾ ਦੇ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ, ਐਸਐਸਪੀ ਮੁਹੰਮਦ ਸਰਫਰਾਜ ਆਲਮ,ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ, ਏਡੀਸੀ ਬਰਨਾਲਾ ਅਮਿਤ ਬੈਬੀ, ਵਾਈ.ਐਸ ਪਬਲਿਕ ਸਕੂਲ ਹੰਡਿਆਇਆ ਦੇ ਪ੍ਰਿੰਸੀਪਲ ਮੋਹਿਤ ਕੁਮਾਰ ਜਿੰਦਲ,ਮਾਤਾ ਸਿਮਰਨ ਤੋਂ ਸਕੂਲ ਅਧਿਆਪਕ ਪੂਜਾ ਮਹਿਰਾ ਸਮੇਤ ਪਰਿਵਾਰਿਕ ਮੈਂਬਰ ਹਾਜ਼ਰ ਸਨ।

## ਸੂਤੀ ਡੋਰ ਨਾਲ ਪਤੰਗ ਉਡਾਅ ਕੇ ਪਾਰਸ਼ਵ ਭੰਡਾਰੀ ਬਣਿਆ ਨੌਜਵਾਨਾਂ ਲਈ ਪ੍ਰੇਰਨਾ ਸਰੋਤ



ਬਰਨਾਲਾ, 27 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਬਸੰਤ ਪੰਚਮੀ ਮੌਕੇ ਸਰਕਾਰ ਵੱਲੋਂ ਚਾਈਨਾ ਡੋਰ ’ਤੇ ਪਾਬੰਦੀ ਲੱਗੀ ਹੋਣ ਅਤੇ ਸਖ਼ਤੀ ਹੋਣ ਦੇ ਬਾਵਜੂਦ ਵੀ ਇਸ ਦੀ ਖੁੱਲ੍ਹੇ ਆਮ ਵਰਤੋਂ ਕੀਤੀ ਗਈ। ਪੰਜਾਬ ਚ ਚਾਈਨਾ ਡੋਰ ਨਾਲ ਮਨੁੱਖਾਂ ਅਤੇ ਪੰਛੀਆਂ ਦਾ ਜਾਨੀ ਨੁਕਸਾਨ ਵੀ ਹੋਇਆ। ਬਸੰਤ ਪੰਚਮੀ ਮੌਕੇ ਮਦਰ ਟੀਚਰ ਸਕੂਲ ਬਰਨਾਲਾ ਦੇ ਪੰਜਵੀਂ ਕਲਾਸ ਦੇ ਵਿਦਿਆਰਥੀ ਪਾਰਸ਼ਵ ਭੰਡਾਰੀ ਪੁੱਤਰ ਵਿਕਾਸ ਭੰਡਾਰੀ ਨੇ ਖ਼ੁਦ ਸੂਤੀ ਡੋਰ ਨਾਲ ਪਤੰਗ ਉਡਾ ਕੇ ਨੌਜਵਾਨਾਂ ਅਤੇ ਬੱਚਿਆਂ ਨੂੰ ਚਾਈਨਾ ਡੋਰ ਦਾ ਬਾਈਕਾਟ ਕਰਨ ਲਈ ਪ੍ਰੇਰਿਤ ਕੀਤਾ। ਇਸ ਸਬੰਧੀ ਜਦੋਂ ਸੀਨੀਅਰ ਸਿਟੀਜ਼ਨ ਐਂਡ ਸਿਵਿਲ ਸੋਸਾਇਟੀ ਬਰਨਾਲਾ ਦੇ ਮੈਂਬਰਾਂ ਨੂੰ ਪਤਾ ਲੱਗਾ ਤਾਂ ਸੋਸਾਇਟੀ ਦੀ ਟੀਮ ਨੇ ਮੌਕੇ ਤੇ ਪਹੁੰਚ ਕੇ ਡੋਰ ਚੈੱਕ ਕੀਤੀ ਤਾਂ ਸੂਤੀ ਡੋਰ ਦੀ ਵਰਤੋਂ ਪਾਈ ਗਈ। ਇਸ ਗੱਲ ਤੇ ਖੁਸ਼ ਹੋ ਕੇ ਸੋਸਾਇਟੀ ਦੀ ਟੀਮ ਨੇ ਪਾਰਸਵ ਭੰਡਾਰੀ ਨੂੰ ਸ਼ਾਬਾਸ਼ ਦਿੱਤੀ ਅਤੇ ਟਰੌਫੀ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਬੋਲਦਿਆਂ ਸੋਸਾਇਟੀ ਦੇ ਜਨਰਲ ਸਕੱਤਰ ਸੇਵਾ ਮੁਕਤ ਪ੍ਰਿੰਸੀਪਲ ਰਾਕੇਸ਼ ਗਰਗ ਤੇ ਲੈਕਚਰਰ ਹਰਮਨਜੀਤ ਸਿੰਘ ਰੁਪਾਲ ਨੇ ਕਿਹਾ ਕਿ ਪਾਰਸ ਭੰਡਾਰੀ ਨੇ ਨੌਜਵਾਨਾਂ ਲਈ ਸੂਤੀ ਡੋਰ ਦੀ ਵਰਤੋਂ ਦਾ ਸੱਦਾ ਦੇਣ ਅਤੇ ਖੁਦ ਸੂਤੀ ਡੋਰ ਵਰਤਣ ਸਦਕਾ ਨੌਜਵਾਨਾਂ ਅਤੇ ਬੱਚਿਆਂ ਲਈ ਪ੍ਰੇਰਨਾ ਸਰੋਤ ਬਣਿਆ ਹੈ। ਸੋਸਾਇਟੀ ਨੇ ਕਿਹਾ ਕਿ ਜੋ ਵੀ ਨੌਜਵਾਨ ਚਾਈਨਾ ਡੋਰ ਦਾ ਬਾਈਕਾਟ ਕਰਕੇ ਸੂਤੀ ਡੋਰ ਵਰਤੇਗਾ, ਸੋਸਾਇਟੀ ਉਸ ਦਾ ਸਨਮਾਨ ਕਰੇਗੀ। ਇਸ ਮੌਕੇ ਪਾਰਸ਼ਵ ਭੰਡਾਰੀ ਨੇ ਕਿਹਾ ਕਿ ਉਹ ਕਦੇ ਵੀ ਚਾਈਨਾ ਡੋਰ ਨਹੀਂ ਵਰਤੇਗਾ ਤੇ ਆਪਣੇ ਦੋਸਤਾਂ ਨੂੰ ਵੀ ਚਾਈਨਾ ਡੋਰ ਦਾ ਬਾਈਕਾਟ ਕਰਨ ਲਈ ਪ੍ਰੇਰਿਤ ਕਰਦਾ ਰਹੇਗਾ। ਇਸ ਮੌਕੇ ਚਾਈਨਾ ਡੋਰ ਨਾਲ ਪੰਜਾਬ ਚ ਹੋਏ ਜਾਨੀ ਨੁਕਸਾਨ ਦੇ ਪੀੜ੍ਹਤ ਪਰਿਵਾਰਾਂ ਲਈ ਹਮਦਰਦੀ ਪ੍ਰਗਟ ਕੀਤੀ ਗਈ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ।

## ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਬਰਨਾਲਾ ਵੱਲੋਂ ਲਗਾਏ ਖ਼ੂਨਦਾਨ ਕੈਂਪ ’ਚ 29 ਯੂਨਿਟ ਖ਼ੂਨ ਕੀਤਾ ਇਕੱਤਰ




ਬਰਨਾਲਾ, 27 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਰਜਿ ਬਰਨਾਲਾ ਵੱਲੋਂ ਗੁਰਦੁਆਰਾ ਨਾਨਕਸਰ ਠਾਠ ਬਰਨਾਲਾ ਵਿਖੇ ਜਪ ਤਪ ਸਮਾਗਮ ਦੌਰਾਨ ਗੁਰਦੁਆਰਾ ਨਾਨਕਸਰ ਠਾਠ ਬਰਨਾਲਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਅਜੀਤ ਸਿੰਘ ਦੀ ਅਗਵਾਈ ਚ ਖ਼ੂਨਦਾਨ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਸੰਤ ਬਾਬਾ ਕਲੇਰਾਂ ਵਾਲਿਆਂ ਅਤੇ ਮੁੱਖ ਸੇਵਾਦਾਰ ਬਾਬਾ ਅਜੀਤ ਸਿੰਘ ਬਰਨਾਲਾ ਨੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸਿੰਘ ਸਾਹਿਬ ਬਾਬਾ ਅਜੀਤ ਸਿੰਘ, ਬਾਬਾ ਸੁਖਦੇਵ ਸਿੰਘ, ਬਾਬਾ ਕਰਮ ਸਿੰਘ, ਬਾਬਾ ਗੁਰਦੀਪ ਸਿੰਘ, ਬਾਬਾ ਰਣਜੀਤ ਸਿੰਘ, ਪਰਮਜੀਤ ਸਿੰਘ ਖਾਲਸਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਰਨੈਲ ਸਿੰਘ ਭੋਤਨਾ ਆਦਿ ਹਾਜ਼ਰ ਸਨ। ਉਨ੍ਹਾਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਵੱਲੋਂ ਹਰ ਮਹੀਨੇ ਖ਼ੂਨਦਾਨ ਕੈਂਪ ਲਗਾਏ ਜਾਣ ਦੀ ਪ੍ਰਸ਼ੰਸਾ ਕੀਤੀ। ਇਸ ਵਿੱਚ 29 ਯੂਨਿਟ ਖ਼ੂਨ ਦਾਨ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ (ਰਜਿ) ਬਰਨਾਲਾ ਦੇ ਮੁੱਖ ਸੇਵਾਦਾਰ ਬਾਬਾ ਜਗਵਿੰਦਰ ਸਿੰਘ ਭੰਡਾਰੀ ਨੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਥੈਲਾਸੀਮਕ ਰੋਗ ਦੇ ਬੱਚਿਆਂ ਲਈ, ਕੈਂਸਰ ਪੀੜਤ, ਐਕਸੀਡੈਂਟ ਕੇਸ, ਗਰਭਵਤੀ ਔਰਤਾਂ ਲਈ ਖ਼ੂਨਦਾਨ ਕਰਨ ਲਈ ਨੌਜਵਾਨ ਅੱਗੇ ਆਉਣ ਤਾਂ ਜੋ ਲੋੜਵੰਦਾਂ ਨੂੰ ਖ਼ੂਨ ਲੈਣ ਵਿਚ ਕਿਸੇ ਨੂੰ ਕੋਈ ਦਿੱਕਤ ਨਾ ਆਵੇ। ਉਨ੍ਹਾਂ ਕਿਹਾ ਕਿ ਜਨਵਰੀ 2026 ਮਹੀਨੇ ਦੌਰਾਨ ਇਹ ਚੌਥਾ ਖ਼ੂਨਦਾਨ ਕੈਂਪ ਹੈ। ਖ਼ੂਨਦਾਨ ਕੈਂਪ ਦੌਰਾਨ ਗੁਰੂ ਨਾਨਕ ਦੇਵ ਚੈਰੀਟੇਬਲ ਟਰੱਸਟ ਹਸਪਤਾਲ ਸੰਗਰੂਰ ਦੀ ਬਲੱਡ ਬੈਂਕ ਦੀ ਟੀਮ ਨੇ ਖ਼ੂਨ ਇਕੱਤਰ ਕੀਤਾ । ਇਸ ਮੌਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸਭਾ ਬਰਨਾਲਾ ਵੱਲੋਂ ਮੁੱਖ ਸੇਵਾਦਾਰ ਬਾਬਾ ਜਗਵਿੰਦਰ ਸਿੰਘ ਭੰਡਾਰੀ, ਜੋਗਾ ਸਿੰਘ, ਚਮਕੌਰ ਸਿੰਘ, ਧਿਆਨ ਸਿੰਘ, ਮੋਹਨ ਲਾਲ ਜੇ ਈ ਅਤੇ ਰਾਮ ਸਿੰਘ ਆਦਿ ਸੇਵਾਦਾਰਾਂ ਨੇ ਸੇਵਾ ਨਿਭਾਈ। ਇਸ ਦੌਰਾਨ ਬਾਬਾ ਜਗਵਿੰਦਰ ਸਿੰਘ ਭੰਡਾਰੀ ਨੇ ਸਾਰੇ ਖ਼ੂਨਦਾਨੀਆਂ ਦਾ ਧੰਨਵਾਦ ਕੀਤਾ।

## ਸ਼੍ਰੋਮਣੀ ਅਕਾਲੀ ਦਲ ਦੇ ਉਦਯੋਗ ਅਤੇ ਵਪਾਰ ਵਿੰਗ ਦੀ ਕੋਰ ਕਮੇਟੀ ਦੇ ਮੈਂਬਰ ਬਣੇ ਸੰਜੀਵ ਸ਼ੋਰੀ



ਬਰਨਾਲਾ, 27 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਉਦਯੋਗ ਅਤੇ ਵਪਾਰ ਵਿੰਗ ਦੇ ਪ੍ਰਧਾਨ ਅਤੇ ਪਾਰਟੀ ਦੇ ਖਜਾਨਚੀ ਐਨ .ਕੇ ਸ਼ਰਮਾ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਉਦਯੋਗ ਅਤੇ ਵਪਾਰ ਵਿੰਗ ਦੀ ਕੋਰ ਕਮੇਟੀ ਦਾ ਐਲਾਨ ਕਰ ਦਿੱਤਾ ਗਿਆ ਹੈ। ਪਾਰਟੀ ਦੇ ਮੁੱਖ ਦਫਤਰ ਤੋਂ ਇਸ ਬਾਰੇ ਜਾਣਕਾਰੀ ਦਿੰਦਿਆਂ ਵਪਾਰ ਅਤੇ ਉਦਯੋਗ ਵਿੰਗ ਦੇ ਪ੍ਰਧਾਨ ਐਨ .ਕੇ ਸ਼ਰਮਾ ਨੇ ਦੱਸਿਆ ਕਿ ਇਸ ਨਵ ਗਠਿਤ ਕੀਤੇ ਜਾ ਰਹੇ ਵਿੰਗ ਦੀ ਕੋਰ ਕਮੇਟੀ ਵਿੱਚ ਉਦਯੋਗ ਅਤੇ ਵਪਾਰ ਵਿੰਗ ਨਾਲ ਸੰਬੰਧਿਤ ਪਾਰਟੀ ਦੇ ਸੀਨੀਅਰ ਆਗੂਆਂ ਨੂੰ ਸ਼ਾਮਿਲ ਕੀਤਾ ਗਿਆ ਹੈ ਜਿਨ੍ਹਾਂ ਵਿੱਚ ਵਿਸ਼ੇਸ਼ ਤੌਰ ’ਤੇ ਬਰਨਾਲਾ ਦੇ ਸੀਨੀਅਰ ਆਗੂ ਸੰਜੀਵ ਸ਼ੋਰੀ ਕੋਰ ਕਮੇਟੀ ਚ ਮੈਂਬਰ ਸ਼ਾਮਿਲ ਕੀਤੇ ਗਏ ਹਨ। ਨਵ ਨਿਯੁਕਤ ਮੈਂਬਰ ਸੰਜੀਵ ਸ਼ੋਰੀ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਵਿੰਗ ਦੇ ਪ੍ਰਧਾਨ ਐਨ ਕੇ ਸ਼ਰਮਾ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਜੋ ਜ਼ਿੰਮੇਵਾਰੀ ਉਹਨਾਂ ਨੂੰ ਦਿੱਤੀ ਹੈ, ਉਸ ਨੂੰ ਪੂਰੀ ਤਨਦੇਹੀ ਅਤੇ ਜ਼ਿੰਮੇਵਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਨੂੰ ਹੋਰ ਵੀ ਮਜ਼ਬੂਤ ਕਰਨ ਲਈ ਪਹਿਲਾਂ ਨਾਲੋਂ ਵੀ ਵੱਧ ਚੜ ਕੇ ਦਿਨ ਰਾਤ ਕੰਮ ਕਰਨਗੇ। ਇਸ ਦੌਰਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਬਲਬੀਰ ਸਿੰਘ ਘੁੰਨਸ, ਹਲਕਾ ਬਰਨਾਲਾ ਦੇ ਇੰਚਾਰਜ਼ ਕੁਲਵੰਤ ਸਿੰਘ ਕੀਤੂ, ਹਲਕਾ ਭਦੌੜ ਦੇ ਇੰਚਾਰਜ਼ ਸਤਨਾਮ ਸਿੰਘ ਰਾਹੀ ਅਤੇ ਹਲਕਾ ਮਹਿਲ ਕਲਾਂ ਦੇ ਇੰਚਾਰਜ਼ ਨਾਥ ਸਿੰਘ ਹਮੀਦੀ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਬਰਨਾਲਾ ਯਾਦਵਿੰਦਰ ਸਿੰਘ ਬਿੱਟੂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਪਰਮਜੀਤ ਸਿੰਘ ਖਾਲਸਾ, ਗੁਰਦੁਆਰਾ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਜੀ ਦੇ ਮੈਨੇਜਰ ਸੁਰਜੀਤ ਸਿੰਘ ਠੀਕਰੀਵਾਲ, ਸਾਬਕਾ ਚੇਅਰਮੈਨ ਰੁਪਿੰਦਰ ਸਿੰਘ ਸੰਧੂ, ਤੇਜਿੰਦਰ ਸਿੰਘ ਸੋਨੀ ਜਾਗਲ ਆਦਿ ਨੇ ਸੰਜੀਵ ਸ਼ੋਰੀ ਦੇ ਨਿਯੁਕਤੀ ਦੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸੁਖਬੀਰ ਸਿੰਘ ਬਾਦਲ ਅਤੇ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕੀਤਾ ਹੈ।



# ਪਟਿਆਲਾ-ਆਸ/ਪਾਸ



# ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਗਣਤੰਤਰ ਦਿਵਸ ਮੌਕੇ ਪਟਿਆਲਾ ਵਿਖੇ ਲਹਿਰਾਇਆ ਤਿਰੰਗਾ

## ➢77ਵੇਂ ਗਣਤੰਤਰ ਦਿਵਸ ਮੌਕੇ ਪੋਲੋ ਗਰਾਊਂਡ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ

ਪਟਿਆਲਾ, 27 ਜਨਵਰੀ (ਰੁਪਾਣਾ/ਵਿਨੋਦ ਸ਼ਰਮਾ) : ਪੰਜਾਬ ਦੇ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦੇਸ਼ ਦੇ 77ਵੇਂ ਗਣਤੰਤਰ ਦਿਵਸ ਮੌਕੇ ਪਟਿਆਲਾ ਵਿਖੇ ਕੌਮੀ ਝੰਡਾ ਲਹਿਰਾਇਆ ਅਤੇ ਸਮੂਹ ਪੰਜਾਬੀਆਂ ਤੇ ਦੇਸ਼ ਵਾਸੀਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ। ਇੱਥੇ ਪੋਲੋ ਗਰਾਊਂਡ ਵਿਖੇ ਹੋਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਦੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ, ਸਕੂਲ ਸਿੱਖਿਆ, ਉਚੇਰੀ ਸਿੱਖਿਆ ਤੇ ਭਾਸ਼ਾਵਾਂ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗਾਂ ਦੇ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਸਮੂਹ ਪੰਜਾਬੀਆਂ ਨੂੰ ਰੰਗਲਾ ਪੰਜਾਬ ਬਣਾਉਣ ਲਈ ਰਲਕੇ ਹੰਭਲਾ ਮਾਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਇਸ ਮੌਕੇ ਪਰੇਡ ਦਾ ਨਿਰੀਖਣ ਕੀਤਾ ਅਤੇ ਪਾਰਚ ਪਾਸਟ ਤੋਂ ਸਲਾਮੀ ਵੀ ਲਈ। ਪੰਜਾਬ ਵਾਸੀਆਂ ਦੇ ਨਾਮ ਆਪਣੇ ਸੰਦੇਸ਼ 'ਚ ਸ. ਹਰਜੋਤ ਸਿੰਘ ਬੈਂਸ ਨੇ 26 ਜਨਵਰੀ 1950 ਨੂੰ ਸੰਵਿਧਾਨ ਦੇ ਲਾਗੂ ਹੋਣ ਨਾਲ ਭਾਰਤੀ ਗਣਰਾਜ ਦੀ ਸਥਾਪਨਾ ਲਈ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਬੀ.ਆਰ. ਅੰਬੇਦਕਰ ਦੇ ਯੋਗਦਾਨ ਨੂੰ ਯਾਦ ਕਰਦਿਆਂ ਦੇਸ਼ ਦੀ ਪ੍ਰਭੂਸੱਤਾ ਅਤੇ ਅਖੰਡਤਾ ਦੀ ਰਾਖੀ ਕਰ ਰਹੀਆਂ ਤਿੰਨੋ ਸੈਨਾਵਾਂ ਤੇ ਹਥਿਆਰਬੰਦ ਬਲਾਂ ਦੇ ਬਹਾਦਰ ਸੂਰਬੀਰਾਂ ਨੂੰ ਵੀ ਪ੍ਰਣਾਮ ਕੀਤਾ। ਉਨ੍ਹਾਂ ਨੇ ਭਾਰਤ ਦੇ ਸਾਰੇ ਮਹਾਨ ਸ਼ਹੀਦਾਂ ਤੇ ਆਜ਼ਾਦੀ ਸੰਗਰਾਮ 'ਚ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੇ ਪੰਜਾਬ ਦੇ ਮਹਾਨ ਯੋਧਿਆਂ ਨੂੰ ਚੇਤੇ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਮੁੱਖ ਮੰਤਰੀ




ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮਹਾਨ ਸ਼ਹੀਦਾਂ ਦੇ ਸੁਪਨਿਆਂ ਦਾ ਪੰਜਾਬ ਸਿਰਜਣ ਲਈ ਆਪਣੀ ਵਚਨਬੱਧਤਾ ਨੂੰ ਪੂਰਾ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਬਾ ਨਿਵਾਸੀਆਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦੇਣ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਤੇ ਇਸ ਦਾ ਲਾਭ ਰਾਜ ਦੇ 65 ਲੱਖ ਪਰਿਵਾਰ ਲੈਣਗੇ। ਇਸੇ ਤਰ੍ਹਾਂ ਪਟਿਆਲਾ ਦੇ 21 ਗਰੀਨ ਸਕੂਲਾਂ ਨੂੰ ਸਨਮਾਨਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਵਿਦਿਆਰਥੀਆਂ ਲਈ ਟਰਾਂਸਪੋਰਟੇਸ਼ਨ ਦੀ ਸੇਵਾ ਸ਼ੁਰੂ ਕੀਤੀ ਹੈ। ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਸੂਬਾ ਸਕੱਤਰ ਤੇ ਮੁੱਖ ਬੁਲਾਰੇ ਬਲਤੇਜ ਪੰਨੂ, ਲੋਕ ਸਭਾ ਮੈਂਬਰ ਡਾ. ਧਰਮਵੀਰ ਗਾਂਧੀ, ਵਿਧਾਇਕ ਅਜੀਤ ਪਾਲ ਸਿੰਘ ਕੋਹਲੀ, ਚੇਤਨ ਸਿੰਘ ਜੌੜਾਮਾਜਰਾ, ਗੁਰਲਾਲ ਘਨੌਰ ਤੇ ਕੁਲਵੰਤ ਸਿੰਘ ਬਾਜ਼ੀਗਰ, ਸਨੌਰ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ, ਮੇਅਰ ਕੁੰਦਨ ਗੋਗੀਆ, ਪੀ.ਆਰ.ਟੀ.ਸੀ ਦੇ ਮਨੋਨੀਤ ਚੇਅਰਮੈਨ ਹਰਪਾਲ ਜੁਨੇਜਾ, ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਡਿਪਟੀ ਮੇਅਰ ਜਗਦੀਪ ਸਿੰਘ ਜੱਗਾ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ, ਪੀ.ਆਰ.ਟੀ.ਸੀ. ਦੇ ਵਾਈਸ ਚੇਅਰਮੈਨ ਬਲਵਿੰਦਰ ਝਾੜਵਾਂ, ਚੇਅਰਮੈਨ ਮੇਘ ਚੰਦ ਸ਼ੇਰਮਾਜਰਾ, ਦਿਹਾਤੀ ਜ਼ਿਲ੍ਹਾ ਪ੍ਰਧਾਨ ਹਰਪਾਲ ਸਿੰਘ ਵਿਰਕ, ਐਸ.ਸੀ. ਵਿੰਗ ਦੇ ਸੂਬਾ ਪ੍ਰਧਾਨ ਅਮਰੀਕ ਸਿੰਘ ਬੰਗੜ, ਬਲਕਾਰ ਸਿੰਘ ਗੱਜੂਮਾਜਰਾ, ਗੁਰਵਿੰਦਰ ਸਿੰਘ, ਪ੍ਰਿੰਸ ਲਾਂਬਾ, ਸੰਦੀਪ ਬੰਧੂ, ਗੱਜਣ ਸਿੰਘ, ਸਿਮਰਨ ਗਰੇਵਾਲ ਸਮੇਤ ਵੱਡੀ ਗਿਣਤੀ ਸ਼ਹਿਰ ਦੇ ਕੌਂਸਲਰ, ਆਮ ਆਦਮੀ ਪਾਰਟੀ ਦੇ ਅਹੁਦੇਦਾਰ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

ਸਮਾਗਮ ਸਮੇਂ ਸਪੈਸ਼ਲ ਡੀ.ਜੀ.ਪੀ. ਡਾ. ਨਰੇਸ਼ ਅਰੋੜਾ, ਡਵੀਜ਼ਨਲ ਕਮਿਸ਼ਨਰ ਵਿਨੈ ਬੁਬਲਾਨੀ, ਜ਼ਿਲ੍ਹਾ ਅਤੇ ਸੈਸ਼ਨਜ ਜੱਜ ਅਵਤਾਰ ਸਿੰਘ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ, ਐਸ.ਐਸ.ਪੀ ਵਰੁਣ ਸ਼ਰਮਾ, ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਦੇ ਵੀ.ਸੀ. ਡਾ. ਰਤਨ ਸਿੰਘ, ਪਦਮਸ੍ਰੀ ਜਗਜੀਤ ਸਿੰਘ ਦਰਦੀ ਤੇ ਪ੍ਰਾਨ ਸੱਭਰਵਾਲ, ਕਮਿਸ਼ਨਰ ਨਗਰ ਨਿਗਮ ਪਰਮਜੀਤ ਸਿੰਘ, ਸੰਯੁਕਤ ਕਮਿਸ਼ਨਰ ਸੋਨਮ, ਏ.ਡੀ.ਸੀਜ ਦਮਨਜੀਤ ਸਿੰਘ ਮਾਨ, ਸਿਮਰਪ੍ਰੀਤ ਤੌਰ ਤੇ ਡਾ. ਇਸਮਤ ਵਿਜੇ ਸਿੰਘ, ਐਸ.ਪੀਜ ਵੈਭਵ ਚੌਧਰੀ ਤੇ ਪਲਵਿੰਦਰ ਸਿੰਘ ਚੀਮਾ, ਆਰ.ਟੀ.ਓ. ਬਬਨਦੀਪ ਸਿੰਘ ਵਾਲੀਆ, ਦੀਪਜੋਤ ਕੌਰ, ਐਸ.ਡੀ.ਐਮ ਹਰਜੋਤ ਕੌਰ ਮਾਵੀ, ਸੀ.ਐਮ.ਐਫ.ਓ. ਸਤੀਸ਼ ਚੰਦਰ, ਜੁਡੀਸ਼ੀਅਲ ਅਧਿਕਾਰੀਆਂ ਸਮੇਤ ਸਿਵਲ ਤੇ ਪੁਲਿਸ ਦੇ ਅਧਿਕਾਰੀ ਵੀ ਮੌਜੂਦ ਸਨ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮੁੱਖ ਮਹਿਮਾਨ ਸ. ਹਰਜੋਤ ਸਿੰਘ ਬੈਂਸ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ। ਸਮਾਰੋਹ ਦੌਰਾਨ ਪਰੇਡ ਕਮਾਂਡਰ ਡੀ.ਐਸ.ਪੀ. ਫ਼ਤਹਿ ਸਿੰਘ ਬਰਾੜ ਦੀ ਅਗਵਾਈ ਹੇਠ ਆਈ.ਟੀ.ਬੀ.ਪੀ., ਪਟਿਆਲਾ ਪੁਲਿਸ, ਪੰਜਾਬ ਹੋਮ ਗਾਰਡਜ, ਐਨ.ਸੀ.ਸੀ, ਰੈਡ ਕਰਾਸ ਦੀ ਸੈਂਟ ਜੌਨ ਐਂਬੂਲੈਂਸ ਬ੍ਰਿਗੇਡ, ਸਟੂਡੈਂਟ ਪੁਲਿਸ ਕੈਡੇਟ, ਸਕਾਊਟ ਐਂਡ ਗਾਈਡ ਤੇ ਆਈ.ਆਰ.ਬੀ. ਦਾ ਪਾਈਪ ਬੈਂਡ ਦੀਆਂ 11 ਟੁਕੜੀਆਂ ਮਾਰਚ ਪਾਸਟ ਵਿੱਚ ਸ਼ਾਮਲ ਹੋਈਆਂ। ਗਣਤੰਤਰ ਦਿਵਸ ਦੇ ਸਮਾਗਮ ਮੌਕੇ ਮਾਡਲ ਸੀਨੀਅਰ ਸੈਕੰਡਰੀ ਸਕੂਲ ਸਿਵਲ ਲਾਈਨ, ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨਿਊ ਪਾਵਰ ਹਾਊਸ ਕਲੋਨੀ, ਵਿਕਟੋਰੀਆ ਸਕੂਲ, ਸਰਕਾਰੀ ਕੰਨਿਆ ਸਕੂਲ ਪੁਰਾਣੀ ਪੁਲਿਸ ਲਾਈਨ, ਸੀਨੀਅਰ ਸੈਕੰਡਰੀ ਸਕੂਲ ਤ੍ਰਿਪੜੀ ਤੇ ਸਰਕਾਰੀ ਸਕੂਲ ਸਨੌਰੀ ਗੇਟ ਦੀਆਂ ਵਿਦਿਆਰਥਣਾਂ ਦੇਸ਼ ਭਗਤੀ ਦੇ ਗੀਤਾਂ 'ਤੇ ਕੋਰੀਓਗ੍ਰਾਫ਼ੀ ਪੇਸ਼ ਕੀਤੀ। ਪੀ.ਟੀ. ਸ਼ੋਅ 'ਚ ਡੀ.ਏ.ਵੀ. ਪਬਲਿਕ ਸਕੂਲ, ਰਿਆਨ ਇੰਟਰਨੈਸ਼ਨਲ ਸਕੂਲ, ਨਰਾਇਣ ਸਕੂਲ ਅਤੇ ਜੈਮਸ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਬੁੱਢਾ ਦਲ ਪਬਲਿਕ ਸਕੂਲ ਦੇ ਬੱਚਿਆਂ ਨੇ ਦੇਸ਼ ਦੀ ਅਨੇਕਤਾ ਵਿੱਚ ਏਕਤਾ ਨੂੰ ਦਰਸਾਉਂਦੀ ਪੇਸ਼ਕਾਰੀ ਕੀਤੀ। ਗਿੱਧੇ ਵਿੱਚ ਸਰਕਾਰੀ ਕਾਲਜ ਲੜਕੀਆਂ, ਮਲਟੀਪਰਪਜ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ, ਸਰਕਾਰੀ ਸਕੂਲ ਮਾਡਲ ਟਾਊਨ, ਸਕੂਲ ਆਫ਼ ਐਮੀਨੈਂਸ ਫੀਲਖਾਨਾ ਤੇ ਪੰਜਾਬੀ ਯੂਨੀਵਰਸਿਟੀ ਦੇ ਮਾਡਲ ਸਕੂਲ ਦੀਆਂ ਲੜਕੀਆਂ ਨੇ ਹਿੱਸਾ ਲਿਆ। ਭੰਗੜੇ 'ਚ ਸਕੂਲ ਆਫ਼ ਐਮੀਨੈਂਸ ਫੀਲਖਾਨਾ, ਸਰਕਾਰੀ ਮਲਟੀਪਰਪਜ ਸਮਾਰਟ ਸਕੂਲ ਪਾਸੀ ਰੋਡ, ਸਰਕਾਰੀ ਸਮਾਰਟ ਸਕੂਲ ਸਿਵਲ ਲਾਈਨ, ਸੀਨੀਅਰ ਮਾਡਲ ਸਕੂਲ ਪੰਜਾਬੀ ਯੂਨੀਵਰਸਿਟੀ, ਸਰਕਾਰੀ ਮਹਿੰਦਰਾ ਕਾਲਜ, ਬਿਕਰਮ ਕਾਲਜ ਆਫ ਕਾਮਰਸ, ਖਾਲਸਾ ਕਾਲਜ ਤੇ ਯੂਨੀਵਰਸਿਟੀ ਕੈਂਪਸ ਦੇ ਨੌਜਵਾਨ ਵਿਦਿਆਰਥੀਆਂ ਨੇ ਪੇਸ਼ਕਾਰੀ ਕੀਤੀ। ਸਮਾਗਮ ਦੇ ਅਖੀਰ ਵਿੱਚ ਗਰਲਜ ਕਾਲਜ ਦੀਆਂ ਵਿਦਿਆਰਥਣਾਂ ਨੇ ਰਾਸ਼ਟਰੀ ਗੀਤ ਗਾਇਆ ਅਤੇ ਵਾਣੀ ਇੰਟੇਗ੍ਰੇਟਿਡ ਸਕੂਲ ਫਾਰ ਡੈਫ ਐਂਡ ਸਪੈਸ਼ਲ ਚਿਲਡਰਨ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਗਾਨ ਦੌਰਾਨ ਸੰਕੇਤਕ ਭਾਸ਼ਾ 'ਚ ਸ਼ਮੂਲੀਅਤ ਕੀਤੀ।

## ਨਗਰ ਨਿਗਮ ਵਿਖੇ ਮੇਅਰ ਤੇ ਕਮਿਸ਼ਨਰ ਨੇ ਲਹਿਰਾਇਆ ਤਿਰੰਗਾ

ਪਟਿਆਲਾ, 27 ਜਨਵਰੀ (ਰੁਪਾਣਾ): ਕੁੰਦਨ ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਵੱਲੋਂ ਨਗਰ ਨਿਗਮ ਦੇ ਵਿਹੜੇ ਕੌਮੀ ਤਿਰੰਗਾ ਝੰਡਾ ਲਹਿਰਾਇਆ ਗਿਆ। ਤਿਰੰਗਾ ਝੰਡਾ ਲਹਿਰਾਉਣ ਉਪਰੰਤ ਰਾਸ਼ਟਰੀ ਗਾਣ ਗਾਇਆ ਗਿਆ, ਜਿਸ ਦੌਰਾਨ ਪੂਰਾ ਪੰਡਾਲ ਦੇਸ਼ ਭਗਤੀ ਦੇ ਜਜ਼ਬੇ ਨਾਲ ਗੂੰਜ ਉਠਿਆ। ਇਸ ਮੌਕੇ ਸੂਬਾ ਸਕੱਤਰ ਅਤੇ ਡਿਪਟੀ ਮੇਅਰ ਜਗਦੀਪ ਜੱਗਾ ਸਮੇਤ ਨਗਰ ਨਿਗਮ ਦੇ ਕਈ ਉੱਚ ਅਧਿਕਾਰੀ, ਕੌਂਸਲਰ ਸਾਹਿਬਾਨ ਅਤੇ ਸਾਰੇ ਕਰਮਚਾਰੀ ਵੀ ਮੌਜੂਦ ਰਹੇ।ਮੇਅਰ ਕੁੰਦਨ ਗੋਗੀਆ ਨੇ ਆਪਣੇ ਸ਼ੁਰੂਆਤੀ ਭਾਸ਼ਨ ਦੌਰਾਨ ਕਿਹਾ ਕਿ ਇਸ ਦਿਨ ਭਾਰਤ ਦਾ ਸੰਵਿਧਾਨ ਲਾਗੂ ਹੋਇਆ ਅਤੇ ਦੇਸ਼ ਇੱਕ ਗਣਤੰਤਰ ਰਾਸ਼ਟਰ ਬਣਿਆ। ਕਮਿਸ਼ਨਰ ਪਰਮਜੀਤ ਸਿੰਘ ਨੇ ਆਪਣੇ ਭਾਸ਼ਨ ਦੌਰਾਨ ਕਿਹਾ ਕਿ ਗਣਤੰਤਰ ਦਿਵਸ ਸਾਨੂੰ ਇਮਾਨਦਾਰੀ, ਜ਼ਿੰਮੇਵਾਰੀ



ਅਤੇ ਪਾਰਦਰਸ਼ਤਾ ਨਾਲ ਸੇਵਾ ਕਰਨ ਦੀ ਪ੍ਰੇਰਨਾ ਦਿੰਦਾ ਹੈ।ਇਸ ਮੌਕੇ ਮੇਅਰ ਅਤੇ ਕਮਿਸ਼ਨਰ ਵੱਲੋਂ ਚੰਗੀਆਂ ਸੇਵਾਵਾਂ ਨਿਭਾਉਣ ਵਾਲਿਆਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਸਕੂਲੀ ਬੱਚਿਆਂ ਅਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਸ਼ਾਨਦਾਰ ਪੇਸ਼ਕਾਰੀਆਂ ਲਈ ਸਨਮਾਨਿਤ ਕੀਤਾ ਗਿਆ। ਪਰੇਡ ਦੀ ਕਮਾਂਡ ਸੰਭਾਲਣ ਵਾਲੇ ਏ.ਐਸ.ਆਈ. ਕਰਮਜੀਤ ਸਿੰਘ ਜੀ, ਪੁਲਿਸ ਪਾਰਟੀ ਦੇ ਇੰਚਾਰਜ ਐਸ.ਆਈ. ਭਗਵਾਨ ਸਿੰਘ ਲਾਡੀ ਅਤੇ ਫਾਇਰ ਸ਼ਾਖਾ ਦੇ ਏ.ਡੀ.ਐਫ.ਓ. ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਚਿੰਨ੍ਹ ਭੇਟ ਕਰਕੇ ਨਿਵਾਜਿਆ ਗਿਆ।ਇਸ ਮੌਕੇ ਕਮਿਸ਼ਨਰ ਸ੍ਰੀ ਪਰਮਜੀਤ ਸਿੰਘ ਵੱਲੋਂ ਮੇਅਰ ਕੁੰਦਨ ਗੋਗੀਆ ਨੂੰ ਅਤੇ ਮੇਅਰ ਵੱਲੋਂ ਕਮਿਸ਼ਨਰ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਆਪਸੀ ਸਨਮਾਨ ਪ੍ਰਗਟ ਕੀਤਾ ਗਿਆ। ਇਸ ਤੋਂ ਇਲਾਵਾ ਡਿਪਟੀ ਮੇਅਰ ਜਗਦੀਪ ਜੱਗਾ, ਜੁਆਇੰਟ ਕਮਿਸ਼ਨਰ ਮੈਡਮ ਸੋਨਮ ਅਤੇ ਜੁਆਇੰਟ ਕਮਿਸ਼ਨਰ ਮੈਡਮ ਦੀਪਜੋਤ ਕੌਰ ਨੂੰ ਵੀ ਪ੍ਰਸ਼ਾਸਕੀ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।

## *1 ਫਰਵਰੀ ਨੂੰ ਭਗਤ ਰਵਿਦਾਸ ਜੀ ਦਾ ਜਨਮ ਦਿਵਸ*

ਨਾਭਾ, 27 ਜਨਵਰੀ (ਗੁਰਚਰਨ ਸਿੰਘ ਚੌਧਰੀਮਾਜਰਾ) : ਸ਼੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ ਨਾਭਾ ਦੀ ਅਗਵਾਈ ਵਿੱਚ ਹਰ ਸਾਲ ਦੀ ਤਰ੍ਹਾਂ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਜਨਮ ਦਿਵਸ ਗੁਰਦੁਆਰਾ ਡੇਰਾ ਸ਼੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਿਤੀ 1 ਫਰਵਰੀ ਨੂੰ ਮਨਾਇਆ ਜਾ ਰਿਹਾ ਹੈ। ਮਿਤੀ 30 ਜਨਵਰੀ 2026 (ਦਿਨ: ਸ਼ੁੱਕਰਵਾਰ) ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, ਇਸੀ ਦਿਨ ਨਗਰ ਕੀਰਤਨ ਸਜਾਏ ਜਾਣਗੇ। 1 ਫਰਵਰੀ ਨੂੰ ਸਵੇਰੇ 8 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੰਤ ਬਾਬਾ ਹਰਪਾਲ ਸਿੰਘ ਭੋਜੋਵਾਲੀ ਵਾਲੇ 8 ਤੋਂ 10 ਵਜੇ ਤੱਕ ਅਤੇ ਗਿਆਨੀ ਰਾਜਿੰਦਰਪਾਲ ਸਿੰਘ ਜੀ ਕੀਰਤਨ ਅਤੇ ਕਥਾ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਹ ਜਾਣਕਾਰੀ ਸ਼੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ (ਰਜਿ.) ਨਾਭਾ ਦੇ ਜਨਰਲ ਸਕੱਤਰ ਸ. ਅਮਰ ਸਿੰਘ ਟੌਡਰਵਾਲ ਵੱਲੋਂ ਦਿੱਤੀ ਗਈ ਹੈ।

## ਗਣਤੰਤਰ ਦਿਵਸ ਮੌਕੇ ਅਧਿਆਪਕ ਸਤਵਿੰਦਰ ਕੌਰ ਦਾ ਸਨਮਾਨ



ਦੇਵੀਗੜ੍ਹ, 27 ਜਨਵਰੀ (ਗੁਰਜੀਤ ਸਿੰਘ ਢੋਟ) : ਗਣਤੰਤਰ ਦਿਵਸ ਮੌਕੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕਪੂਰੀ ਦੇ ਅਧਿਆਪਕ ਮੈਡਮ ਸਤਵਿੰਦਰ ਕੌਰ ਨੂੰ ਉਹਨਾਂ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਨੂੰ ਦੇਖਦੇ ਹੋਏ ਤਹਿਸੀਲਦਾਰ ਦੁੱਧਨਸਾਧਾਂ ਜਗਤਾਰ ਸਿੰਘ, ਬੀਡੀਪੀਓ ਸੰਦੀਪ ਸਿੰਘ, ਹਲਕਾ ਇੰਚਾਰਜ ਦੇ ਭਰਾ ਰਾਜਵਿੰਦਰ ਸਿੰਘ ਹਡਾਣਾ, ਮਾਰਕੀਟ ਕਮੇਟੀ ਦੇ ਚੇਅਰਮੈਨ ਬਲਦੇਵ ਸਿੰਘ ਜੀ ਵੱਲੋਂ ਉਹਨਾਂ ਸਨਮਾਨਿਤ ਕੀਤਾ ਗਿਆ। ਮੈਡਮ ਸਤਵਿੰਦਰ ਕੌਰ ਵੱਲੋਂ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਖੇਡਾਂ, ਕਲਚਰ ਐਕਟੀਵਿਟੀ, ਸੁੰਦਰ ਲਿਖਾਈ ਵਿੱਚ ਬੱਚਿਆਂ ਨੂੰ ਨਿਪੁੰਨ ਕੀਤਾ ਜਾ ਰਿਹਾ ਹੈ। ਗਣਤੰਤਰ ਦਿਵਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਕਪੂਰੀ ਦੇ ਬੱਚਿਆਂ ਨੇ ਜੋ ਪੇਸ਼ਕਾਰੀ ਕੀਤੀ ਉਹ ਉਥੇ ਪਹੁੰਚੇ ਮੁੱਖ ਮਹਿਮਾਨ ਜੀ ਵਲੋਂ ਬਹੁਤ ਪ੍ਰਸੰਸਾ ਯੋਗ ਸੀ। ਸਕੂਲ ਮੁਖੀ ਜਗਜੀਤ ਸਿੰਘ ਵਾਲੀਆ, ਅਧਿਆਪਕ ਹਰਪ੍ਰੀਤ ਸਿੰਘ ਉੱਪਲ, ਨਗਰ ਪੰਚਾਇਤ ਦੇ ਸੀਨੀਅਰ ਮੀਤ ਪ੍ਰਧਾਨ ਲਖਵੀਰ ਸਿੰਘ ਤੇ ਪਿੰਡ ਦੇ ਪਤਵੰਤੇ ਸੱਜਣਾਂ ਵੱਲੋਂ ਵੀ ਮਿਲੇ ਇਸ ਸਨਮਾਨ ਤੇ ਉਹਨਾਂ ਨੂੰ ਵਧਾਈ ਦਿੱਤੀ ਗਈ।

## ਗਣਤੰਤਰ ਦਿਵਸ ਮੌਕੇ ਜਸਵਿੰਦਰ ਚਪੜ੍ਹ ਦਾ ਸਨਮਾਨ




ਘਨੌਰ, 27 ਜਨਵਰੀ (ਮਦਨ ਲਾਲ) : 77ਵੇਂ ਗਣਤੰਤਰ ਦਿਵਸ ਮੌਕੇ ਨਮਨ ਮਟਕਣ ਉਪ ਮੰਡਲ ਮਜਿਸਟਰੇਟ- ਰਾਜਪੁਰਾ, ਨੀਨਾ ਮਿੱਤਲ ਐਮ.ਐਲ.ਏ. ਰਾਜਪੁਰਾ ਨੇ ਝੰਡਾ ਗਰਾਊਂਡ ਰਾਜਪੁਰਾ ਵਿਖੇ ਤਿਰੰਗਾ ਲਹਿਰਾਇਆ। ਸਕੂਲੀ ਬੱਚਿਆਂ ਵੱਲੋਂ ਰੰਗਾ ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਇਥੇ ਕਈ ਨਾਮਵਰ ਸਖਸ਼ੀਅਤਾਂ ਦਾ ਸਨਮਾਨ ਕੀਤਾ - ਜਿਸ ਵਿਚ ਜਸਵਿੰਦਰ ਸਿੰਘ ਚਪੜ੍ਹ ਸਟੇਟ ਐਵਾਰਡੀ (ਡੀ.ਪੀ.ਈ. ਉਲਾਣਾ ਸਕੂਲ), 113 ਹਲਕਾ ਘਨੌਰ ਦੇ ਸਵੀਪ (ਇਲੈਕਸ਼ਨ) ਨੋਡਲ ਅਫ਼ਸਰ ਦਾ ਵਿਸ਼ੇਸ਼ ਸਨਮਾਨ ਹੋਇਆ। ਜਸਵਿੰਦਰ ਚਪੜ੍ਹ ਬਤੌਰ ਡੀ.ਪੀ.ਈ. ਉਲਾਣਾ ਸਕੂਲ ਵਿਚ ਸੇਵਾ ਦੇ ਨਾਲ ਨਾਲ ਜ਼ੋਨ ਘਨੌਰ ਦੇ ਖੇਡ ਸਕੱਤਰ ਅਤੇ ਸਟੇਟ ਨੈਸ਼ਨਲ ਲੈਵਲ ਤੇ ਗੱਤਕਾ ਖੇਡ ਦੇ ਅਬਜ਼ਰਬਰ/ ਸਿਲੈਕਟਰ ਦੀ ਸੇਵਾ ਨਿਭਾ ਰਹੇ ਹਨ।

## ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਵਿਖੇ ਗਣਤੰਤਰ ਦਿਵਸ ਮਨਾਇਆ

ਪਟਿਆਲਾ, 27 ਜਨਵਰੀ (ਰੁਪਾਣਾ) : ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ, ਪਟਿਆਲਾ ਵਿਖੇ 77 ਵਾਂ ਗਣਤੰਤਰ ਦਿਵਸ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਪਟਿਆਲਾ ਸ਼ਹਿਰ ਦੇ ਵਾਰਡ ਨੰਬਰ-45 ਦੇ ਕੌਂਸਲਰ ਮੀਨਾ ਦੇਵੀ ਡਾਬੀ ਨੇ ਸਕੂਲ ਦੇ ਸਟੇਟ ਅਵਾਰਡੀ ਪ੍ਰਿੰਸੀਪਲ ਰਜਨੀਸ਼ ਗੁਪਤਾ ਦੇ ਨਿੱਘੇ ਸੱਦੇ ਨੂੰ ਕਬੂਲਦਿਆਂ ਪ੍ਰੋਗਰਾਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਿਰਕਤ ਕਰਦਿਆਂ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਅਤੇ ਇਹਨਾਂ ਦਾ ਸਾਥ ਲੈਕਚਰਾਰ ਬਲਵਿੰਦਰ ਕੌਰ ਵੱਲੋਂ ਦਿੱਤਾ ਗਿਆ ਅਤੇ ਇਸ ਮੌਕੇ



ਸਕੂਲ ਦੇ ਵਿਦਿਆਰਥੀਆਂ ਨੇ ਸੰਗੀਤ ਅਧਿਆਪਕ ਸ. ਪ੍ਰਗਟ ਸਿੰਘ ਦੀ ਅਗਵਾਈ ਵਿੱਚ ਰਾਸ਼ਟਰੀ ਗਾਣ ਪੇਸ਼ ਕੀਤਾ। ਸ਼੍ਰੀਮਤੀ ਮੀਨਾ ਦੇਵੀ ਡਾਬੀ ਜੀ ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ 'ਤੇ ਸਕੂਲ ਦੇ ਸੀਨੀਅਰ ਲੈਕਚਰਾਰ ਸ. ਕੰਵਰਜੀਤ ਸਿੰਘ ਧਾਲੀਵਾਲ ਨੇ ਆਏ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕੀਤਾ ਅਤੇ ਸਕੂਲ ਦੇ ਸਟੇਟ ਅਵਾਰਡੀ ਪ੍ਰਿੰਸੀਪਲ ਰਜਨੀਸ਼ ਗੁਪਤਾ ਦੇ ਨਿੱਘੇ ਸੱਦੇ ਨੂੰ ਕਬੂਲਦਿਆਂ ਪ੍ਰੋਗਰਾਮ ਦੀ ਸ਼ਾਨ ਵਧਾਉਣ ਲਈ ਉਹਨਾਂ ਦਾ ਤਹਿ-ਦਿਲੋਂ ਧੰਨਵਾਦ ਕੀਤਾ। ਅੱਜ ਦੇ ਇਸ ਪ੍ਰੋਗਰਾਮ ਦੌਰਾਨ ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਮੀਡੀਆ ਕੋਆਰਡੀਨੇਟਰ ਅਕਸ਼ੈ ਕੁਮਾਰ ਵੱਲੋਂ ਅਤੇ ਸਟੇਜ ਦੀ ਸਜਾਵਟ ਅਤੇ ਸਮੁੱਚੇ ਸਟੇਜ ਪ੍ਰਬੰਧਾਂ ਦੀ ਜ਼ਿੰਮੇਵਾਰੀ ਨੂੰ ਮਨਦੀਪ ਕੁਮਾਰ ਕਨੌਜੀਆ ਡੀ.ਪੀ.ਈ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਇਆ ਗਿਆ।

## ਕਾਂਗਰਸ ਵੱਲੋਂ ਗਣਤੰਤਰ ਦਿਵਸ ਨੂੰ ਸਮਰਪਿਤ ਸਮਾਗਮ

ਸਮਾਣਾ, 27 ਜਨਵਰੀ (ਵਿਜੇ ਕੁਮਾਰ): 77ਵੇਂ ਗਣਤੰਰਤ ਦਿਵਸ ਮੌਕੇ ਸਥਾਨਕ ਗਾਂਧੀ ਗਰਾਉਂਡ 'ਚ ਕਾਂਗਰਸ ਪਾਰਟੀ ਵੱਲੋਂ ਗਣਤੰਤਰ ਦਿਵਸ ਨੂੰ ਸਮਰਪਿਤ ਸਮਾਗਮ ਦੌਰਾਨ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਆਪਣੇ ਕਰ-ਕਮਲਾਂ ਰਾਹੀ ਅਦਾ ਕੀਤੀ। ਇਸ ਮੌਕੇ ਉਨ੍ਹਾਂ ਹਲਕਾ ਨਿਵਾਸੀਆਂ ਨੂੰ ਗਣਤੰਤਰ ਦਿਵਸ 'ਤੇ ਵਧਾਈ ਦਿੰਦੇ ਹੋਏ ਕਿਹਾ ਕਿ ਸੁਤੰਤਰਤਾ ਸੰਗਰਾਮੀਆਂ ਦੀਆਂ ਕੁਰਬਾਨੀਆਂ



ਸਦਕਾ ਹੀ ਅਸੀ ਅੱਜ ਆਜ਼ਾਦੀ ਦਾ ਨਿੱਘ ਮਾਣ ਰਹੇ ਹਨ। ਸਮਾਗਮ ਦੌਰਾਨ ਸਕੂਲੀ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਦਰਸ਼ਕਾ ਦਾ ਮਨ ਮੋਹ ਲਿਆ। ਸਮਾਗਮ ਵਿਚ ਸਾਬਕਾ ਬਲਾਕ ਪ੍ਰਧਾਨ ਡਾ: ਪ੍ਰੇਮਪਾਲ, ਸ਼ਿਵ ਕੁਮਾਰ ਘੱਗਾ, ਰਿਸ਼ੂ ਸਿੰਗਲਾ ਕਰਹਾਲੀ ਵਾਲੇ, ਕੌਂਸਲਰ ਯਤਿਨ ਵਰਮਾ, ਪਰਮਜੀਤ ਸਿੰਘ ਬੱਬੂ, ਮਨੂੰ ਸ਼ਰਮਾ, ਸਤੀ ਮੰਦਿਰ ਕਮੇਟੀ ਪ੍ਰਧਾਨ ਪਵਨ ਸਾਸ਼ਤਰੀ, ਰਾਜਿੰਦਰ ਬੱਲੀ, ਅਸ਼ਵਨੀ ਡਾਂਗ, ਰਾਮ ਬਾਂਸਲ ਤੋਂ ਇਲਾਵਾ ਵੱਡੀ ਗਿਣਤੀ ਵਿਚ ਪਾਰਟੀ ਵਰਕਰ ਵੀ ਹਾਜ਼ਰ ਸਨ।

## ਗਣਤੰਤਰ ਦਿਵਸ ਮੌਕੇ ਪੰਜਾਬੀ ਯੂਨੀਵਰਸਿਟੀ ਵਿਖੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਤਿਰੰਗਾ ਲਹਿਰਾਇਆ

ਪਟਿਆਲਾ, 27 ਜਨਵਰੀ (ਚ.ਨ.ਸ.) : 77ਵੇਂ ਗਣਤੰਤਰ ਦਿਵਸ ਮੌਕੇ ਪੰਜਾਬੀ ਯੂਨੀਵਰਸਿਟੀ ਕੈਂਪਸ ਵਿਖੇ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਤਿਰੰਗਾ ਲਹਿਰਾਇਆ। ਹਰ ਸਾਲ ਵਾਂਗ ਇਸ ਵਾਰ ਵੀ ਯੂਨੀਵਰਸਿਟੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਨੇ ਇਸ ਮੌਕੇ ਪਰੇਡ ਵਿੱਚ ਭਾਗ ਲਿਆ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ, ਤਿਰੰਗਾ ਲਹਿਰਾਏ ਜਾਣ ਦੀ ਰਸਮ ਉਪਰੰਤ ਸੈਨੇਟ ਹਾਲ ਵਿਖੇ ਯੂਨੀਵਰਸਿਟੀ ਕਰਮਚਾਰੀਆਂ, ਅਧਿਕਾਰੀਆਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਜ਼ੋਰ ਦੇ ਕੇ ਕਿਹਾ ਕਿ ਚੰਗੇ ਦੇਸ਼ ਦੇ ਨਿਰਮਾਣ ਵਿੱਚ ਉਚੇਰੀ ਸਿੱਖਿਆ ਨਾਲ਼ ਸਬੰਧਤ ਸੰਸਥਾਵਾਂ ਦੀ ਵਿਸ਼ੇਸ਼ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀਆਂ ਨੂੰ ਚਰਿੱਤਰ ਨਿਰਮਾਣ ਦੇ ਖੇਤਰ ਵਿੱਚ



ਆਪਣਾ ਨਿੱਗਰ ਯੋਗਦਾਨ ਪਾਉਣਾ ਚਾਹੀਦਾ ਹੈ, ਤਾਂ ਕਿ ਚੰਗੇ ਚਰਿੱਤਰ ਵਾਲ਼ੇ ਲੋਕ ਬਿਹਤਰ ਸਮਾਜ ਦੀ ਸਿਰਜਣਾ ਕਰ ਸਕਣ। ਇਸ ਮੌਕੇ ਉਨ੍ਹਾਂ ਪੰਜਾਬੀ ਯੂਨੀਵਰਸਿਟੀ ਦੀਆਂ ਵੱਖ-ਵੱਖ ਪ੍ਰਾਪਤੀਆਂ ਸਾਂਝੀਆਂ ਕਰਦਿਆਂ ਦੱਸਿਆ ਕਿ ਪਿਛਲੇ ਸਾਲ ਨਿਰਫ਼ ਰੈਂਕਿੰਗ ਵਿੱਚ ਪੰਜਾਬੀ ਯੂਨੀਵਰਸਿਟੀ ਨੇ ਜਨਤਕ ਖੇਤਰ ਦੀਆਂ ਯੂਨੀਵਰਸਿਟੀਆਂ ਦੀ ਸੂਚੀ ਵਿੱਚ ਪਹਿਲੀਆਂ 100 ਯੂਨੀਵਰਸਿਟੀਆਂ ਵਿੱਚ ਆਪਣਾ ਸਥਾਨ ਬਣਾਇਆ ਹੈ, ਜੋ ਕਿ ਮਾਣ ਵਾਲ਼ੀ ਗੱਲ ਹੈ। ਉਨ੍ਹਾਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਵੱਲੋਂ ਖੋਜ ਅਤੇ ਅਕਾਦਮਿਕ ਖੇਤਰ ਨੂੰ ਹੋਰ ਬਿਹਤਰ ਬਣਾਉਣ ਲਈ ਨਵੇਂ ਕੋਰਸ ਅਤੇ ਨਵੇਂ ਸੈਂਟਰ ਸ਼ੁਰੂ ਕੀਤੇ ਜਾਣੇ ਹਨ। ਡੀਨ ਅਕਾਦਮਿਕ ਮਾਮਲੇ ਪ੍ਰੋ. ਜਸਵਿੰਦਰ ਸਿੰਘ ਬਰਾੜ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਸਾਨੂੰ ਆਪਣੇ ਦੇਸ ਦੀਆਂ ਮਜ਼ਬੂਤ ਲੋਕਤੰਤਰਿਕ ਕਦਰਾਂ ਕੀਮਤਾਂ ਵਿੱਚ ਵਿਸ਼ਵਾਸ ਰੱਖਦਿਆ ਇਨ੍ਹਾਂ ਦੀ ਮਜਬੂਤੀ ਵਿੱਚ ਹਰ ਪੱਖੋਂ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਜਦੋਂ ਸੰਸਾਰ ਭਰ ਵਿੱਚ ਲੋਕਤੰਤਰ ਨੂੰ ਬਹੁਤ ਸਾਰੀਆਂ ਨਵੀਆਂ ਚੁਣੌਤੀਆਂ ਦਰਪੇਸ਼ ਹਨ, ਤਾਂ ਉਸ ਸਮੇਂ ਭਾਰਤ ਦੇ ਲੋਕਤੰਤਰ ਦੀ ਮਜ਼ਬੂਤੀ ਅਤੇ ਲੋਕਾਂ ਦਾ ਇਸ ਪ੍ਰਤੀ ਵਿਸ਼ਵਾਸ ਇਕ ਸ਼ੁਭ ਸੰਕੇਤ ਹੈ। ਸਾਨੂੰ ਇਹ ਵਿਸ਼ਵਾਸ ਕਾਇਮ ਰੱਖਣਾ ਚਾਹੀਦਾ ਹੈ। ਇਸ ਪ੍ਰੋਗਰਾਮ ਦਾ ਸੰਚਾਲਨ ਰਜਿਸਟਰਾਰ ਪ੍ਰੋ. ਦਵਿੰਦਰਪਾਲ ਸਿੰਘ ਸਿੱਧੂ ਨੇ ਕੀਤਾ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਾਨੂੰ ਆਪਣੇ ਦੇਸ਼ ਨੂੰ ਸੰਪੂਰਨ ਰੂਪ ਵਿੱਚ ਗਣਤੰਤਰ ਬਣਾਉਣ ਲਈ ਹਰ ਸੰਭਵ ਯਤਨ ਕਰਨੇ ਚਾਹੀਦੇ ਹਨ। ਅਜਿਹਾ ਕਰਨਾ ਉਨ੍ਹਾਂ ਬਹਾਦਰ ਸੂਰਮਿਆ ਪ੍ਰਤੀ ਸਾਡੀ ਸੱਚੀ ਸ਼ਰਧਾਂਜਲੀ ਹੋਵੇਗੀ ਜਿਨ੍ਹਾਂ ਨੇ ਇਸ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ।

## ਗਣਤੰਤਰ ਦਿਵਸ ਮੌਕੇ ਜਸਪਾਲ ਸਿੰਘ ਦਾ ਸਨਮਾਨ



ਪਟਿਆਲਾ, 27 ਜਨਵਰੀ (ਚ.ਨ.ਸ.) : 77ਵੇਂ ਗਣਤੰਤਰ ਦਿਵਸ ਮੌਕੇ ਪੋਲੋ ਗਰਾਊਂਡ ਪਟਿਆਲਾ ਵਿਖੇ ਸੰਸਥਾ ਬਲੱਡ ਹੈਲਪਲਾਈਨ ਫਾਊਂਡੇਸ਼ਨ ਰਾਜਪੁਰਾ ਨੂੰ ਸਨਮਾਨਿਤ ਕੀਤਾ ਗਿਆ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਆਈਏਐਸ, ਐਮਐਲਏ ਸ਼ਹਿਰੀ ਪਟਿਆਲਾ ਅਜੀਤਪਾਲ ਸਿੰਘ ਕੋਹਲੀ, ਗੁਰਲਾਲ ਐਮਐਲਏ ਘਨੌਰ, ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਸਮਾਜ ਸੇਵਾ ਦੇ ਖੇਤਰ ਖਾਸਕਰ ਖ਼ੂਨਦਾਨ ਕੈਂਪਾਂ , ਮੁਫ਼ਤ ਮੈਡੀਕਲ ਚੈੱਕਅਪ ਕੈਂਪ, ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ, ਬੂਟੇ ਲਗਾ ਕੇ ਵਾਤਾਵਰਨ ਬਚਾਉਣ ਮੁਹਿੰਮ ਪਿੰਡਾਂ ਤੱਕ ਖ਼ੂਨਦਾਨ ਸੇਵਾਵਾਂ ਵਿਚ ਮੋਹਰੀ ਭੂਮਿਕਾ ਨਿਭਾਉਣ ਵਾਲੇ ਮਿਹਨਤੀ ਤੇ ਜੁਝਾਰੂ ਵਲੰਟੀਅਰ ਟੀਮ ਮੈਂਬਰ ਜਸਪਾਲ ਸਿੰਘ ਕੰਪਿਊਟਰ ਪਟਿਆਲਾ ਨੂੰ ਸ਼ਾਨਦਾਰ ਸਰਟੀਫਿਕੇਟ ਤੇ ਸ਼ੀਲਡ ਦੇ ਕੇ ਸਨਮਾਨਿਤ ਕੀਤਾ ।

## ਮਾਤਾ ਗੁਜਰੀ ਸਕੂਲ ਗੁਥਮੜਾ 'ਚ ਗਣਤੰਤਰਤਾ ਦਿਵਸ ਮਨਾਇਆ

ਦੇਵੀਗੜ੍ਹ, 27 ਜਨਵਰੀ (ਗੁਰਜੀਤ ਸਿੰਘ ਢੋਟ) : ਮਾਤਾ



ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁਥਮੜਾ ਵਿੱਚ ਮਿਤੀ 26 ਜਨਵਰੀ ਨੂੰ 77ਵਾਂ ਗਣਤੰਤਰਤਾ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਦੇਸ਼ ਭਗਤੀ ਨਾਲ ਸੰਬੰਧਤ ਸੰਸਕ੍ਰਿਤਿਕ ਗਤੀਵਿਧੀਆਂ ਵਿੱਚ ਭਾਗ ਲਿਆ। ਇਸ ਮੌਕੇ ਸਕੂਲ ਦੇ ਅਕਾਦਮਿਕ ਡਾਇਰੈਕਟਰ ਸ਼੍ਰੀਮਤੀ ਤੇਜਿੰਦਰ ਕੌਰ ਵਾਲੀਆ ਨੇ ਵਿਦਿਆਰਥੀਆਂ ਨੂੰ ਗਣਤੰਤਰਤਾ ਦਿਵਸ ਅਤੇ ਭਾਰਤ ਦੇ ਸੰਵਿਧਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਪ੍ਰੋਗਰਾਮ ਦਾ ਸਮਾਪਨ ਰਾਸ਼ਟਰੀ ਗਾਣ ਨਾਲ ਕੀਤਾ ਗਿਆ। ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਮੈਡਮ ਮਮਤਾ ਮੱਕੜ ਨੇ ਸਾਰੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਗਣਤੰਤਰਤਾ ਦਿਵਸ ਦੀਆਂ ਵਧਾਈਆਂ ਦਿੱਤੀਆਂ।

## ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਬਿਨਾਂਹੇੜੀ ਵਿਖੇ ਗਣਤੰਤਰ ਦਿਵਸ ਮਨਾਇਆ



ਨਾਭਾ, 27 ਜਨਵਰੀ (ਗੁਰਚਰਨ ਸਿੰਘ ਚੌਧਰੀ ਮਾਜਰਾ) : ਗੁਰੂ ਗੋਬਿੰਦ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਿਨਾਂਹੇੜੀ ਵਿਖੇ ਗਣਤੰਤਰ ਦਿਵਸ ਮਨਾਇਆ ਗਿਆ। ਭਾਰਤ ਦਾ ਪ੍ਰਸਿੱਧ ਰਾਸ਼ਟਰੀ ਤਿਉਹਾਰ ਗਣਤੰਤਰ ਦਿਵਸ ਸਕੂਲ ਵਿੱਚ ਬੜੇ ਉਤਸ਼ਾਹ ਨਾਲ ਮਨਾਇਆ ਗਿਆ, ਸਕੂਲ ਡਾਇਰੈਕਟਰ ਸ. ਭੁਪਿੰਦਰ ਸਿੰਘ ਚੱਢਾ ਅਤੇ ਪ੍ਰਿੰਸੀਪਲ ਸਤਵਿੰਦਰ ਪ੍ਰੀਤ ਵੱਲੋਂ ਝੰਡੇ ਅਤੇ ਰਾਸ਼ਟਰੀ ਗਾਣ ਦੀ ਰਸਮ ਅਦਾ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕਰਵਾਈ ਗਈ। ਅੰਤ ਸਕੂਲ ਡਾਇਰੈਕਟਰ ਅਤੇ ਪ੍ਰਿੰਸੀਪਲ ਵੱਲੋਂ ਸਾਰਿਆਂ ਨੂੰ ਬਹੁਤ-ਬਹੁਤ ਵਧਾਈ ਦਿੰਦੇ ਹੋਏ ਆਪਣੇ ਸਟਾਫ ਅਤੇ ਬੱਚਿਆਂ ਨੂੰ ਦੇਸ ਪ੍ਰਤੀ ਪਿਆਰ ਕਰਨ ਲਈ ਇਸ ਦੀ ਸ਼ਾਨ ਨੂੰ ਵਧਾਉਣ ਲਈ ਪ੍ਰੇਰਿਤ ਕੀਤਾ ਗਿਆ।

## ਗਣਤੰਤਰ ਦਿਵਸ ਮੌਕੇ ਲੈਕਚਰਾਰ ਸੁਖਰਾਜ ਲੱਕੀ ਦਾ ਸਨਮਾਨ

ਪਟਿਆਲਾ, 27 ਜਨਵਰੀ (ਰੁਪਾਣਾ): 77ਵੇਂ ਗਣਤੰਤਰ ਦਿਵਸ ਮੌਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਟਿਆਲਾ ਵਿਖੇ ਹੋਏ ਸਮਾਗਮ ਦੌਰਾਨ ਲੈਕਚਰਾਰ



ਸੁਖਰਾਜ ਕੁਮਾਰ ਲੱਕੀ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬਲਕਾਰ ਸਿੰਘ ਗੱਜੂਮਾਜਰਾ ਚੇਅਰਮੈਨ ਮਾਰਕੀਟ ਕਮੇਟੀ ਸਮਾਣਾ ਤੇ ਪ੍ਰਿੰਸੀਪਲ ਦਿਆਲ ਸਿੰਘ ਨੇ ਸੁਖਰਾਜ ਕੁਮਾਰ ਲੱਕੀ ਨੂੰ ਸਨਮਾਨਤ ਹੋਣ 'ਤੇ ਵਧਾਈ ਦਿੱਤੀ।

## ਲੋਕ ਸੇਵਾ ਮੰਚ ਨੇ 26ਵਾਂ ਮੁਫ਼ਤ ਅੱਖਾਂ ਦਾ ਆਪ੍ਰੇਸ਼ਨ ਕੈਂਪ ਲਗਾਇਆ

ਦੇਵੀਗੜ੍ਹ, 27 ਜਨਵਰੀ (ਗੁਰਜੀਤ ਸਿੰਘ ਢੋਟ) : ਦੇਵੀਗੜ੍ਹ ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਲੋਕ ਸੇਵਾ ਮੰਚ ਦੇਵੀਗੜ੍ਹ ਵੱਲੋਂ 26ਵਾਂ ਮੁਫ਼ਤ ਅੱਖਾਂ ਦਾ ਆਪ੍ਰੇਸ਼ਨ ਕੈਂਪ ਪ੍ਰਵਾਸੀ ਪੰਜਾਬੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਕੈਂਪ ਦਾ ਉਦਘਾਟਨ ਨਾਇਬ ਤਹਿਸੀਲਦਾਰ ਜਗਤਾਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਮੁੱਖ ਮਹਿਮਾਨ ਵਜੋਂ ਪਹੁੰਚੇ। ਰਣਜੋਧ ਸਿੰਘ ਹਡਾਣਾ ਨੇ ਕੈਂਪ ਦਾ ਦੌਰਾ ਕਰਦਿਆਂ ਮੰਚ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਦੀ ਨਿਸ਼ਕਾਮ ਸੇਵਾ ਦੀ ਭਰਪੂਰ ਸ਼ਲਾਘਾ ਕੀਤੀ। ਕੈਂਪ ਦੌਰਾਨ ਸਰਕਾਰੀ ਰਾਜਿੰਦਰਾ ਹਸਪਤਾਲ ਪਟਿਆਲਾ ਦੀ ਮਾਹਿਰ



ਡਾਕਟਰੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਵਿਸਥਾਰ ਨਾਲ ਜਾਂਚ ਕੀਤੀ ਗਈ। ਜਾਂਚ ਉਪਰੰਤ ਜ਼ਰੂਰਤਮੰਦ ਮਰੀਜ਼ਾਂ ਦੇ ਮੁਫ਼ਤ ਲੈਂਜ਼ ਪਾਏ ਗਏ ਅਤੇ ਅਪ੍ਰੇਸ਼ਨ ਲਈ ਚੁਣੇ ਗਏ ਮਰੀਜ਼ਾਂ ਨੂੰ ਅੱਗੇ ਦੀ ਸਹੂਲਤ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ। ਨਾਇਬ ਤਹਿਸੀਲਦਾਰ ਜਗਤਾਰ ਸਿੰਘ ਨੇ ਵੀ ਮੰਚ ਦੀ ਪ੍ਰਸ਼ੰਸਾ ਕੀਤੀ।

## *ਪੀ.ਐਸ.ਟੀ.ਸੀ.ਐਲ. ਨੇ ਗਣਤੰਤਰ ਦਿਵਸ ਮਨਾਇਆ*



ਪਟਿਆਲਾ, 27 ਜਨਵਰੀ (ਚ.ਨ.ਸ.): ਪੀ.ਐਸ.ਟੀ.ਸੀ.ਐਲ. ਵੱਲੋਂ 77ਵਾਂ ਗਣਤੰਤਰ ਦਿਵਸ ਸ਼ਕਤੀ ਵਿਹਾਰ ਆਫਿਸਰ ਫਲੈਟਾਂ ਵਿੱਚ ਰਸਮੀ ਤਰੀਕੇ ਨਾਲ ਮਨਾਇਆ ਗਿਆ। ਇਸ ਮੌਕੇ 'ਤੇ ਸੀ.ਏ. ਵਿਨੋਦ ਕੁਮਾਰ ਬਾਂਸਲ, ਨਿਰਦੇਸ਼ਕ/ਵਿੱਤ ਤੇ ਵਣਜ-ਕਮ-ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ. ਨੇ ਮੁਖ ਮਹਿਮਾਨ ਵਜੋ ਸਮਾਰੋਹ ਦੀ ਸ਼ੋਭਾ ਵਧਾਈ। ਮੁੱਖ ਮਹਿਮਾਨ ਵੱਲੋਂ ਰਾਸ਼ਟਰੀ ਝੰਡਾ ਫਹਿਰਾਉਣ ਦੀ ਰਸਮਸਾਰੇ ਵਿਭਾਗਾ ਦੇ ਮੁੱਖੀ, ਅਧਿਕਾਰੀਆਂ/ ਕਰਮਚਾਰੀਆਂ ਦੀ ਉਪਸਥਿਤੀ ਵਿੱਚ ਕੀਤੀ ਗਈ, ਜਿਸ ਉਪਰੰਤ ਰਾਸ਼ਟਰੀ ਗੀਤ ਗਾਇਆ ਗਿਆ। ਸੀ.ਏ. ਵਿਨੋਦ ਕੁਮਾਰ ਬਾਂਸਲ ਵੱਲੋ ਦਿਨ ਦੀ ਮਹੱਤਤਾ ਨੂੰ ਸਾਝਾਂ ਕਰਨ ਤੋਂ ਬਾਅਦ ਪੰਜਾਬ ਸਰਕਾਰ ਅਤੇਪੀ. ਐਸ.ਟੀ.ਸੀ.ਐਲ. ਦੀਆਂ ਪ੍ਰਾਪਤੀਆਂ ਤੇ ਚਾਨਣਾ ਪਾਇਆ ਗਿਆ । ਗਣਤੰਤਰ ਦਿਵਸ ਨੂੰ ਸਮਰਪਿਤ ਰਸਮੀ ਕਾਰਵਾਈ ਕਰਨ ਉਪਰੰਤ ਲੱਡੂ ਵੰਡ ਕੇ ਸਮਾਗਮ ਦੀ ਸਮਾਪਤੀ ਹੋਈ।

## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਗਣਤੰਤਰ ਦਿਵਸ ਮਨਾਇਆ




ਪਟਿਆਲਾ, 27 ਜਨਵਰੀ (ਚ.ਨ.ਸ.) : ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਪੋਲੋ ਗਰਾਊਂਡ, ਪਟਿਆਲਾ ਵਿਖੇ ਭਾਰਤ ਦਾ 77ਵਾਂ ਗਣਤੰਤਰ ਦਿਵਸ ਬੜੇ ਉਤਸ਼ਾਹ ਅਤੇ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ। ਅਵਤਾਰ ਸਿੰਘ ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਜੀ ਦੀ ਯੋਗ ਅਗਵਾਈ ਹੇਠ ਅਤੇ ਸ੍ਰੀਮਤੀ ਮਾਨੀ ਅਰੋੜਾ, ਸਿਵਲ ਜੱਜ (ਸੀਨੀਅਰ ਡਵੀਜ਼ਨ) ਕਮ-ਇੰਚਾਰਜ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੀ ਨਿਗਰਾਨੀ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੇ ਕੰਮਕਾਜ ਅਤੇ ਪ੍ਰਾਪਤੀਆਂ ਨੂੰ ਦਰਸਾਉਂਦੀ ਝਾਕੀ ਪ੍ਰਦਰਸ਼ਿਤ ਕੀਤੀ ਗਈ।

## ਨਾਭਾ 'ਚ ਪੁਲਿਸ ਕਾਂਸਟੇਬਲ ਦਾ ਕਤਲ, ਭਰਾ ਵੀ ਗੰਭੀਰ ਜ਼ਖ਼ਮੀ

ਨਾਭਾ, 27 ਜਨਵਰੀ (ਬਲਜਿੰਦਰ ਮਾਨ) : ਨਾਭਾ ਦੇ ਮੈਹਸ ਗੇਟ ਨੇੜੇ ਕੱਲ ਸ਼ਾਮੀ ਪੰਜ ਛੇ ਅਣਪਛਾਤੇ ਵਿਅਕਤੀਆਂ ਨੇ ਕਾਂਸਟੇਬਲ ਅਮਨਦੀਪ ਸਿੰਘ ਦਾ ਕਿਰਚਾਂ ਮਾਰ ਕੇ ਕੀਤਾ ਕਤਲ ਅਤੇ ਭਰਾ ਨੂੰ ਵੀ ਜ਼ਖਮੀ ਕੀਤਾ। ਮੌਕੇ ਤੋਂ ਮਿਲੀ ਜਾਣਕਾਰੀ ਅਨੁਸਾਰ, ਕਿ ਮਾਮਲਾ ਕੋਈ ਪੈਸੇ ਨੂੰ ਲੈਣ ਦੇਣ ਕਰਕੇ ਬਹਿਸ ਹੋਈ ਉਸ ਤੋਂ ਉਪਰੰਤ ਪੰਜ ਛੇ ਅਣਪਛਾਤੇ ਵਿਅਕਤੀਆਂ ਨੇ ਕਾਤਲਾਨਾ ਹਮਲਾ ਕੀਤਾ। ਇਸ ਸਬੰਧੀ ਹਲਕਾ ਨਾਭਾ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਇਸ ਤਰ੍ਹਾਂ ਦੇ ਕਤਲ ਕਰਨ ਵਾਲੇ ਨੂੰ ਸਮਾਜ 'ਚ ਰਹਿਣ ਦੀ ਇਜਾਜ਼ਤ ਨਹੀਂ। ਉਹਨਾਂ ਤੇ ਜਲਦੀ ਹੀ ਕਾਨੂੰਨ ਆਪਣੀ ਕਾਰਵਾਈ ਕਰੇਗਾ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਐਸਐਸਪੀ ਪਟਿਆਲਾ ਵਰੁਣ ਸ਼ਰਮਾ ਨੇ ਕਿਹਾ ਕਿ ਇਹ ਘਟਨਾ ਬੜੀ ਹੀ ਮੰਦਭਾਗੀ ਹੈ। ਇਸ ਘਟਨਾ 'ਤੇ ਪੁਲਿਸ ਨੇ ਕੱਲ ਸ਼ਾਮੀ ਹੀ ਕਾਤਲਾਂ ਦੇ ਪਿੱਛੇ ਕਾਰਵਾਈ ਸ਼ੁਰੂ ਕੀਤੀ । ਉਹਨਾਂ ਕਿਹਾ ਕਿ ਅਮਨਦੀਪ ਸਿੰਘ ਕਾਂਸਟੇਬਲ ਸਾਡਾ ਆਪਣਾ ਮੁਲਾਜ਼ਮ ਸੀ ਉਸ ਦੇ ਪਰਿਵਾਰ ਨੂੰ ਪੂਰਾ ਇਨਸਾਫ ਮਿਲੇਗਾ।

## ਰਾਸ਼ਟਰੀ ਜਯੋਤੀ ਕਲਾ ਮੰਚ ਨੇ ਗਣਤੰਤਰ ਦਿਵਸ ਮਨਾਇਆ

ਪਟਿਆਲਾ, 27 ਜਨਵਰੀ (ਚ.ਨ.ਸ.) : ਰਾਸ਼ਟਰੀ ਜਯੋਤੀ ਕਲਾ ਮੰਚ (ਰਜਿ.) ਦੇ ਡਾਇਰੈਕਟਰ ਰਾਕੇਸ਼ ਠਾਕੁਰ ਦੀ ਨਿਰਦੇਸ਼ਨਾ ਹੇਠ ਅਤੇ ਆਲ ਇੰਡੀਆ ਪਿੰਗਲਾ ਆਸ਼ਰਮ ਦੇ ਮੁਖੀ ਬਾਬਾ ਬਲਬੀਰ ਸਿੰਘ ਦੀ ਸਰਪ੍ਰਸਤੀ ਹੇਠ ਆਸ਼ਰਮ ਵਿੱਚ 77ਵਾਂ ਗਣਤੰਤਰ ਦਿਵਸ ਮਨਾਇਆ ਗਿਆ। ਇਸ ਮੌਕੇ ਜਸ਼ਨ ਐਂਟਰਟੇਨਮੈਂਟ ਦੇ ਪ੍ਰੋਡਿਊਸਰ ਮੈਡਮ ਜੱਸ ਧਨੋਆ ਅਤੇ ਸੋਸ਼ਲ ਵਰਕਰ ਡਾ. ਗੁਰਵਿੰਦਰ ਕਾਂਸਲ (ਐਡਵੋਕੇਟ) ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਵਿਸ਼ੇਸ਼



ਮਹਿਮਾਨ ਦੇ ਰੂਪ ਵਿੱਚ ਬਿੱਟੂ ਰੰਧਾਵਾ, ਬੀਰ ਚੰਦ ਖੁਰਮੀ ਪੈਟਰਨ ਸ਼ਾਮਲ ਹੋਏ। ਇਸ ਅਵਸਰ 'ਤੇ ਇੰਜ. ਨਰਿੰਦਰ ਸਿੰਘ, ਹਰੀਸ਼ ਸਿੰਗਲਾ ਪ੍ਰਧਾਨ ਸ਼ਿਵ ਸੈਨਾ, ਹਰਮੇਸ਼ ਸਿੰਗਲਾ, ਸੁਰਿੰਦਰ ਮੋਹਨ ਸਿੰਗਲਾ (ਐਡਵੋਕੇਟ), ਧੀਰਜ ਗੋਇਲ, ਐਡਵੋਕੇਟ ਸਤਿਆਪਾਲ ਸਲੂਜਾ, ਤ੍ਰਿਭਵਨ ਗੁਪਤਾ, ਗਗਨ ਗੋਇਲ, ਮਮਤਾ ਠਾਕੁਰ, ਧਰਮਪਾਲ ਗਰਗ, ਬਰਿੰਦਰ ਵਰਮਾ, ਡਾ. ਧਰਮਿੰਦਰ ਸੰਧੂ, ਟਿੰਮੀ ਗਿੱਲ, ਸੁਸ਼ਮਾ, ਲਲਿਤਾ ਰਾਓ ਜਸਵਿੰਦਰ, ਸੋਨੀਆ, ਸਪਨਾ ਨੇ ਸ਼ਿਰਕਤ ਕੀਤੀ ।



# ਪਟਿਆਲਾ-ਆਸ/ਪਾਸ



## ਕੌਮੀ ਦਿਹਾੜੇ ਦੇਸ਼ ਪ੍ਰਤੀ ਜ਼ਿੰਮੇਵਾਰੀਆਂ ਦਾ ਅਹਿਸਾਸ ਕਰਵਾਉਂਦੇ ਨੇ : ਜਸਵੰਤ ਸਿੰਘ ਜ਼ਫ਼ਰ

### ➢ਭਾਸ਼ਾ ਵਿਭਾਗ ਪੰਜਾਬ ਦੇ ਮੁੱਖ ਦਫ਼ਤਰ ਵਿਖੇ ਗਣਤੰਤਰ ਦਿਵਸ ਮਨਾਇਆ



ਪਟਿਆਲਾ, 27 ਜਨਵਰੀ (ਰੁਪਾਣਾ) : ਭਾਸ਼ਾ ਵਿਭਾਗ ਪੰਜਾਬ ਦੇ ਮੁੱਖ ਦਫ਼ਤਰ ਸ਼ੇਰਾਂ ਵਾਲਾ ਗੇਟ ਪਟਿਆਲਾ ਵਿਖੇ ਅੱਜ ਗਣਤੰਤਰ ਦਿਵਸ ਵਿਭਾਗ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਵਿੱਚ ਮਨਾਇਆ ਗਿਆ। ਇਸ ਮੌਕੇ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਸਮਾਗਮ ਦੀ ਸ਼ੁਰੂਆਤ ਸ. ਜਸਵੰਤ ਸਿੰਘ ਜ਼ਫ਼ਰ ਵੱਲੋਂ ਝੰਡਾ ਲਹਿਰਾਉਣ ਨਾਲ ਹੋਈ ਅਤੇ ਫਿਰ ਸਭ ਨੇ ਮਿਲ ਕੇ ਰਾਸ਼ਟਰੀ ਗੀਤ ਗਾਇਆ। ਇਸ ਉਪਰੰਤ ਵਿਭਾਗ ਦੇ ਸੈਮੀਨਾਰ ਹਾਲ ਵਿੱਚ ਹੋਏ ਸਮਾਗਮ ਦੌਰਾਨ ਸ. ਜਸਵੰਤ ਸਿੰਘ ਜ਼ਫ਼ਰ ਨੇ ਕਿਹਾ ਕਿ ਗਣਤੰਤਰ ਦਿਵਸ ਵਰਗੇ ਦਿਹਾੜੇ ਮਨਾਉਣ ਦਾ ਮਕਸਦ ਦੇਸ਼ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਤੇ ਰਿਸ਼ਤਿਆਂ ਨੂੰ ਨਵਿਆਉਂਦੇ ਰਹਿਣਾ ਹੈ, ਜੋ ਕਿ ਦੇਸ਼ ਦੀ ਤਰੱਕੀ ਤੇ ਆਪਸੀ ਸਾਂਝ ਲਈ ਅਤਿ ਜ਼ਰੂਰੀ ਹੈ। ਇਸ ਦੇ ਨਾਲ ਹੀ ਆਪੋ-ਆਪਣੇ ਵਿਭਾਗਾਂ ਪ੍ਰਤੀ ਵਫ਼ਾਦਾਰੀ ਤੇ ਟੀਮ ਦੀ ਭਾਵਨਾ ਨਾਲ ਕਾਰਜਸੀਲ ਰਹਿਣ ਦੀ ਵੀ ਅਜਿਹੇ ਦਿਹਾੜੇ ਪ੍ਰੇਰਨਾ ਦਿੰਦੇ ਹਨ। ਇਸ ਮੌਕੇ ਖੋਜ ਅਫ਼ਸਰ ਡਾ. ਸੰਤੋਖ ਸਿੰਘ ਸੁੱਖੀ ਨੇ ਸਮਾਜਵਾਦ ਅਤੇ ਕਿਰਤ ਦੀ ਹੋਂਦ ਬਾਰੇ ਕਵਿਤਾਵਾਂ ਪੇਸ਼ ਕੀਤੀਆਂ। ਖੋਜ ਅਫ਼ਸਰ ਡਾ. ਮਨਜਿੰਦਰ ਸਿੰਘ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਅਤੇ ਮਿਹਨਤੀ ਵਿਅਕਤੀ ਦੇ ਸੰਤੁਸ਼ਟੀ ਭਰੇ ਜੀਵਨ ਬਾਰੇ ਗੀਤ ਪੇਸ਼ ਕੀਤੇ। ਸੀਨੀਅਰ ਸਹਾਇਕ ਗੁਰਮੇਲ ਸਿੰਘ ਵਿਰਕ ਨੇ ਸ਼ਬਦਾਂ ਦੀ ਸੁਚੱਜੀ ਵਰਤੋਂ ਬਾਰੇ ਕਵਿਤਾ ਪੇਸ਼ ਕੀਤੀ।ਇਸ ਦੌਰਾਨ ਡਿਪਟੀ ਡਾਇਰੈਕਟਰ ਆਲੋਕ ਚਾਵਲਾ, ਸਹਾਇਕ ਡਾਇਰੈਕਟਰ ਅਮਰਿੰਦਰ ਸਿੰਘ, ਸੁਰਿੰਦਰ ਕੌਰ ਤੇ ਰਾਬੀਆ, ਕਲੱਰਕ ਵਿਸ਼ਵਜੋਤ ਕੌਰ ਨੇ ਵੀ ਵਿਚਾਰ ਪੇਸ਼ ਕੀਤੇ। ਮੰਚ ਸੰਚਾਲਨ ਖੋਜ ਅਫ਼ਸਰ ਡਾ. ਸੁਖਦਰਸ਼ਨ ਸਿੰਘ ਚਹਿਲ ਨੇ ਕੀਤਾ। ਅਖ਼ੀਰ ਵਿੱਚ ਸਭ ਨੂੰ ਮਿਠਾਈ ਵੰਡੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਵਿਭਾਗ ਦੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

## ਪੰਜਾਬ ਸਰਕਾਰ ਵੱਲੋਂ 10 ਲੱਖ ਦੇ ਮੁਫ਼ਤ ਸਿਹਤ ਬੀਮੇ ਦੀ ਰਜਿਸਟ੍ਰੇਸ਼ਨ ਹੋਈ ਸ਼ੁਰੂ : ਜਗਦੀਪ ਜੱਗਾ

ਪਟਿਆਲਾ, 27 ਜਨਵਰੀ (ਰੁਪਾਣਾ) : ਪੰਜਾਬ ਸਰਕਾਰ ਵੱਲੋਂ ਅਮੀਰ-ਗਰੀਬ ਦੇ ਭੇਦ ਤੋਂ ਉਪਰ ਉੱਠ ਕੇ ਸੂਬੇ ਦੇ ਹਰ ਨਾਗਰਿਕ ਲਈ 10 ਲੱਖ ਰੁਪਏ ਦਾ ਮੁਫ਼ਤ ਸਿਹਤ ਬੀਮਾ ਲਾਗੂ ਕੀਤਾ ਗਿਆ ਹੈ, ਜਿਸ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਹੋ ਚੁੱਕੀ ਹੈ। ਇਸਦੀ ਜਾਣਕਾਰੀ ਡਿਪਟੀ ਮੇਅਰ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਸਕੱਤਰ ਜਗਦੀਪ ਜੱਗਾ ਵਲੋਂ ਦਿੱਤੀ ਗਈ।



ਉਨ੍ਹਾਂ ਕਿਹਾ ਕਿ ਇਸ ਯੋਜਨਾ ਦੇ ਤਹਿਤ ਪੈਨਸ਼ਨ ਲੈਣ ਵਾਲੇ ਸਾਥੀਆਂ ਅਤੇ ਨੌਕਰੀ ਕਰਦੇ ਹੋਏ ਲੋਕਾਂ ਨੂੰ ਵੀ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਸਹੂਲਤ ਪ੍ਰਦਾਨ ਕੀਤੀ ਜਾਵੇਗੀ। ਇਹ ਬੀਮਾ ਸਿਰਫ਼ ਪੰਜਾਬ ਦੇ ਨਾਗਰਿਕਾਂ ਲਈ ਹੈ ਅਤੇ ਕਿਸੇ ਵੀ ਸਰਕਾਰੀ ਜਾਂ ਪ੍ਰਾਈਵੇਟ ਸੂਚੀਬੱਧ ਹਸਪਤਾਲ ਵਿੱਚ ਇਸ ਦਾ ਲਾਭ ਲਿਆ ਜਾ ਸਕਦਾ ਹੈ। ਡਿਪਟੀ ਮੇਅਰ ਨੇ ਕਿਹਾ ਕਿ ਇਹ ਯੋਜਨਾ ਆਮ ਆਦਮੀ ਪਾਰਟੀ ਦੀ ਲੋਕ-ਹਿਤੈਸ਼ੀ ਸੋਚ ਨੂੰ ਦਰਸਾਉਂਦੀ ਹੈ, ਜਿਸ ਸਾਥੀ ਨੇ ਇਹ ਬੀਮਾ ਕਰਵਾਇਆ, ਉਹ ਸਮਝ ਸਕਦਾ ਹੈ ਕਿ ਉਸਦੀ ਜੇਬ ਵਿੱਚ 10 ਲੱਖ ਰੁਪਏ ਦੀ ਸੁਰੱਖਿਆ ਹੈ। ਕੋਈ ਵੀ ਵਿਅਕਤੀ ਕਦੇ ਵੀ ਬਿਮਾਰ ਹੋ ਸਕਦਾ ਹੈ, ਅਸੀਂ ਨਹੀਂ ਚਾਹੁੰਦੇ ਕਿ ਕਿਸੇ ਨੂੰ ਮਾੜਾ ਸਮਾਂ ਵੇਖਣਾ ਪਵੇ, ਪਰ ਜੇਕਰ ਅਜਿਹਾ ਹੁੰਦਾ ਹੈ, ਤਾਂ ਇਲਾਜ ਦੀ ਚਿੰਤਾ ਨਹੀਂ ਰਹੇਗੀ।ਉਨ੍ਹਾਂ ਆਮ ਆਦਮੀ ਪਾਰਟੀ ਦੇ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਪੰਜਾਬ ਸਰਕਾਰ ਦੀ ਲੀਡਰਸ਼ਿਪ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਪੰਜਾਬ ਦੇ ਲੋਕਾਂ ਲਈ ਇਹ ਵੱਡਾ ਅਤੇ ਇਨਕਲਾਬੀ ਉਪਰਾਲਾ ਕੀਤਾ।ਅੰਤ ਵਿੱਚ ਜਗਦੀਪ ਜੱਗਾ ਨੇ ਪੰਜਾਬ ਦੇ ਲੋਕਾਂ ਨੂੰ ਸਲਾਮ ਕਰਦਿਆਂ ਕਿਹਾ ਕਿ ਜਿਨ੍ਹਾਂ ਨੇ ਰਵਾਇਤੀ ਲੀਡਰਾਂ ਨੂੰ ਹਰਾ ਕੇ ਆਮ ਆਦਮੀ ਪਾਰਟੀ ਨੂੰ ਜਿਤਾਇਆ, ਅੱਜ ਉਹਨਾਂ ਦੇ ਭਰੋਸੇ ਨੂੰ ਸਰਕਾਰ ਨਿਭਾਅ ਰਹੀ ਹੈ।

## ਕੈਬਨਿਟ ਮੰਤਰੀ ਲਾਲ ਚੰਦ ਵੱਲੋਂ 77ਵੇਂ ਗਣਤੰਤਰ ਦਿਵਸ ਮੌਕੇ ਮਲੇਰਕੋਟਲਾ ਵਿਖੇ ਲਹਿਰਾਇਆ ਤਿਰੰਗਾ

ਮਲੇਰਕੋਟਲਾ, 27 ਜਨਵਰੀ (ਚ.ਨ.ਸ.) :77ਵੇਂ ਗਣਤੰਤਰ ਦਿਵਸ ਦੇ ਮੌਕੇ ਸਥਾਨਕ ਡਾ. ਜ਼ਾਕਿਰ ਹੁਸੈਨ ਸਟੇਡੀਅਮ ਵਿਖੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਪੰਜਾਬ ਦੇ ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ, ਜੰਗਲਾਤ ਅਤੇ ਜੰਗਲੀ ਜੀਵ ਮੰਤਰੀ ਸ੍ਰੀ ਲਾਲ ਚੰਦ ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ। ਰਾਸ਼ਟਰੀ ਝੰਡਾ ਲਹਿਰਾਉਣ ਉਪਰੰਤ ਉਨ੍ਹਾਂ ਪਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਵਿਰਾਜ ਐਸ. ਤਿੜਕੇ ਅਤੇ ਐੱਸ.ਐੱਸ.ਪੀ. ਸ੍ਰੀ ਗਗਨ ਅਜੀਤ ਸਿੰਘ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ। ਸਮਾਗਮ ਦੌਰਾਨ ਡੀ.ਆਈ.ਜੀ. (ਏ.ਜੀ.ਟੀ.ਐਫ.) ਪੰਜਾਬ ਸ੍ਰੀ ਗੁਰਮੀਤ ਸਿੰਘ ਚੌਹਾਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਮੌਕੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ, ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣ ਮਾਜਰਾ,



ਕੈਬਿਨਟ ਮੰਤਰੀ ਦੀ ਧਰਮਪਤਨੀ ਸ਼੍ਰੀਮਤੀ ਉਰਮਿਲਾ ਦੇਵੀ, ਪੁੱਤਰ ਰੋਬਿਨ ਸਿੰਘ, ਰੋਹਿਤ ਸਿੰਘ, ਨੂੰਹ ਲਵਲੀਨ ਕੌਰ, ਵਿਧਾਇਕ ਮਾਲੇਰਕੋਟਲਾ ਦੀ ਧਰਮ ਪਤਨੀ ਫਰਿਆਲ ਰਹਿਮਾਨ,ਚੇਅਰਮੈਨ ਜ਼ਿਲ੍ਹਾ ਪਲਾਨਿੰਗ ਕਮੇਟੀ ਸਾਕਿਬ ਅਲੀ ਰਾਜਾ, ਚੇਅਰਮੈਨ ਮਾਰਕਿਟ ਕਮੇਟੀ ਮਾਲੇਰਕੋਟਲਾ ਜਾਫਰ ਅਲੀ, ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਰਿਪੀ ਗਰਗ, ਐਸ.ਡੀ.ਐਮ.ਗੁਰਮੀਤ ਕੁਮਾਰ ਬਾਂਸਲ, ਨਿਆਂ ਪਾਲਿਕਾ, ਸਿਵਲ ਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਸ਼ਹਿਰੀ ਹਾਜ਼ਰ ਸਨ।ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਨੇ ਦੇਸ਼ ਦੇ ਮਹਾਨ ਸ਼ਹੀਦਾਂ ਅਤੇ ਆਜ਼ਾਦੀ ਸੰਗਰਾਮੀਆਂ ਨੂੰ ਨਮਨ ਕਰਦਿਆਂ 77ਵੇਂ ਗਣਤੰਤਰ ਦਿਵਸ ਦੀਆਂ ਸਮੂਹ ਦੇਸ਼ਵਾਸੀਆਂ ਨੂੰ ਮੁਬਾਰਕਾਂ ਦਿੱਤੀਆਂ। ਉਨ੍ਹਾਂ ਕਿਹਾ ਕਿ 26 ਜਨਵਰੀ 1950 ਨੂੰ ਸੰਵਿਧਾਨ ਲਾਗੂ ਹੋਣ ਨਾਲ ਭਾਰਤ ਨੇ ਗਣਰਾਜ ਵਜੋਂ ਨਵਾਂ ਦੌਰ ਸ਼ੁਰੂ ਕੀਤਾ ਅਤੇ ਅੱਜ ਅਸੀਂ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਹੋਣ 'ਤੇ ਮਾਣ ਮਹਿਸੂਸ ਕਰਦੇ ਹਾਂ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਪੰਜਾਬੀਆਂ ਦੀਆਂ ਕੁਰਬਾਨੀਆਂ ਅਮਰ ਹਨ ਅਤੇ ਇਨ੍ਹਾਂ ਸ਼ਹੀਦਾਂ ਦੀ ਬਦੌਲਤ ਹੀ ਅਸੀਂ ਅੱਜ ਆਜ਼ਾਦ ਹਵਾ ਵਿੱਚ ਸਾਹ ਲੈ ਰਹੇ ਹਾਂ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਰੋਜ਼ਗਾਰ, ਸਿਹਤ, ਸਿੱਖਿਆ, ਮੁਫ਼ਤ ਬਿਜਲੀ ਅਤੇ ਪ੍ਰਸ਼ਾਸਕੀ ਸੁਧਾਰਾਂ ਨੂੰ ਸਭ ਤੋਂ ਉੱਚੀ ਤਰਜੀਹ ਦੇ ਰਹੀ ਹੈ। ਉਨ੍ਹਾਂ ਦੱਸਿਆ ਕਿ 2022 ਤੋਂ ਹੁਣ ਤੱਕ 63 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ।ਮਾਲੇਰਕੋਟਲਾ ਜ਼ਿਲ੍ਹੇ ਦੇ ਵਿਕਾਸ ਬਾਰੇ ਬੋਲਦਿਆਂ ਉਨ੍ਹਾਂ ਦੱਸਿਆ ਕਿ ਪਟਿਆਲਾ ਰੋਡ ਸਥਿਤ ਡਿਫੈਂਸ ਗਰਾਊਂਡ ਵਿਖੇ 38.5 ਏਕੜ 'ਚ 562.68 ਕਰੋੜ ਰੁਪਏ ਦੀ ਲਾਗਤ ਨਾਲ ਮੈਡੀਕਲ ਕਾਲਜ ਬਣਾਇਆ ਜਾਵੇਗਾ ਅਤੇ 150 ਬੈਡ ਦਾ ਈ.ਐਸ.ਆਈ. ਹਸਪਤਾਲ ਵੀ ਬਣੇਗਾ।ਅਖੀਰ ਵਿੱਚ ਕੈਬਨਿਟ ਮੰਤਰੀ ਨੇ ਸਮੂਹ ਮਹਾਨ ਸ਼ਹੀਦਾਂ ਨੂੰ ਕੋਟਿ-ਕੋਟਿ ਪ੍ਰਣਾਮ ਕਰਦਿਆਂ ਪੰਜਾਬ ਅਤੇ ਦੇਸ਼ ਦੀ ਖੁਸ਼ਹਾਲੀ, ਤਰੱਕੀ ਅਤੇ ਅਮਨ-ਸ਼ਾਂਤੀ ਲਈ ਕਾਮਨਾ ਕੀਤੀ।

## ਬੈਂਕ ਇੰਪਲਾਈਜ਼ ਵੱਲੋਂ ਹੜਤਾਲ, ਲੋਕ ਹੋਏ ਪ੍ਰੇਸ਼ਾਨ



ਸਮਾਣਾ, 27 ਜਨਵਰੀ (ਵਿਜੇ ਕੁਮਾਰ): ਭਾਰਤ ਦੇ ਬੈਂਕ ਇੰਪਲਾਈਜ਼ ਦੇ ਸਭ ਤੋਂ ਵੱਡੇ ਫੋਰਮ ਯੂਨਾਈਟਡ ਫੋਰਮ ਦੇ ਝੰਡੇ ਹੇਠ ਸਮਾਣਾ ਵਿਖੇ ਦੇਸ਼ ਪੱਧਰੀ ਹੜਤਾਲ ਦਾ ਅਸਰ ਵੇਖਣ ਨੂੰ ਮਿਲਿਆ, ਜਿਸ ਕਾਰਨ ਤਿੰਨ ਛੁਟੀਆਂ ਤੋਂ ਬਾਅਦ ਵੀ ਲੋਕਾਂ ਨੂੰ ਲੈਣ-ਦੇਣ ਲਈ ਖੱਜਲ ਖੁਆਰ ਹੋਣਾ ਪਿਆ। ਜਾਰੀ ਬਿਆਨ ਵਿੱਚ ਸਰਕਲ ਡੈਲੀਗੇਟ ਜਗਤਾਰ ਸਿੰਘ ਬੰਮਣਾ ਅਤੇ ਰਣਧੀਰ ਸਿੰਘ ਨੇ ਆਖਿਆ ਕਿ ਕੇਂਦਰ ਸਰਕਾਰ ਤੁਰੰਤ ਬੈਂਕ ਕਰਮਚਾਰੀਆਂ ਦੀਆਂ ਮੰਗਾਂ ਮੰਨੇ ਅਤੇ ਬੈਂਕਾਂ ਅੰਦਰ ਪੰਜ ਦਿਨਾਂ ਦਾ ਕੰਮ ਕਾਜ ਲਾਗੂ ਕਰੇ। ਇਸ ਮੌਕੇ 'ਤੇ ਸਮਾਣਾ ਦੇ ਐਸ.ਬੀ.ਆਈ. ਮੇਨ ਬਰਾਂਚ ਅੱਗੇ ਵੱਡਾ ਰੋਸ ਮੁਜ਼ਾਹਰਾ ਕੀਤਾ ਗਿਆ, ਜਿਸ ਵਿੱਚ ਭਾਰਤੀ ਸਟੇਟ ਬੈਂਕ ਸਟਾਫ ਐਸੋਸੀਏਸ਼ਨ ਦੇ ਮੈਂਬਰਾਂ ਜਿਨ੍ਹਾਂ ਵਿੱਚ ਨਵੀਨ ਛਾਬੜਾ, ਗੁਰਪ੍ਰੀਤ ਕੌਰ, ਨਿਸ਼ਾ, ਮੀਨਾਕਸ਼ੀ, ਨਿਰਮਲ ਕੁਮਾਰ, ਹਰਕ੍ਰਿਸ਼ਨ ਸਿੰਘ, ਜਸਵੀਰ ਸਿੰਘ ਨਦਾਮਪੁਰ, ਸੁਨੀਲ ਕੁਮਾਰ ਭਵਾਨੀਗੜ੍ਹ, ਸਰਜੀਤ ਲਾਲਕਾ, ਰੁਲਦਾ ਸਿੰਘ, ਰੂਪ ਸਿੰਘ ਟਿਵਾਣਾ, ਬਿੱਟੂ ਬੇਦੀ, ਸੁਖਪਾਲ ਸਿੰਘ, ਭੂਸ਼ਣ ਕੁਮਾਰ ਪੂਜਾ ਗੋਇਲ, ਲਲਿਤ ਕੁਮਾਰ, ਗਗਨਦੀਪ ਸਿੰਘ, ਸੰਦੀਪ ਕੁਮਾਰ, ਜੋਤੀ ਗੋਇਲ, ਅਨੁਰੀਤ ਅਤੇ ਪੰਜਾਬ ਨੈਸ਼ਨਲ ਬੈਂਕ ਇਪਲਾਈ ਯੂਨੀਅਨ ਦੇ ਆਗੂਆਂ ਨੇ ਨਾਅਰੇਬਾਜ਼ੀ ਕੀਤੀ।

## ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ ਨੇ ਗਣਤੰਤਰ ਦਿਵਸ ਮੌਕੇ ਤਿਰੰਗੇ ਨੂੰ ਸਲਾਮੀ ਦਿੱਤੀ, ਸਨਮਾਨ ਦਾ ਕੀਤਾ ਬਾਈਕਾਟ

ਸਮਾਣਾ, 27 ਜਨਵਰੀ (ਵਿਜੇ ਕੁਮਾਰ) :ਸੂਬਾ ਸਰਕਾਰ ਵੱਲੋਂ ਸੁਤੰਤਰਤਾ ਸੰਗਰਾਮੀਆਂ ਅਤੇ ਆਸ਼ਰਿਤਾਂ ਨੂੰ ਅਣਗੌਲਿਆ ਕਰਨ ਦੇ ਵਿਰੋਧ ਵਿੱਚ ਫਰੀਡਮ ਫਾਈਟਰ ਉੱਤਰਾਧਿਕਾਰੀ ਸੰਸਥਾ (ਰਜਿ.196) ਪਟਿਆਲਾ ਪੰਜਾਬ ਵੱਲੋਂ ਸੂਬਾ ਪ੍ਰਧਾਨ ਚਤਿੰਨ ਸਿੰਘ ਸੇਖੋਂ ਦੀ ਅਗਵਾਈ ਵਿੱਚ 15 ਜਨਵਰੀ ਤੋਂ ਅਣਮਿੱਥੇ ਸਮੇਂ ਲਈ ਸੁਨਾਮ ਵਿਖੇ ਸ਼ਾਂਤਮਈ ਰੋਸ ਧਰਨਾ ਲਗਾਇਆ ਗਿਆ ਸੀ। ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਨੇ ਲਿਖਤੀ ਤੌਰ 'ਤੇ ਮੁੱਖ ਮੰਤਰੀ ਪੰਜਾਬ ਨਾਲ ਮੀਟਿੰਗ ਕਰਵਾਉਣ ਦੇ ਵਿਸ਼ਵਾਸ ਨਾਲ ਸੰਸਥਾ ਨੇ ਅਗਲੇ ਸਮੇਂ ਤੱਕ ਧਰਨਾ ਮੁਲਤਵੀ ਕਰ ਦਿੱਤਾ ਸੀ।ਸ੍ਰੀ ਸ਼ੁਭਾਸ ਚੰਦਰ ਬੋਸ ਜੀ ਦੇ ਜਨਮ ਦਿਵਸ ਮੌਕੇ ਸੂਬਾ ਪੱਧਰੀ ਮੀਟਿੰਗ ਦੌਰਾਨ ਜ਼ਿਲ੍ਹਾ ਇਕਾਈਆਂ ਦੇ ਸਮੂਹ ਅਹੁਦੇਦਾਰਾਂ ਅਤੇ ਸੂਬਾ ਕਮੇਟੀ ਦੇ ਮੈਂਬਰਾਂ ਨੂੰ ਸੰਬੋਧਨ ਕਰਦਿਆ ਸੂਬਾ ਪ੍ਰਧਾਨ ਚਤਿੰਨ ਸਿੰਘ ਸੇਖੋਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਦੇ ਦਿੱਤੇ ਵਿਸ਼ਵਾਸ ਦੇ ਆਧਾਰ 'ਤੇ 28 ਜਨਵਰੀ ਨੂੰ ਮੁੱਖ ਮੰਤਰੀ ਨਾਲ ਮੀਟਿੰਗ ਕਰਵਾਉਣ ਦਾ ਭਰੋਸਾ ਦਿਵਾਇਆ। ਸਾਰੇ ਸੁਤੰਤਰਤਾ ਸੰਗਰਾਮੀ ਅਤੇ ਆਸ਼ਰਿਤ ਗਣਤੰਤਰ ਦਿਵਸ ਮੌਕੇ ਤਿਰੰਗੇ ਝੰਡੇ ਨੂੰ ਸਲਾਮੀ ਦੇਣ ਸਮਾਗਮ ਦਾ ਹਿੱਸਾ ਬਣਨ ਪਰ ਸੂਬਾ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਿੱਤੇ ਜਾਣ ਵਾਲੇ ਸਮਾਨ ਦਾ ਬਾਈਕਾਟ ਕਰਨਗੇ। ਅੱਜ ਜ਼ਿਲ੍ਹਾ ਪਟਿਆਲਾ ਦੇ ਪੋਲੋ ਗਰਾਊਂਡ ਵਿਖੇ ਗਣਤੰਤਰ ਦਿਵਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਦੀਪ ਸਿੰਘ ਧਨੇਠਾ ਜ਼ਿਲ੍ਹਾ ਸਕੱਤਰ ਸੁਖਵਿੰਦਰ ਸਿੰਘ ਖੁਰਾਣਾ ਜ਼ਿਲ੍ਹਾ ਖਜ਼ਾਨਚੀ ਜਸਵੀਰ ਸਿੰਘ ਧੀਮਾਨ ਦੀ ਅਗਵਾਈ ਵਿੱਚ ਸੁਤੰਤਰਤਾ ਸੰਗਰਾਮੀ ਮੋਹਕਮ ਸਿੰਘ ਚੌਹਾਨ ਸਮੇਤ ਸਾਰਿਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਮਾਨ ਦਾ ਬਾਈਕਾਟ ਕੀਤਾ ਅਤੇ ਸ਼ਾਂਤਮਈ ਤਰੀਕੇ ਨਾਲ ਤਿਰੰਗੇ ਝੰਡੇ ਨੂੰ ਸਲਾਮੀ ਦਿੰਦੇ ਹੋਏ ਮੁੱਖ ਮਹਿਮਾਨ ਦੇ ਭਾਸ਼ਣ ਦੇਣ ਤੋਂ ਬਾਅਦ ਪੰਡਾਲ ਵਿੱਚੋਂ ਸਮੂਹਿਕ ਤੌਰ 'ਤੇ ਬਾਹਰ ਆ ਗਏ। ਇਸ ਮੌਕੇ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਪੂਰੇ ਸੂਬੇ ਵਿੱਚ ਸੁਤੰਤਰਤਾ ਸੰਗਰਾਮੀਆਂ ਅਤੇ ਆਸ਼ਰਿਤਾਂ ਨੇ ਸੂਬਾ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਮਾਨ ਦਾ ਬਾਈਕਾਟ ਕੀਤਾ ਹੈ। ਅਸੀਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਸਿਜਦਾ ਕਰਦੇ ਹਾਂ ਅਤੇ ਸੰਵਿਧਾਨ ਦੀ ਪਾਲਣਾ ਕਰਦੇ ਹੋਏ ਤਿਰੰਗੇ ਝੰਡੇ ਨੂੰ ਸਲਾਮੀ ਦਿੰਦੇ ਹਾਂ। ਇਸ ਮੌਕੇ ਹਾਜ਼ਰ ਬਲਾਕ ਪ੍ਰਧਾਨ ਬੇਅੰਤ ਸਿੰਘ, ਜਰਨੈਲ ਸਿੰਘ, ਰੇਸ਼ਮ ਸਿੰਘ, ਅਮਰਜੀਤ ਸਿੰਘ ਗੁਰਾਇਆ, ਹਰਵਿੰਦਰ ਸਿੰਘ ਦਰਦ, ਜਗਜੀਤ ਸਿੰਘ ਦਰਦੀ, ਜੋਗਿੰਦਰ ਸਿੰਘ ਬਾਗੀ, ਰਾਜਵੀਰ ਸਿੰਘ, ਰਣਧੀਰ ਸਿੰਘ, ਜਸਵੰਤ ਸਿੰਘ, ਸਵਰਨ ਸਿੰਘ, ਰਣਜੀਤ ਸਿੰਘ, ਮਹਿੰਦਰ ਸਿੰਘ, ਬਲਜੀਤ ਸਿੰਘ, ਹਰਚੰਦ ਸਿੰਘ, ਜਸਵਿੰਦਰ ਕੌਰ, ਸਰਬਜੀਤ ਕੌਰ, ਨਰਿੰਦਰ ਕੌਰ, ਹਰਭਜਨ ਕੌਰ, ਤਰਨਬੀਰ ਸਿੰਘ, ਹਰਪ੍ਰੀਤ ਸਿੰਘ ਮੱਲ੍ਹੀ, ਕੋਹਲੀ, ਜਸਪਾਲ ਸਿੰਘ, ਸੁਖਦੇਵ ਸਿੰਘ ਅਤੇ ਸੁਤੰਤਰਤਾ ਸੰਗਰਾਮੀਆਂ ਦੇ ਆਸ਼ਰਿਤ ਸ਼ਾਮਲ ਹੋਏ।

## ਆਲ 24 ਗਰੁੱਪ ਮੈਂਬਰਜ਼ ਵੱਲੋਂ ਬਾਰਾਂਦਰੀ ਗਾਰਡਨ 'ਚ ਗਣਤੰਤਰ ਦਿਵਸ ਮਨਾਇਆ



ਪਟਿਆਲਾ, 27 ਜਨਵਰੀ (ਰੁਪਾਣਾ): ਬਾਰਾਦਰੀ ਗਾਰਡਨਜ਼ ਵਿੱਚ 24 ਗਰੁੱਪਾਂ ਵੱਲੋਂ ਗਣਤੰਤਰ ਦਿਵਸ ਮਨਾਇਆ ਗਿਆ, ਜਿਸ ਦੀ ਅਗਵਾਈ ਜ਼ਸਵੰਤ ਸਿੰਘ ਕੌਲੀ ਕੋਆਰਡੀਨੇਟਰ ਨੇ ਕੀਤੀ। ਸਾਰੇ ਗਰੁੱਪ ਮੈਂਬਰਾਂ ਵੱਲੋਂ ਬਾਰਾਂਦਰੀ ਦੇ ਗੋਲ ਚੱਕਰ ਵਿੱਚ ਤਿਰੰਗਾਂ ਝੰਡਾ ਲਹਿਰਾਇਆ ਗਿਆ ਅਤੇ ਰਾਸ਼ਟਰੀ ਗੀਤ ਗਾਏ ਗਏ। ਜਸਵੰਤ ਸਿੰਘ ਕੌਲੀ ਨੇ ਦੱਸਿਆ ਕਿ ਅੱਜ ਦੇ ਦਿਨ 26 ਜਨਵਰੀ, 1950 ਨੂੰ ਸਾਡਾ ਸੰਵਿਧਾਨ ਹੋਂਦ ਵਿੱਚ ਆਇਆ। ਜਿਸਦੇ ਨਿਰਮਾਤਾ ਬਾਬਾ ਡਾ. ਭੀਮ ਰਾਓ ਅੰਬੇਡਕਰ ਸਨ। ਸੰਵਿਧਾਨ ਦੇ ਰਾਹੀਂ ਮਨੁੱਖਾਂ ਦੇ ਕਰਤਵ ਅਤੇ ਅਧਿਕਾਰਾਂ ਬਾਰੇ ਜਾਣਕਾਰੀ ਦਿੱਤੀ ਗਈ। ਗਣਤੰਤਰ ਦਿਵਸ ਮਨਾਉਣ ਵਿੱਚ ਰਾਜਿੰਦਰ ਅੱਜੀ ਫਿਟਨੈਸ ਲਵਰਜ ਪੰਜਾਬ ਮੈਬਰਜ਼ ਹੈਪੀ ਵਰਮਾ, ਵਿਨੋਦ ਸ਼ਰਮਾ, ਗੁਰਦਰਸ਼ਨ ਸਿੰਘ ਉਬਰਾਏ, ਤਾਰਾ ਸਿੰਘ ਭੰਮਰਾ, ਜਗਦੀਸ਼ ਅਹੂਜਾ, ਅਮਰਜੀਤ ਸਿੰਘ ਔਲਖ, ਨਿਰਮਲ ਸਿੰਘ, ਕਮਲੇਸ਼ ਗੋਗੀਆ, ਰਵਿੰਦਰ ਗਰਗ, ਰਣਜੀਤ ਕੌਰ, ਹਰਜੀਤ ਕੌਰ, ਜਸਵਿੰਦਰ ਕੌਰ, ਰਾਧਾ ਗਰਗ, ਦਰਸ਼ਨਾ ਗੋਗੀਆ, ਰਵਿੰਦਰ ਕਪੂਰ, ਰਾਜ ਕੁਮਾਰ, ਮਿਸ਼ ਉਬਰਾਏ, ਹਰੀ ਚੰਦ ਬਾਂਸਲ, ਸ਼ਰਮਾ ਆਦਿ ਹਾਜ਼ਰ ਸਨ।

## ਲਾਇਨਜ਼ ਕਲੱਬ ਸਮਾਣਾ ਗੋਲਡ ਵੱਲੋਂ 'ਹੈਲਮਟ ਬੈਂਕ' ਪ੍ਰੋਜੈਕਟ ਦੀ ਸ਼ੁਰੂਆਤ



ਸਮਾਣਾ, 27 ਜਨਵਰੀ (ਜਵੰਦਾ/ਵਿਜੇ ਕੁਮਾਰ) : ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਦੇ ਤਹਿਤ ਹਰ ਸਾਲ ਦੀ ਤਰ੍ਹਾਂ,ਲਾਇਨਜ਼ ਕਲੱਬ ਸਮਾਣਾ ਗੋਲਡ ਅਤੇ ਪੰਜਾਬ ਪੁਲਿਸ ਦੇ ਸਹਿਯੋਗ ਨਾਲ ਮੁਫ਼ਤ ਹੈਲਮਟ ਵੰਡ ਅਤੇ ਹੈਲਮਟ ਬੈਂਕ ਪ੍ਰੋਜੈਕਟ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਪ੍ਰਧਾਨ ਲਾਇਨ ਅਨੂਪ ਗੋਇਲ, ਪ੍ਰੋਜੈਕਟ ਚੇਅਰਮੈਨ ਐਮ.ਜੇ.ਐਫ. ਲਾਇਨ ਜੇ.ਪੀ. ਗਰਗ, ਸਕੱਤਰ ਲਾਇਨ ਮਨਿਸ਼ ਸਿੰਗਲਾ, ਕੈਸ਼ੀਅਰ ਲਾਇਨ ਲਵ ਮਿੱਤਲ ਅਤੇ ਪੀ.ਆਰ.ਓ. ਲਾਇਨ ਵਿਨੀਤ ਗਰਗ ਦੀ ਅਗਵਾਈ ਹੇਠ ਸੰਪੰਨ ਹੋਇਆ। ਇਸ ਮੌਕੇ ਕਲੱਬ ਦੇ ਹੋਰ ਮੈਂਬਰ ਮਾਨਵ ਬਾਂਸਲ, ਗੌਰਵ ਅਗਰਵਾਲ, ਯੋਗਿੰਦਰ ਗੋਇਲ ਅਤੇ ਜੌਲੀ ਬਾਂਸਲ ਵੀ ਹਾਜ਼ਰ ਰਹੇ। ਇਹ ਕੈਂਪ ਟ੍ਰੈਫਿਕ ਪੁਲਿਸ ਦਫ਼ਤਰ, ਭਵਾਨੀਗੜ੍ਹ ਚੌਂਕ ਵਿੱਚ ਲਗਾਇਆ ਗਿਆ। ਇਸ ਦੌਰਾਨ ਬਿਨਾਂ ਹੈਲਮਟ ਦੋ-ਪਹੀਆ ਵਾਹਨ ਚਲਾ ਰਹੇ ਚਾਲਕਾਂ ਨੂੰ ਮੌਕੇ 'ਤੇ ਹੀ 100 ਹੈਲਮਟ ਵੰਡੇ ਗਏ।ਇਹ ਪ੍ਰੋਗਰਾਮ ਐਸਐਚਓ ਸਿਟੀ ਸਮਾਣਾ ਬਲਜੀਤ ਸਿੰਘ, ਟ੍ਰੈਫਿਕ ਇੰਚਾਰਜ ਸਮਾਣਾ ਝਿਰਮਲ ਸਿੰਘ ਅਤੇ ਏਐਸਆਈ ਸੁਖਵਿੰਦਰ ਸਿੰਘ ਦੀ ਹਾਜ਼ਰੀ ਵਿੱਚ ਆਯੋਜਿਤ ਕੀਤਾ ਗਿਆ।

### ਧਰਨਾ 29ਵੇਂ ਦਿਨ 'ਚ ਦਾਖ਼ਲ

ਪਟਿਆਲਾ, 27 ਜਨਵਰੀ (ਰੁਪਾਣਾ) : ਲਗਾਤਾਰ ਮੀਂਹ ਪੈਣ ਦੇ ਬਾਵਜੂਦ ਬਿਜਲੀ ਬੋਰਡ ਮੁੱਖ ਦਫ਼ਤਰ ਦੇ ਮੇਨ ਗੇਟ ਸਾਹਮਣੇ ਆਲ ਡਿਪਲੋਮਾ/ਡਿਗਰੀ ਅਪ੍ਰੈਂਟਿਸ ਐਸੋਸੀਏਸ਼ਨ (ਰਜਿਸਟਰਡ ਯੂਨੀਅਨ) ਵੱਲੋਂ ਲਗਾਇਆ ਗਿਆ ਸ਼ਾਂਤੀਪੂਰਨ ਧਰਨਾ 29ਵੇਂ ਦਿਨ ਅਤੇ ਲੜੀਵਾਰ ਭੁੱਖ ਹੜਤਾਲ 28ਵੇਂ ਦਿਨ ਵੀ ਪੂਰੀ ਦ੍ਰਿੜ੍ਹਤਾ ਅਤੇ ਅਟੱਲ ਹੌਸਲੇ ਨਾਲ ਨਿਰੰਤਰ ਜਾਰੀ ਰਿਹਾ। ਮੀਂਹ ਭਰਿਆ ਮੌਸਮ ਹੋਣ ਕਾਰਨ ਅਪ੍ਰੈਂਟਿਸ ਵਿਦਿਆਰਥੀਆਂ ਨੇ ਧਰਨੇ ਨੂੰ ਟੈਂਟ ਦੇ ਅੰਦਰ ਜਾਰੀ ਰੱਖਿਆ, ਪਰ ਮੌਸਮ ਦੀ ਮਾਰ ਵੀ ਨੌਜਵਾਨਾਂ ਦੇ ਹੌਸਲੇ ਅਤੇ ਸੰਘਰਸ਼ੀ ਇਰਾਦਿਆਂ ਨੂੰ ਕਮਜ਼ੋਰ ਨਹੀਂ ਕਰ ਸਕੀ। ਡਿਪਲੋਮਾ ਅਤੇ ਡਿਗਰੀ ਪਾਸ ਅਪ੍ਰੈਂਟਿਸ ਨੌਜਵਾਨ ਸਾਫ਼ ਤੌਰ 'ਤੇ ਐਲਾਨ ਕਰ ਰਹੇ ਹਨ ਕਿ ਮੌਸਮੀ ਮੁਸ਼ਕਲਾਂ ਉਨ੍ਹਾਂ ਦੀ ਲੜਾਈ ਨੂੰ ਰੋਕ ਨਹੀਂ ਸਕਦੀਆਂ। ਜ਼ਿਕਰਯੋਗ ਹੈ ਕਿ ਇਹ ਧਰਨਾ 29 ਦਸੰਬਰ 2025 ਤੋਂ ਲਗਾਤਾਰ ਜਾਰੀ ਹੈ।

## ਨਿਰਮਲ ਸਿੰਘ ਭੱਟੀਆਂ ਵੱਲੋਂ ਡਾ. ਧਰਮਵੀਰ ਗਾਂਧੀ ਨਾਲ ਮੁਲਾਕਾਤ

ਦੇਵੀਗੜ੍ਹ, 27 ਜਨਵਰੀ (ਗੁਰਜੀਤ ਸਿੰਘ ਢੋਟ) : ਚੌਧਰੀ ਨਿਰਮਲ ਸਿੰਘ ਭੱਟੀਆਂ ਨੇ ਡਾਕਟਰ ਧਰਮਵੀਰ ਗਾਂਧੀ ਮੈਂਬਰ ਪਾਰਲੀਮੈਂਟ ਨਾਲ ਕੀਤੀ ਮੁਲਾਕਾਤ ਡਾ. ਧਰਮਵੀਰ ਗਾਂਧੀ ਨੇ ਕਿਹਾ ਕਿ ਮੋਦੀ ਸਰਕਾਰ ਜੋ ਗਰੀਬ ਮਜ਼ਦੂਰਾਂ ਨਾਲ ਧੱਕਾ ਕਰ ਰਹੀ ਇਵੇਂ ਮੋਦੀ ਸਰਕਾਰ ਨੇ ਡਾਕਟਰ ਮਨਮੋਹਨ ਸਿੰਘ ਵੱਲੋਂ ਲਿਆਂਦੀ ਮਨਰੇਗਾ ਸਕੀਮ ਇੱਕ ਤਰੀਕੇ ਨਾਲ ਬੰਦ ਕਰਨ ਦਾ



ਪ੍ਰੋਗਰਾਮ ਬਣਾਇਆ ਹੈ। ਤੁਸੀਂ ਪਿੰਡ ਪਿੰਡ ਜਾ ਕੇ ਇਸ ਮੋਦੀ ਸਕੀਮ ਦਾ ਵਿਰੋਧ ਕਰੋ ਨਿਰਮਲ ਸਿੰਘ ਭੱਟੀਆਂ ਨੇ ਡਾ. ਧਰਮਵੀਰ ਗਾਂਧੀ ਨੂੰ ਇਹ ਵਿਸ਼ਵਾਸ ਦਵਾਇਆ ਉਹ ਹਲਕੇ ਸਨੌਰ ਵਿੱਚ ਮਨਰੇਗਾ ਮਜ਼ਦੂਰਾਂ ਦੇ ਨਾਲ ਹੋ ਰਹੇ ਧੱਕੇ ਦੇ ਖਿਲਾਫ ਪੂਰ ਜੋਰ ਨਾਲ ਇਸ ਮਜ਼ਦੂਰ ਵਿਰੋਧੀ ਬਿਲ ਦਾ ਵਿਰੋਧ ਕਰਨਗੇ ਕਾਂਗਰਸ ਸਰਕਾਰ ਆਉਣ ਤੇ ਅਸੀਂ ਹਲਕੇ ਸਨੌਰ ਦੇ ਵਿੱਚ ਵੱਧ ਤੋਂ ਵੱਧ ਵਿਕਾਸ ਕਰਾਂਗੇ ਅਤੇ 2027 ਦੇ ਵਿੱਚ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਰਹਿਨੁਮਾਈ ਹੇਠ ਪੰਜਾਬ ਦੇ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ।

## ਡਾ. ਬੀ.ਐਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਵਿਖੇ 'ਆਈਡੀਆ ਸਕਾਲਰਸ਼ਿਪ' ਪ੍ਰੀਖਿਆ ਦਾ ਆਯੋਜਨ

ਦੇਵੀਗੜ੍ਹ, 27 ਜਨਵਰੀ (ਗੁਰਜੀਤ ਸਿੰਘ ਢੋਟ): ਡਾ. ਬੀ.ਐਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ (ਜੁਲਾਹ ਖੇੜੀ) ਵਿਖੇ ਹੋਣਹਾਰ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਲਈ 'ਆਈਡੀਆ ਸਕਾਲਰਸ਼ਿਪ' ਪ੍ਰੀਖਿਆ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਪ੍ਰੀਖਿਆ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਪਰ ਪੜ੍ਹਾਈ ਵਿੱਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਲਈ ਸਹਾਇਤਾ ਪ੍ਰਦਾਨ ਕਰਨਾ ਹੈ। ਸਕੂਲ ਮੈਨੇਜਿੰਗ ਡਾਇਰੈਕਟਰ ਰਜਿੰਦਰ ਕੌਰ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਸਕਾਲਰਸ਼ਿਪ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਇੱਕ ਅਹਿਮ ਮੌਕਾ ਹੈ।ਸਕੂਲ ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਇਲਾਕੇ ਦੇ ਸਮੂਹ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਪ੍ਰੀਖਿਆ ਵਿੱਚ ਹਿੱਸਾ ਲੈਣ, ਤਾਂ ਜੋ ਬੱਚਿਆਂ ਦੀ ਪ੍ਰਤਿਭਾ ਨੂੰ ਸਹੀ ਮੰਚ ਮਿਲ ਸਕੇ। ਉਨ੍ਹਾਂ ਦੱਸਿਆ ਕਿ ਇਹ ਪ੍ਰੀਖਿਆ 14 ਫਰਵਰੀ ਨੂੰ ਸਵੇਰੇ 9:30 ਵਜੇ ਤੋਂ 11:30 ਵਜੇ ਤੱਕ ਆਯੋਜਿਤ ਕੀਤੀ ਜਾ ਰਹੀ ਹੈ ਅਤੇ ਇਸਦੀ ਰਜਿਸਟਰੇਸ਼ਨ ਦੀ ਅੰਤਿਮ ਮਿਤੀ 31 ਜਨਵਰੀ ਹੈ।

## ਗਣਤੰਤਰ ਦਿਵਸ ਦੇ ਸਮਾਗਮ 'ਚ ਪ੍ਰਾਇਮਰੀ ਸਕੂਲ ਕਪੂਰੀ ਦੇ ਬੱਚਿਆਂ ਨੇ ਭਾਗ ਲਿਆ

ਦੇਵੀਗੜ੍ਹ, 27 ਜਨਵਰੀ (ਗੁਰਜੀਤ ਸਿੰਘ ਢੋਟ) : ਦੇਸ਼ ਦੇ 77ਵੇਂ ਗਣਤੰਤਰ ਦਿਵਸ ਨੂੰ ਜਿੱਥੇ ਦੇਸ਼ ਵਿਦੇਸ਼ ਵਿੱਚ ਬੜੀ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਉੱਥੇ ਹੀ ਤਹਿਸੀਲ ਦੁਧਨਸਾਧਾਂ ਜ਼ਿਲ੍ਹਾ ਪਟਿਆਲਾ ਵਿੱਚ ਵੀ ਬਹੁਤ ਹੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਝੰਡਾ ਲਹਿਰਾਉਣ ਦੀ ਰਸਮ ਤਹਿਸੀਲਦਾਰ ਜਗਤਾਰ ਸਿੰਘ, ਬੀਡੀਪੀਓ ਭੁਨਰਹੇੜੀ ਦੁਆਰਾ ਅਦਾ ਕੀਤੀ ਗਈ। ਇਸ ਮੌਕੇ ਸਰਕਾਰੀ ਪ੍ਰਾਇਮਰੀ ਸਕੂਲ ਕਪੂਰੀ ਦੀ ਵਿਦਿਆਰਥਣ ਮਨਸੀਰਤ ਕੌਰ ਦੁਆਰਾ 77ਵੇਂ ਗਣਤੰਤਰ ਦਿਵਸ 'ਤੇ ਬਹੁਤ ਹੀ ਚੰਗੇ ਢੰਗ ਨਾਲ ਭਾਸ਼ਣ ਦਿੱਤਾ ਗਿਆ।



ਕਪੂਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਕੀਤੀ ਗਈ। ਪੇਸ਼ਕਾਰੀ ਤੇ ਤਹਿਸੀਲਦਾਰ ਦੁੱਧਨਸਾਧਾਂ ਜਗਤਾਰ ਸਿੰਘ , ਬੀਡੀਪੀਓ ਭੁਨਰਹੇੜੀ , ਮਾਰਕੀਟ ਕਮੇਟੀ ਦੂਧਨਸਾਧਾਂ ਦੇ ਚੇਅਰਮੈਨ ਬਲਦੇਵ ਸਿੰਘ ਦੁਆਰਾ ਬੱਚਿਆਂ ਨੂੰ ਸਨਮਾਨ ਕੀਤਾ ਗਿਆ। ਕਪੂਰੀ ਸਕੂਲ ਦੇ ਵਿਦਿਆਰਥੀਆਂ ਵੱਲੋਂ ਨਵੋਦਿਆ ਪ੍ਰੀਖਿਆ ਵਿੱਚ ਪਾਸ ਹੋਣਾ, ਜ਼ਿਲ੍ਹਾ ਪੱਧਰੀ, ਸਟੇਟ ਪੱਧਰੀ ਮਿੰਨੀ ਹੈਂਡਬਾਲ ਵਿੱਚ ਭਾਗ ਲੈਣ ਕਰਕੇ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਅਧਿਆਪਕ ਹਰਪ੍ਰੀਤ ਸਿੰਘ ਉੱਪਲ, ਸਤਵਿੰਦਰ ਕੌਰ ਵੀ ਮੌਜੂਦ ਸਨ।



ਪਿੰਡ ਮਹਿਮੂਦਪੁਰ ਦੀ ਨਿਮਰਤ ਕੌਰ ਪੁੱਤਰੀ ਨਿਰਮਲ ਸਿੰਘ ਦੇ ਜਨਮ ਦਿਨ ਮੌਕੇ ਹਲਕਾ ਘਨੌਰ ਦੇ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਦੇ ਸਪੁੱਤਰ ਗਗਨਦੀਪ ਸਿੰਘ ਜੌਲੀ ਕੇਕ ਕੱਟਦੇ ਹੋਏ। (ਫੋਟੋ : ਰਾਜਿੰਦਰ ਸਿੰਘ ਕੰਬੋਜ ਘਨੌਰ)



ਪਿੰਡ ਜੋਗੀਪੁਰ ਦੀ ਜੰਮਪਲ ਪਵਨਦੀਪ ਕੌਰ ਪੁੱਤਰੀ ਕਮਲਜੀਤ ਸਿੰਘ ਜੋਗੀਪੁਰ ਕਾਨੂੰਨੀ ਅਫ਼ਸਰ ਪੰਜਾਬ ਪੁਲਿਸ ਦਾ ਸੰਗਰੂਰ ਵਿਖੇ ਵਧੀਆ ਸੇਵਾਵਾਂ ਬਦਲੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਸਨਮਾਨ ਕਰਦੇ ਹੋਏ। (ਫੋਟੋ ਤੇ ਵੇਰਵਾ: ਅਮਰਜੀਤ)

## 7 ਦਿਨਾਂ ਸ੍ਰੀ ਮਦ ਭਾਗਵਤ ਕਥਾ ਗਿਆਨ ਯੱਗ ਦੀ ਕਲਸ਼ ਯਾਤਰਾ ਨਾਲ ਸ਼ੁਰੂਆਤ

ਸਮਾਣਾ, 27 ਜਨਵਰੀ (ਵਿਜੇ ਕੁਮਾਰ) : ਸਥਾਨਕ ਸ਼੍ਰੀ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਸਮਾਣਾ ਵੱਲੋਂ ਸੰਸਥਾ ਪ੍ਰਧਾਨ ਮਦਨ ਮਿੱਤਲ ਅਤੇ ਸਮੂਹ ਮੈਂਬਰਾਂ ਦੀ ਅਗਵਾਈ 'ਚ 7 ਦਿਨਾਂ ਸ਼੍ਰੀ ਮਦ ਭਾਗਵਤ ਕਥਾ ਗਿਆਨ ਯੱਗ ਦੀ ਸ਼ੁਰੂਆਤ ਮੌਕੇ ਕਲਸ਼ ਯਾਤਰਾ ਦਾ ਆਯੋਜਨ ਕੀਤਾ ਗਿਆ। ਇਹ ਕਲਸ਼ ਯਾਤਰਾ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਪਤਨੀ ਸ਼ਰਨਜੀਤ ਕੌਰ,ਨੂੰਹ ਐਨ.ਆਰ.ਆਈ. ਸੰਦੀਪ ਕੌਰ ਦੀ ਅਗਵਾਈ 'ਚ ਭਾਖੜਾ ਨਹਿਰ ਤੋਂ ਪਵਿਤਰ ਜਲ ਲੈ ਕੇ ਰਵਾਨਾ ਹੋਈ। ਇਸ ਮੌਕੇ ਸੰਸਥਾ ਪ੍ਰਧਾਨ ਮਦਨ ਮਿੱਤਲ ਨੇ ਦੱਸਿਆ ਕਿ 1 ਫਰਵਰੀ ਤੱਕ ਚੱਲਣ ਵਾਲੇ ਇਸ ਕਥਾ ਯੱਗ 'ਚ ਕਥਾ ਵਿਆਸ ਸ਼੍ਰੀ ਰਾਮ ਮੁਦ੍ਲ ਸ਼ਾਸ਼ਤਰੀ ਜੀ ਅਤੇ ਸ਼੍ਰੀ ਗੋਬਿੰਦ ਮੁਦ੍ਲ ਸ਼ਾਸ਼ਤਰੀ ਵ੍ਰਿਦਾਵਨ ਵਾਲੇ ਹਰ ਰੋਜ ਸ਼ਾਮ 4 ਵਜੇ ਤੋਂ 7 ਵਜੇ ਤੱਕ ਕਥਾ ਕਰਿਆ ਕਰਨਗੇ। ਉਨ੍ਹਾਂ ਦੱਸਿਆ ਕਿ ਕੁਲਦੇਵੀ ਮਹਾਲਕਸ਼ਮੀ ਮੂਰਤੀ ਸਥਾਪਨਾ ਮੌਕੇ 30 ਜਨਵਰੀ ਨੂੰ ਇਕ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਵੀ ਕੀਤਾ ਜਾਵੇਗਾ। ਕਥਾ ਉਪਰੰਤ ਰੋਜ਼ਾਨਾ ਅਟੁੱਟ ਭੰਡਾਰਾ ਵੀ ਚਲੇਗਾ। ਇਸ ਮੌਕੇ ਪ੍ਰਦੀਪ ਗੋਇਲ ਮਿੰਕਾ, ਪ੍ਰਵੀਨ ਬਾਂਸਲ, ਆੜ੍ਹਤੀ ਐਸੋਸੀਏਸ਼ਨ ਪ੍ਰਧਾਨ ਨਰਿੰਦਰ ਗਰਗ,ਕੈਸ਼ੀਅਰ ਪਵਨ ਗਰਗ,ਸ਼ਸ਼ੀ ਭੂਸ਼ਣ ਸਿੰਗਲਾ, ਸੋਨੀਆ ਮਿੱਤਲ, ਡੋਲੀ ਕਾਂਸਲ, ਰਾਧਾ ਰਾਣੀ, ਚਾਰੂ ਗਰਗ ਤੋਂ ਇਲਾਵਾ ਹੋਰ ਵੀ ਮੌਜੂਦ ਸਨ।



### ਦੋ ਵੱਖ-ਵੱਖ ਕੇਸਾਂ 'ਚ ਸਜ਼ਾ ਸੁਣਾ ਕੇ ਕੀਤਾ ਅੰਡਰਗਾਨ

ਪਟਿਆਲਾ, 27 ਜਨਵਰੀ (ਵਿਨੋਦ ਸ਼ਰਮਾ) : ਅਦਾਲਤ ਨੇ ਨਸ਼ੀਲਾ ਪਦਾਰਥ ਰੱਖਣ ਦੇ ਮਾਮਲੇ ਵਿੱਚ ਇੱਕ ਵਿਅਕਤੀ ਬਿੰਦਰ ਸਿੰਘ ਨੂੰ ਅੰਡਰਗਾਨ ਕੀਤਾ ਹੈ ਅਤੇ ਤਿੰਨ ਹਜ਼ਾਰ ਜੁਰਮਾਨਾ ਕੀਤਾ ਹੈ। ਪੁਲਿਸ ਨੇ ਉਸ ਦੇ ਖਿਲਾਫ ਸਾਲ 2020 ਵਿਚ ਥਾਣਾ ਸਿਟੀ ਸਮਾਣਾ ਵਿਖੇ ਮਾਮਲਾ ਦਰਜ ਕੀਤਾ ਸੀ। ਇਸੇ ਤਰ੍ਹਾਂ ਇੱਕ ਹੋਰ ਮਾਮਲੇ ਵਿਚ ਮਹਿਲਾ ਕਰਮਜੀਤ ਕੌਰ ਨੂੰ ਸਜ਼ਾ ਸੁਣਾ ਕੇ ਅੰਡਰਗਾਨ ਕੀਤਾ ਹੈ ਅਤੇ ਪੰਜ ਹਜ਼ਾਰ ਜੁਰਮਾਨਾ ਕੀਤਾ ਹੈ। ਪੁਲਿਸ ਨੇ ਸਾਲ 2019 ਵਿਚ ਉਸ ਦੇ ਖਿਲਾਫ ਮਾਮਲਾ ਦਰਜ ਕੀਤਾ ਸੀ।

## ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਕੱਢੀਆਂ



ਸਮਾਣਾ, 27 ਜਨਵਰੀ (ਵਿਜੇ ਕੁਮਾਰ): ਭਗਤ ਰਵਿਦਾਸ ਮਹਾਰਾਜ ਜੀ ਦੇ 649ਵੇਂ ਜਨਮ ਦਿਵਸ ਨੂੰ ਸਮਰਪਿਤ ਗੁਰਦੁਆਰਾ ਬਾਬਾ ਸੰਗਤ ਸਿੰਘ ਨਵੀਂ ਸਰਾਂਪਤੀ ਤੋਂ ਰੋਜ਼ਾਨਾ ਪ੍ਰਭਾਤ ਫੇਰੀਆਂ ਸਜਾਈਆਂ ਜਾ ਰਹੀਆਂ ਹਨ। ਗੁਰੂ ਘਰ ਦੇ ਸੇਵਾਦਾਰਾਂ ਨੇ ਦੱਸਿਆ ਕਿ ਨੌਜਵਾਨ ਸਭਾ ਕਮੇਟੀ ਵੱਲੋਂ 17 ਜਨਵਰੀ ਤੋਂ ਸ਼ੁਰੂ ਕੀਤੀਆਂ ਇਨ੍ਹਾਂ ਪ੍ਰਭਾਤ ਫੇਰੀਆਂ 'ਚ ਵੱਡੀ ਗਿਣਤੀ ਵਿਚ ਸੰਗਤਾਂ ਸ਼ਾਮਲ ਹੋ ਕੇ ਗਲੀ-ਮੁਹੱਲਿਆਂ 'ਚ ਸ਼ਰਧਾਲੂਆਂ ਦੇ ਘਰਾਂ ਵਿਚ ਜਾ ਕੇ ਗੁਰੂ ਜੀ ਦੇ ਜੀਵਨ ਸੰਬਧੀ ਸ਼ਬਦ ਗਾਇਨ ਕਰਦੀਆਂ ਹਨ। ਇਹ ਪ੍ਰਭਾਤ ਫੇਰੀਆਂ 1 ਫਰਵਰੀ ਤੱਕ ਚਲਣਗੀਆਂ। ਕਮੇਟੀ ਅਹੁਦੇਦਾਰਾਂ ਨੇ ਦੱਸਿਆ ਕਿ 31 ਜਨਵਰੀ ਨੂੰ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਗੁਰਦੁਆਰਾ ਬਾਬਾ ਸੰਗਤ ਸਿੰਘ ਨਵੀਂ ਸਰਾਂਪਤੀ ਤੋਂ ਦਿਨੇ 11 ਵਜੇ ਆਰੰਭ ਹੋਵੇਗਾ ਅਤੇ 1 ਫਰਵਰੀ ਨੂੰ ਧਾਰਮਿਕ ਸਮਾਗਮ ਕਰਵਾਏ ਜਾਣਗੇ।

## ਆਲ ਇੰਡੀਆ ਕਾਂਗਰਸ ਸੇਵਾ ਦਲ ਵੱਲੋਂ ਆਨਲਾਈਨ ਭਰਤੀ ਲਈ ਮੀਟਿੰਗ



ਪਾਤੜਾਂ, 27 ਜਨਵਰੀ (ਹਰਮਿੰਦਰ ਕਰਤਾਰਪੁਰ): ਕਾਂਗਰਸ ਵਲੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਪਾਤੜਾਂ ਸ਼ਹਿਰ ਸਮੇਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਪਿੰਡਾਂ ਵਿੱਚ ਲੋਕਾਂ ਨਾਲ ਰਾਬਤਾ ਕਾਇਮ ਕਰਕੇ ਮੀਟਿੰਗਾਂ ਦਾ ਸਿਲਸਿਲਾ ਤੇਜ਼ ਕਰ ਦਿੱਤਾ ਗਿਆ ਹੈ। ਕਾਂਗਰਸ ਵਲੋਂ ਆਪਣੀਆਂ ਸਰਗਰਮੀਆਂ ਨੂੰ ਵਧਾਉਂਦਿਆਂ ਅੱਜ ਪਾਤੜਾਂ ਸਥਿੱਤ ਕਾਂਗਰਸ ਦੇ ਮੁੱਖ ਦਫ਼ਤਰ 'ਚ ਕਾਂਗਰਸ ਸੇਵਾ ਦਲ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਕੁਲਦੀਪ ਕੁਮਾਰ ਰਿੰਕੂ ਬ੍ਰਾਹਮਣ ਮਾਜਰਾ ਦੀ ਅਗਵਾਈ 'ਚ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਆਲ ਇੰਡੀਆ ਕਾਂਗਰਸ ਸੇਵਾ ਦਲ ਦੇ ਪੰਜਾਬ ਪ੍ਰਧਾਨ ਸੁਭਾਸ਼ ਭਾਰਗਵ, ਮਨਜੀਤ ਸਿੰਘ ਚੀਮਾ, ਜੰਗੀਰ ਸਿੰਘ ਵਲੋਂ ਸੇਵਾ ਦਲ ਦੀ ਭਰਤੀ ਲਈ ਆਨਲਾਈਨ ਮੈਂਬਰਸ਼ਿਪ ਦਾ ਅਗਾਜ਼ ਕੀਤਾ ਗਿਆ।ਇਸ ਮੌਕੇ ਐਸ.ਸੀ ਵਿੰਗ ਪੰਜਾਬ ਦੇ ਚੇਅਰਮੈਨ ਨਛੱਤਰ ਸਿੰਘ ਅਰਾਈਂ ਮਾਜਰਾ, ਸਾਬਕਾ ਚੇਅਰਮੈਨ ਜੈ ਪ੍ਰਤਾਪ ਸਿੰਘ ਡੇਜੀ ਕਾਹਲੋਂ, ਨਰਿੰਦਰ ਕੁਮਾਰ ਸਿੰਗਲਾ ਸਾਬਕਾ ਪ੍ਰਧਾਨ ਨਗਰ ਕੌਂਸਲ ਪਾਤੜਾਂ, ਰਣਜੀਤ ਅਰੋੜਾ 'ਬਿੱਲਾ' ਸਾਬਕਾ ਪ੍ਰਧਾਨ ਨਗਰ ਕੌਂਸਲ ਪਾਤੜਾਂ,ਸਾਬਕਾ ਚੇਅਰਮੈਨ ਹਰਦੀਪ ਸਿੰਘ ਕੁਲਾਰਾਂ, ਪ੍ਰਿਤਪਾਲ ਸਿੰਘ ਬਿੱਟੂ ਸ਼ਾਹਪੁਰ ਮੈਂਬਰ ਕਾਂਗਰਸ ਕਮੇਟੀ ਪੰਜਾਬ, ਜਥੇਦਾਰ ਬਲਦੇਵ ਸਿੰਘ ਬੋਹੜੀਵਾਲਾ ਵਿਸ਼ੇਸ਼ ਤੌਰ ਤੇ ਹਜ਼ਾਰ ਰਹੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਂਗਰਸ ਦੇ ਸੀਨੀਅਰ ਆਗੂ ਸ਼ੇਖਰ ਚੰਦ ਬ੍ਰਾਹਮਣ ਮਾਜਰਾ,ਰਾਜੂ ਖੱਟੜਾ ਕਕਰਾਲਾ ਭਾਈਕਾ, ਗੁਰਜੀਤ ਸਿੰਘ ਬੁਜਰਕ, ਗੁਰਪ੍ਰੀਤ ਸਿੰਘ ਮਵੀ, ਸਤਨਾਮ ਸਿੰਘ ਬਰਾਸ,ਦਾਤਾ ਮਸ਼ਾਲ, ਰਾਜਾ ਸਰਾਓ, ਸੁੱਖੀ ਦਫ਼ਤਰੀਵਾਲਾ, ਨਿਰਮਲ ਸਿੰਘ ਨਿਆਲ,ਬਿੰਦਰ ਸਿੰਘ,ਜੱਗੀ ਘੱਗਾ, ਜਸਵਿੰਦਰ ਸਿੰਘ ਗੋਪੀ ਪ੍ਰਧਾਨ ਸੇਵਾ ਦਲ ਘੱਗਾ ਆਦਿ ਪ੍ਰਮੁੱਖ ਤੌਰ ਤੇ ਹਜ਼ਾਰ ਸਨ।

## ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਗਣਤੰਤਰ ਦਿਵਸ ਮਨਾਇਆ



ਨਾਭਾ, 27 ਜਨਵਰੀ (ਬਲਜਿੰਦਰ ਮਾਨ) : ਪੰਜਾਬ ਪਬਲਿਕ ਸਕੂਲ ਵਿਖੇ 77ਵਾਂ ਗਣਤੰਤਰ ਦਿਵਸ ਦੇਸ਼ ਭਗਤੀ ਦੇ ਜੋਸ਼ ਨਾਲ ਮਨਾਇਆ ਗਿਆ। ਸਮਾਰੋਹ ਦੀ ਸ਼ੁਰੂਆਤ ਮੁੱਖ ਮਹਿਮਾਨ ਹੈਡਮਾਸਟਰ ਡਾ. ਡੀ. ਸੀ. ਸ਼ਰਮਾ ਦੇ ਆਉਣ ਨਾਲ ਹੋਈ। ਇਸ ਮੌਕੇ 'ਤੇ ਐਨ.ਸੀ.ਸੀ. ਦੇ ਸਾਰੇ ਵਿੰਗ ਬਹੁਤ ਹੀ ਜੋਸ਼ੀਲੇ ਢੰਗ ਨਾਲ ਮੌਜੂਦ ਰਹੇ। ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਰਾਸ਼ਟਰੀ ਤਿਰੰਗਾ ਲਹਿਰਾਇਆ ਅਤੇ ਗਾਰਡ ਆਫ਼ ਆਨਰ ਦਾ ਨਿਰੀਖਣ ਕੀਤਾ। ਸਕੂਲ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ ਨਾਲ ਮਾਹੌਲ ਨੂੰ ਹੋਰ ਵੀ ਪ੍ਰਭਾਵਸ਼ਾਲੀ ਬਣਾ ਦਿੱਤਾ। ਆਪਣੇ ਸੰਬੋਧਨ ਵਿੱਚ ਡਾ. ਡੀ.ਸੀ. ਸ਼ਰਮਾ ਨੇ ਸੰਵਿਧਾਨ ਨੂੰ ਕਾਇਮ ਰੱਖਣ ਅਤੇ ਮਿਸਾਲੀ ਨਾਗਰਿਕ ਬਣਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਸਮਾਗਮ ਦਾ ਅੰਤ ਰਾਸ਼ਟਰੀ ਗੀਤ ਦੇ ਜੋਸ਼ੀਲੇ ਗਾਇਨ ਨਾਲ ਹੋਇਆ।

## ਪਬਲਿਕ ਕਾਲਜ 'ਚ ਗਣਤੰਤਰਤਾ ਦਿਵਸ ਮੌਕੇ ਸਮਾਗਮ

ਸਮਾਣਾ, 27 ਜਨਵਰੀ (ਵਿਜੇ ਕੁਮਾਰ/ਜਵੰਦਾ) : 77ਵੇਂ ਗਣਤੰਰਤ ਦਿਵਸ ਮੌਕੇ ਸਥਾਨਕ ਪਬਲਿਕ ਕਾਲਜ ਦੇ ਖੇਡ ਸਟੇਡੀਅਮ 'ਚ ਆਯੋਜਿਤ ਸਰਕਾਰੀ ਸਮਾਗਮ ਦੌਰਾਨ ਉਪ-ਮੰਡਲ ਮੈਜਿਸਟਰੇਟ ਸਮਾਣਾ ਰਿਚਾ ਗੋਇਲ ਪੀ.ਸੀ.ਐਸ.ਨੇ ਕੌਮੀ ਝੰਡਾ ਲਹਿਰਾਉਣ ਦੀ ਰਸਮ ਆਪਣੇ ਕਰ-ਕਮਲਾਂ ਰਾਹੀ ਅਦਾ ਕੀਤੀ। ਉਨ੍ਹਾਂ ਪੰਜਾਬ ਪੁਲਸ,ਐਨ.ਸੀ.ਸੀ. ਕੈਡਿਟਾਂ, ਸਕੂਲੀ ਬੱਚਿਆਂ ਦੀਆਂ ਮਾਰਚ-ਪਾਸਟ ਟੁਕੜੀਆਂ ਤੋਂ ਸਲਾਮੀ ਲਈ। ਦੇਸ਼ ਦੀ ਆਜ਼ਾਦੀ ਸੰਗਰਾਮ ਵਿਚ ਯੋਗਦਾਨ ਪਾਉਣ ਵਾਲੇ ਸ਼ਹੀਦਾਂ ਅਤੇ ਮਹਾਨ ਸੁਤੰਤਰਤਾ ਸੰਗਰਾਮੀਆਂ ਨੂੰ ਨਮਨ ਕਰਦਿਆਂ ਐਸ.ਡੀ.ਐਮ. ਰਿਚਾ ਗੋਇਲ ਨੇ ਕਿਹਾ ਕਿ ਭਾਰਤ ਦੁਨੀਆਂ ਦਾ ਸਭ ਤੋਂ ਵੱਡਾ ਗਣਰਾਜ ਹੈ, ਜਿੱਥੇ ਮਹਾਨ ਸ਼ਹੀਦਾਂ ਦੀਆਂ ਲਾ-ਮਿਸਾਲ ਕੁਰਬਾਨੀਆਂ



ਸਦਕਾ, ਦੇਸ਼ ਵਾਸੀਆਂ ਨੂੰ ਵੋਟ ਪਾਉਣ ਦਾ ਅਧਿਕਾਰ ਮਿਲਿਆ ਹੈ। ਸਮਾਗਮ ਵਿਚ ਜਿਥੇ ਮਾਣਯੋਗ ਜੱਜ ਸਹਿਬਾਨ ਮਨਦੀਪ ਸਿੰਘ ਵਧੀਕ ਸਿਵਲ ਜੱਜ ਸੀਨੀਅਰ ਡਵੀਜਨ ਸਮਾਣਾ, ਡਾ: ਰਾਜਵਿੰਦਰ ਕੌਰ ਸਿਵਲ ਜੱਜ ਜੂਨੀਅਰ ਡਵੀਜਨ, ਮੋਹਿਨੀ ਗੋਇਲ ਸਿਵਲ ਜੱਜ ਜੂਨੀਅਰ ਸਮਾਣਾ ਉਚੇਚੇ ਤੌਰ 'ਤੇ ਸ਼ਾਮਲ ਸਨ,ਉਥੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਭਰਾ ਹਰਜਿੰਦਰ ਸਿੰਘ ਮਿੰਟੂ,ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਕਾਰਜ ਸਾਧਕ ਅਫਸਰ ਅਪਰਅਪਾਰ ਸਿੰਘ ਚਹਿਲ, ਤਹਿਸੀਲਦਾਰ ਸਰਵੇਸ਼ ਰਾਜਨ , ਪਬਲਿਕ ਕਾਲਜ ਦੇ ਪ੍ਰਿੰਸੀਪਲ ਹਰਕੀਰਤ ਸਿੰਘ ਸਿੱਧੂ, ਸਾਬਕਾ ਪ੍ਰਧਾਨ ਨਗਰ ਕੌਂਸਲ ਯਸ਼ਪਾਲ ਸਿੰਗਲਾ, ਆਪ ਆਗੂ ਰਵਿੰਦਰ ਸੋਹਲ,ਡਾ: ਸੁਰਜੀਤ ਦਈਆ, ਕੁਲਦੀਪ ਸਿੰਘ ਵਿਰਕ, ਰਮੀ ਸ਼ਰਮਾ, ਲੈਕਚਰਾਰ ਸੁਸ਼ੀਲ ਸ਼ਰਮਾ, ਸੰਜੇ ਮੰਤਰੀ ਤੋਂ ਇਲਾਵਾ ਵੱਖ-ਵੱਖ ਸਰਕਾਰੀ ਵਿਭਾਗਾ ਦੇ ਅਧਿਕਾਰੀ ਵੀ ਮੌਜੂਦ ਸਨ।